ਵੀਰਵਾਰ, 19 ਮਾਰਚ, 2026
6 ਚੇਤ { ਨਾਨਕਸ਼ਾਹੀ 558 / ਬਿਕਰਮੀ 2082
ਜਿਲਦ/VOL. : 74
ਅੰਕ/NO. : 287

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 19 MARCH, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪ੍ਰੂਫ-ਰੀਡ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਰਾਜਸਥਾਨ ਤੋਂ ਪਾਣੀ ਦੇ ਇੱਕ ਲੱਖ 44 ਹਜ਼ਾਰ ਕਰੋੜ ਵਸੂਲਾਂਗੇ : ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਪੰਜਾਬ ਸਰਕਾਰ ਨੇ ਪਾਣੀ ਦੇ ਬਕਾਏ ਵਸੂਲਣ ਲਈ ਰਾਜਸਥਾਨ ਸਰਕਾਰ ਨੂੰ ਪੱਤਰ ਲਿਖਿਆ ਹੈ। ਇਸ ਗੱਲ ਦਾ ਪ੍ਰਗਟਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਇੱਥੇ ਆਪਣੀ ਰਿਹਾਇਸ਼ ਉੱਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਰਾਜਸਥਾਨ ਨੂੰ ਸਾਲ 1920 ਵਿੱਚ ਹੋਏ ਸਮਝੌਤੇ ਤਹਿਤ ਪਾਣੀ ਦਿੱਤਾ ਜਾ ਰਿਹਾ ਹੈ। ਇਸ ਲਈ ਰਾਜਸਥਾਨ ਸਰਕਾਰ ਵੱਲੋਂ ਸਾਲ 1920 ਤੋਂ ਲੈ ਕੇ 1960 ਤੱਕ ਪਾਣੀ ਲਈ ਬਣਦੀ ਅਦਾਇਗੀ ਕੀਤੀ ਜਾਂਦੀ ਸੀ, ਪਰ 1960 ਤੋਂ ਬਾਅਦ ਸਰਕਾਰਾਂ ਦੀ ਮਿਲੀਭੁਗਤ ਕਰਕੇ ਰਾਜਸਥਾਨ ਸਰਕਾਰ ਨੇ ਪਾਣੀ ਦੀ ਅਦਾਇਗੀ ਕਰਨੀ ਬੰਦ ਕਰ ਦਿੱਤੀ ਸੀ।

ਮੁੱਖ ਮੰਤਰੀ ਨੇ ਕਿਹਾ ਕਿ 1960 ਤੋਂ ਲੈ ਕੇ ਹੁਣ ਤੱਕ ਦਾ ਰਾਜਸਥਾਨ ਸਰਕਾਰ ਵੱਲ ਇੱਕ ਲੱਖ 44 ਹਜ਼ਾਰ ਕਰੋੜ ਰੁਪਏ ਦਾ ਬਕਾਇਆ ਬਣਦਾ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰਾਜਸਥਾਨ ਸਰਕਾਰ ਨੂੰ ਪੱਤਰ ਲਿਖ ਕੇ ਉਕਤ ਬਕਾਏ ਬਾਰੇ ਗੱਲਬਾਤ ਕਰਨ ਲਈ ਸੱਦਾ ਦਿੱਤਾ ਹੈ। ਮੁੱਖ ਮੰਤਰੀ ਨੇ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਰਾਜਸਥਾਨ ਸਰਕਾਰ ਵੱਲ ਪਾਣੀ ਦੇ ਖੜ੍ਹੇ ਬਕਾਏ ਦੀ ਵਸੂਲੀ ਕੀਤੀ ਜਾਵੇਗੀ।

ਮਾਨ ਨੇ ਕਿਹਾ ਕਿ ਰਾਜਸਥਾਨ ਨੂੰ ਜਾਂ ਤਾਂ ਪੰਜਾਬ ਦਾ ਜਾਇਜ਼ ਬਕਾਇਆ ਜਾਰੀ ਕਰਨਾ ਚਾਹੀਦਾ ਹੈ ਜਾਂ ਪਾਣੀ ਲੈਣਾ ਬੰਦ ਕਰਨਾ ਚਾਹੀਦਾ ਹੈ।

ਉਨ੍ਹਾ ਕਿਹਾ ਕਿ ਸਾਲ 1920 ਦੇ ਦਹਾਕੇ ਵਿੱਚ ਬੀਕਾਨੇਰ ਰਿਆਸਤ, ਸਾਂਝਾ ਪੰਜਾਬ ਅਤੇ ਬਰਤਾਨਵੀ ਰਾਜ ਦਰਮਿਆਨ ਹੋਏ ਇਕ ਸਮਝੌਤੇ ਦੇ ਅਨੁਸਾਰ ਰਾਜਸਥਾਨ ਪ੍ਰਤੀ ਏਕੜ ਦੇ ਆਧਾਰ 'ਤੇ ਪਾਣੀ ਦਾ ਭੁਗਤਾਨ ਕਰਨ ਲਈ ਸਹਿਮਤ ਹੋਇਆ ਸੀ। ਸਾਲ 1960 ਤੱਕ ਭੁਗਤਾਨ ਕੀਤਾ ਜਾਂਦਾ ਸੀ, ਪਰ ਸਿੰਧੂ ਜਲ ਸਮਝੌਤੇ ਤੋਂ ਬਾਅਦ ਰਾਜਸਥਾਨ ਨੇ ਲਗਾਤਾਰ 18,000 ਕਿਊਸਿਕ ਪਾਣੀ ਲੈਣ ਦੇ ਬਾਵਜੂਦ ਭੁਗਤਾਨ ਕਰਨਾ ਬੰਦ ਕਰ ਦਿੱਤਾ।

ਰਾਜਸਥਾਨ ਦੇ ਸਟੈਂਡ ਵਿੱਚ ਵਿਰੋਧਾਭਾਸ ਦਾ ਜ਼ਿਕਰ ਕਰਦੇ ਹੋਏ ਮਾਨ ਨੇ ਕਿਹਾ, 'ਅੱਜ ਵੀ ਰਾਜਸਥਾਨ 1920 ਦੇ ਸਮਝੌਤੇ ਤਹਿਤ ਪਾਣੀ ਲੈ ਰਿਹਾ ਹੈ, ਪਰ ਜਦੋਂ ਬਕਾਏ ਦੇ ਭੁਗਤਾਨ ਦੀ ਗੱਲ ਆਉਂਦੀ ਹੈ ਤਾਂ ਇਹ 1960 ਦੇ ਸਮਝੌਤੇ ਦਾ ਸਹਾਰਾ ਲੈ ਲੈਂਦਾ ਹੈ।'

ਉਨ੍ਹਾ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਨੇ 1960 ਵਿੱਚ ਨਵੀਂ ਵਿਵਸਥਾ ਵਿੱਚ ਸ਼ਾਮਲ ਹੁੰਦੇ ਸਮੇਂ ਭੁਗਤਾਨ ਦਾ ਜ਼ਿਕਰ ਨਹੀਂ ਕੀਤਾ, ਪਰ ਉਨ੍ਹਾਂ 1920 ਦੇ ਸਮਝੌਤੇ ਨੂੰ ਵੀ ਕਦੇ ਰੱਦ ਨਹੀਂ ਕੀਤਾ।

ਇਸ ਮਾਮਲੇ ਵਿੱਚ ਪਿਛਲੇ ਸਮੇਂ ਦੀਆਂ ਕਾਰਵਾਈਆਂ 'ਤੇ ਗੰਭੀਰ ਸਵਾਲ ਉਠਾਉਂਦੇ ਹੋਏ ਮਾਨ ਨੇ ਕਿਹਾ—ਸਮਝੌਤੇ ਵਿੱਚ ਸਪੱਸ਼ਟ ਤੌਰ 'ਤੇ ਹਰ 25 ਸਾਲਾਂ ਬਾਅਦ ਸਮੀਖਿਆ ਨੂੰ ਲਾਜ਼ਮੀ ਕੀਤਾ ਗਿਆ ਸੀ, ਪਰ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਇਸ ਮੁੱਦੇ ਨੂੰ ਨਹੀਂ ਉਠਾਇਆ ਅਤੇ ਨਾ ਹੀ ਪੰਜਾਬ ਦੇ ਜਾਇਜ਼ ਦਾਅਵੇ ਦੀ ਪੈਰਵੀ ਕੀਤੀ।

ਇਤਿਹਾਸਕ ਸੰਦਰਭ ਨੂੰ ਦੁਹਰਾਉਂਦੇ ਹੋਏ ਮਾਨ ਨੇ ਕਿਹਾ, 'ਸਾਲ 1920 ਵਿੱਚ ਬ੍ਰਿਟਿਸ਼ ਰਾਜ ਦੌਰਾਨ ਬੀਕਾਨੇਰ ਨਾਲ ਹੋਏ ਇੱਕ ਸਮਝੌਤੇ ਤਹਿਤ 1960 ਤੱਕ ਪੰਜਾਬ ਦਾ 18,000 ਕਿਊਸਿਕ ਪਾਣੀ ਲਗਾਤਾਰ ਸਪਲਾਈ ਕੀਤਾ ਜਾਂਦਾ ਰਿਹਾ। ਹਾਲਾਂਕਿ ਸਿੰਧੂ ਜਲ ਸੰਧੀ ਤੋਂ ਬਾਅਦ ਇਸ ਸਮਝੌਤੇ ਦਾ ਕੋਈ ਜ਼ਿਕਰ ਨਹੀਂ ਸੀ। ਜੇਕਰ ਅਸੀਂ 1960 ਤੋਂ 2026 ਤੱਕ ਦੇ ਬਕਾਏ ਦਾ ਹਿਸਾਬ ਲਾਈਏ ਤਾਂ ਰਾਜਸਥਾਨ ਵੱਲ ਪੰਜਾਬ ਦਾ ?1.44 ਲੱਖ ਕਰੋੜ ਬਕਾਇਆ ਹੈ।'

ਉਹਨਾ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਇਸ ਮਾਮਲੇ ਨੂੰ ਮਜ਼ਬੂਤੀ ਨਾਲ ਅੱਗੇ ਵਧਾਏਗਾ। ਉਨ੍ਹਾ ਕਿਹਾ—ਸਾਡੀ ਸਰਕਾਰ ਸਾਲ 1920 ਦੇ ਸਮਝੌਤੇ ਦੀ ਸਮੀਖਿਆ ਦੀ ਮੰਗ ਕਰਦੀ ਹੈ, ਤਾਂ ਜੋ ਪੰਜਾਬ ਆਪਣੇ ਜਾਇਜ਼ ਬਕਾਏ ਦੀ ਵਸੂਲੀ ਕਰ ਸਕੇ। ਅਸੀਂ ਇਸ ਮੁੱਦੇ ਨੂੰ ਸਾਰੇ ਮੰਚਾਂ 'ਤੇ ਜ਼ੋਰਦਾਰ ਢੰਗ ਨਾਲ ਉਠਾਵਾਂਗੇ ਅਤੇ ਇਹ ਯਕੀਨੀ ਬਣਾਵਾਂਗੇ ਕਿ ਪੰਜਾਬ ਨੂੰ ਉਹ ਮਿਲੇ, ਜੋ ਉਸ ਦਾ ਹੱਕ ਹੈ। ਅਸੀਂ ਇਸ ਪੈਸੇ ਦੀ ਵਸੂਲੀ ਲਈ ਕੋਈ ਕਸਰ ਨਹੀਂ ਛੱਡਾਂਗੇ।

ਇਸ ਦੇ ਨਾਲ ਹੀ ਮਾਨ ਨੇ ਆਪ ਸਰਕਾਰ ਵੱਲੋਂ ਚਾਰ ਸਾਲਾਂ ਵਿੱਚ ਪੰਜਾਬ ਦੇ ਨਹਿਰੀ ਢਾਂਚੇ ਦੀ ਮਜ਼ਬੂਤੀ ਲਈ 6700 ਕਰੋੜ ਰੁਪਏ ਖਰਚ ਕਰਕੇ ਚੁੱਕੇ ਕਦਮਾਂ ਦੇ ਵੇਰਵੇ ਸਾਂਝੇ ਕੀਤੇ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਅੱਜ ਪੰਜਾਬ ਦੇ 78 ਫੀਸਦੀ ਖੇਤਾਂ ਤੱਕ ਨਹਿਰੀ ਪਾਣੀ ਪਹੁੰਚ ਰਿਹਾ ਹੈ, ਜਦੋਂ ਕਿ ਆਉਣ ਵਾਲੇ ਸਮੇਂ ਵਿੱਚ ਇਸ ਨੂੰ ਹੋਰ ਵਧਾਇਆ ਜਾਵੇਗਾ।

ਉਨ੍ਹਾ ਦਾਅਵਾ ਕੀਤਾ ਕਿ ਖੇਤੀਬਾੜੀ ਲਈ ਨਹਿਰੀ ਪਾਣੀ ਦੀ ਵਰਤੋਂ ਕਰਨ ਨਾਲ ਧਰਤੀ ਹੇਠਲਾ ਪਾਣੀ ਦਾ ਪੱਧਰ ਵੀ ਕਈ ਇਲਾਕਿਆਂ ਵਿੱਚ ਵਧਣਾ ਸ਼ੁਰੂ ਹੋ ਗਿਆ ਹੈ। ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਤਰਨ ਤਾਰਨ ਵਿੱਚ 22 ਕਿੱਲੋਮੀਟਰ ਲੰਮੀ ਸਰਹਾਲੀ ਨਹਿਰ ਮਿਲੀ ਹੈ, ਜੋ ਕਿ ਬੰਦ ਕਰ ਦਿੱਤੀ ਗਈ ਸੀ, ਪਰ ਹੁਣ ਉਸ ਨੂੰ ਮੁੜ ਸ਼ੁਰੂ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਆਉਣ ਵਾਲੇ ਸਮੇਂ ਵਿੱਚ ਨਹਿਰੀ ਪਾਣੀ ਦੀ ਹੋਰ ਵਧੀਆ ਢੰਗ ਨਾਲ ਵਰਤੋਂ ਕੀਤੀ ਜਾਵੇਗੀ ਅਤੇ ਪੰਜਾਬ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਇਆ ਜਾਵੇਗਾ।

## ਪ੍ਰਾਪਰਟੀ ਡੀਲਰ ਦੀ ਹੱਤਿਆ

**ਚੰਡੀਗੜ੍ਹ** : ਇੱਥੇ ਸੈਕਟਰ 9 ਵਿੱਚ ਬੁੱਧਵਾਰ ਸਵੇਰੇ ਨੌਜਵਾਨ ਪ੍ਰਾਪਰਟੀ ਡੀਲਰ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਚਰਨਪ੍ਰੀਤ ਸਿੰਘ ਨਾਗਰਾ ਬੌਡੀ ਜ਼ੋਨ ਜਿੰਮ ਤੋਂ ਨਿਕਲ ਕੇ ਆਪਣੀ ਫਾਰਚੂਨਰ ਵਿੱਚ ਬੈਠਾ ਹੀ ਸੀ ਕਿ ਮੋਟਰਸਾਈਕਲ 'ਤੇ ਆਏ ਦੋ ਵਿਅਕਤੀ ਕਈ ਗੋਲੀਆਂ ਚਲਾ ਕੇ ਫਰਾਰ ਹੋ ਗਏ। ਨਾਗਰਾ ਮੁੱਲਾਂਪੁਰ ਦੇ ਕੁੱਬਾਹੇੜੀ ਪਿੰਡ ਦਾ ਰਹਿਣ ਵਾਲਾ ਸੀ। ਉਹ ਇੰਸਟਾਗ੍ਰਾਮ 'ਤੇ ਵੀ ਮਸ਼ਹੂਰ ਸੀ। ਨਾਗਰਾ ਨੂੰ ਤੁਰੰਤ ਪੀ ਜੀ ਆਈ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦਿੱਤਾ। ਮੰਗਲਵਾਰ ਪੰਜਾਬ ਯੂਨੀਵਰਸਿਟੀ ਵਿੱਚ ਸੋਪੂ ਜਥੇਬੰਦੀ ਦੇ ਵਿਦਿਆਰਥੀ ਆਗੂ ਜਸ਼ਨਦੀਪ ਸਿੰਘ ਉੱਤੇ ਗੋਲੀਆਂ ਚਲਾਈਆਂ ਗਈਆਂ ਸਨ। ਹਾਲਾਂਕਿ ਉਸ ਦੀ ਜਾਨ ਵਾਲ-ਵਾਲ ਬਚ ਗਈ ਸੀ, ਪਰ ਹਮਲਾਵਰ ਮੌਕੇ ਤੋਂ ਫਰਾਰ ਹੋ ਗਏ ਸਨ। ਦਿਨ-ਦਿਹਾੜੇ ਵਾਪਰੀਆਂ ਇਨ੍ਹਾਂ ਘਟਨਾਵਾਂ ਨੇ ਲੋਕਾਂ ਦੇ ਮਨਾਂ ਵਿੱਚ ਖੌਫ ਪੈਦਾ ਕਰ ਦਿੱਤਾ ਹੈ। ਨਾਗਰਾ ਦੀ ਹੱਤਿਆ ਦੀ ਜ਼ਿੰਮੇਵਾਰੀ ਪੋਸਟ ਪਾ ਕੇ ਗੈਂਗਸਟਰ ਲੱਕੀ ਪਟਿਆਲ ਨੇ ਲੈਂਦਿਆਂ ਕਿਹਾ ਕਿ ਉਹ ਉਨ੍ਹਾ ਦੇ ਐਂਟੀ ਗਰੁੱਪ ਦਾ ਖਬਰੀ ਸੀ ਅਤੇ ਉਸ ਨੂੰ ਉਨ੍ਹਾਂ ਦੇ ਮੈਂਬਰਾਂ ਦੀ ਸੂਚਨਾ ਦਿੰਦਾ ਸੀ। ਉਸ ਨੂੰ ਅਜਿਹਾ ਕਰਨ ਤੋਂ ਰੋਕਿਆ ਵੀ ਸੀ, ਪਰ ਉਹ ਹਟਿਆ ਨਹੀਂ।



## ਦਿੱਲੀ ਕਨਵੈਨਸ਼ਨ ਦਾ ਸੁਨੇਹਾ : ਮਨਰੇਗਾ ਬਹਾਲ ਕਰਵਾਉਣ ਲਈ ਕੋਈ ਕਸਰ ਨਾ ਛੱਡੋ

### ਮਨਰੇਗਾ ਸਨਮਾਨ ਤੇ ਨਿਆਂ ਦੀ ਲੜਾਈ : ਡੀ ਰਾਜਾ




**ਨਵੀਂ ਦਿੱਲੀ (ਗਿਆਨ ਸੈਦਪੁਰੀ)**

'ਵਿਕਸਤ ਭਾਰਤ ਗਰੰਟੀ ਫਾਰ ਰੁਜ਼ਗਾਰ ਐਂਡ ਅਜੀਵਕਾ ਮਿਸ਼ਨ (ਗ੍ਰਾਮੀਣ) ਨੂੰ ਵਾਪਸ ਕਰਵਾਉਣ ਤੇ ਮਨਰੇਗਾ ਨੂੰ ਬਹਾਲ ਕਰਵਾਉਣ ਲਈ ਕੀਤਾ ਜਾ ਰਿਹਾ ਸੰਘਰਸ਼ ਸਿਰਫ ਰੁਜ਼ਗਾਰ ਲਈ ਹੀ ਨਹੀਂ, ਸਗੋਂ ਇਹ ਸਨਮਾਨ ਨਿਆਂ ਤੇ ਨਵੇਂ ਭਾਰਤ ਦੀ ਸਿਰਜਣਾ ਵਾਸਤੇ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਡੀ ਰਾਜਾ ਨੇ ਕੀਤਾ। ਉਹ ਇੱਥੇ ਸਥਿਤ ਕੰਸਟੀਚਿਊਸ਼ਨਲ ਕਲੱਬ ਆਫ ਇੰਡੀਆ ਵਿਖੇ ਖੇਤੀ ਤੇ ਪੇਂਡੂ ਮਜ਼ਦੂਰ ਜਥੇਬੰਦੀਆਂ ਵੱਲੋਂ ਸੰਗਠਿਤ ਸਾਂਝੇ ਮੰਚ 'ਨਰੇਗਾ ਸੰਘਰਸ਼ ਮੋਰਚਾ' ਵੱਲੋਂ ਕਰਵਾਈ ਗਈ ਕੌਮੀ ਕਨਵੈਨਸ਼ਨ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਹਰੇ 'ਸਬ ਕਾ ਸਾਥ ਸਭ ਕਾ ਵਿਕਾਸ' ਦੇ ਹਵਾਲੇ ਨਾਲ ਕਿਹਾ ਕਿ ਇਹ ਝੂਠ ਦੀ ਨੰਗੀ-ਚਿੱਟੀ ਮਿਸਾਲ ਹੈ, ਜੋ ਮੋਦੀ ਨੂੰ ਝੂਠਾ ਸਿੱਧ ਕਰਦੀ ਹੈ। ਰਾਜਾ ਨੇ ਸਵਾਲ ਕੀਤਾ ਕਿ ਮੋਦੀ ਖੇਤ ਮਜ਼ਦੂਰਾਂ ਦਾ ਸਾਥ ਦੇ ਰਿਹੈ? ਕੀ ਉਹ ਪੇਂਡੂ ਮਜ਼ਦੂਰਾਂ ਦਾ ਸਾਥੀ ਹੈ? ਕਮਿਊਨਿਸਟ ਆਗੂ ਨੇ ਕਿਹਾ ਕਿ ਇਹ ਅਤੇ ਇਹੋ ਜਿਹੇ ਹੋਰ ਸਵਾਲਾਂ ਦਾ ਜਵਾਬ ਨਾਂਹ ਵਿੱਚ ਹੈ। ਮੋਦੀ ਸਿਰਫ ਕਾਰਪੋਰੇਟਾਂ ਦਾ ਮਿੱਤਰ ਹੈ। ਉਹਨਾ ਕਿਹਾ ਕਿ ਅਸੀਂ ਖੱਬੇ ਪੱਖੀ ਤੇ ਹੋਰ ਜਮਹੂਰੀਅਤ ਪਸੰਦ ਸਿਆਸੀ ਪਾਰਟੀਆਂ ਨਾਲ ਮਿਲ ਕੇ ਗਰੀਬਾਂ ਦੇ ਹੱਕਾਂ ਲਈ ਮੋਦੀ ਦੀਆਂ ਲੋਕ ਵਿਰੋਧੀ ਤੇ ਗਰੀਬ ਵਿਰੋਧੀ ਨੀਤੀਆਂ ਵਿਰੁੱਧ ਸੰਘਰਸ਼ ਤੇਜ਼ ਕਰਾਂਗੇ।

ਡੀ ਰਾਜਾ ਨੇ ਕਿਹਾ ਕਿ ਜਿਸ ਸਮੇਂ ਅਜਿਹਾ ਕੋਈ ਕਾਨੂੰਨ ਨਹੀਂ ਸੀ ਕਿ ਲੋੜਵੰਦਾਂ ਵੱਲੋਂ ਕੰਮ ਮੰਗਣ 'ਤੇ ਉਹਨਾਂ ਨੂੰ ਕੰਮ ਦਿੱਤਾ ਜਾਣਾ ਲਾਜ਼ਮੀ ਹੋਵੇ, ਤਦ ਮਨਰੇਗਾ ਕਾਨੂੰਨ ਬਣਾਇਆ ਗਿਆ ਸੀ। ਇਹ ਕਾਨੂੰਨ ਬਣਾਉਣ ਵੇਲੇ ਸੀ ਪੀ ਆਈ ਨਾਲ ਸੀ

• ਬਾਕੀ ਸਫ਼ਾ 2 'ਤੇ

## ਲਾਰੀਜਾਨੀ ਤੇ ਸੁਲੇਮਾਨੀ ਤੋਂ ਬਾਅਦ ਈਰਾਨੀ ਮੰਤਰੀ ਖਤੀਬ ਨੂੰ ਮਾਰਨ ਦਾ ਦਾਅਵਾ


ਇਸਮਾਈਲ ਖਤੀਬ


ਅਲੀ ਲਾਰੀਜਾਨੀ


ਗੁਲਾਮ ਰਜ਼ਾ ਸੁਲੇਮਾਨੀ

**ਤਹਿਰਾਨ** : ਇਜ਼ਰਾਈਲ ਨੇ ਈਰਾਨ ਦੇ ਇੰਟੈਲੀਜੈਂਸ ਮੰਤਰੀ ਇਸਮਾਈਲ ਖਤੀਬ ਨੂੰ ਵੀ ਮਾਰ ਦੇਣ ਦਾ ਦਾਅਵਾ ਕੀਤਾ ਹੈ। ਖਤੀਬ ਨੂੰ ਮਾਰਨ ਦਾ ਦਾਅਵਾ ਸੁਪਰੀਮ ਨੈਸ਼ਨਲ ਸਕਿਉਰਿਟੀ ਕੌਂਸਲ ਦੇ ਮੁਖੀ ਅਲੀ ਲਾਰੀਜਾਨੀ ਤੇ ਬਸੀਜ ਫੋਰਸ ਦੇ ਮੁਖੀ ਗੋਲਾਮਰੇਜ਼ਾ ਸੁਲੇਮਾਨੀ ਨੂੰ ਮਾਰਨ ਤੋਂ ਬਾਅਦ ਕੀਤਾ ਗਿਆ ਹੈ। ਖਤੀਬ ਸ਼ੀਆ ਧਰਮ ਗੁਰੂ ਸਨ ਤੇ 1980 ਦੇ ਦਹਾਕੇ 'ਚ ਈਰਾਨ-ਇਰਾਕ ਜੰਗ 'ਚ ਰੈਵੋਲਿਊਸ਼ਨਰੀ ਗਾਰਡ 'ਚ ਸੇਵਾ ਨਿਭਾ ਚੁੱਕੇ ਸਨ।

ਈਰਾਨ ਨੇ ਦੇਸ਼ ਦੇ ਕੱਦਾਵਰ ਨੇਤਾ ਤੇ ਸੁਪਰੀਮ ਨੈਸ਼ਨਲ ਸਕਿਉਰਿਟੀ ਕੌਂਸਲ ਦੇ ਮੁਖੀ ਅਲੀ ਲਾਰੀਜਾਨੀ (67) ਤੇ ਬਸੀਜ ਫੋਰਸ ਦੇ ਮੁਖੀ ਜਨਰਲ ਗੁਲਾਮ ਰਜ਼ਾ ਸੁਲੇਮਾਨੀ ਦੀ ਮੌਤ ਦੀ ਪੁਸ਼ਟੀ ਕਰ ਦਿੱਤੀ ਹੈ। ਹਮਲੇ ਵਿੱਚ ਲਾਰੀਜਾਨੀ ਦਾ ਪੁੱਤਰ ਮੁਰਤਜ਼ਾ ਲਾਰੀਜਾਨੀ ਵੀ ਮਾਰਿਆ ਗਿਆ ਹੈ। ਪਿਛਲੇ ਮਹੀਨੇ ਅਮਰੀਕੀ ਅਤੇ ਇਜ਼ਰਾਈਲੀ ਹਮਲਿਆਂ ਵਿੱਚ ਈਰਾਨ ਦੇ ਸੁਪਰੀਮ ਲੀਡਰ ਆਇਤੁੱਲ੍ਹਾ ਖਾਮਨੇਈ ਦੀ ਮੌਤ ਤੋਂ ਬਾਅਦ, ਲਾਰੀਜਾਨੀ ਨੂੰ ਹੀ ਦੇਸ਼ ਦਾ ਅਣ-ਅਧਿਕਾਰਤ ਮੁਖੀ ਮੰਨਿਆ ਜਾ ਰਿਹਾ ਸੀ। ਹਾਲਾਂਕਿ ਸ਼ੀਆ ਧਰਮ ਗੁਰੂ ਨਾ ਹੋਣ ਕਰਕੇ ਉਹ ਰਸਮੀ ਤੌਰ 'ਤੇ ਸੁਪਰੀਮ ਲੀਡਰ ਨਹੀਂ ਬਣ ਸਕਦੇ ਸਨ, ਪਰ ਮੰਨਿਆ ਜਾਂਦਾ ਹੈ ਕਿ ਈਰਾਨੀ ਲੀਡਰਸ਼ਿਪ ਦੇ ਰੂਪੋਸ਼ ਹੋਣ ਤੋਂ ਬਾਅਦ ਸਾਰਾ ਸ਼ਾਸਨ ਉਹੀ ਚਲਾ ਰਹੇ ਸਨ। ਉਹ ਪ੍ਰਮਾਣੂ ਵਾਰਤਾਵਾਂ ਵਿੱਚ ਆਇਤੁੱਲਾ ਖਾਮਨੇਈ ਦੇ ਮੁੱਖ ਸਲਾਹਕਾਰ ਵੀ ਰਹੇ ਸਨ। ਲਾਰੀਜਾਨੀ ਈਰਾਨ ਦੇ ਸਭ ਤੋਂ ਪ੍ਰਭਾਵਸ਼ਾਲੀ ਸਿਆਸੀ ਪਰਵਾਰ ਨਾਲ ਸੰਬੰਧ ਰੱਖਦੇ ਸਨ, ਜਿਸ ਦੀ ਤੁਲਨਾ ਅਮਰੀਕਾ ਦੇ ਕੈਨੇਡੀ ਪਰਵਾਰ ਨਾਲ ਕੀਤੀ ਜਾਂਦੀ ਹੈ। ਉਨ੍ਹਾਂ ਦੇ ਇੱਕ ਭਰਾ ਸਾਬਕਾ

• ਬਾਕੀ ਸਫ਼ਾ 2 'ਤੇ

## ਦੋ ਗ੍ਰਨੇਡਾਂ ਸਮੇਤ ਦੋ ਗ੍ਰਿਫ਼ਤਾਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਕਾਊਂਟਰ ਇੰਟੈਲੀਜੈਂਸ (ਸੀ ਆਈ) ਬਠਿੰਡਾ ਨੇ ਦੋ ਮੁਲਜ਼ਮਾਂ ਨੂੰ ਦੋ ਹੈਂਡ ਗ੍ਰਨੇਡਾਂ ਸਮੇਤ ਗ੍ਰਿਫ਼ਤਾਰ ਕਰਕੇ ਸੰਭਾਵੀ ਅੱਤਵਾਦੀ ਹਮਲੇ ਨੂੰ ਟਾਲ ਦਿੱਤਾ ਹੈ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬੂਟਾ ਸਿੰਘ ਉਰਫ਼ ਗੁਰਪ੍ਰੀਤ ਸਿੰਘ ਉਰਫ਼ ਗੋਪੂ ਵਾਸੀ ਗਿੱਲਵਾਲੀ (ਫਿਰੋਜ਼ਪੁਰ) ਅਤੇ ਹਰਮੰਦਰ ਸਿੰਘ ਉਰਫ਼ ਨਿੱਕਾ ਵਾਸੀ ਮੋਠਾਂਵਾਲੀ (ਮੋਗਾ) ਵਜੋਂ ਹੋਈ ਹੈ।ਡੀ ਜੀ ਪੀ ਗੌਰਵ ਯਾਦਵ ਮੁਤਾਬਕ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਬਰਾਮਦ ਕੀਤੇ ਗਏ ਗ੍ਰਨੇਡ ਸਰਹੱਦ ਪਾਰ ਦੀ ਗੈਰ-ਕਾਨੂੰਨੀ ਸਪਲਾਈ ਚੇਨ ਦਾ ਹਿੱਸਾ ਸਨ, ਜਿਸ ਦਾ ਉਦੇਸ਼ ਸਰਹੱਦੀ ਸੂਬੇ ਵਿੱਚ ਸ਼ਾਂਤੀ ਅਤੇ ਸੁਰੱਖਿਆ ਨੂੰ ਭੰਗ ਕਰਨਾ ਸੀ।ਡੀ ਜੀ ਪੀ ਨੇ ਕਿਹਾ ਕਿ ਅਗਲੇ-ਪਿਛਲੇ ਸੰਬੰਧ ਸਥਾਪਤ ਕਰਨ ਅਤੇ ਇਸ ਮਡਿਊਲ ਵਿੱਚ ਸ਼ਾਮਲ ਹੋਰ ਮੈਂਬਰਾਂ ਦੀ ਪਛਾਣ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।ਏ ਆਈ ਜੀ ਮੈਡਮ ਸਿੱਧੂ ਨੇ ਕਿਹਾ ਕਿ ਪੁਲਸ ਟੀਮ ਨੇ ਮੋਗਾ-ਫਿਰੋਜ਼ਪੁਰ ਰੋਡ ਤੋਂ ਦੋਵਾਂ ਸ਼ੱਕੀਆਂ ਨੂੰ ਗ੍ਰਿਫ਼ਤਾਰ ਕੀਤਾ।

## ਪਾਲਮ ਇਲਾਕੇ 'ਚ ਅੱਗ ਨਾਲ 9 ਮੌਤਾਂ

**ਨਵੀਂ ਦਿੱਲੀ** : ਪਾਲਮ ਇਲਾਕੇ ਦੀ ਰਾਮ ਚੌਕ ਮਾਰਕਿਟ ਵਿੱਚ ਬੁੱਧਵਾਰ ਸਵੇਰੇ ਚਾਰ ਮੰਜ਼ਲਾ ਇਮਾਰਤ ਵਿੱਚ ਭਿਆਨਕ ਅੱਗ ਲੱਗਣ ਕਾਰਨ 9 ਲੋਕਾਂ ਦੀ ਮੌਤ ਹੋ ਗਈ ਅਤੇ 3 ਜ਼ਖਮੀ ਹੋ ਗਏ। ਇਮਾਰਤ ਦੀ ਬੇਸਮੈਂਟ, ਗਰਾਊਂਡ ਅਤੇ ਪਹਿਲੀ ਮੰਜ਼ਲ 'ਤੇ ਕੱਪੜਿਆਂ ਅਤੇ ਕਾਸਮੈਟਿਕਸ ਦਾ ਸ਼ੋਅਰੂਮ ਸੀ, ਜਦਕਿ ਉੱਪਰਲੀਆਂ ਦੋ ਮੰਜ਼ਲਾਂ 'ਤੇ ਮਾਲਕ ਦਾ ਪਰਵਾਰ ਰਹਿੰਦਾ ਸੀ। ਪੁਲਸ ਅਨੁਸਾਰ, ਇਹ ਇਮਾਰਤ ਮਾਰਕੀਟ ਪ੍ਰਧਾਨ ਰਾਜੇਂਦਰ ਕਸ਼ਯਪ ਦੀ ਹੈ।

## ਚਾਰਜਿੰਗ ਪੁਆਇੰਟ 'ਚ ਧਮਾਕੇ ਨਾਲ ਅੱਗ, 8 ਮੌਤਾਂ

**ਇੰਦੌਰ** : ਇੱਥੇ ਬ੍ਰਿਜੇਸ਼ਵਰੀ ਐਨੈਕਸ ਇਲਾਕੇ ਵਿੱਚ ਬੁੱਧਵਾਰ ਸਵੇਰੇ ਕਰੀਬ 4 ਵਜੇ ਤਿੰਨ ਮੰਜ਼ਲਾ ਰਿਹਾਇਸ਼ੀ ਇਮਾਰਤ ਵਿੱਚ ਭਿਆਨਕ ਅੱਗ ਲੱਗਣ ਕਾਰਨ 8 ਲੋਕਾਂ ਦੀ ਮੌਤ ਹੋ ਗਈ। ਅੱਗ ਲੱਗਣ ਦਾ ਮੁੱਢਲਾ ਕਾਰਨ ਘਰ ਦੇ ਬਾਹਰ ਚਾਰਜ ਹੋ ਰਹੀ ਇੱਕ ਇਲੈਕਟ੍ਰਿਕ ਗੱਡੀ ਦੇ ਚਾਰਜਿੰਗ ਪੁਆਇੰਟ ਵਿੱਚ ਹੋਇਆ ਧਮਾਕਾ ਦੱਸਿਆ ਜਾ ਰਿਹਾ ਹੈ। ਅੱਗ ਇੰਨੀ ਤੇਜ਼ੀ ਨਾਲ ਫੈਲੀ ਕਿ ਘਰ ਅੰਦਰ ਰੱਖੇ ਲੱਗਭੱਗ 10 ਗੈਸ ਸਿਲੰਡਰਾਂ ਵਿੱਚੋਂ ਵੀ ਕਈਆਂ 'ਚ ਧਮਾਕੇ ਹੋ ਗਏ, ਜਿਸ ਕਾਰਨ ਸਥਿਤੀ ਹੋਰ ਖਰਾਬ ਹੋ ਗਈ। ਇਹ ਇਮਾਰਤ ਮਨੋਜ ਪੁਗਲੀਆ ਦੀ ਸੀ, ਜੋ ਪੌਲੀਮਰ ਦਾ ਕਾਰੋਬਾਰ ਕਰਦਾ ਸੀ ਅਤੇ ਘਰ ਵਿੱਚ ਕੁਝ ਜਲਣਸ਼ੀਲ ਕੈਮੀਕਲ ਵੀ ਰੱਖੇ ਹੋਏ ਸਨ। ਅੱਗ ਲੱਗਣ ਵੇਲੇ ਬਿਜਲੀ ਗੁੱਲ ਹੋਣ ਕਾਰਨ ਇਮਾਰਤ ਦੇ ਇਲੈਕਟ੍ਰਾਨਿਕ ਲੌਕ ਜਾਮ ਹੋ ਗਏ, ਜਿਸ ਕਾਰਨ ਲੋਕ ਅੰਦਰ ਹੀ ਫਸ ਗਏ।

## ਘਰ ਚਲਾਉਣ ਵਾਲੀਆਂ ਨੂੰ ਹੁਣ ਦੇਸ਼ ਚਲਾਉਣਾ ਚਾਹੀਦੈ : ਮਾਨ

**ਮੁਹਾਲੀ (ਗੁਰਜੀਤ ਬਿੱਲਾ)**



ਪੰਜਾਬ ਦੇ ਸ਼ਾਨਾਮੱਤੇ ਵਿਕਾਸ ਦੇ ਸਫਰ ਵਿੱਚ ਔਰਤਾਂ ਦੇ ਅਹਿਮ ਸਥਾਨ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਪ੍ਰਸ਼ਾਸਨ, ਆਰਥਿਕਤਾ ਅਤੇ ਸਮਾਜ ਵਿੱਚ ਔਰਤਾਂ ਦੀ ਮਹੱਤਵਪੂਰਨ ਭੂਮਿਕਾ ਦੇ ਵਿਲੱਖਣ ਦ੍ਰਿਸ਼ਟੀਕੋਣ ਨੂੰ ਉਚੇਚੇ ਤੌਰ 'ਤੇ ਉਭਾਰਿਆ। ਉਨ੍ਹਾ ਕਿਹਾ ਕਿ ਅਸਲ ਵਿੱਚ ਔਰਤਾਂ ਦਾ ਸਸ਼ਕਤੀਕਰਨ ਸਿੱਖਿਆ, ਢੁਕਵੀਂ ਨੁਮਾਇੰਦਗੀ ਅਤੇ ਆਰਥਿਕ ਮੌਕਿਆਂ ਰਾਹੀਂ ਕੀਤਾ ਜਾ ਸਕਦਾ ਹੈ। ਜ਼ਮੀਨੀ ਪੱਧਰ 'ਤੇ ਨਿਵੇਕਲੇ ਹੁਨਰ ਰਾਹੀਂ ਕਾਮਯਾਬ ਹੋਈਆਂ ਮਹਿਲਾ ਉੱਦਮੀਆਂ ਨੂੰ ਸਨਮਾਨਤ ਕਰਨ ਲਈ ਕਰਵਾਏ ਸਨਮਾਨ ਸਮਾਰੋਹ ਦੌਰਾਨ ਮੁੱਖ ਮੰਤਰੀ ਨੇ 'ਆਪ' ਸਰਕਾਰ ਦੀਆਂ ਪਹਿਲਕਦਮੀਆਂ, ਨੌਕਰੀਆਂ ਵਿੱਚ ਰਾਖਵੇਂਕਰਨ ਅਤੇ ਵਿੱਤੀ ਸਹਾਇਤਾ ਦੇ ਨਾਲ-ਨਾਲ ਵਿਆਪਕ ਰੋਜ਼ੀ-ਰੋਟੀ ਸੰਬੰਧੀ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਔਰਤਾਂ ਨੂੰ ਫੈਸਲਾ ਲੈਣ ਵਾਲੇ ਅਹੁਦਿਆਂ ਤੱਕ ਪਹੁੰਚਣ ਅਤੇ ਸੂਬੇ ਦੇ ਭਵਿੱਖ ਨੂੰ ਸੰਵਾਰਨ ਦੀ ਅਪੀਲ ਕੀਤੀ। ਮਹਿਲਾ ਉੱਦਮੀਆਂ ਨੂੰ ਸਨਮਾਨਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ, 'ਇਹ ਬੇਹੱਦ ਜ਼ਰੂਰੀ ਹੈ ਕਿ ਕੁੜੀਆਂ ਅੱਗੇ ਆਉਣ ਅਤੇ ਸਿੱਖਿਆ ਰਾਹੀਂ ਖੁਦ ਨੂੰ ਸਸ਼ਕਤ ਬਣਾਉਣ। ਇਹ ਦੇਸ਼ ਲਈ ਲਾਹੇਵੰਦ ਹੈ, ਕਿਉਂਕਿ ਘਰਾਂ ਅਤੇ ਪਰਵਾਰਾਂ ਨੂੰ ਬਿਹਤਰ ਢੰਗ ਨਾਲ ਸੰਭਾਲਣ ਵਾਲੀਆਂ ਔਰਤਾਂ ਨੂੰ ਦੇਸ਼ ਦੀ ਵਿਵਸਥਾ ਨੂੰ ਵੀ ਚਲਾਉਣਾ ਚਾਹੀਦਾ ਹੈ। ਸੂਬਾ ਸਰਕਾਰ ਇਸ ਨੇਕ ਕਾਰਜ ਪ੍ਰਤੀ ਵਚਨਬੱਧ ਹੈ ਅਤੇ ਇਸ ਸੰਬੰਧੀ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।' ਸਿਆਸਤ ਵਿੱਚ ਔਰਤਾਂ ਦੀ ਸ਼ਮੂਲੀਅਤ ਨੂੰ ਉਤਸ਼ਾਹਤ ਕਰਦਿਆਂ ਉਨ੍ਹਾ ਕਿਹਾ, 'ਕੁੜੀਆਂ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਸਿਆਸਤ ਵਿੱਚ ਪੈਰ ਰੱਖਣਾ ਚਾਹੀਦਾ ਹੈ, ਤਾਂ ਜੋ ਉਹ ਫੈਸਲੇ ਲੈਣ ਵਿੱਚ ਸਰਗਰਮ ਭਾਈਵਾਲ ਬਣ ਸਕਣ ਅਤੇ ਸਮਾਜ ਵਿੱਚ ਜ਼ਰੂਰੀ ਬਦਲਾਅ ਲਿਆ ਸਕਣ। ਅੱਜ ਕੁੜੀਆਂ ਲਗਭਗ ਹਰ ਖੇਤਰ ਵਿੱਚ ਮੁੰਡਿਆਂ ਨਾਲੋਂ ਅੱਗੇ ਹਨ, ਪਰ ਸਿਆਸਤ ਵਿੱਚ ਅਜੇ ਵੀ ਪਿੱਛੇ ਹਨ। ਇਸ ਖੇਤਰ ਨੂੰ ਲੰਮੇ ਸਮੇਂ ਤੋਂ ਮਰਦਾਂ ਦੀ ਜਗੀਰ ਮੰਨਿਆ ਜਾਂਦਾ ਰਿਹਾ ਹੈ, ਪਰ ਸਮਾਂ ਆ ਗਿਆ ਹੈ ਕਿ ਔਰਤਾਂ ਸਿਆਸਤ ਵਿੱਚ ਵੀ ਨਾਮਣਾ ਖੱਟਣ। ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਅਤੇ ਜ਼ਮੀਨੀ ਪੱਧਰ 'ਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਔਰਤਾਂ ਦੀ ਭਾਈਵਾਲੀ ਜ਼ਰੂਰੀ ਹੈ। ਔਰਤਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਹ ਅਤੇ ਉਨ੍ਹਾਂ ਦੇ ਪਰਵਾਰ ਆਪਣੀ ਵੋਟ ਦੀ ਵਰਤੋਂ ਪੂਰੀ ਸਮਝ ਅਤੇ ਧਿਆਨ ਨਾਲ ਕਰਨ, ਤਾਂ ਜੋ ਵਿਧਾਨ ਸਭਾ ਅਤੇ ਸੰਸਦ ਲਈ ਯੋਗ ਆਗੂ ਚੁਣੇ ਜਾਣ।'

ਮੁੱਖ ਮੰਤਰੀ ਨੇ ਕਿਹਾ ਕਿ ਇਹ ਪੰਜਾਬ ਨੂੰ ਪ੍ਰਗਤੀਸ਼ੀਲ ਅਤੇ ਖੁਸ਼ਹਾਲ ਸੂਬਾ ਬਣਾਉਣ ਵਿੱਚ ਮਦਦ ਕਰੇਗਾ। ਇਹ ਮਾਣ ਵਾਲੀ ਗੱਲ ਹੈ ਕਿ ਅੱਜ ਕੁੜੀਆਂ ਸਾਰੇ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਰਹੀਆਂ ਹਨ ਅਤੇ ਸੂਬਾ ਸਰਕਾਰ ਵੱਲੋਂ ਔਰਤਾਂ ਦੇ ਸਸ਼ਕਤੀਕਰਨ ਲਈ ਨਿਰੰਤਰ ਕਦਮ ਚੁੱਕੇ ਗਏ ਹਨ। 'ਆਪ' ਸਰਕਾਰ ਨੇ ਕਈ ਔਰਤਾਂ ਨੂੰ ਡਿਪਟੀ ਕਮਿਸ਼ਨਰ ਅਤੇ ਐੱਸ ਐੱਸ ਪੀ ਵਜੋਂ ਨਿਯੁਕਤ ਕੀਤਾ ਹੈ, ਜੋ ਕਿ ਪਹਿਲਾਂ ਨਾਲੋਂ ਵੱਡਾ ਬਦਲਾਅ ਹੈ। ਕਿਸੇ ਵੀ ਸਰਕਾਰ ਦੇ ਮੁਕਾਬਲੇ ਆਪ ਵੱਲੋਂ ਇਨ੍ਹਾਂ ਅਹੁਦਿਆਂ 'ਤੇ ਸਭ ਤੋਂ ਵੱਧ

• ਬਾਕੀ ਸਫ਼ਾ 2 'ਤੇ

## ਦਫਤਰਾਂ 'ਚ ਜੀਨਸ 'ਤੇ ਰੋਕ

**ਸ਼ਿਮਲਾ** : ਹਿਮਾਚਲ ਸਰਕਾਰ ਨੇ ਕਰਮਚਾਰੀਆਂ ਅਤੇ ਅਧਿਕਾਰੀਆਂ ਲਈ ਡਰੈੱਸ ਕੋਡ ਜਾਰੀ ਕਰਕੇ ਦਫਤਰਾਂ ਵਿੱਚ ਸਾਫ-ਸੁਥਰੇ, ਸ਼ਾਲੀਨ ਅਤੇ ਰਸਮੀ ਕੱਪੜੇ ਪਹਿਨਣਾ ਲਾਜ਼ਮੀ ਕੀਤਾ ਹੈ। ਉਹ ਹੁਣ ਦਫਤਰ ਵਿੱਚ ਜੀਨਸ ਅਤੇ ਟੀ-ਸ਼ਰਟ ਪਾ ਕੇ ਨਹੀਂ ਆ ਸਕਣਗੇ। ਸਰਕਾਰ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਕਰਮਚਾਰੀ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਰਕਾਰੀ ਨੀਤੀਆਂ ਵਿਰੁੱਧ ਕਿਸੇ ਵੀ ਤਰ੍ਹਾਂ ਦੀ ਟਿੱਪਣੀ ਕਰਨ ਤੋਂ ਗੁਰੇਜ਼ ਕਰਨ।

## ਘਰੇਲੂ ਉਡਾਣਾਂ ਦੌਰਾਨ 60 ਫੀਸਦੀ ਸੀਟਾਂ 'ਤੇ ਵਾਧੂ ਚਾਰਜ ਨਾ ਵਸੂਲਣ ਦੀ ਹਦਾਇਤ

**ਨਵੀਂ ਦਿੱਲੀ** : ਹੁਣ ਯਾਤਰੀਆਂ ਨੂੰ ਮਨਪਸੰਦ ਸੀਟਾਂ ਚੁਣਨ ਲਈ ਵਾਧੂ ਪੈਸੇ ਨਹੀਂ ਦੇਣੇ ਪੈਣਗੇ। ਕੇਂਦਰ ਸਰਕਾਰ ਨੇ ਏਅਰਲਾਈਨਾਂ ਨੂੰ ਘਰੇਲੂ ਉਡਾਣਾਂ ਵਿੱਚ 60 ਫੀਸਦੀ ਸੀਟਾਂ 'ਤੇ ਯਾਤਰੀਆਂ ਤੋਂ ਵਾਧੂ ਚਾਰਜ ਨਾ ਵਸੂਲਣ ਦੇ ਨਿਰਦੇਸ਼ ਜਾਰੀ ਕੀਤੇ ਹਨ। ਬੁੱਧਵਾਰ ਨੂੰ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਕਿਹਾ ਕਿ ਡਾਇਰੈਕਟੋਰੇਟ ਜਨਰਲ ਆਫ ਸਿਵਲ ਐਵੀਏਸ਼ਨ (ਡੀ ਜੀ ਸੀ ਏ) ਨੇ ਏਅਰਲਾਈਨਾਂ ਨੂੰ ਕਿਸੇ ਵੀ ਉਡਾਣ ਦੀਆਂ ਘੱਟੋ-ਘੱਟ 60 ਫੀਸਦੀ ਸੀਟਾਂ ਬਿਨਾਂ ਕਿਸੇ ਵਾਧੂ ਚਾਰਜ ਦੇ ਅਲਾਟ ਕਰਨ ਦੇ ਹੁਕਮ ਦਿੱਤੇ ਹਨ। ਇਸ ਤੋਂ ਇਲਾਵਾ ਏਅਰਲਾਈਨਾਂ ਨੂੰ ਕਿਹਾ ਗਿਆ ਹੈ ਕਿ ਇੱਕੋ ਪੀ ਐੱਨ ਆਰ (ਪਸੰਜਰ ਨੇਮ ਰਿਕਾਰਡ) 'ਤੇ ਯਾਤਰਾ ਕਰਨ ਵਾਲਿਆਂ ਨੂੰ ਫਲਾਈਟ ਵਿੱਚ ਇਕੱਠੇ ਬਿਠਾਇਆ ਜਾਵੇ ਅਤੇ ਜੇ ਸੰਭਵ ਹੋਵੇ ਤਾਂ ਨੇੜਲੀਆਂ ਹੀ ਸੀਟਾਂ ਦਿੱਤੀਆਂ ਜਾਣ। ਇੱਕ ਏਅਰਲਾਈਨ ਅਧਿਕਾਰੀ ਮੁਤਾਬਕ ਹੁਣ ਤੱਕ 20 ਫੀਸਦੀ ਸੀਟਾਂ ਹੀ ਬਿਨਾਂ ਕਿਸੇ ਵਾਧੂ ਚਾਰਜ ਦੇ ਬੁੱਕ ਕੀਤੀਆਂ ਜਾ ਸਕਦੀਆਂ ਸਨ, ਜਦਕਿ ਬਾਕੀ ਸੀਟਾਂ ਲਈ ਭੁਗਤਾਨ ਕਰਨਾ ਪੈਂਦਾ ਸੀ। ਸ਼ਹਿਰੀ ਹਵਾਬਾਜ਼ੀ ਮੰਤਰੀ ਕੇ ਰਾਮਮੋਹਨ ਨਾਇਡੂ ਨੇ ਕਿਹਾ ਕਿ ਖੇਡਾਂ ਦੇ ਸਾਮਾਨ, ਸੰਗੀਤਕ ਸਾਜ਼ਾਂ ਤੇ ਪਾਲਤੂ ਜਾਨਵਰਾਂ ਨੂੰ ਲਿਜਾਣ ਲਈ ਸਪੱਸ਼ਟ, ਪਾਰਦਰਸ਼ੀ ਨਿਯਮ ਅਤੇ ਨੀਤੀਆਂ ਵੀ ਏਅਰਲਾਈਨਾਂ ਨੂੰ ਤਿਆਰ ਕਰਨੀਆਂ ਹੋਣਗੀਆਂ। ਜਹਾਜ਼ ਉੱਡਣ ਵਿੱਚ ਦੇਰੀ ਅਤੇ ਰੱਦ ਹੋਣ ਦੇ ਸਮੇਂ ਯਾਤਰੀਆਂ ਦੇ ਅਧਿਕਾਰਾਂ ਨੂੰ ਸਖਤੀ ਨਾਲ ਲਾਗੂ ਕਰਨਾ ਹੋਵੇਗਾ ਅਤੇ ਉਨ੍ਹਾਂ ਦੀ ਸਪੱਸ਼ਟ ਜਾਣਕਾਰੀ ਦੇਣੀ ਹੋਵੇਗੀ।

## ਓਮਾਨ ਦੀ ਖਾੜੀ ਵੱਲ ਖਤਰਾ ਵਧ ਰਿਹੈ

**ਨਵੀਂ ਦਿੱਲੀ** : ਗੁਰੂਗ੍ਰਾਮ ਵਿਖੇ ਭਾਰਤੀ ਜਲ ਸੈਨਾ ਵੱਲੋਂ ਚਲਾਏ ਜਾਂਦੇ 'ਇਨਫਰਮੇਸ਼ਨ ਫਿਊਜ਼ਨ ਸੈਂਟਰ-ਇੰਡੀਅਨ ਓਸ਼ਨ ਰੀਜਨ' (ਆਈ ਐੱਫ ਸੀ-ਆਈ ਓ ਆਰ) ਨੇ ਇੱਕ ਮੁਲਾਂਕਣ 'ਚ ਦੱਸਿਆ ਹੈ ਕਿ ਹਾਰਮੁਜ਼ ਜਲਮਾਰਗ ਦੇ ਆਲੇ-ਦੁਆਲੇ ਹਾਲਾਤ ਲਗਾਤਾਰ ਬਦਲ ਰਹੇ ਹਨ ਅਤੇ ਖਤਰਾ ਪੂਰਬ ਵੱਲ ਯਾਨੀ ਕਿ ਓਮਾਨ ਦੀ ਖਾੜੀ ਵੱਲ ਵਧ ਰਿਹਾ ਹੈ। ਆਈ ਐੱਫ ਸੀ-ਆਈ ਓ ਆਰ ਇੱਕ ਬਹੁਦੇਸ਼ੀ ਢਾਂਚਾ ਹੈ, ਜਿਸ ਵਿੱਚ ਕਈ ਦੇਸ਼ਾਂ ਦੇ ਨੁਮਾਇੰਦੇ ਸ਼ਾਮਲ ਹਨ ਅਤੇ 20 ਤੋਂ ਵੱਧ ਦੇਸ਼ ਵਪਾਰਕ ਜਹਾਜ਼ਾਂ ਬਾਰੇ ਡਾਟਾ ਸਾਂਝਾ ਕਰ ਰਹੇ ਹਨ ਤਾਂ ਜੋ ਇੱਕ ਸਾਂਝੀ ਰਣਨੀਤੀ ਬਣਾਈ ਜਾ ਸਕੇ। ਮੰਗਲਵਾਰ ਰਾਤ ਨੂੰ ਆਪਣੇ ਅਪਡੇਟ ਵਿੱਚ ਉਸ ਨੇ ਕਿਹਾ, "ਹਾਰਮੁਜ਼ ਜਲਮਾਰਗ ਦੇ ਆਲੇ-ਦੁਆਲੇ ਦੇ ਹਾਲਾਤ ਲਗਾਤਾਰ ਬਦਲ ਰਹੇ ਹਨ, ਕਿਉਂਕਿ ਖਤਰੇ ਵਾਲੀਆਂ ਗਤੀਵਿਧੀਆਂ ਪੂਰਬ ਵੱਲ ਨੂੰ ਵਧ ਰਹੀਆਂ ਹਨ।" ਹਾਰਮੁਜ਼ ਜਲਮਾਰਗ ਦੇ ਪੂਰਬ ਵਿੱਚ, ਖਾਸ ਕਰਕੇ ਓਮਾਨ ਦੀ ਖਾੜੀ 'ਚ ਛੇ ਸਮੁੰਦਰੀ ਜਹਾਜ਼ਾਂ ਨਾਲ ਵਾਪਰੇ ਹਾਦਸਿਆਂ ਦਾ ਹਵਾਲਾ ਦਿੰਦੇ ਹੋਏ ਕਿਹਾ ਗਿਆ ਹੈ ਕਿ ਜੋਖਮ ਵਧ ਰਿਹਾ ਹੈ, ਜਿਸ ਕਰਕੇ ਊਰਜਾ ਤੇ ਵਸਤੂਆਂ ਦੀ ਸਪਲਾਈ ਚੇਨਾਂ 'ਤੇ ਦਬਾਅ ਬਣਿਆ ਰਹੇਗਾ ਅਤੇ ਜੰਗੀ ਜੋਖਮ ਬੀਮਾ ਪ੍ਰੀਮੀਅਮ ਵੀ ਮਹਿੰਗੇ ਰਹਿਣਗੇ। ਉੱਥੇ ਹੀ ਇੱਕ ਵੱਖਰਾ ਕਦਮ ਚੁੱਕਦਿਆਂ ਭਾਰਤੀ ਜਲ ਸੈਨਾ ਨੇ ਈਰਾਨ ਅਤੇ ਓਮਾਨ ਦੇ ਵਿਚਕਾਰ ਮਹੱਤਵਪੂਰਨ ਹਾਰਮੁਜ਼ ਜਲਮਾਰਗ ਤੋਂ ਹੋ ਕੇ ਲੰਘਣ ਵਾਲੇ ਐੱਲ ਪੀ ਜੀ ਅਤੇ ਕੱਚੇ ਤੇਲ ਦੇ ਜਹਾਜ਼ਾਂ ਨੂੰ ਸੁਰੱਖਿਆ ਦੇਣ ਲਈ ਆਪਣੀ ਤਾਇਨਾਤੀ ਵਧਾ ਦਿੱਤੀ ਹੈ। ਹੁਣ ਤੱਕ ਹਾਰਮੁਜ਼ ਸੰਕਟ ਲਈ ਨਿਗਰਾਨੀ ਜਹਾਜ਼ਾਂ ਅਤੇ ਯੂ ਏ ਵੀਜ਼ (ਡਰੋਨ) ਤੋਂ ਇਲਾਵਾ 6 ਤੋਂ 8 ਜਹਾਜ਼ ਡਿਊਟੀ 'ਤੇ ਹਨ। ਸੂਤਰਾਂ ਨੇ ਦੱਸਿਆ ਕਿ ਜਲ ਸੈਨਾ ਨੇ ਦੋ ਟਾਸਕ ਫੋਰਸਾਂ ਕਾਇਮ ਕੀਤੀਆਂ ਹਨ ਅਤੇ ਹਾਰਮੁਜ਼-ਡਿਊਟੀ 'ਤੇ ਜੰਗੀ ਜਹਾਜ਼ਾਂ ਦੀ ਗਿਣਤੀ ਐਤਵਾਰ ਨੂੰ ਤਾਇਨਾਤ ਤਿੰਨ ਜੰਗੀ ਜਹਾਜ਼ਾਂ ਤੋਂ ਵੱਧ ਹੋ ਗਈ ਹੈ। ਇਸ ਸਮੇਂ ਘੱਟੋ-ਘੱਟ ਛੇ ਤੋਂ ਅੱਠ ਜੰਗੀ ਜਹਾਜ਼ ਤਾਇਨਾਤ ਕੀਤੇ ਗਏ ਹਨ। ਇਹ ਕਦਮ ਭਾਰਤ ਸਰਕਾਰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਪ੍ਰਸਤਾਵਤ ਕਿਸੇ ਵੀ ਬਹੁਦੇਸ਼ੀ ਗੱਠਜੋੜ ਵਿੱਚ ਸ਼ਾਮਲ ਹੋਏ ਬਿਨਾਂ ਸੁਤੰਤਰ ਤੌਰ 'ਤੇ ਚੁੱਕ ਰਹੀ ਹੈ।

ਦੇਸ਼ ਵਿਚਲੇ ਸੂਤਰਾਂ ਨੇ ਤਾਇਨਾਤ ਕੀਤੇ ਗਏ ਫੌਜੀ ਸਾਜ਼ੋ-ਸਮਾਨ ਦੀ ਕਿਸਮ ਦਾ ਖੁਲਾਸਾ ਨਹੀਂ ਕੀਤਾ, ਪਰ ਉਨ੍ਹਾਂ ਨੇ ਇਹ ਜ਼ਰੂਰ ਕਿਹਾ ਕਿ

• ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਰਾਜ ਸਭਾ ਲਈ ਚੋਣਾਂ ਜਦ ਕਰਨ ਲੱਗੇ,
ਖਿਸਕੇ ਏਧਰੋਂ ਓਧਰ ਕਈ ਵੋਟ ਬੇਲੀ।
ਕਿਸੇ ਨੂੰ ਸੁਣੀ ਕਿ ਝਾਕ ਭਵਿੱਖ ਦੀ ਸੀ,
ਕਿਸੇ ਨੇ ਸੁਣੇ ਈ ਚੁੱਕ ਲਏ ਨੋਟ ਬੇਲੀ।
ਕਾਂਗਰਸ ਧਿਰ ਨੂੰ ਪਈ ਸੀ ਮਾਰ ਡਾਢੀ,
ਆ ਗਿਆ ਭਾਜਪਾ ਦਾ ਕੰਮ ਲੋਟ ਬੇਲੀ।
ਭਰੋਸਾ ਤੋੜਿਆ ਜੀਹਨਾਂ ਨੇ ਪਾਰਟੀ ਦਾ,
ਛੁਪੀ ਨੀਤ ਵਿੱਚ ਰਹੀ ਨਹੀਂ ਖੋਟ ਬੇਲੀ।
ਭਲਕ ਨੂੰ ਲੋਕਾਂ ਦੇ ਕੋਲ ਤਾਂ ਫੇਰ ਜਾਣਾ,
ਇਹ ਵੀ ਰੱਖੀ ਨਾ ਯਾਦ ਆ ਗੱਲ ਬੇਲੀ।
ਰਹਿੰਦੀ ਵੋਟਰ ਨੂੰ ਯਾਦ ਨਾ ਬਾਤ ਕੋਈ,
ਕਿਹੜੇ ਆਗੂ ਨੇ ਕੀਤਾ ਕੀ ਕੱਲ੍ਹ ਬੇਲੀ।

-ਤੀਸ ਮਾਰ ਖਾਂ

## ਤਨਖਾਹ ਤੇ ਪੈਨਸ਼ਨ ਨਾ ਦੇਣ ਵਿਰੁੱਧ ਗੇਟ ਰੈਲੀਆਂ



**ਪਟਿਆਲਾ** : ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਵੱਲੋਂ ਵਰਕਰਾਂ ਨੂੰ 18 ਤਰੀਕ ਤੱਕ ਵੀ ਤਨਖਾਹ ਤੇ ਪੈਨਸ਼ਨ ਨਾ ਦਿੱਤੇ ਜਾਣ ਦੇ ਵਿਰੋਧ ਵਿੱਚ ਪੀ ਆਰ ਟੀ ਸੀ ਦੇ ਪੰਜਾਬ ਵਿੱਚ ਸਥਿਤ ਸਾਰੇ ਡਿਪੂਆਂ ਦੇ ਗੇਟਾਂ ਉਪਰ ਰੋਸ ਰੈਲੀਆਂ ਕਰਕੇ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਦੇ ਇਸ ਅਣਮਨੁੱਖੀ ਵਤੀਰੇ ਵਿਰੁੱਧ ਜ਼ੋਰਦਾਰ ਗੁੱਸੇ ਅਤੇ ਰੋਸ ਦਾ ਇਜ਼ਹਾਰ ਕੀਤਾ ਗਿਆ।ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਂ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖੱਟੜਾ, ਨਸੀਬ ਚੰਦ, ਤਰਸੇਮ ਸਿੰਘ ਅਤੇ ਮੁਹੰਮਦ ਖਲੀਲ ਨੇ ਜਾਰੀ ਕੀਤੇ ਬਿਆਨ ਰਾਹੀਂ ਦੱਸਿਆ ਕਿ ਪੰਜਾਬ ਸਰਕਾਰ ਤੋਂ ਮੁਫ਼ਤ ਸਫਰ ਬਦਲੇ 600 ਕਰੋੜ ਤੋਂ ਵੱਧ ਦੀ ਰਕਮ ਲੈਣੀ ਹੈ, ਜਿਸ ਵਿੱਚ ਹਰ ਮਹੀਨੇ 40 ਕਰੋੜ ਦਾ ਵਾਧਾ ਹੋ ਜਾਂਦਾ ਹੈ, ਪਰ ਸਰਕਾਰ ਇਸ ਪੈਸੇ ਵਿੱਚ ਸਿਰਫ ਤਨਖਾਹ/ ਪੈਨਸ਼ਨ ਜਾਰੀ ਕਰਨ ਜਿੰਨੇ ਕੁ ਪੈਸੇ ਵੀ ਸਮੇਂ ਸਿਰ ਨਹੀਂ ਦਿੰਦੀ, ਜਿਸ ਨਾਲ ਬਹੁਤੇ ਮੁਲਾਜ਼ਮਾਂ ਨੂੰ ਮਕਾਨਾਂ ਲਈ ਚੁੱਕਿਆ ਕਰਜ਼ਾ, ਬੱਚਿਆਂ ਦੀਆਂ ਫੀਸਾਂ, ਬਿਮਾਰੀਆਂ, ਸਮਾਜਿਕ ਜ਼ਿੰਮੇਵਾਰੀਆਂ ਅਤੇ ਅੱਤ ਦੀ ਮਹਿੰਗਾਈ ਵਿੱਚ ਰਸੋਈ ਦਾ ਖਰਚ ਆਦਿ ਦੇ ਸੰਬੰਧ ਵਿੱਚ ਬੇਹੱਦ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪਰ ਤਾਕਤ ਦੇ ਨਸ਼ੇ ਵਿੱਚ ਸਰਕਾਰ ਨੂੰ ਇਸ ਦੀ ਕੋਈ ਪ੍ਰਵਾਹ ਨਹੀਂ। ਦੂਸਰੇ ਪਾਸੇ ਸਰਕਾਰ ਵੱਲੋਂ ਹਰ ਤੀਜੇ ਦਿਨ ਸੈਂਕੜੇ ਬੱਸਾਂ ਸਰਕਾਰੀ ਰੈਲੀਆਂ ਲਈ, ਧਾਰਮਕ ਯਾਤਰਾਵਾਂ ਲਈ ਭੇਜਣ ਵਾਸਤੇ ਹੁਕਮ ਚਾੜ੍ਹ ਦਿੱਤੇ ਜਾਂਦੇ ਹਨ, ਜਿਸ ਨਾਲ ਪਬਲਿਕ ਵੀ ਪ੍ਰੇਸ਼ਾਨ ਅਤੇ ਪੀ ਆਰ ਟੀ ਸੀ ਦਾ ਵੀ ਨੁਕਸਾਨ ਹੋ ਰਿਹਾ ਹੈ ਅਤੇ ਇਹ ਵਰਤਾਰਾ ਵੋਟਾਂ ਤੱਕ ਹੋਰ ਬਹੁਤ ਵਧਣ ਦੀ ਸੰਭਾਵਨਾ ਹੈ। ਇਸ ਸਭ ਕੁਝ ਦਾ ਖਮਿਆਜ਼ਾ ਵੇਤਨ ਭੋਗੀ ਮੁਲਾਜ਼ਮ ਭੁਗਤ ਰਹੇ ਹਨ।

ਐਕਸ਼ਨ ਕਮੇਟੀ ਆਗੂਆਂ ਦੱਸਿਆ ਕਿ 20 ਮਾਰਚ ਨੂੰ ਫਿਰ ਪਟਿਆਲਾ ਵਿਖੇ ਵਿਸ਼ਾਲ ਰੋਸ ਰੈਲੀ ਅਤੇ ਮਾਰਚ ਕੀਤਾ ਜਾਵੇਗਾ। ਸਰਕਾਰ ਦੇ ਪੁਤਲੇ ਵੀ ਸਾੜੇ ਜਾਣਗੇ। ਆਗੂਆਂ ਦੱਸਿਆ ਕਿ ਵਰਕਰਾਂ ਦੇ ਤਨਖਾਹਾਂ, ਪੈਨਸ਼ਨਾਂ ਤੋਂ ਇਲਾਵਾ 125 ਕਰੋੜ ਰੁਪਏ ਦੇ ਲਗਭਗ ਬਕਾਏ ਪਏ ਹਨ। ਸੇਵਾ-ਮੁਕਤ ਕਰਮਚਾਰੀਆਂ ਨੂੰ ਦੋ ਸਾਲ ਤੋਂ ਉਹਨਾਂ ਦੇ ਸੇਵਾ-ਮੁਕਤੀ ਬਕਾਏ ਨਹੀਂ ਦਿੱਤੇ ਜਾ ਰਹੇ। ਪੇ ਕਮਿਸ਼ਨ ਦੇ ਬਕਾਏ, ਜੋ 01—01—2016 ਤੋਂ ਹਨ, ਉਹ ਪੀ ਆਰ ਟੀ ਸੀ ਨੇ ਦੇਣੇ ਸ਼ੁਰੂ ਹੀ ਨਹੀਂ ਕੀਤੇ, ਜਦ ਕਿ ਹੁਣ ਮਾਣਯੋਗ ਹਾਈ ਕੋਰਟ ਨੇ ਹੁਕਮ ਦਿੱਤਾ ਹੈ ਕਿ 6 ਪ੍ਰਤੀਸ਼ਤ ਵਿਆਜ ਸਮੇਤ ਬਕਾਏ ਦਿੱਤੇ ਜਾਣ। ਇਹ ਹੁਕਮ ਪੀ ਆਰ ਟੀ ਸੀ ਉਪਰ ਵੀ ਲਾਗੂ ਹੈ। ਵਰਕਰਾਂ ਦੇ ਨਵੇਂ ਰੇਟਾਂ ਅਨੁਸਾਰ ਟੀ ਏ/ ਡੀ ਏ ਨਹੀਂ ਦਿੱਤੇ ਜਾ ਰਹੇ। ਕੁਝ ਹੱਕਦਾਰ ਵਰਕਰਾਂ ਨੂੰ ਪੈਨਸ਼ਨ ਸਕੀਮ ਦਾ ਮੈਂਬਰ ਨਹੀਂ ਬਣਾਇਆ ਜਾ ਰਿਹਾ। ਬਣਦੀਆਂ ਤਰੱਕੀਆਂ ਲਟਕਾ ਕੇ ਰੱਖੀਆਂ ਹੋਈਆਂ ਹਨ। ਵਰਕਰਾਂ ਦੇ ਕਾਨੂੰਨੀ ਬਣਦੇ ਹੱਕ ਵੀ ਨਹੀਂ ਦਿੱਤੇ ਜਾ ਰਹੇ। ਨਵੀਆਂ ਬੱਸਾਂ ਪਾਉਣ ਦੇ ਐਲਾਨ ਸੁਣਦਿਆਂ 4 ਸਾਲ ਬੀਤ ਗਏ ਹਨ, ਪਰ ਨਵੀਂ ਬੱਸ ਇੱਕ ਵੀ ਨਹੀਂ ਖਰੀਦੀ ਗਈ। ਮੈਨੇਜਮੈਂਟ ਦੇ ਰਵੱਈਏ ਦੇ ਵਿਰੁੱਧ ਰੋਸ ਵਧਦਾ ਜਾ ਰਿਹਾ ਹੈ। ਐਕਸ਼ਨ ਕਮੇਟੀ ਨੇ ਮਸਲਿਆਂ ਦੇ ਪੱਕੇ ਹੱਲ ਕਰਨ ਦੀ ਮੰਗ ਕੀਤੀ ਹੈ।

## ਕਰਾਸ ਵੋਟਿੰਗ ਕਰਨ ਵਾਲੇ ਕਾਂਗਰਸੀ ਵਿਧਾਇਕਾਂ ਦੇ ਨਾਂਅ ਜਨਤਕ

**ਚੰਡੀਗੜ੍ਹ** : ਕਾਂਗਰਸ ਨੇ ਉਨ੍ਹਾਂ ਚਾਰ ਵਿਧਾਇਕਾਂ ਦੇ ਨਾਂਅ ਜਨਤਕ ਕਰ ਦਿੱਤੇ ਹਨ, ਜਿਨ੍ਹਾਂ 'ਤੇ ਹਰਿਆਣਾ ਤੋਂ ਰਾਜ ਸਭਾ ਲਈ ਚੋਣਾਂ ਵੇਲੇ ਕਰਾਸ-ਵੋਟਿੰਗ ਦੇ ਇਲਜ਼ਾਮ ਲੱਗੇ ਹਨ। ਇਸ ਨਾਲ ਪਾਰਟੀ ਦੀ ਅੰਦਰੂਨੀ ਫੁੱਟ ਸਾਹਮਣੇ ਆ ਗਈ ਹੈ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਹਰਿਆਣਾ ਕਾਂਗਰਸ ਦੇ ਇੰਚਾਰਜ ਬੀ ਕੇ ਹਰੀਪ੍ਰਸਾਦ ਨੇ ਦੱਸਿਆ ਕਿ ਸ਼ੈਲੀ ਚੌਧਰੀ (ਨਾਰਾਇਣਗੜ੍ਹ), ਮੁਹੰਮਦ ਇਲਿਆਸ (ਪੁਨਹਾਨਾ), ਮੁਹੰਮਦ ਇਸਰਾਈਲ (ਹਥੀਨ) ਅਤੇ ਰੇਣੂਬਾਲਾ (ਸਾਢੌਰ) ਨੇ ਭਾਜਪਾ ਦੇ ਹੱਕ ਵਿੱਚ ਵੋਟ ਪਾਈ ਹੈ। ਉਨ੍ਹਾ ਕਿਹਾ ਕਿ ਇਨ੍ਹਾਂ ਖਿਲਾਫ ਅਨੁਸ਼ਾਸਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਜਲਦ ਹੀ 'ਕਾਰਨ ਦੱਸੋ' ਨੋਟਿਸ ਜਾਰੀ ਕੀਤੇ ਜਾਣਗੇ।

ਇਹ ਘਟਨਾਕ੍ਰਮ ਕਾਂਗਰਸੀ ਵਿਧਾਇਕ ਗੋਕੁਲ ਸੇਤੀਆ ਵੱਲੋਂ ਪਾਰਟੀ ਦਫਤਰ ਦੇ ਬਾਹਰ ਦਿੱਤੇ ਗਏ ਧਰਨੇ ਤੋਂ ਬਾਅਦ ਸਾਹਮਣੇ ਆਇਆ ਹੈ, ਜਿਨ੍ਹਾਂ ਨੇ ਕਰਾਸ-ਵੋਟਿੰਗ ਕਰਨ ਵਾਲੇ ਵਿਧਾਇਕਾਂ ਦੇ ਨਾਂਅ ਨਸ਼ਰ ਕਰਨ ਦੀ ਮੰਗ ਕੀਤੀ ਸੀ। ਸੀਨੀਅਰ ਆਗੂ ਭੁਪਿੰਦਰ ਸਿੰਘ ਹੁੱਡਾ ਦੇ ਦਖਲ ਅਤੇ ਭਰੋਸੇ ਤੋਂ ਬਾਅਦ ਇਹ ਧਰਨਾ ਖਤਮ ਕੀਤਾ ਗਿਆ। ਕਾਂਗਰਸ ਲੀਡਰਸ਼ਿਪ ਨੇ ਸਪੱਸ਼ਟ ਕੀਤਾ ਹੈ ਕਿ ਪਾਰਟੀ ਅਨੁਸ਼ਾਸਨ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਦੋਸ਼ੀਆਂ ਵਿਰੁੱਧ ਸਖਤ ਕਾਰਵਾਈ ਹੋਵੇਗੀ।

# ਟੈੱਟ ਖਿਲਾਫ ਵਿਧਾਨ ਸਭਾ ਵਿੱਚ ਮਤਾ ਨਾ ਪਾਉਣ ਖਿਲਾਫ ਪੰਜਾਬ ਸਰਕਾਰ ਦੀ ਅਰਥੀ ਫੂਕੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਅਧਿਆਪਕਾਂ ਉੱਪਰ ਜਬਰੀ ਥੋਪੇ ਗਏ ਟੈੱਟ ਖਿਲਾਫ ਸੰਘਰਸ਼ ਕਰ ਰਹੇ ਅਧਿਆਪਕਾਂ ਵੱਲੋਂ ਜ਼ਿਲ੍ਹੇ ਦੀਆਂ ਵੱਖ-ਵੱਖ ਅਧਿਆਪਕ ਜਥੇਬੰਦੀਆਂ ਦੇ ਝੰਡੇ ਥੱਲੇ



ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਰੋਹ ਦਾ ਪ੍ਰਗਟਾਵਾ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦੋਵਾਂ ਡੈਮੋਕਰੇਟਿਕ ਟੀਚਰ ਫਰੰਟ ਦੇ ਜ਼ਿਲ੍ਹਾ ਪ੍ਰਧਾਨਾਂ ਬਲਜਿੰਦਰ ਸਿੰਘ ਅਤੇ ਜਗਪਾਲ ਸਿੰਘ ਬੰਗੀ, ਬੀ ਐੱਡ ਫਰੰਟ ਤੋਂ ਕਰਮਜੀਤ ਸਿੰਘ ਜਲਾਲ, ਰਾਜਵੀਰ ਸਿੰਘ ਮਾਨ,ਜੀ ਟੀ ਯੂ ਤੋਂ ਬਲਦੇਵ ਸਿੰਘ, ਡੀ ਟੀ ਐੱਫ ਦੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੋਆਣਾ,ਫਿਜ਼ੀਕਲ ਐਜੂਕੇਸ਼ਨ ਟੀਚਰ ਯੂਨੀਅਨ ਤੋਂ ਜਗਦੀਸ਼ ਸਿੰਘ ਜੱਗੀ,ਅਧਿਆਪਕ ਦਲ ਤੋਂ ਮਨਸੁਖਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਧਿਆਪਕਾਂ ਉੱਪਰ ਜਬਰੀ ਥੋਪੇ ਗਏ ਟੀ ਈ ਟੀ ਖਿਲਾਫ ਅਨੰਦਪੁਰ ਸਾਹਿਬ ਵਿਖੇ ਕੀਤੇ ਗਏ ਪ੍ਰਦਰਸ਼ਨ ਦੇ ਦਬਾਅ ਥੱਲੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਨੇ ਜਥੇਬੰਦੀਆਂ ਨਾਲ ਇਹ ਵਾਅਦਾ ਕੀਤਾ ਸੀ ਕਿ ਪੰਜਾਬ ਸਰਕਾਰ ਸੁਪਰੀਮ ਕੋਰਟ ਦੁਆਰਾ ਅਧਿਆਪਕਾਂ ਉੱਪਰ ਟੀ ਈ ਟੀ ਦੀ ਸ਼ਰਤ ਲਗਾਉਣ ਦੇ ਫੈਸਲੇ ਖਿਲਾਫ ਵਿਧਾਨ ਸਭਾ ਵਿੱਚ ਮਤਾ ਲੈ ਕੇ ਆਵੇਗੀ ਅਤੇ ਸੁਪਰੀਮ ਕੋਰਟ ਵਿੱਚ ਇਸ ਸਬੰਧੀ ਰਿਵਿਊ ਪਟੀਸ਼ਨ ਵੀ ਦਾਖਲ ਕਰੇਗੀ। ਪ੍ਰੰਤੂ ਸਰਕਾਰ ਵੱਲੋਂ ਨਾ ਸੁਪਰੀਮ ਕੋਰਟ ਦੇ ਫੈਸਲੇ ਦੇ ਖਿਲਾਫ ਕੋਈ ਰਿਵਿਊ ਪਟੀਸ਼ਨ ਪਾਈ ਹੈ ਅਤੇ ਨਾ ਹੀ ਵਿਧਾਨ ਸਭਾ ਵਿੱਚ ਇਸ ਸਬੰਧੀ ਕੋਈ ਮਤਾ ਲਿਆਂਦਾ ਹੈ ਉਲਟਾ ਚੰਡੀਗੜ੍ਹ ਵਿਖੇ ਆਪਣੀ ਮੰਗ ਦੇ ਲਈ ਪ੍ਰਦਰਸ਼ਨ ਕਰ ਰਹੇ ਅਧਿਆਪਕਾਂ ਉੱਪਰ ਪਾਣੀ ਦੀਆਂ ਬੁਛਾੜਾਂ , ਲਾਠੀਚਾਰਜ ,ਅੱਥਰੂ ਗੈਸ ਦੇ ਗੋਲਿਆਂ ਨਾਲ ਅੰਨਾ ਤਸ਼ੱਦਦ ਕੀਤਾ ਗਿਆ। ਜਿਸ ਦੇ ਰੋਸ ਵਜੋਂ ਪੂਰੇ ਪੰਜਾਬ ਅੰਦਰ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਪੰਜਾਬ ਸਰਕਾਰ ਦੀ ਇਸ ਵਾਅਦਾ ਖਿਲਾਫੀ ਖਿਲਾਫ ਸਰਕਾਰ ਦੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਦੀ ਰੀੜ ਦੀ ਹੱਡੀ ਸਮਝੇ ਜਾਂਦੇ ਮੁਲਾਜ਼ਮਾਂ ਨੂੰ ਪੰਜਾਬ ਦੀ ਆਪ ਸਰਕਾਰ ਵੱਲੋਂ ਬਿਲਕੁਲ ਹੀ ਅੱਖੋਂ ਪਰੋਖੇ ਕੀਤਾ ਗਿਆ ਹੈ। ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਅਧਿਆਪਕਾਂ ਉੱਪਰ ਜਬਰੀ ਥੋਪੀ ਜਾ ਰਹੀ ਟੀ ਈ ਟੀ ਦੀ ਸ਼ਰਤ ਵਾਪਸ ਨਹੀਂ ਲੈਂਦੀ ਅਤੇ ਪਿਛਲੇ ਚਾਰ ਸਾਲਾਂ ਤੋਂ ਮੁਲਾਜ਼ਮਾਂ ਦੀਆਂ ਪੁਰਾਣੀ ਪੈਨਸ਼ਨ ਸਮੇਤ ਸਮੁੱਚੀਆਂ ਮੰਗਾਂ ਪੂਰੀਆਂ ਨਹੀਂ ਕਰਦੀ ਤਾਂ ਪੰਜਾਬ ਦੇ ਸਮੁੱਚੇ ਮੁਲਾਜ਼ਮ ਸਰਕਾਰ ਦੇ ਖਿਲਾਫ ਤਿੱਖੇ ਸੰਘਰਸ਼ ਲੜਨ ਲਈ ਤਿਆਰ ਹਨ । ਇਸ ਸਮੇਂ ਹੋਰਾਂ ਤੋਂ ਇਲਾਵਾ ਜਸਵਿੰਦਰ ਸਿੰਘ, ਬੂਟਾ ਸਿੰਘ,ਦਵਿੰਦਰ ਸਿੰਘ , ਬੇਅੰਤ ਸਿੰਘ ਫੂਲੇਵਾਲਾ, ਹਰਜੀਤ ਸਿੰਘ ਜੀਦਾ, ਲੋਕ ਮੋਰਚਾ ਤੋਂ ਗੁਰਮੁੱਖ ਸਿੰਘ ਨਥਾਨਾ ਨੇ ਧਰਨੇ ਨੂੰ ਸੰਬੋਧਨ ਕੀਤਾ ।

# ਕੋਟਾਂ ਕਾਲਜ ਵਿਖੇ ਰਾਸ਼ਟਰੀ ਵਿਗਿਆਨ ਦਿਵਸ ਦਾ ਆਯੋਜਨ

**ਦੋਰਾਹਾ (ਹਰਮਿੰਦਰ ਸੇਠ)**- ਮਾਤਾ ਗੰਗਾ ਖਾਲਸਾ ਕਾਲਜ, ਮੰਜੀ ਸਾਹਿਬ ਕੋਟਾਂ (ਪ੍ਰਬੰਧ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ) ਦੇ ਸਾਇੰਸ ਅਤੇ ਗਣਿਤ ਵਿਭਾਗਾਂ ਵੱਲੋਂ ਰਾਸ਼ਟਰੀ ਵਿਗਿਆਨ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਕਾਰਜਕ੍ਰਮ ਦਾ ਮਕਸਦ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ ਨੂੰ ਉਤਸ਼ਾਹਿਤ ਕਰਨਾ ਅਤੇ ਵਿਗਿਆਨ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਇਹ ਪ੍ਰੋਗਰਾਮ ਰਾਸ਼ਟਰੀ ਵਿਗਿਆਨ ਦਿਵਸ 2026 ਦੇ ਥੀਮ ਵਿਗਿਆਨ ਵਿੱਚ ਔਰਤ : ਉਤਪ੍ਰੇਰਕ ਵਿਕਸਿਤ ਭਾਰਤ ਦੇ ਅਨੁਸਾਰ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਜਿਗਿਆਸਾ, ਨਵੀਨਤਾ ਅਤੇ ਵਿਗਿਆਨਕ ਮਨੋਭਾਵ ਨੂੰ ਉਤਸ਼ਾਹਿਤ ਕਰਨਾ ਸੀ। ਇਸ ਮੌਕੇ ਵਿਦਿਆਰਥੀਆਂ ਨੂੰ ਭਾਰਤ ਦੀ ਪ੍ਰਸਿੱਧ ਅੰਤਰਿਕਸ਼ ਯਾਤਰੀ ਕਲਪਨਾ ਚਾਵਲਾ ਦੀ ਪ੍ਰੇਰਨਾਦਾਇਕ ਜੀਵਨ ਯਾਤਰਾ ਅਤੇ ਉਪਲਬਧੀਆਂ 'ਤੇ ਆਧਾਰਿਤ ਡਾਕੂਮੈਂਟਰੀ ਦਿਖਾਈ ਗਈ। ਇਸ ਦੌਰਾਨ ਬੀ. ਐੱਸ. ਸੀ. ਭਾਗ ਦੂਜਾ ਦੀ ਵਿਦਿਆਰਥਣ ਨਾਜ਼ੀਆ ਨੇ ਰਾਸ਼ਟਰੀ ਵਿਗਿਆਨ ਦਿਵਸ ਦੀ ਮਹੱਤਤਾ ਬਾਰੇ



ਜਾਣਕਾਰੀਪੂਰਕ ਭਾਸ਼ਣ ਦਿੱਤਾ। ਉਸ ਨੇ ਦੱਸਿਆ ਕਿ ਇਹ ਦਿਨ ਪ੍ਰਸਿੱਧ ਭਾਰਤੀ ਭੌਤਿਕ ਵਿਗਿਆਨੀ ਸੀ. ਵੀ. ਰਮਨ ਵੱਲੋਂ ਕੀਤੀ ਗਈ ਰਮਨ ਪ੍ਰਭਾਵ ਦੀ ਖੋਜ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ, ਜਿਸ ਲਈ ਉਨ੍ਹਾਂ ਨੂੰ 1930 ਵਿੱਚ ਨੋਬਲ ਇਨਾਮ ਫਿਜ਼ਿਕਸ ਨਾਲ ਸਨਮਾਨਿਤ ਕੀਤਾ ਗਿਆ ਸੀ । ਬੀ. ਐੱਸ. ਸੀ. ਭਾਗ ਦੂਜਾ ਦੀ ਵਿਦਿਆਰਥਣ ਭੂਮੀ ਨੇ ਪ੍ਰਸਿੱਧ ਅੰਤਰਿਕਸ਼ ਯਾਤਰੀ ਸੁਨੀਤਾ ਵਿਲੀਅਮਜ਼ ਦੀ ਜੀਵਨ ਕਥਾ ਵੀ ਸਾਂਝੀ ਕੀਤੀ ਅਤੇ ਦੱਸਿਆ ਕਿ ਉਹ ਕਿਵੇਂ ਇੱਕ ਅੰਤਰਿਕਸ਼ ਯਾਤਰੀ ਬਣੀ। ਬੀ. ਐੱਸ.ਸੀ. ਭਾਗ ਪਹਿਲਾ ਮੈਡੀਕਲ ਦੀ ਵਿਦਿਆਰਥਣ ਸ਼ਵੇਤਾ ਨੇ ਸਟੇਜ ਦੀ ਕਾਰਵਾਈ ਬਹੁਤ ਸੁਚੱਜੇ ਢੰਗ ਨਾਲ ਸੰਭਾਲੀ । ਕਾਰਜਕ੍ਰਮ ਦਾ ਇੱਕ ਹੋਰ ਮਹੱਤਵਪੂਰਨ ਭਾਗ ਵਿਗਿਆਨ ਵਿੱਚ ਔਰਤ ਨੂੰ ਸਮਰਪਿਤ ਸੀ, ਜਿਸ ਵਿੱਚ ਮਹਿਲਾ ਵਿਗਿਆਨੀਆਂ ਦੇ ਮਹੱਤਵਪੂਰਨ ਯੋਗਦਾਨਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥਣਾਂ ਨੂੰ ਵਿਗਿਆਨਕ ਖੋਜ ਅਤੇ ਨਵੀਨਤਾ ਵਿੱਚ ਸਰਗਰਮ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।ਕਾਲਜ ਦੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਸਾਇੰਸ ਅਤੇ ਗਣਿਤ ਵਿਭਾਗਾਂ ਦੇ ਯਤਨਾਂ ਦੀ ਸਰਾਹਨਾ ਕੀਤੀ ਅਤੇ ਵਿਦਿਆਰਥੀਆਂ ਨੂੰ ਵਿਗਿਆਨਕ ਸੋਚ, ਰਚਨਾਤਮਕਤਾ ਅਤੇ ਜਿਗਿਆਸਾ ਦੀ ਭਾਵਨਾ ਵਿਕਸਿਤ ਕਰਨ ਲਈ ਉਤਸ਼ਾਹਿਤ ਕੀਤਾ।

# ਹੈਰੋਇਨ ਸਮੇਤ 3 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਜ਼ਿਲ੍ਹਾ ਫਿਰੋਜ਼ਪੁਰ ਪੁਲਿਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ 10 ਗ੍ਰਾਮ ਹੈਰੋਇਨ ਅਤੇ ਇਕ ਮੋਟਰਸਾਈਕਲ ਸਮੇਤ 3 ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਵੱਖ ਵੱਖ ਥਾਣਿਆਂ ਵਿਚ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਿਸ ਦੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਦੀ ਇਤਲਾਹ 'ਤੇ ਵਿਸ਼ੂ ਪੁੱਤਰ ਲਛਮਣ ਸਿੰਘ ਉਰਫ ਮਹਿੰਦਰ ਵਾਸੀ ਵਾਰਡ ਨੰਬਰ 02 ਆਵਾ ਬਸਤੀ ਸਿਟੀ ਫਿਰੋਜ਼ਪੁਰ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਆਰਿਫ ਕੇ ਪੁਲਿਸ ਦੇ ਇੰਸਪੈਕਟਰ ਬਲਰਾਜ ਸਿੰਘ ਨੇ ਦੱਸਿਆ ਕਿ ਇਕ ਵਿਅਕਤੀ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਥਾਣਾ ਘੱਲਖੁਰਦ ਪੁਲਿਸ ਦੇ ਸਹਾਇਕ ਥਾਣੇਦਾਰ ਅਮਨਦੀਪ ਸਿੰਘ ਨੇ ਦੱਸਿਆ ਕਿ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਬਲਵੀਰ ਸਿੰਘ ਵਾਸੀ ਲੋਹਗੜ੍ਹ ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਦੇ ਕਬਜ਼ੇ ਵਿਚੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਪਬਲਿਕ ਕਾਲਜ ਸਮਾਣਾ 'ਚ ਐਨ.ਸੀ.ਸੀ. ਰੈਂਕ ਸੈਰੇਮਨੀ ਦਾ ਆਯੋਜਨ

**ਸਮਾਣਾ (ਇਕਬਾਲ ਸਿੰਘ ਬੱਲ,ਗੁਰਪਿਆਰ ਸਿੰਘ ਬੱਲ)**- ਪਬਲਿਕ ਕਾਲਜ ਸਮਾਣਾ ਵਿੱਚ 5 ਪੰਜਾਬ ਬਟਾਲੀਅਨ ਐਨ ਸੀ ਸੀ ਪਟਿਆਲਾ ਕੈਡਿਟਸ ਲਈ ਰੈਂਕ ਸੈਰੇਮਨੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ



ਡਾ. ਹਰਕੀਰਤ ਸਿੰਘ ਅਤੇ ਐਨ.ਸੀ.ਸੀ. ਅਫਸਰ ਲੈਫਟੀਨੈਂਟ (ਡਾ) ਅਨਿਲ ਕੁਮਾਰ ਦੁਆਰਾ ਐਨ.ਸੀ.ਸੀ ਕੈਡਿਟਸ ਨੂੰ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਲੀਡਰਸ਼ਿਪ ਸਮਰੱਥਾ ਦੇ ਅਧਾਰ 'ਤੇ ਵੱਖ-ਵੱਖ ਰੈਂਕ ਪ੍ਰਦਾਨ ਕੀਤੇ ਗਏ। ਸਮਾਗਮ ਦੀ ਸ਼ੁਰੂਆਤ ਐਨ.ਸੀ.ਸੀ. ਕੈਡਿਟਸ ਦੀ ਸ਼ਾਨਦਾਰ ਪਰੇਡ ਨਾਲ ਹੋਈ ਜਿਸ ਦੌਰਾਨ ਕੈਡਿਟਸ ਨੇ ਪੂਰੇ ਉਤਸ਼ਾਹ ਅਤੇ ਅਨੁਸ਼ਾਸ਼ਨ ਨਾਲ ਪ੍ਰਦਰਸ਼ਨ ਕੀਤਾ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਕੈਡਿਟਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਐਨ.ਸੀ.ਸੀ.. ਕੈਡਿਟਸ ਵਿੱਚ ਦੇਸ਼ ਭਗਤੀ, ਅਨੁਸ਼ਾਸ਼ਨ ਅਤੇ ਲੀਡਰਸ਼ਿਪ ਦੇ ਗੁਣ ਵਿਕਸਿਤ ਕਰਦੀ ਹੈ। ਉਨ੍ਹਾਂ ਨੇ ਕੈਡਿਟਸ ਨੂੰ ਭਵਿੱਖ ਵਿੱਚ ਦੇਸ਼ ਸੇਵਾ ਲਈ ਸਮਰਪਿਤ ਰਹਿਣ ਲਈ ਪ੍ਰੇਰਿਤ ਕੀਤਾ। ਏ.ਐਨ.ਓ. ਡਾ. ਅਨਿਲ ਕੁਮਾਰ ਨੇ ਕਿਹਾ ਕਿ ਐਨ.ਸੀ.ਸੀ. ਟ੍ਰੇਨਿੰਗ ਨਾਲ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ, ਫਿਜੀਕਲ ਫਿਟਨੈਸ ਅਤੇ ਜਿੰਮੇਵਾਰੀ ਦੀ ਭਾਵਨਾ ਪੈਦਾ ਹੁੰਦੀ ਹੈ। ਇਸ ਮੌਕੇ 5 ਪੰਜਾਬ ਬਟਾਲੀਅਨ ਐਨ.ਸੀ.ਸੀ. ਪਟਿਆਲਾ ਤੋਂ ਉਚੇਚੇ ਤੌਰ 'ਤੇ ਪਹੁੰਚੇ ਪੀ.ਆਈ. ਸਟਾਫ ਹਵਲਦਾਰ ਸ੍ਰੀ ਹਰਦੀਪ ਸਿੰਘ ਨੇ ਕੈਡਿਟਸ ਨੂੰ ਐਨ.ਸੀ.ਸੀ. ਰੈਂਕਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਕੈਡਿਟਸ ਨੂੰ ਅਨੁਸਾਸ਼ਨ, ਮਿਹਨਤ ਅਤੇ ਦੇਸ਼ ਸੇਵਾ ਲਈ ਪ੍ਰੇਰਿਤ ਕੀਤਾ। ਇਸ ਮੌਕੇ ਐਨ.ਸੀ.ਸੀ. ਕੈਡਿਟਸ ਨੇ ਸਹੁੰ ਚੁੱਕੀ ਅਤੇ ਐਨ.ਸੀ.ਸੀ. ਦਾ ਗੀਤ ਗਾ ਕੇ ਸਮਾਗਮ ਨੂੰ ਰੌਣਕਮਈ ਬਣਾ ਦਿੱਤਾ। ।ਇਸ ਮੌਕੇ ਡਾ. ਮੋਨਿਟਾ ਸਲੂਜਾ, ਪ੍ਰੋ. ਹਰਪ੍ਰੀਤ ਕੌਰ (ਪੋਲੀਟੀਕਲ ਸਾਇੰਸ) ਡਾ. ਗੁਰਜਿੰਦਰ ਸਿੰਘ, ਪ੍ਰੋ. ਨਛੱਤਰ ਸਿੰਘ, ਡਾ. ਇਕਬਾਲ ਸਿੰਘ, ਡਾ.ਬਲਕਾਰ ਸਿੰਘ, ਡਾ. ਸ਼ੇਰ ਸਿੰਘ ਅਤੇ ਡਾ. ਸੋਹਣ ਕੁਮਾਰ ਮੌਜੂਦ ਰਹੇ। ਅੰਤ ਵਿੱਚ ਡਾ. ਅਨਿਲ ਕੁਮਾਰ ਨੇ ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਲਈ ਸਭ ਦਾ ਧੰਨਵਾਦ ਕੀਤਾ।

# ਨਰਸਰੀ ਤੋਂ 11ਵੀਂ ਸ਼੍ਰੇਣੀ ਤੱਕ ਨਤੀਜਾ ਸ਼ਾਨਦਾਰ

**ਬਾਘਾਪੁਰਾਣਾ (ਮਨੀ ਸਿੰਗਲਾ)** ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਨਰਸਰੀ ਤੋਂ ਗਿਆਰ੍ਹਵੀਂ ਸ਼੍ਰੇਣੀ ਦਾ ਸਲਾਨਾ ਨਤੀਜਾ ਐਲਾਨਿਆ ਗਿਆ।ਸਾਰੀਆਂ ਸ਼੍ਰੇਣੀਆਂ ਦਾ ਨਤੀਜਾ ਸ਼ਾਨਦਾਰ ਰਿਹਾ।ਪਹਿਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਤੇ ਸਰਟੀਫ਼ਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਵੱਖ-ਵੱਖ ਸ਼੍ਰੇਣੀਆਂ ਦੇ ਸੌ ਪ੍ਰਤੀਸ਼ਤ ਹਾਜ਼ਰੀ ਵਾਲੇ ਗਿਆਰਾਂ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਖ਼ੁਸ਼ੀ ਦੇ ਮੌਕੇ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪਿਆਂ ਨੇ ਬੜੇ ਉਤਸ਼ਾਹ ਨਾਲ ਸ਼ਿਰਕਤ ਕੀਤੀ।ਜ਼ਿਕਰਯੋਗ ਹੈ ਕਿ ਛੇਵੀਂ ਸ਼੍ਰੇਣੀ 'ਚੋਂ ਦੀਵਾਨਸ਼ੀ ਨੇ 99.3%, ਅਨਮੋਲਦੀਪ ਕੌਰ ਨੇ 95.6%, ਅਤੇ ਅਵਰੀਤ ਕੌਰ ਗਿੱਲ ਨੇ 95%, ਰਨਵੀਰ ਸਿੰਘ ਨੇ 95.5% ਫ਼ੀਸਦੀ ਅੰਕ ਪ੍ਰਾਪਤ ਕੀਤੇ।ਸੱਤਵੀਂ ਜਮਾਤ 'ਚੋਂ ਜਸਪ੍ਰੀਤ ਕੌਰ ਨੇ 96.5%, ਅਰਸ਼ਦੀਪ ਕੌਰ ਨੇ 95.1%, ਨਵਦੀਪ ਸਿੰਘ ਨੇ 93.8%, ਰਨਵੀਰ ਸਿੰਘ ਨੇ 92.2%, ਅਤੇ ਗੈਰੀਨ ਨੇ 91.3% ਫ਼ੀਸਦੀ ਅੰਕ ਪ੍ਰਾਪਤ ਕੀਤੇ। ਨੌਵੀਂ ਸ਼੍ਰੇਣੀ ਦੀ ਸੀਰਤ ਬਰਾੜ ਨੇ 99%, ਹਰਲੀਨ ਕੌਰ ਨੇ 98.5%, ਜੈਸਮੀਨ ਗਰੇਵਾਲ ਨੇ 98%, ਗੁਰਪ੍ਰੀਤ ਕੌਰ ਨੇ 97.8%, ਅਦਰਸ਼ਵੀਰ ਨੇ



97%, ਰੋਹਿਤ ਕੁਮਾਰ ਨੇ 96.2%, ਮਾਨਵਦੀਪ ਨੇ 94%, ਫ਼ੀਸਦੀ ਅੰਕ ਪਾਪਤ ਕੀਤੇ। ਇਸ ਤੋ ਇਲਾਵਾਂ ਗਿਆਰ੍ਹਵੀ ਸ਼੍ਰੇਣੀ ਮੈਡੀਕਲ ਦੀ ਜੈਨਵਦੀਪ ਕੌਰ ਨੇ 95% ਫ਼ੀਸਦੀ, ਪਵਨੀਤ ਕੌਰ ਨੇ 94.6%, ਗਗਨਦੀਪ ਕੌਰ ਨੇ 93.8%, ਪ੍ਰਭਜੋਤ ਕੌਰ 93.8%, ਗਿਆਰ੍ਹਵੀ ਸ਼੍ਰੇਣੀ ਨਾਨ-ਮੈਡੀਕਲ ਦੀ ਵਿਦਿਆਰਥਣ ਜਸਮੀਤ ਕੌਰ ਨੇ 97.8%, ਮਸਕੀਨ ਸਿੰਘ ਨੇ 96.3%, ਜਗਪ੍ਰੀਤ ਸਿੰਘ ਨੇ 92.6%, ਬਬਲਪ੍ਰੀਤ ਨੇ 92.5%, ਇਸੇ ਤਰ੍ਹਾਂ ਕਮਰਸ ਦੀ ਵਿਦਿਆਰਥਣ ਨਵਜੋਤ ਕੌਰ ਨੇ 97%, ਜੈਸਮੀਨ ਕੌਰ ਨੇ 92.5% ਫ਼ੀਸਦੀ ਅੰਕ ਪ੍ਰਾਪਤ ਕਰਕੇ ਆਪਣਾ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਪ੍ਰਿੰਸੀਪਲ ਗੁਰਦੇਵ ਸਿੰਘ ਨੇ ਮਾਪਿਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਅਗਲੇਰੀਆਂ ਸ਼੍ਰੇਣੀਆ ਵਿੱਚ ਦਾਖ਼ਿਲ ਹੋਣ ਲਈ ਸ਼ੁਭਕਾਮਨਾਵਾਂ ਦਿੱਤੀਆਂ।ਪ੍ਰਿੰਸੀਪਲ ਸ਼੍ਰੀ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਉਨ੍ਹਾਂ ਨੂੰ ਵਧਾਈ ਦਿੰਦਿਆਂ ਵਿਦਿਆਰਥੀਆ ਦੇ ਮਾਪਿਆਂ ਦਾ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਇਸ ਤੋਂ ਵੀ ਬਿਹਤਰ ਨਤੀਜਿਆਂ ਲਈ ਪ੍ਰੇਰਿਤ ਕੀਤਾ।ਉਨ੍ਹਾਂ ਸੌ ਪ੍ਰਤੀਸ਼ਤ ਹਾਜ਼ਿਰ ਰਹਿਣ ਵਾਲੇ ਬੱਚਿਆਂ ਦੀ ਹਾਜ਼ਰੀ ਲਈ ਉਨ੍ਹਾਂ ਦੇ ਮਾਪਿਆਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜੋ ਮਾਪੇ ਅੱਜ ਆਪਣੇ ਬੱਚਿਆਂ ਲਈ ਮਿਹਨਤ ਕਰਦੇ ਹਨ, ਭਵਿੱਖ ਵਿੱਚ ਉਨ੍ਹਾਂ ਦੇ ਬੱਚੇ ਕਾਮਯਾਬੀ ਦੀਆਂ ਬੁਲੰਦੀਆਂ ਨੂੰ ਛੂਹ ਕੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕਰਨ ਦੇ ਨਾਲ ਸਮਾਜ ਵਿੱਚ ਚੰਗੇ ਇਨਸਾਨ ਬਣਨਗੇ।

# ਚੌਥਾ ਦਰਜਾ ਮੁਲਾਜਮਾਂ ਨੇ ਵਿਸ਼ਾਲ ਰੈਲੀਆਂ ਕਰਕੇ ਫੂਕਿਆ ਸਰਕਾਰ ਦਾ ਬਜਟ

**ਪਟਿਆਲਾ** : ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਵਲੋਂ ਦਿੱਤੇ ਸੱਦੇ 'ਤੇ ਸੂਬੇ ਭਰ ਦੇ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੇ ਚੌਥਾ ਦਰਜਾ ਮੁਲਾਜਮਾਂ ਨੇ ਜਿਲਾ ਖਜਾਨਾ



ਦਫਤਰਾਂ ਅੱਗੇ ਵਿਸ਼ਾਲ ਰੈਲੀਆਂ ਕਰਕੇ ਪੰਜਾਬ ਸਰਕਾਰ ਦਾ ਬੱਜਟ ਸਾੜਿਆ। ਯੂਨੀਅਨ ਦੇ ਸੂਬਾਈ ਪ੍ਰਮੁੱਖ ਆਗੂਆਂ ਦਰਸ਼ਨ ਸਿੰਘ ਲੁਬਾਣਾ, ਸੁਖਦੇਵ ਸਿੰਘ ਸੁਰਤਾਪੁਰੀ, ਰਣਜੀਤ ਸਿੰਘ ਰਾਣਵਾਂ, ਜ਼ਸਵਿੰਦਰ ਪਾਲ ਉੱਘੀ, ਦੀਪ ਚੰਦ ਹੰਸ, ਮਲਾ ਸਿੰਘ ਪੁਨਾਵਾਲ, ਵੇਦ ਪ੍ਰਕਾਸ਼ ਜਲੰਧਰ, ਡਿੰਪਲ ਰਹੇਲਾ, ਰਾਮ ਲਾਲ ਰਾਮਾ, ਗੁਰਮੇਲ ਸਿੰਘ ਮੈਡਲੇ, ਸੁਭਾਸ਼ ਮੱਟੂ ਜਲੰਧਰ, ਚੰਦਨ ਸਿੰਘ, ਕ੍ਰਿਸ਼ਨ ਪ੍ਰਸਾਦ ਚੰਡੀਗੜ੍ਹ, ਪਵਨ ਮੋਡੀਆਲ ਮੁਹਾਲੀ, ਆਰ.ਪੀ. ਭੱਟੀ ਕਪੂਰਥਲਾ, ਸੀਤਾ ਰਾਮ ਸ਼ਰਮਾ, ਕ੍ਰਿਸ਼ਨ ਬਠਿੰਡਾ, ਜਗਤਾਰ ਲਾਲ ਸਮਾਣਾ ਆਦਿ ਆਗੂਆਂ ਨੇ ਵੱਖ–ਵੱਖ ਥਾਵਾਂ 'ਤੇ ਬਜਟ ਫੂੱਕ ਰੈਲੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਵਿੱਤ ਮੰਤਰੀ ਭਾਵੇਂ ਕਿ ਦਲਿਤ ਸਮਾਜ ਨਾਲ ਸਬੰਧਤ ਹਨ, ਪਰੰਤੂ 85 ਫੀਸਦੀ ਦਲਿਤ ਸਮਾਜ ਨਾਲ ਸਬੰਧਤ ਚੌਥਾ ਦਰਜਾ ਮੁਲਾਜਮਾਂ ਨੂੰ ਜਿਸ ਵਿੱਚ ਨਗਰ ਨਿਗਮ, ਨਗਰ ਕੌਂਸਲਾਂ ਅਤੇ ਨਗਰ ਪ੍ਰੀਸ਼ਦਾਂ ਆਦਿ ਅਦਾਰਿਆਂ ਵਿੱਚ ਕੰਮ ਕਰਦੇ ਸਫਾਈ ਸੇਵਕਾਂ, ਸੀਵਰਮੈਨਾਂ ਲਈ ਬੱਜਟ ਵਿੱਚ ਕੋਈ ਰਾਹਤ ਦੀ ਵਿਵਸਥਾ ਨਹੀਂ ਕੀਤੀ ਅਤੇ ਨਾ ਹੀ ਵਰਕਚਾਰਜ, ਦਿਹਾੜੀਦਾਰ, ਟੈਂਪਰੇਰੀ, ਅਡਹਾਕ, ਕੰਟਰੈਕਟ, ਆਊਟ ਸੋਰਸ, ਮਸਟਰੋਲਾ, ਪਾਰਟ ਟਾਇਮ, ਸਕੀਮ ਕਰਮੀਆਂ ਨੂੰ ਪੱਕੇ ਕਰਨ ਦਾ ਐਲਾਨ ਕੀਤਾ ਹੈ। ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ ਨੇ ਕਿਹਾ ਕਿ ਪੰਜਾਬ ਦੇ ਖਜਾਨਾ ਮੰਤਰੀ ਵਲੋਂ ਜੋ ਬਜਟ ਪੇਸ਼ ਕੀਤਾ ਹੈ ਉਸ ਵਿੱਚ ਮੁਲਾਜਮਾਂ ਅਤੇ ਪੈਨਸ਼ਨਰਾਂ ਦੀ ਬਕਾਏ16 ਫੀਸਦੀ ਡੀ.ਏ ਅਤੇ ਏਰੀਅਰ ਬਾਰੇ ਕਾਣੀ ਕੌਡੀ ਵੀ ਨਹੀਂ ਰੱਖੀ ਗਈ, ਪੁਰਾਣੀ ਪੈਨਸ਼ਨ ਸਕੀਮ, 15–01–2015 ਰਾਹੀਂ ਪਰਖ ਕਾਲ ਸਮੇਂ ਵਿੱਚ ਸਿਰਫ ਬੇਸਿਕ ਪੇਅ ਦੇਣ ਅਤੇ 17 ਜੁਲਾਈ 2020 ਤੋਂ ਭਰਤੀ ਮੁਲਾਜਮਾਂ ਤੇ ਕੇਂਦਰੀ ਸਕੇਲ ਦੀ ਬਜਾਏ ਪੰਜਾਬ ਦੇ ਸਕੇਲ ਲਾਗੂ ਕਰਨ ਅਤੇ ਕੱਟੇ 37 ਕਿਸਮ ਦੇ ਭੱਤਿਆਂ ਦੀ ਬਹਾਲੀ, ਕੱਚੇ, ਠੇਕਾ ਮੁਲਾਜਮਾਂ ਨੂੰ ਪੱਕਾ ਕਰਨਾ, ਆਦਿ ਬਾਰੇ ਬਜਟ ਵਿੱਚ ਕੋਈ ਜਿਕਰ ਤੱਕ ਨਹੀਂ ਕੀਤਾ ਗਿਆ। ਇਸ ਮੌਕੇ ਰਾਮ ਲਾਲ ਰਾਮਾ, ਸ਼ਿਵ ਚਰਨ, ਸੂਰਜ ਪਾਲ ਯਾਦਵ, ਦੀਪ ਚੰਦ ਹੰਸ, ਗੁਰਦਰਸ਼ਨ ਸਿੰਘ, ਸੰਦੀਪ ਬਾਲੀ, ਇੰਦਰਪਾਲ ਵਾਲਿਆ, ਸਤਿਨਰਾਇਣ ਗੋਨੀ, ਮੋਹਨ ਲਾਲ, ਨੀਸ਼ਾ ਰਾਣੀ, ਰਾਜੇਸ਼ ਗੋਲੂ, ਸਵਰਨ ਸਿੰਘ ਬੰਗਾ, ਮੱਖਣ ਸਿੰਘ ਆਬਕਾਰੀ, ਮੇਘੂ ਰਾਮ, ਵੇਦ ਪ੍ਰਕਾਸ਼, ਪ੍ਰਕਾਸ਼ ਸਿੰਘ ਲੁਬਾਣਾ, ਜ਼ਸਪਾਲ ਸਿੰਘ ਮਹਿਮਾ, ਉਂਕਾਰ ਸਿੰਘ ਦਮਨ, ਰਾਜੇਸ਼ ਕੁਮਾਰ, ਸੁਭਾਸ਼, ਰਾਮ ਜ਼ੋਧਾ, ਕਰਮਜੀਤ ਸਿੰਘ ਟਿੱਕਾ, ਹਰਬੰਸ ਵਰਮਾ, ਰਤਨਜੀਤ, ਸੰਜੀਵ ਕੁਮਾਰ, ਬਲਜੀਤ ਸਿੰਘ ਬੱਲੀ, ਤਰਲੋਚਨ ਮੰਡੋਲੀ, ਤਰਲੋਚਨ ਮਾੜੂ, ਸੋਮ ਨਾਥ, ਦਯਾ ਸ਼ੰਕਰ, ਜ਼ਸਪਾਲ ਸਿੰਘ, ਰਾਜ ਕੁਮਾਰ ਸਨੌਰ, ਹੈਪੀ ਸਨੌਰ, ਅਮਰਨਾਥ, ਹਰਨਾਮ ਸਿੰਘ, ਸਤਨਾਮ ਸਿੰਘ, ਰਾਮ ਦਾਸ, ਹਰਦੀਪ ਸਿੰਘ, ਸੁਨਿਲ ਦੱਤ, ਰਾਮ ਜ਼ੋਧਾ, ਮੋਨੀਕਾ, ਕਮਲੇਸ਼ ਗੋਨੀ ਆਦਿ ਆਗੂ ਹਾਜਰ ਸਨ।

# 'ਆਪਣਾ ਕਾਰੋਬਾਰ-ਆਪਣੀ ਪਛਾਣ' ਮੁਹਿੰਮ ਤਹਿਤ 100 ਮਹਿਲਾ ਉੱਦਮੀਆਂ ਦਾ ਸਨਮਾਨ

**ਮੋਗਾ, (ਇਕਬਾਲ ਸਿੰਘ ਖਹਿਰਾ)** ਪੰਜਾਬ ਸਰਕਾਰ ਵੱਲੋਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ ਜਰੀਏ ਔਰਤਾਂ ਦੇ ਸਸ਼ਕਤੀਕਰਨ ਵਿੱਚ ਵਾਧਾ ਕਰਨ ਲਈ ਯਤਨ ਜਾਰੀ ਹਨ।ਇਸ ਮਿਸ਼ਨ ਤਹਿਤ ਮਹਿਲਾ ਉੱਦਮਤਾ ਪਲੇਟਫਾਰਮ ਮਹਿਲਾ ਉੱਦਮੀਆਂ ਲਈ ਇੱਕ ਸਮਰੱਥ ਵਾਤਾਵਰਣ ਪ੍ਰਣਾਲੀ ਬਣਾਉਣ ਲਈ ਤਿਆਰ ਕੀਤੀ ਗਈ ਹੈ।ਇਹ ਮਹਿਲਾ ਉੱਦਮਆਂ ਦੇ



ਸੁਪਨਿਆਂ ਨੂੰ ਸਾਕਾਰ ਕਰਨ, ਨਵੀਨਤਾ ਨੂੰ ਉਤਸ਼ਾਹਿਤ ਕਰਨ, ਅਤੇ ਉਹਨਾਂ ਦੇ ਕਾਰੋਬਾਰਾਂ ਲਈ ਟਿਕਾਊ ਰਣਨੀਤੀਆਂ ਵਿਕਸਿਤ ਕਰਨ ਲਈ ਸ਼ਕਤੀ ਪ੍ਰਦਾਨ ਕਰਦੀ ਹੈ।ਇਸ ਮਿਸ਼ਨ ਜਰੀਏ ਉੱਦਮੀ ਮਹਿਲਾਵਾਂ ਆਪਣਾ ਕਾਰੋਬਾਰ ਸ਼ੁਰੂ ਕਰਕੇ ਹੋਰਨਾਂ ਲਈ ਵੀ ਰੋਜਗਾਰ ਦੇ ਸਾਧਨ ਬਣ ਰਹੀਆਂ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਆਪਣਾ ਕਾਰੋਬਾਰ ਆਪਣੀ ਪਹਿਚਾਣ ਮੁਹਿੰਮ ਤਹਿਤ ਮਹਿਲਾ ਉੱਦਮੀਆਂ ਨੂੰ ਸਨਮਾਨਿਤ ਤੇ ਉਤਸ਼ਾਹਤ ਕਰਨ ਲਈ ਰੱਖੇ ਗਏ ਵਿਸ਼ੇਸ਼ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਕੀਤਾ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕੁਲਪ੍ਰੀਤ ਸਿੰਘ ਨੇ ਕਿਹਾ ਕਿ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਮੋਗਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ 23000 ਤੋਂ ਵੱਧ ਮਹਿਲਾਵਾਂ ਸੈਲਫ ਹੈਲਪ ਗਰੁੱਪਾਂ ਨਾਲ ਜੁੜ ਕੇ ਬਚਤ, ਕਰਜ਼ਾ ਤੇ ਆਜੀਵਿਕਾ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾਅ ਰਹੀਆਂ ਹਨ।ਇਨ੍ਹਾਂ ਸੈਲਫ ਹੈਲਪ ਗਰੁੱਪਾਂ ਵੱਲੋਂ ਲਗਭਗ 20000 ਵਰਦੀਆਂ ਦੀ ਸਿਲਾਈ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਬਾਘਾਪੁਰਾਣਾ ਅਤੇ ਮੋਗਾ-2 ਬਲਾਕਾਂ ਵਿੱਚੋਂ 4 ਖੇਤੀਬਾੜੀ ਡਰੋਨ ਵੰਡੇ ਗਏ ਹਨ।ਪਿੰਡ ਰੱਤੀਆਂ ਦੀ ਜਸਵਿੰਦਰ ਕੌਰ ਨੇ ਡਰੋਨ ਰਾਹੀਂ ਦੇਸ਼ ਵਿੱਚ ਸਭ ਤੋਂ ਵੱਧ ਖੇਤਰ ਵਿੱਚ ਛਿੜਕਾਅ ਕਰਕੇ ਇੱਕ ਕੌਮੀ ਪੱਧਰ ਦੀ ਉਪਲਬਧੀ ਹਾਸਲ ਕੀਤੀ ਹੈ, ਜਿਹੜੀ ਜ਼ਿਲ੍ਹਾ ਮੋਗਾ ਲਈ ਮਾਣ ਵਾਲੀ ਗੱਲ ਹੈ।

## ਕਪੂਰ ਚੰਦ ਬਾਂਸਲ ਲੋਕ ਅਦਾਲਤ ਕਮੇਟੀ ਸਮਾਣਾ ਦੇ ਮੈਂਬਰ ਨਿਯੁਕਤ



**ਸਮਾਣਾ (ਇਕਬਾਲ ਸਿੰਘ ਬੱਲ)** ਕਾਨੂੰਨੀ ਸੇਵਾਵਾਂ ਅਥਾਰਟੀ ਜਿਲਾ ਪਟਿਆਲਾ ਦੇ ਚੇਅਰਮੈਨ ਕੰਮ ਸੈਸ਼ਨ ਜੱਜ ਪਟਿਆਲਾ ਸ੍ਰੀ ਅਵਤਾਰ ਸਿੰਘ ਅਤੇ ਕਾਨੂੰਨੀ ਸੇਵਾਵਾਂ ਅਥਾਰਟੀ ਜਿਲ੍ਹਾ ਪਟਿਆਲਾ ਤੇ ਸੈਕਟਰੀ ਕੰਮ ਸੀ ਜੇ ਐਮ (ਐਮ ਐਸ) ਅਮਨਦੀਪ ਕੰਬੋਜ ਵੱਲੋਂ ਸਮਾਣਾ ਨਗਰ ਕੌਂਸਲ ਸਮਾਣਾ ਦੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ ਨੂੰ ਲੋਕ ਅਦਾਲਤ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਹੈ। ਇਹ ਜਾਣਕਾਰੀ ਬਾਰ ਐਸੋਸੀਏਸ਼ਨ ਸਮਾਣਾ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਦਿੰਦਿਆਂ ਦੱਸਿਆ ਕਿ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਮਾਜ ਸੇਵਕਾਂ ਵਿੱਚੋਂ ਲੋਕ ਅਦਾਲਤ ਕਮੇਟੀ ਦੇ ਮੈਂਬਰ ਚੁਣੇ ਜਾਂਦੇ ਹਨ। ਸ੍ਰੀ ਕਪੂਰ ਚੰਦ ਬਾਂਸਲ ਸਮਾਣਾ ਦੇ ਸਿਰ ਕੱਢ ਸਮਾਜ ਸੇਵਕਾਂ ਵਿੱਚੋਂ ਉੱਚ ਦਰਜੇ ਦੇ ਸਮਾਜ ਸੇਵਕ ਹਨ । ਇਸ ਮੌਕੇ ਕਪੂਰ ਚੰਦ ਬਾਂਸਲ ਨੇ ਕਾਨੂੰਨੀ ਸੇਵਾਵਾਂ ਅਥਾਰਟੀ ਜਿਲਾ ਪਟਿਆਲਾ ਦੇ ਚੇਅਰਮੈਨ ਕੰਮ ਜਿਲਾ ਅਤੇ ਸੈਸ਼ਨ ਜੱਜ ਸ੍ਰੀ ਅਵਤਾਰ ਸਿੰਘ,ਕਾਨੂੰਨੀ ਸੇਵਾਵਾਂ ਅਥਾਰਟੀ ਜ਼ਿਲਾ ਪਟਿਆਲਾ ਦੇ ਸੈਕਟਰੀ ਕੰਮ ਸੀ ਜੇ ਐਮ( ਐਮ ਐਸ ) ਅਮਨਦੀਪ ਕੰਬੋਜ ਅਤੇ ਬਾਰ ਐਸੋਸੀਏਸ਼ਨ ਸਮਾਣਾ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ, ਬਾਰ ਅਹੁਦੇਦਾਰਾਂ ਅਤੇ ਬਾਰ ਮੈਂਬਰਾਂ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਉਹ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ।

## ਆਤਮਾ ਮਰ ਚੁੱਕੀ ਹੈ ਰਿਸ਼ਵਤਖੋਰਾਂ ਦੀ

**ਮਾਨਸਾ (ਗੋਤਵਾਲ)**- ਰਿਸ਼ਵਤ, ਲੁੱਟਮਾਰ, ਹੇਰਾਫੇਰੀ ਅਤੇ ਘਪਲੇ ਆਦਿ ਸੱਭ ਦਾ ਇਥੇ ਬੋਲਬਾਲਾ ਹੈ। ਰਿਸ਼ਵਤ ਲੈਣ ਲਈ ਕਿਸੇ ਵਿਸ਼ੇਸ਼ ਕੋਰਸ ਜਾਂ ਯੋਗਤਾ ਦੀ ਲੋੜ ਨਹੀਂ ਹੁੰਦੀ । ਇਸ ਲਈ ਜ਼ਮੀਰ ਨੂੰ ਮਾਰਨਾ ਪੈਂਦਾ ਹੈ। ਸ਼ਰਮ ਨੂੰ ਤਿਆਗ ਕੇ ਢੀਠਪੁਣੇ ਅਤੇ ਬੇਸ਼ਰਮੀ ਨੂੰ ਅਪਨਾਉਣਾ



ਪੈਂਦਾ ਹੈ। ਰਿਸ਼ਵਤ ਰਾਹੀਂ ਕਮਾਈ ਆਮਦਨ ਸੌਖੀ ਤਾਂ ਬਣ ਜਾਂਦੀ ਹੈ ਪਰ ਇਹ ਹੰਢਣਸਾਰ ਨਹੀਂ ਹੁੰਦੀ। ਬਹੁਤੀ ਵਾਰ ਦੇਖਿਆ ਗਿਆ ਹੈ ਕਿ ਦਫ਼ਤਰੀ ਅਮਲਾ ਕੰਮ 'ਚ ਵਿਘਨ ਪਾਉਂਦਾ ਹੈ। ਵਾਰ ਵਾਰ ਚੱਕਰ ਮਾਰਨ 'ਤੇ ਵੀ ਫ਼ਾਈਲ ਅੱਗੇ ਨਹੀਂ ਚਲਦੀ ਤਾਂ ਰਿਸ਼ਵਤ ਦੇ ਪਹੀਏ ਲਾ ਕੇ ਉਸ ਨੂੰ ਚਲਾਇਆ ਜਾਂਦਾ ਹੈ। ਇਹ ਪ੍ਰਕਿਰਿਆ ਸੱਭ ਵੱਡੇ-ਛੋਟੇ ਦਫ਼ਤਰਾਂ 'ਚ ਚਲਦੀ ਹੈ। ਰਿਸ਼ਵਤ ਲੈਣ ਵਾਲੇ ਵਿਅਕਤੀ ਨੂੰ ਤਰ੍ਹਾਂ ਤਰ੍ਹਾਂ ਦੀ ਲਤ ਲੱਗ ਜਾਂਦੀ ਹੈ। ਅਜਿਹੇ ਵਿਅਕਤੀ ਦਾ ਚਰਿੱਤਰ ਸੁੰਗੜਦਾ ਰਹਿੰਦਾ ਹੈ ਅਤੇ ਲਾਲਚ ਦਿਨ-ਬ-ਦਿਨ ਵਧਦਾ ਰਹਿੰਦਾ ਹੈ। ਇਹ ਹਰ ਸਮੇਂ ਅਪਣਾ ਸ਼ਿਕਾਰ ਲਭਦਾ ਰਹਿੰਦਾ ਹੈ। ਅਜਿਹਾ ਆਦਮੀ ਕਿਸੇ ਦਾ ਸੱਕਾ ਨਹੀਂ ਹੁੰਦਾ। ਇਹ ਕਦੇ ਅਜਿਹੇ ਰਿਸ਼ਤੇਦਾਰ ਨੂੰ ਮੂੰਹ ਨਹੀਂ ਲਾਉਂਦਾ ਜੋ ਇਸ ਦੀ ਅਸਲੀਅਤ ਜਾਣਦਾ ਹੋਵੇ। ਰਿਸ਼ਵਤ ਦਾ ਪਸਾਰਾ ਇਸ ਹੱਦ ਤਕ ਪਸਰ ਗਿਆ ਹੈ ਕਿ ਹੁਣ ਬਹੁਤੇ ਲੋਕਾਂ ਨੂੰ ਰਿਸ਼ਵਤ ਲੈਣ ਲਗਿਆਂ ਉਨ੍ਹਾਂ ਦੀ ਆਤਮਾ ਦੁਰਕਾਰਦੀ ਨਹੀਂ ਕਿਉਂਕਿ ਅਜਿਹੇ ਬੰਦਿਆਂ ਦੀ ਆਤਮਾ ਹੀ ਮਰ ਚੁੱਕੀ ਹੋਈ ਹੈ।

## ਮਹਾਰਾਜ ਰਾਮ ਸਿੰਘ ਜੀ ਗਿਆਰ੍ਹਵੀਂ ਵਾਲਿਆਂ ਦੇ ਬਰਸੀ ਸਮਾਗਮ ਸੰਪੰਨ

**ਅਜੀਤਵਾਲ, (ਨਛੱਤਰ ਸੰਧੂ)** ਸੱਚਖੰਡ ਵਾਸੀ ਪਰਮ ਸੰਤ ਮਹਾਰਾਜ ਰਾਮ ਸਿੰਘ ਜੀ ਗਿਆਰ੍ਹਵੀਂ ਵਾਲਿਆਂ ਦੀ 17ਵੀਂ ਬਰਸੀ ਸ਼ਰਧਾ ਤੇ ਉਤਸ਼ਾਹ ਨਾਲ ਗੁਰੂ ਘਰ ਗਿਆਰ੍ਹਵੀ ਵਾਲੇ ਦੌਧਰ (ਮੋਗਾ) ਵਿਖੇ ਸੰਪਰਦਾਇ ਦੇ ਮੌਜੂਦਾ ਮੁਖੀ ਸੰਤ ਅਰਜਨ ਸਿੰਘ ਗਿਆਰ੍ਹਵੀਂ ਵਾਲਿਆਂ ਦੀ



ਅਗਵਾਈ ਹੇਠ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਗਈ।ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵਿਸ਼ਾਲ ਜਪ ਤਪ ਸਮਾਗਮ ਕਰਾਇਆ ਗਿਆ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੰਵਲਜੀਤ ਸਿੰਘ ਨੇ ਰਸਭਿੰਨਾ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਦੇਸ਼ ਵਿਦੇਸ਼ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ।ਇਸ ਮੌਕੇ ਪ੍ਰਵਚਨ ਕਰਦਿਆਂ ਸੰਤ ਅਰਜਨ ਸਿੰਘ ਜੀ ਗਿਆਰ੍ਹਵੀਂ ਵਾਲਿਆਂ ਨੇ ਕਿਹਾ ਕਿ ਸੇਵਾ, ਸਿਮਰਨ ਤੇ ਨਾਮ ਜਪਣਾ ਸਭ ਕਾਰਜਾਂ ਤੋਂ ਉੱਤਮ ਹੈ, ਪ੍ਰੰਤੂ ਅਜੋਕੇ ਘੋਰ ਕਲਯੁੱਗ ਦੇ ਦੌਰ ਵਿੱਚ ਮਨੁੱਖ ਪ੍ਰਮਾਤਮਾ ਤੋਂ ਬੇਮੁੱਖ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਅਸਲ ਵਿਚ ਮਨੁੱਖ ਇਸ ਧਰਤੀ 'ਤੇ ਸੇਵਾ, ਸਿਮਰਨ ਲਈ ਹੀ ਆਇਆ ਹੈ।ਉਨ੍ਹਾਂ ਕਿਹਾ ਕਿ ਹਰ ਮਨੁੱਖ ਨੂੰ ਰੋਜ਼ਮਰ੍ਹਾ ਦੀ ਜ਼ਿੰਦਗੀ ਵਿਚੋਂ ਕੁੱਝ ਸਮਾਂ ਪ੍ਰਭੂ ਭਗਤੀ ਲਈ ਕੱਢਣਾ ਚਾਹੀਦਾ ਹੈ ਤਾਂ ਜੁ ਭਵਸਾਗਰ ਵਿਚ ਰਾਹ ਮਿਲ ਸਕੇ।

# ...ਸਫ਼ਾ 1 ਦੇ ਬਾਕੀ

## ਦਿੱਲੀ ਕਨਵੈਨਸ਼ਨ ਦਾ ਸੁਨੇਹਾ ...

ਪੀ ਆਈ (ਐੱਮ) ਦੇ ਵੇਲੇ ਦੇ ਜਨਰਲ ਸਕੱਤਰ ਸੀਤਾ ਰਾਮ ਯੇਚੁਰੀ ਅਤੇ ਕਾਂਗਰਸੀ ਆਗੂ ਜੈਰਾਮ ਰਮੇਸ਼ ਦੇ ਸਹਿਯੋਗ ਦਾ ਡੀ ਰਾਜਾ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ। ਇਸ ਸੰਬੰਧ ਵਿੱਚ ਵਿਸ਼ਵਨਾਥ ਪ੍ਰਤਾਪ ਸਿੰਘ ਨੂੰ ਵੀ ਯਾਦ ਕੀਤਾ। ਉਹਨਾ ਕਿਹਾ ਕਿ ਮੋਦੀ ਸਰਕਾਰ ਆਉਣ 'ਤੇ ਇਸ ਗਰੀਬ ਪੱਖੀ ਕਾਨੂੰਨ ਨੂੰ ਕਮਜ਼ੋਰ ਕਰਨਾ ਸ਼ੁਰੂ ਕਰ ਦਿੱਤਾ ਗਿਆ ਤੇ ਹੁਣ ਇਸ ਕਾਨੂੰਨ ਦਾ ਨਾਂਅ ਬਦਲਣ ਦੇ ਬਹਾਨੇ ਗਰੀਬਾਂ ਦਾ ਹੱਕ ਖੋਹਿਆ ਜਾ ਰਿਹਾ ਹੈ।

ਉਹਨਾ ਕਿਹਾ ਕਿ ਕੰਮ ਮੰਗਣਾ ਕੋਈ ਭੀਖ ਨਹੀਂ, ਸਗੋਂ ਇਹ ਮੁਢਲਾ ਅਧਿਕਾਰ ਹੈ। ਉਹਨਾ ਕਿਹਾ ਕਿ ਮਨਰੇਗਾ ਬਹਾਲ ਕਰਨ ਅਤੇ ਮੋਦੀ ਸਰਕਾਰ ਦੀਆਂ ਹੋਰ ਲੋਕ ਵਿਰੋਧੀ ਕਾਰਵਾਈਆਂ ਵਿਰੁੱਧ ਸੰਘਰਸ਼ ਕਰਦਿਆਂ ਉਹਨਾਂ ਸਮਿਆਂ ਨੂੰ ਸਨਮੁੱਖ ਰੱਖਣਾ ਹੋਵੇਗਾ, ਜਦੋਂ ਸ਼ਹੀਦ ਏ ਆਜ਼ਮ ਭਗਤ ਸਿੰਘ ਤੇ ਉਸ ਦੇ ਸਾਥੀ ਬਸਤੀਵਾਦ ਵਿਰੁੱਧ ਲੜੇ ਸਨ। ਭਗਤ ਸਿੰਘ ਵੱਲੋਂ ਕਿਤਾਬ ਦਾ ਮੋੜਿਆ ਹੋਇਆ ਵਰਕਾ ਖੋਲ੍ਹ ਕੇ ਅੱਗੋਂ ਪੜ੍ਹਨ ਦੀ ਲੋੜ ਹੈ।

ਕੁੱਲ ਹਿੰਦ ਕਿਸਾਨ ਸਭਾ ਦੇ ਜਨਰਲ ਸਕੱਤਰ ਵੀ. ਵੈਂਕਟ ਅਤੇ ਕਿਸਾਨ-ਮਜ਼ਦੂਰ ਸੰਗਠਨ ਉੱਤਰ ਪ੍ਰਦੇਸ਼ ਦੀ ਆਗੂ ਸੁਰਬਾਲਾ ਦੀ ਪ੍ਰਧਾਨਗੀ ਹੇਠ ਹੋਈ ਕੌਮੀ ਕਨਵੈਨਸ਼ਨ ਦੇ ਸ਼ੁਰੂ ਵਿੱਚ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਸਕੱਤਰ ਵੀ ਐੱਸ ਨਿਰਮਲ ਨੇ ਕਨਵੈਨਸ਼ਨ ਦੀ ਲੋੜ ਅਤੇ ਉਦੇਸ਼ਾਂ ਬਾਰੇ ਚਾਨਣਾ ਪਾਇਆ।

ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਮੈਂਬਰ ਪਾਰਲੀਮੈਂਟ ਰਾਜਾ ਰਾਮ ਸਿੰਘ ਨੇ ਕਿਹਾ ਕਿ ਨਰੇਗਾ ਸੰਘਰਸ਼ ਮੋਰਚਾ ਨੂੰ ਸਥਾਪਤ ਕਰਨ ਵਾਲਿਆਂ ਨੂੰ ਮੈਂ ਸਲਾਮ ਕਰਦਾ ਹਾਂ। ਉਹਨਾ ਮਨਰੇਗਾ ਕਾਨੂੰਨ ਬਾਰੇ ਗੱਲ ਕਰਦਿਆਂ ਕਿਹਾ ਕਿ ਇਸ ਰਾਹੀਂ ਮਜ਼ਦੂਰਾਂ ਨੂੰ ਕੰਮ ਦੀ ਗਰੰਟੀ ਦਿੱਤੀ ਗਈ ਸੀ। ਕੰਮ ਨਾ ਦੇ ਸਕਣ ਦੀ ਹਾਲਤ ਵਿੱਚ ਮੁਆਵਜ਼ਾ ਦੇਣ ਦਾ ਵਾਅਦਾ ਕੀਤਾ ਗਿਆ ਸੀ। ਇਸ ਤਰ੍ਹਾਂ ਆਸ ਬੱਝੀ ਸੀ ਕਿ 'ਬੰਧੂਆ ਮਜ਼ਦੂਰ' ਬਣਨ ਦੇ ਅਮਲ 'ਤੇ ਵੀ ਰੋਕ ਲੱਗੇਗੀ। ਮੋਦੀ ਸਰਕਾਰ ਨੇ ਮਜ਼ਦੂਰ ਵਰਗ ਦੇ ਸੁਪਨੇ ਤੋੜੇ ਹਨ।

ਭਾਰਤੀ ਆਦਿਵਾਸੀ ਪਾਰਟੀ ਦੇ ਮੈਂਬਰ ਪਾਰਲੀਮੈਂਟ ਰਾਜ ਕੁਮਾਰ ਰਾਓ ਨੇ ਕਿਹਾ ਕਿ ਮਨਰੇਗਾ ਮਜ਼ਦੂਰਾਂ ਦਾ ਸਹਾਰਾ ਬਣ ਕੇ ਆਇਆ ਸੀ। ਮੌਜੂਦਾ ਕੇਂਦਰ ਸਰਕਾਰ ਇਸ ਸਹਾਰੇ ਨੂੰ ਢਹਿ-ਢੇਰੀ ਕਰਨ ਵਿੱਚ ਸਫਲ ਹੋ ਰਹੀ ਹੈ। ਰਾਓ ਨੇ ਕਿਹਾ ਕਿ ਇਸ ਗੱਲ ਦਾ ਮਲਾਲ ਹੈ ਕਿ ਅਜੇ ਤੱਕ ਵਿਆਪਕ ਅੰਦੋਲਨ ਨਹੀਂ ਹੋ ਸਕਿਆ। ਸੰਘਰਸ਼ ਨੂੰ ਅਸਰਦਾਰ ਬਣਾਉਣ ਲਈ ਉਹਨਾ ਸੁਝਾਅ ਦਿੱਤਾ ਕਿ ਸਮਾਜਿਕ ਸੰਗਠਨ ਦੇ ਝੰਡੇ ਹੇਠ ਸਿਆਸੀ ਪਾਰਟੀਆਂ ਤੇ ਹੋਰ ਲੋਕ ਅੱਗੇ ਆਉਣ।

ਰਾਜਸਥਾਨ ਤੋਂ ਸੀ ਪੀ ਆਈ (ਐੱਮ) ਦੇ ਮੈਂਬਰ ਪਾਰਲੀਮੈਂਟ ਅਮਰਾ ਰਾਮ ਨੇ ਕਿਹਾ ਕਿ ਅਸਲ ਵਿੱਚ ਭਾਜਪਾ ਸਰਕਾਰ ਮਨਰੇਗਾ ਮਜ਼ਦੂਰਾਂ ਨਾਲ ਹੀ ਧਰੋਹ ਨਹੀਂ ਕਮਾ ਰਹੀ, ਸਗੋਂ ਇਹ ਸਮੁੱਚੇ ਮਜ਼ਦੂਰ ਵਰਗ ਦੇ ਹੀ ਖਿਲਾਫ ਹੈ। ਕਾਂਗਰਸ ਐੱਮ ਪੀ ਜੋਤੀਮਨੀ ਨੇ ਕਿਹਾ ਕਿ ਮਨਰੇਗਾ ਨੂੰ ਖਤਮ ਕਰਨ ਅਤੇ ਵੀ ਬੀ ਜੀ ਰਾਮ ਜੀ (ਗ੍ਰਾਮੀਣ) ਨੂੰ ਐਕਟ ਬਣਾਉਣ ਵੇਲੇ ਸਰਕਾਰ ਨੇ ਏਨਾ ਓਹਲਾ ਰੱਖਿਆ ਕਿ ਬਹੁਤਿਆਂ ਨੂੰ ਉਸ ਵੇਲੇ ਪਤਾ ਹੀ ਨਾ ਲੱਗਿਆ ਕਿ ਇਹ ਕਿੰਨਾ ਖਤਰਨਾਕ ਕਾਰਾ ਕੀਤਾ ਜਾ ਰਿਹਾ ਹੈ।

ਡੀ ਐੱਮ ਕੇ ਦੇ ਤਾਮਿਲਨਾਡੂ ਤੋਂ ਮੈਂਬਰ ਪਾਰਲੀਮੈਂਟ ਅਰਨ ਨਹਿਰੂ ਨੇ ਸੰਖੇਪ ਤਕਰੀਰ ਵਿੱਚ ਕਿਹਾ ਕਿ ਨਰੇਗਾ ਸਨਮਾਨ ਦਾ ਮਸਲਾ ਹੈ। ਕੌਮੀ ਕਨਵੈਨਸ਼ਨ ਨੂੰ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ, ਨਰੇਗਾ ਸੰਘਰਸ਼ ਮੋਰਚਾ ਦੇ ਆਗੂ ਨਿਖਿਲ ਡੇ, ਮੈਂਬਰ ਪਾਰਲੀਮੈਂਟ ਮਨੋਜ ਝਾਅ, ਕਾਂਗਰਸ ਦੇ ਮੈਂਬਰ ਪਾਰਲੀਮੈਂਟ ਸ਼ਸ਼ੀਕਾਂਤ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਵੀ. ਵੈਂਕਟ, ਸਾਬਕਾ ਵਿਧਾਇਕ ਗੋਪਾਲ ਰਵੀਦਾਸ, ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਵਿੱਤ ਸਕੱਤਰ ਦਰਿਆਓ ਸਿੰਘ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ, ਸੁਖਬਾਲਾ (ਰਾਜਸਥਾਨ), ਪੁਸ਼ਪਾ (ਰਾਜਸਥਾਨ), ਫਾਰਵਰਡ ਬਲਾਕ ਦੇ ਆਗੂ ਧਰਮੇਂਦਰ ਵਰਮਾ, ਰਾਸ਼ਟਰੀ ਜਨਤਾ ਦਲ ਦੇ ਆਗੂ ਸੰਜੇ ਯਾਦਵ, ਸੀ ਪੀ ਆਈ (ਐੱਮ) ਦੇ ਆਗੂ ਸ਼ਿਵ ਦਾਸ ਆਦਿ ਨੇ ਵੀ ਸੰਬੋਧਨ ਕੀਤਾ। ਅਖੀਰ ਵਿੱਚ ਆਗੂਆਂ ਨੇ ਆਪਸੀ ਇੱਕਜੁਟਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮਨਰੇਗਾ ਬਹਾਲ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

## ਲਾਰੀਜਾਨੀ ਤੇ ਸੁਲੇਮਾਨੀ ਤੋਂ ਬਾਅਦ...

ਨਿਆਂਪਾਲਿਕਾ ਮੁਖੀ ਅਤੇ ਦੂਜੇ ਭਰਾ ਸੀਨੀਅਰ ਡਿਪਲੋਮੈਟ ਰਹਿ ਚੁੱਕੇ ਹਨ। ਲਾਰੀਜਾਨੀ ਨੇ 1990 ਦੇ ਦਹਾਕੇ ਵਿੱਚ ਸੱਭਿਆਚਾਰ ਮੰਤਰੀ ਵਜੋਂ ਸੈਂਸਰਸ਼ਿਪ ਨੂੰ ਸਖ਼ਤ ਕੀਤਾ। ਉਹ 2008 ਤੋਂ 2020 ਤੱਕ ਲਗਾਤਾਰ 12 ਸਾਲ ਈਰਾਨੀ ਸੰਸਦ (ਮਜਲਿਸ) ਦੇ ਸਪੀਕਰ ਰਹੇ।

ਸਿਰਫ ਇੱਕ ਹਫਤਾ ਪਹਿਲਾਂ ਜਦੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਹਾਰਮੁਜ਼ ਜਲਡਮਰੂ ਮੱਧ ਵਿੱਚ ਤੇਲ ਦੀ ਸਪਲਾਈ ਰੋਕਣ 'ਤੇ ਈਰਾਨ ਨੂੰ 'ਵੀਹ ਗੁਣਾ ਸਖ਼ਤ' ਹਮਲੇ ਦੀ ਧਮਕੀ ਦਿੱਤੀ ਸੀ, ਤਾਂ ਲਾਰੀਜਾਨੀ ਨੇ ਸੋਸ਼ਲ ਮੀਡੀਆ ਐਕਸ 'ਤੇ ਜਵਾਬ ਦਿੱਤਾ ਸੀ। ਉਨ੍ਹਾ ਲਿਖਿਆ ਸੀ, "ਈਰਾਨੀ ਕੌਮ ਤੁਹਾਡੀਆਂ ਖੋਖਲੀਆਂ ਧਮਕੀਆਂ ਤੋਂ ਨਹੀਂ ਡਰਦੀ... ਸਾਵਧਾਨ ਰਹੋ ਕਿ ਕਿਤੇ ਤੁਸੀਂ ਖ਼ੁਦ ਹੀ ਖਤਮ ਨਾ ਹੋ ਜਾਵੋ।" ਸਿਆਸਤਦਾਨ ਹੋਣ ਦੇ ਨਾਲ-ਨਾਲ ਲਾਰੀਜਾਨੀ ਇੱਕ ਬੁੱਧੀਜੀਵੀ ਵੀ ਸਨ। ਉਨ੍ਹਾ ਫਲਸਫੇ 'ਤੇ ਛੇ ਕਿਤਾਬਾਂ ਲਿਖੀਆਂ ਸਨ, ਜਿਨ੍ਹਾਂ ਵਿੱਚੋਂ ਤਿੰਨ ਕਿਤਾਬਾਂ ਜਰਮਨ ਦਾਰਸ਼ਨਿਕ ਇਮੈਨੂਅਲ ਕਾਂਟ ਦੇ ਕੰਮ 'ਤੇ ਆਧਾਰਤ ਸਨ। ਹਾਲਾਂਕਿ, ਜਨਵਰੀ ਵਿੱਚ ਹੋਏ ਵਿਰੋਧ ਪ੍ਰਦਰਸ਼ਨਾਂ ਨੂੰ ਸਖਤੀ ਨਾਲ ਕੁਚਲਣ ਵਿੱਚ ਉਨ੍ਹਾ ਦੀ ਭੂਮਿਕਾ ਕਾਰਨ ਉਹ ਕੌਮਾਂਤਰੀ ਪੱਧਰ 'ਤੇ ਪਾਬੰਦੀਆਂ ਦਾ ਸਾਹਮਣਾ ਵੀ ਕਰ ਰਹੇ ਸਨ।

## ਓਮਾਨ ਦੀ ਖਾੜੀ ਵੱਲ ਖਤਰਾ ਵਧ ਰਿਹੈ...

ਆਉਣ ਵਾਲੇ ਦਿਨਾਂ ਵਿੱਚ ਹੋਰ ਐੱਲ ਪੀ ਜੀ ਅਤੇ ਕੱਚੇ ਤੇਲ ਦੇ ਬੇੜੇ ਹਾਰਮੁਜ਼ ਜਲਡਮਰੂ ਵਿੱਚੋਂ ਲੰਘਣ ਦੀ ਉਮੀਦ ਹੈ। ਜਲ ਸੈਨਾ ਦੇ ਤਿੰਨ ਮੋਹਰੀ ਜੰਗੀ ਜਹਾਜ਼ ਹਾਰਮੁਜ਼ ਦੇ ਬਿਲਕੁਲ ਬਾਹਰ ਓਮਾਨ ਦੀ ਖਾੜੀ ਵਿੱਚ ਤਾਇਨਾਤ ਕੀਤੇ ਗਏ ਸਨ, ਜੋ ਕਿ ਪਿਛਲੇ ਕੁਝ ਦਿਨਾਂ ਤੋਂ ਭਾਰਤੀ ਐੱਲ ਪੀ ਜੀ ਜਹਾਜ਼ਾਂ ਨੂੰ ਸੁਰੱਖਿਆ ਪ੍ਰਦਾਨ ਕਰ ਰਹੇ ਹਨ। ਜੰਗੀ ਜਹਾਜ਼ ਆਪਣੇ ਬੋਰਡ 'ਤੇ ਮੌਜੂਦ ਰਾਡਾਰਾਂ ਤੋਂ ਲਾਈਵ ਫੀਡ ਪ੍ਰਾਪਤ ਕਰਦੇ ਹਨ। ਇਸ ਤੋਂ ਇਲਾਵਾ ਉਨ੍ਹਾਂ ਨੂੰ ਸਵਦੇਸ਼ੀ ਉਪਗ੍ਰਹਿਆਂ, ਸਮੁੰਦਰੀ ਨਿਗਰਾਨੀ ਜਹਾਜ਼ਾਂ ਅਤੇ ਡਰੋਨਾਂ ਰਾਹੀਂ ਵੀ ਸੂਚਨਾਵਾਂ ਮਿਲਦੀਆਂ ਰਹਿੰਦੀਆਂ ਹਨ।

ਜਲ ਸੈਨਾ ਦੇ ਦੋ ਜੰਗੀ ਜਹਾਜ਼ ਸਾਊਦੀ ਅਰਬ ਦੇ ਪ੍ਰਾਇਦੀਪ ਦੇ ਦੱਖਣੀ ਸਮੁੰਦਰੀ ਖੇਤਰ ਵਿੱਚ ਤਾਇਨਾਤ ਹਨ, ਇੱਕ ਜਹਾਜ਼ 2008 ਤੋਂ ਅਦਨ ਦੀ ਖਾੜੀ ਵਿੱਚ ਸਮੁੰਦਰੀ ਡਾਕੂਆਂ ਵਿਰੁੱਧ ਕਾਰਵਾਈ ਲਈ ਅਤੇ ਦੂਜਾ 2019 ਤੋਂ ਓਮਾਨ ਦੀ ਖਾੜੀ ਵਿੱਚ ਮੌਜੂਦ ਹੈ। ਹਾਰਮੁਜ਼ ਵਿੱਚ ਸੰਕਟ ਕਾਰਨ ਇੱਕ ਹੋਰ ਜੰਗੀ ਜਹਾਜ਼ ਵਧਾਇਆ ਗਿਆ ਹੈ। ਭਾਰਤੀ ਜਲ ਸੈਨਾ ਕੋਲ ਓਮਾਨ ਦੀਆਂ ਡੁਕਮ ਅਤੇ ਸਲਾਲਾਹ ਬੰਦਰਗਾਹਾਂ 'ਤੇ ਤੇਲ ਭਰਨ ਅਤੇ ਸਪਲਾਈ ਮੁੜ ਜਮ੍ਹਾਂ ਕਰਨ ਦਾ ਬਦਲ ਹੈ। ਕੌਮਾਂਤਰੀ ਸਮੁੰਦਰੀ ਮਾਰਗ 'ਚ ਰੁਕਾਵਟਾਂ ਨੂੰ ਖਤਮ ਕਰਨ ਲਈ ਅਮਰੀਕੀ ਫੌਜ ਨੇ ਮੰਗਲਵਾਰ ਰਾਤ ਈਰਾਨ ਦੇ ਤੱਟਵਰਤੀ ਮਿਜ਼ਾਈਲ ਕੇਂਦਰਾਂ 'ਤੇ ਭਾਰੀ ਬੰਬਾਰੀ ਕੀਤੀ। ਅਮਰੀਕੀ ਸੈਂਟਰਲ ਕਮਾਂਡ ਮੁਤਾਬਕ ਇਹ ਕਾਰਵਾਈ ਹਾਰਮੁਜ਼ ਜਲਮਾਰਗ ਨੇੜੇ ਸਥਿਤ ਈਰਾਨ ਦੇ ਉਨ੍ਹਾਂ ਟਿਕਾਣਿਆਂ 'ਤੇ ਕੀਤੀ ਗਈ ਹੈ, ਜੋ ਵਿਸ਼ਵ ਵਪਾਰਕ ਜਹਾਜ਼ਾਂ ਲਈ ਵੱਡਾ ਖਤਰਾ ਬਣੇ ਹੋਏ ਸਨ। ਇਸ ਹਮਲੇ ਵਿੱਚ ਅੱਤ-ਆਧੁਨਿਕ 'ਡੀਪ ਪੈਨੀਟਰੇਟਰ' ਹਥਿਆਰਾਂ ਦੀ ਵਰਤੋਂ ਕੀਤੀ ਗਈ ਤਾਂ ਜੋ ਜ਼ਮੀਨ ਦੇ ਅੰਦਰ ਬਣੇ ਮਜ਼ਬੂਤ ਮਿਜ਼ਾਈਲ ਅੱਡਿਆਂ ਨੂੰ ਤਬਾਹ ਕੀਤਾ ਜਾ ਸਕੇ।

ਇਹ ਫੌਜੀ ਕਾਰਵਾਈ ਅਜਿਹੇ ਸਮੇਂ ਹੋਈ ਹੈ, ਜਦੋਂ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਇੱਕ ਬਹੁਕੌਮੀ ਸੁਰੱਖਿਆ ਬਲ ਬਣਾਉਣ ਦੀ ਯੋਜਨਾ ਨੂੰ ਨਾਟੋ ਦੇ ਸਹਿਯੋਗੀਆਂ ਅਤੇ ਜਾਪਾਨ ਵਰਗੇ ਦੇਸ਼ਾਂ ਵੱਲੋਂ ਠੰਢਾ ਹੁੰਗਾਰਾ ਮਿਲਿਆ ਸੀ। ਹਾਰਮੁਜ਼ ਦਾ ਇਹ 33 ਕਿੱਲੋਮੀਟਰ ਚੌੜਾ ਲਾਂਘਾ ਕੱਚੇ ਤੇਲ ਅਤੇ ਐੱਲ ਪੀ ਜੀ ਦੀ ਸਪਲਾਈ ਲਈ ਬੇਹੱਦ ਅਹਿਮ ਹੈ, ਜਿਸ ਦੀ ਨਾਕਾਬੰਦੀ ਕਾਰਨ ਵਿਸ਼ਵ ਪੱਧਰ 'ਤੇ ਊਰਜਾ ਸੰਕਟ ਦਾ ਖਤਰਾ ਪੈਦਾ ਹੋ ਗਿਆ ਹੈ।

## ਘਰ ਚਲਾਉਣ ਵਾਲੀਆਂ ਨੂੰ ਹੁਣ ਦੇਸ਼ ਚਲਾਉਣਾ ਚਾਹੀਦੈ ...

ਗਿਣਤੀ ਵਿੱਚ ਔਰਤਾਂ ਨੂੰ ਤਾਇਨਾਤ ਕੀਤਾ ਗਿਆ ਹੈ। ਔਰਤਾਂ ਨੂੰ ਪ੍ਰੇਰਿਤ ਕਰਨ ਲਈ ਵਿਸ਼ਵਵਿਆਪੀ ਉਦਾਹਰਨ ਪੇਸ਼ ਕਰਦਿਆਂ ਉਨ੍ਹਾ ਕਿਹਾ, 'ਚੀਨ ਵਿੱਚ ਹਰ ਔਰਤ ਕਿਸੇ ਨਾ ਕਿਸੇ ਵਸਤੂ ਦੇ ਉਤਪਾਦਨ ਵਿੱਚ ਲੱਗੀ ਹੋਈ ਹੈ। ਜੇਕਰ ਉਹ ਨਿਰਯਾਤ ਕਰਨਾ ਬੰਦ ਕਰ ਦਿੰਦੀਆਂ ਹਨ ਤਾਂ ਵਿਸ਼ਵ ਦੀ ਅਰਥ ਵਿਵਸਥਾ ਪ੍ਰਭਾਵਤ ਹੋ ਜਾਵੇਗੀ। ਪੰਜਾਬੀ ਔਰਤਾਂ ਨੂੰ ਮਾਤਾ ਗੁਜਰੀ ਜੀ, ਮਾਈ ਭਾਗੋ ਅਤੇ ਹੋਰ ਮਹਾਨ ਸ਼ਖਸੀਅਤਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ ਅਤੇ ਵੱਖ-ਵੱਖ ਖੇਤਰਾਂ ਵਿੱਚ ਬੁਲੰਦੀਆਂ ਨੂੰ ਛੂਹਣਾ ਚਾਹੀਦਾ ਹੈ। ਸਾਡੀ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਵਿਆਪਕ ਸੁਧਾਰ ਕੀਤੇ ਗਏ ਹਨ, ਤਾਂ ਜੋ ਸੂਬੇ ਭਰ ਵਿੱਚ ਖਾਸ ਕਰਕੇ ਕੁੜੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ। ਸਿੱਖਿਆ ਕਮਜ਼ੋਰ ਵਰਗਾਂ ਦੇ ਜੀਵਨ ਨੂੰ ਬਦਲਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ, ਪਰ ਪਿਛਲੀਆਂ ਸਰਕਾਰਾਂ ਵੱਲੋਂ ਇਸ ਨੂੰ ਪੂਰੀ ਤਰ੍ਹਾਂ ਅਣਗੌਲਿਆ ਕੀਤਾ ਗਿਆ।' ਉਨ੍ਹਾ ਕਿਹਾ ਕਿ ਅੱਜ ਪੰਜਾਬ ਦੀਆਂ ਔਰਤਾਂ ਲਈ ਇਤਿਹਾਸਕ ਦਿਨ ਹੈ, ਜਿਨ੍ਹਾਂ ਸਖਤ ਮਿਹਨਤ ਤੇ ਲਗਨ ਨਾਲ ਆਪਣੀ ਪਛਾਣ ਬਣਾਈ ਹੈ। ਮਹਿਲਾ ਉੱਦਮੀਆਂ ਨੂੰ ਹਮੇਸ਼ਾ ਮੌਕੇ ਦਿੱਤੇ ਜਾਣੇ ਚਾਹੀਦੇ ਹਨ ਅਤੇ ਅਸੀਂ ਉਨ੍ਹਾਂ ਨੂੰ ਸਨਮਾਨਤ ਕਰਨ 'ਤੇ ਮਾਣ ਮਹਿਸੂਸ ਕਰ ਰਹੇ ਹਾਂ। ਕਿਸੇ ਵੀ ਸਮਾਜ ਦਾ ਵਿਕਾਸ ਔਰਤਾਂ ਦੇ ਯੋਗਦਾਨ ਤੋਂ ਬਿਨਾਂ ਅਧੂਰਾ ਹੈ। ਸੱਭਿਆਚਾਰਕ ਅਤੇ ਦਾਰਸ਼ਨਿਕ ਪਿਛੋਕੜ ਦਾ ਹਵਾਲਾ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ ਕਿ ਸਿੱਖ ਸਿਧਾਂਤਾਂ ਵਿੱਚ ਔਰਤਾਂ ਨੂੰ ਹਮੇਸ਼ਾ ਸਨਮਾਨਜਨਕ ਸਥਾਨ ਦਿੱਤਾ ਜਾਂਦਾ ਹੈ। ਅੱਜ ਪੰਜਾਬ ਰਾਜ ਪੇਂਡੂ ਆਜੀਵਕਾ ਮਿਸ਼ਨ (ਪੀ ਐੱਸ ਆਰ ਐੱਲ ਐੱਮ) ਅਧੀਨ 23 ਜ਼ਿਲ੍ਹਿਆਂ ਦੀਆਂ ਸਭ ਤੋਂ ਬਿਹਤਰ ਪ੍ਰਦਰਸ਼ਨ ਕਰਨ ਵਾਲੀਆਂ 100 ਮਹਿਲਾ ਉੱਦਮੀਆਂ ਨੂੰ ਸਨਮਾਨਤ ਕੀਤਾ ਜਾ ਰਿਹਾ ਹੈ। ਹਰੇਕ ਨੂੰ 25,000 ਰੁਪਏ, ਇੱਕ ਸਰਟੀਫਿਕੇਟ ਅਤੇ ਇੱਕ ਯਾਦਗਾਰੀ ਚਿੰਨ੍ਹ ਦਿੱਤਾ ਜਾਵੇਗਾ। ਇਸ ਤੋਂ ਪਹਿਲਾਂ 117 ਵਿਧਾਨ ਸਭਾ ਹਲਕਿਆਂ ਵਿੱਚ 11,700 ਔਰਤਾਂ ਨੂੰ ਸਨਮਾਨਤ ਕੀਤਾ ਗਿਆ ਸੀ। ਉਨ੍ਹਾ ਕਿਹਾ, 'ਜ਼ਿਲ੍ਹਾ ਪੱਧਰ 'ਤੇ 23 ਜ਼ਿਲ੍ਹਿਆਂ ਵਿੱਚ 2,300 ਔਰਤਾਂ ਨੂੰ ਸਨਮਾਨਤ ਕੀਤਾ ਗਿਆ ਸੀ। ਕੁੱਲ 58,303 ਸਵੈ-ਸਹਾਇਤਾ ਗਰੁੱਪ ਬਣਾਏ ਗਏ ਹਨ, ਜਿਹਨਾਂ ਨਾਲ ਲਗਭਗ 5.89 ਲੱਖ ਪੇਂਡੂ ਪਰਵਾਰ ਜੁੜੇ ਹਨ ਅਤੇ ਇਹਨਾਂ ਨੂੰ ਮਜ਼ਬੂਤ ਕਰਨ ਲਈ 147 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ।' ਇਸ ਦੌਰਾਨ 'ਆਪ' ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਕਿਹਾ, 'ਪਹਿਲਾਂ ਅਜਿਹੇ ਸਮਾਗਮ ਸਿਰਫ ਧਨਾਢ ਪਰਵਾਰਾਂ ਦੀਆਂ ਔਰਤਾਂ ਤੱਕ ਸੀਮਤ ਸਨ। ਪਹਿਲੀ ਵਾਰ ਸਧਾਰਨ ਪਰਵਾਰਾਂ ਦੀਆਂ ਔਰਤਾਂ ਨੂੰ ਸਨਮਾਨਤ ਕੀਤਾ ਜਾ ਰਿਹਾ ਹੈ। ਇਹ ਲਹਿਰ ਸਸ਼ਕਤੀਕਰਨ ਰਾਹੀਂ ਔਰਤਾਂ ਦੇ ਜੀਵਨ ਨੂੰ ਬਦਲਣ ਅਤੇ ਹੋਰਨਾਂ ਨੂੰ ਰਾਸ਼ਟਰ ਨਿਰਮਾਤਾ ਵਜੋਂ ਅਹਿਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਨ ਵਿੱਚ ਬਹੁਤ ਮਦਦ ਕਰੇਗੀ।' ਇਸ ਮੌਕੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਹੋਰ ਪਤਵੰਤ ਵੀ ਮੌਜੂਦ ਸਨ।

## ਨਸ਼ੀਲੀਆਂ ਗੋਲੀਆਂ ਸਮੇਤ ਮਹਿਲਾ ਕਾਬੂ

**ਗਿੱਦੜਬਾਹਾ (ਜਸਵੰਤ ਸਿੰਘ ਗਿੱਲ)**- ਥਾਣਾ ਕੋਟਭਾਈ ਪੁਲਿਸ ਨੇ ਇਕ ਮਹਿਲਾ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਸ ਖਿਲਾਫ ਮੁਕੱਦਮਾ ਦਰਜ ਕੀਤਾ ਹੈ। ਥਾਣਾ ਕੋਟਭਾਈ ਦੇ ਏ.ਐੱਸ.ਆਈ. ਸੁਖਵਿੰਦਰ ਸਿੰਘ ਨੇ ਲਿਖਤੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਹਰਪ੍ਰੀਤ ਕੌਰ ਪਤਨੀ ਅਮਿਤ ਕੁਮਾਰ ਵਾਸੀ ਜੱਸੀ ਪੌ ਵਾਲੀ ਜਿਲ੍ਹਾ ਬਠਿੰਡਾ ਹਾਲ ਪਤਨੀ ਸੁਖਮੰਦਰ ਸਿੰਘ ਵਾਸੀ ਪਿੰਡ ਭਲਾਈਆਣਾ ਪਾਸੋਂ 50 ਨਸ਼ੀਲੀਆ ਗੋਲੀਆਂ ਬਰਾਮਦ ਕਰਕੇ ਉਸ ਵਿਰੁੱਧ ਐੱਨ ਡੀ ਪੀ ਐੱਸ ਐਕਟ ਅਧੀਨ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਦਿਆਲਪੁਰਾ ਨੇ ਉਧੋਵਾਲ ਕਲਾਂ ਤੋਂ ਮੰਡ ਉਧੋਵਾਲ ਸੜਕ ਦਾ ਨਿਰਮਾਣ ਕੰਮ ਕਰਵਾਇਆ ਸ਼ੁਰੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)** ਰਾਹੋਂ ਰੋਡ 'ਤੇ ਸਥਿਤ ਪਿੰਡ ਉਧੋਵਾਲ ਕਲਾਂ ਤੋਂ ਮੰਡ ਉਧੋਵਾਲ ਨੂੰ ਜਾਂਦੀ ਸੜਕ ਦੀ ਮੁਰੰਮਤ ਦਾ ਕੰਮ ਹਲਕਾ ਸਮਰਾਲਾ ਤੋਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵਲੋਂ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਉਨ੍ਹਾਂ ਨਾਲ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਪ੍ਰਿੰਸ ਮਿੱਠੇਵਾਲ, ਨਵਜੀਤ ਸਿੰਘ ਉਟਾਲਾਂ, ਨਿਰਮਲ ਸਿੰਘ, ਪਰਵੀਨ ਮੱਕੜ, ਜੇ.ਈ. ਦਵਿੰਦਰ ਸਿੰਘ ਵੀ ਮੌਜੂਦ ਸਨ। ਵਿਧਾਇਕ ਦਿਆਲਪੁਰਾ ਨੇ ਦੱਸਿਆ ਕਿ ਇਹ ਸੜਕ ਮਾਛੀਵਾੜਾ-ਨਵਾਂ ਸ਼ਹਿਰ ਰੋਡ ਨੂੰ ਜੋੜਦੀ ਹੈ ਜਿਸ ਦੀ ਕਾਫ਼ੀ ਸਮੇਂ ਤੋਂ ਖਸਤਾ ਹਾਲਤ ਹੋ ਚੁੱਕੀ ਸੀ। ਉਨ੍ਹਾਂ ਕਿਹਾ ਕਿ ਲੋਕਾਂ ਦੀ ਕਾਫ਼ੀ ਮੰਗ ਸੀ ਕਿ ਇਸ ਸੜਕ ਨੂੰ ਚੌੜਾ ਕਰਕੇ ਮੁਰੰਮਤ ਕੀਤੀ ਜਾਵੇ ਜਿਸ ਲਈ ਇਹ ਸੜਕ 10 ਫੁੱਟ ਦੀ ਬਜਾਏ 18 ਫੁੱਟ ਚੌੜੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸੜਕ ਦਾ ਕੰਮ ਠੇਕੇਦਾਰਾਂ ਵਲੋਂ ਸ਼ੁਰੂ ਕਰ ਦਿੱਤਾ ਗਿਆ ਹੈ ਅਤੇ ਪਾਬੰਦ ਸਮੇਂ ਵਿਚ ਇਸ ਨੂੰ ਮੁਕੰਮਲ ਕਰ ਲਿਆ ਜਾਵੇਗਾ।

# ਪੀ ਜੀ ਡੀ ਸੀ ਏ ਦਾ ਨਤੀਜਾ ਸ਼ਾਨਦਾਰ ਰਿਹਾ

**ਅਜੀਤਵਾਲ, (ਲਵਲੀ ਕੁਮਾਰ)** ਸ੍ਰੀ ਰਾਮ ਕਾਲਜ ਡੱਲਾ ਦਾ ਪੀ.ਜੀ.ਡੀ.ਸੀ.ਏ (ਸਮੈਸਟਰ ਪਹਿਲਾ) ਦਾ ਨਤੀਜਾ ਸ਼ਾਨਦਾਰ ਰਿਹਾ।ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸੂਬੇਦਾਰ ਦੇਵੀ ਚੰਦ ਸ਼ਰਮਾ ਨੇ ਦੱਸਿਆ ਕਿ ਗਗਨਦੀਪ



ਕੌਰ ਨੇ ਪਹਿਲਾ ਸਥਾਨ, ਕਸ਼ਿਸ਼ ਸਿੰਗਲਾ ਨੇ ਦੂਜਾ ਸਥਾਨ ਅਤੇ ਗੁਰਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਕਾਲਜ ਦੇ ਪ੍ਰਿੰਸੀਪਲ ਪ੍ਰਭਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਮੁੱਢਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ 'ਤੇ ਮੁਬਾਰਕਾਂ ਦਿੰਦਿਆਂ ਕਿਹਾ ਕਿ ਇਸ ਦਾ ਸਿਹਰਾ ਕਾਲਜ ਦੇ ਸਟਾਫ਼ ਤੇ ਵਿਦਿਆਰਥੀਆਂ ਦੀ ਸਖਤ ਮਿਹਨਤ ਨੂੰ ਜਾਂਦਾ ਹੈ।ਉਨ੍ਹਾਂ ਦੂਜੇ ਵਿਦਿਆਰਥੀਆਂ ਨੂੰ ਵੀ ਮੁੱਢਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# 23 ਦਾ ਸ਼ਹੀਦੀ ਦਿਹਾੜਾ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਉਣ ਦਾ ਫ਼ੈਸਲਾ




ਗੁਰਦਾਸਪੁਰ, (ਜਨਕ ਮਹਾਜਨ)- ਸਥਾਨਕ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਭਵਨ ਵਿਖੇ ਸੰਯੁਕਤ ਕਿਸਾਨ ਮੋਰਚੇ, ਮਜ਼ਦੂਰਾਂ, ਬਿਜਲੀ ਮੁਲਾਜ਼ਮ ਤੇ ਹੋਰ ਜਥੇਬੰਦੀਆਂ ਦੀ ਇਕ ਸਾਂਝੀ ਮੀਟਿੰਗ ਲਖਵਿੰਦਰ ਸਿੰਘ ਮਰੜ (ਕੁੱਲ ਹਿੰਦ ਕਿਸਾਨ ਸਭਾ) ਅਤੇ ਸਾਹਿਬ ਸਿੰਘ ਚੱਕਅਰਾਈਆਂ (ਏਟਕ) ਨੇ ਸਾਂਝੇ ਤੌਰ 'ਤੇ ਕੀਤੀ। ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਮੱਖਣ ਸਿੰਘ ਕੁਹਾੜ, ਸਤਬੀਰ ਸਿੰਘ ਸੁਲਤਾਨੀ, ਰਾਜ ਗੁਰਵਿੰਦਰ ਸਿੰਘ ਲਾਡੀ, ਰਘਬੀਰ ਸਿੰਘ ਚਾਹਲ, ਅਸ਼ਵਨੀ ਕੁਮਾਰ ਲਖਨ ਕਲਾਂ, ਸਤਿੰਦਰ ਸਿੰਘ ਕਾਹਲੋਂ ਹਯਾਤ ਨਗਰ, ਹਰਚਰਨ ਸਿੰਘ ਔਜਲਾ, ਸੁਰਿੰਦਰ ਕੋਠੇ ਅਤੇ ਹੋਰ ਆਗੂਆਂ ਨੇ ਵੀ ਸੰਬੋਧਨ ਕੀਤਾ। ਉਨ੍ਹਾਂ ਆਖਿਆ ਕਿ ਇਸ ਵਕਤ ਸਭ ਤੋਂ ਅਮੀਰ ਦੇਸ਼ਾਂ ਦੀ ਜੁੰਡਲੀ ਜਿਸ ਨੂੰ ਸਾਮਰਾਜਵਾਦ ਕਿਹਾ ਜਾਂਦਾ ਹੈ ਅਤੇ ਜਿਸ ਦੀ ਅਗਵਾਈ ਅਮਰੀਕਾ ਕਰ ਰਿਹਾ ਹੈ ਉਹ ਗ਼ਰੀਬ ਤੇ ਭਾਰਤ ਵਰਗੇ ਵਿਕਾਸਸ਼ੀਲ ਦੇਸ਼ਾਂ ਨੂੰ ਲੁੱਟ ਕੇ ਖਾ ਜਾਣਾ ਚਾਹੁੰਦੇ ਹਨ। ਸਾਮਰਾਜਵਾਦ ਭੁੱਖੇ ਬਘਿਆੜ ਵਾਂਗ ਹੈ ਜੋ ਗ਼ਰੀਬ ਦੇਸ਼ਾਂ ਨੂੰ ਆਪਣੀਆਂ ਬਸਤੀਆਂ ਬਣਾ ਕੇ ਉਨ੍ਹਾਂ ਦੇ ਤੇਲ ਤੇ ਹੋਰ ਖਣਿਜ ਪਦਾਰਥਾਂ ਤੇ ਕੀਮਤੀ ਖ਼ਜ਼ਾਨੇ ਲੁੱਟਣਾ ਚਾਹੁੰਦਾ ਹੈ। ਇਸ ਵਕਤ ਸਾਮਰਾਜੀ ਦੇਸ਼ ਗੰਭੀਰ ਆਰਥਿਕ ਸੰਕਟ ਦਾ ਸ਼ਿਕਾਰ ਹਨ। ਉਹ ਇਸ ਸੰਕਟ ਦਾ ਬੋਝ ਆਪਣੇ ਦੇਸ਼ ਦੇ ਮਜ਼ਦੂਰਾਂ ਅਤੇ ਗ਼ਰੀਬ ਮੁਲਕਾਂ ਉੱਪਰ ਲੱਦਣਾ ਚਾਹੁੰਦੇ ਹਨ। ਬੁਲਾਰਿਆਂ ਨੇ ਕਿਹਾ ਕਿ ਸਾਮਰਾਜ ਦਾ ਬਦਲ ਸਿਰਫ਼ ਸਮਾਜਵਾਦੀ ਪ੍ਰਬੰਧ ਹੀ ਹੋ ਸਕਦਾ ਹੈ ਜੋ ਸ਼ਹੀਦ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਉਸਾਰਨਾ ਚਾਹੁੰਦੇ ਸਨ।

ਉਨ੍ਹਾਂ ਸ਼ਹੀਦਾਂ ਦੇ ਸੁਪਨੇ ਪੂਰੇ ਕਰਨ ਲਈ ਹਰ ਦੇਸ਼ ਦੀ ਮਜ਼ਦੂਰ ਜਮਾਤ ਲਗਾਤਾਰ ਲੜਾਈਆਂ ਲੜ ਰਹੀ ਹੈ। ਹੁਣ ਲੋੜ ਹੈ ਕਿ ਇਸ ਯੁੱਧ ਨੂੰ ਹੋਰ ਪ੍ਰਚੰਡ ਕੀਤਾ ਜਾਵੇ। ਫ਼ੈਸਲਾ ਕੀਤਾ ਗਿਆ ਕਿ ਇਸ ਵਾਰ 23 ਮਾਰਚ ਦੇ ਸ਼ਹੀਦੀ ਦਿਵਸ ਦੀ ਯਾਦ ਨੂੰ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਜਾਵੇਗਾ। ਫ਼ੈਸਲੇ ਮੁਤਾਬਿਕ 23 ਮਾਰਚ ਨੂੰ ਗੁਰਦਾਸਪੁਰ, ਬਟਾਲਾ, ਕਲਾਨੌਰ, ਫ਼ਤਿਹਗੜ੍ਹ ਚੂੜੀਆਂ, ਸ੍ਰੀ ਹਰਗੋਬਿੰਦਪੁਰ ਸਾਹਿਬ ਤੇ ਹੋਰ ਕਈ ਥਾਵਾਂ 'ਤੇ ਵੱਡੇ-ਵੱਡੇ ਇਕੱਠ ਕਰਕੇ ਟਰੰਪ ਦੇ ਪੁਤਲੇ ਵੀ ਫੂਕੇ ਜਾਣਗੇ।

ਇਸ ਮੌਕੇ ਬਲਬੀਰ ਸਿੰਘ ਕੱਤੋਵਾਲ ਨੌਜਵਾਨ ਬੇਟੇ ਐਡਵੋਕੇਟ ਵਰਿੰਦਰ ਸਿੰਘ, ਗੁਰਮੀਤ ਸਿੰਘ ਪਾਹੜਾ ਦੇ ਨੌਜਵਾਨ ਬੇਟੇ ਕੁਲਵਿੰਦਰ ਸਿੰਘ ਸਰਾਂ ਅਤੇ ਰਣਜੀਤ ਸਿੰਘ ਆਦੀਆਂ ਵੱਲੋਂ ਅਮਰੀਕਾ ਤੇ ਇਜ਼ਰਾਈਲੀਆਂ ਹੱਥੋਂ ਸ਼ਹੀਦ ਹੋਣ ਵਾਲੀਆਂ 150 ਮਸੂਮ ਬੱਚੀਆਂ ਤੇ ਹੋਰ ਮਾਰੇ ਜਾ ਰਹੇ ਬੇਕਸੂਰ ਲੋਕਾਂ ਨੂੰ ਸ਼ਰਧਾਂਜਲੀ ਵੀ ਅਰਪਿਤ ਕੀਤੀ ਗਈ। ਮੀਟਿੰਗ ਵਿਚ ਬਲਰਾਜ ਸਿੰਘ ਬਟਾਲਾ, ਗੁਰਮੀਤ ਸਿੰਘ ਹਯਾਤ ਨਗਰ, ਅਜੀਤ ਸਿੰਘ ਤੇ ਹੋਰ ਬਹੁਤ ਸਾਰੇ ਆਗੂ ਵੀ ਹਾਜ਼ਰ ਸਨ।

# ਕਿਰਚ ਮਾਰ ਕੇ ਕੀਤਾ ਨੌਜਵਾਨ ਦਾ ਕਤਲ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ) -ਪਿੰਡ ਖੁਜਾਲਾ 'ਚ ਮਾਮੂਲੀ ਤਕਰਾਰ ਦੇ ਚਲਦਿਆਂ ਇੱਕ ਨੌਜਵਾਨ ਵੱਲੋਂ ਦੂਸਰੇ ਨੌਜਵਾਨ ਦੇ ਕਿਰਚ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਪਿੰਡ ਖੁਜਾਲਾ ਦੇ ਦੋ ਨੌਜਵਾਨਾਂ ਵਿੱਚ ਪੈਸਿਆਂ ਦੇ ਲੈਣ ਦੇਣ ਨੂੰ ਲੈ ਕੇ ਹੋਈ ਲੜਾਈ ਵਿੱਚ ਇੱਕ ਨੌਜਵਾਨ ਵੱਲੋਂ ਦੂਸਰੇ ਨੌਜਵਾਨ ਉੱਪਰ ਕਿਰਚ ਨਾਲ ਹਮਲਾ ਕਰ ਦਿੱਤਾ ਜਿਸ ਦੌਰਾਨ ਨੌਜਵਾਨ ਦੀ ਮੌਤ ਹੋ ਗਈ। ਪੁਲਸ ਚੌਂਕੀ ਉਧਨਵਾਲ ਦੇ ਇੰਚਾਰਜ ਏ ਐਸ ਆਈ ਸਤਨਾਮ ਸਿੰਘ ਨੇ ਦੱਸਿਆ ਕਿ ਜੋਬਨਜੀਤ ਸਿੰਘ ਪੁੱਤਰ ਲਖਬੀਰ ਸਿੰਘ ਵਾਸੀ ਖੁਜਾਲਾ ਨੇ ਹਰਮਨਪ੍ਰੀਤ ਸਿੰਘ ਉਰਫ ਬਬਲੂ ਪੁੱਤਰ ਗੁਰਮੇਜ ਸਿੰਘ ਵਾਸੀ ਪਿੰਡ ਖਜਾਲਾ ਕੋਲੋਂ ਕਰੀਬ ਤਿੰਨ ਤੋਂ ਚਾਰ ਹਜ਼ਾਰ ਰੁਪਏ ਲੈਣੇ ਸਨ। ਜਿਸ ਕਾਰਨ ਦੋਨਾਂ ਵਿੱਚ ਮਮੂਲੀ ਤਕਰਾਰ ਹੋ ਗਈ ਅਤੇ ਇਹ ਤਕਰਾਰ ਇੰਨੀ ਜ਼ਿਆਦਾ ਵਧ ਗਈ ਕਿ ਜੋਬਨਜੀਤ ਸਿੰਘ ਨੇ ਹਰਮਨਪ੍ਰੀਤ ਸਿੰਘ ਉਰਫ ਬਬਲੂ ਦੇ ਕਿਰਚ ਮਾਰ ਕੇ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਅਤੇ ਹਮਲਾਵਰ ਹਰਮਨਜੀਤ ਸਿੰਘ ਮੌਕੇ ਤੋਂ ਫਰਾਰ ਹੋ ਗਿਆ। ਏ ਐਸ ਆਈ ਨੇ ਅੱਗੇ ਦੱਸਿਆ ਕਿ ਦੋਨੋਂ ਨੌਜਵਾਨ ਇੱਕ ਹੀ ਪਿੰਡ ਦੇ ਹਨ ਅਤੇ ਪੁਲਸ ਦੇ ਵੱਲੋਂ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਦੇ ਲਈ ਬਟਾਲਾ ਸਿਵਲ ਹਸਪਤਾਲ ਵਿਖੇ ਭੇਜ ਦਿੱਤਾ ਹੈ। ਪੁਲਸ ਵੱਲੋਂ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸ਼ਹੀਦੀ ਦਿਵਸ ਨੂੰ ਸਾਮਰਾਜ ਵਿਰੋਧੀ ਤੇ ਕਾਲੇ ਕਾਨੂੰਨਾਂ ਵਿਰੋਧੀ ਦਿਵਸ ਵਜੋਂ ਮਨਾਵਾਂਗੇ : ਸੰਯੁਕਤ ਕਿਸਾਨ ਮੋਰਚਾ




ਪਠਾਨਕੋਟ (ਦਵਿੰਦਰ ਸਿੰਘ )-ਅੱਜ ਸੰਯੁਕਤ ਕਿਸਾਨ ਮੋਰਚੇ ਅਤੇ ਟ੍ਰੇਡ ਯੂਨੀਅਨਾਂ ਦੀ ਮੀਟਿੰਗ ਕਾ. ਬਲਵੰਤ ਘੋ ਦੀ ਪ੍ਰਧਾਨਗੀ ਹੇਠ ਕੁੱਲ ਹਿੰਦ ਕਿਸਾਨ ਸਭਾ ਦੇ ਦਫਤਰ ਗਾਂਧੀ ਚੌਕ ਪਠਾਨਕੋਟ ਵਿਖੇ ਹੋਈ। ਜਿਸ ਵਿਚ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕੇਵਲ ਕਾਲੀਆ, ਜਮਹੂਰੀ ਕਿਸਾਨ ਸਭਾ ਵੱਲੋਂ ਬਲਵੰਤ ਸਿੰਘ, ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਆਈ ਐਸ ਗੁਲਾਟੀ, ਸੀਟੂ ਵੱਲੋਂ ਕਾ. ਬਿਕਰਮਜੀਤ, ਸੀ ਟੀ ਯੂ ਵੱਲੋਂ ਕਾ. ਸ਼ਿਵ ਕੁਮਾਰ ਹਾਜ਼ਰ ਹੋਏ। ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਆਗੂਆਂ ਨੇ ਕਿਹਾ ਕਿ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ, ਸਖਦੇਵ ਦੇ ਸ਼ਹੀਦੀ ਦਿਵਸ 23 ਮਾਰਚ ਨੂੰ ਸ਼ਹੀਦੀ ਦਿਵਸ ਸਾਮਰਾਜੀ ਵਿਰੋਧੀ ਦਿਵਸ ਦੇ ਤੌਰ 'ਤੇ ਮਨਾਇਆ ਜਾਵੇਗਾ। ਜਿਸ ਵਿਚ ਸੰਯੁਕਤ ਕਿਸਾਨ ਮੋਰਚੇ ਅਤੇ ਟ੍ਰੇਡ ਯੂਨੀਅਨਾਂ ਦੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।

ਸ਼ਹੀਦ ਭਗਤ ਸਿੰਘ ਤੇ ਸਾਥੀਆਂ ਨੇ ਦੇਸ਼ ਦੀ ਬਰਤਾਨੀਆ ਸਾਮਰਾਜ ਕੋਲੋਂ ਅਜ਼ਾਦੀ ਲਈ ਲੰਬੀ ਜੱਦੋ ਜਹਿਦ ਕਰਦਿਆਂ ਸ਼ਹੀਦੀ ਦਿੱਤੀ। ਉਹ ਸਿਧਾਂਤਕ ਪੱਖੋ ਬਹੁਤ ਸਪਸ਼ਟ ਸਨ ਕਿ ਅਜ਼ਾਦੀ ਮਿਲਣ ਉਪਰੰਤ ਅਜਿਹਾ ਸਿਸਟਮ ਉਸਾਰਿਆ ਜਾਵੇਗਾ ਜਿਸ ਵਿਚ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨਹੀ ਹੋਵੇਗੀ। ਜਾਤਪਾਤ, ਧਰਮ ਦੇ ਅਧਾਰ ਤੇ ਇਲਾਕੇ ਜਾਂ ਭਾਸ਼ਾ ਦੇ ਅਧਾਰ 'ਤੇ ਕੋਈ ਵਿਤਕਰਾ ਨਹੀਂ ਹੋਵੇਗਾ। ਰਾਜ ਪ੍ਰਬੰਧ ਲੋਕ ਪੱਖੀ ਹੋਵੇਗਾ। ਉਸ ਦਿਨ ਰੋਡਵੇਜ਼ ਯੂਨੀਅਨ ਦੇ ਦਫਤਰ ਨਿਊ ਸ਼ਾਸਤਰੀ ਨਗਰ ਵਿਖੇ ਸੈਮੀਨਾਰ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਲੋਕ ਵਿਰੋਧੀ, ਕਿਸਾਨ ਅਤੇ ਮਜ਼ਦੂਰ ਵਿਰੋਧੀ ਮੋਦੀ ਸਰਕਾਰ ਵੱਲੋਂ ਬਣਾਏ ਕਾਲੇ ਕਾਨੂੰਨਾਂ 'ਤੇ ਵੀ ਚਰਚਾ ਕੀਤੀ ਜਾਵੇਗੀ। ਜਿਹਨਾ ਵਿੱਚ ਬਿਜਲੀ ਸੋਧ ਬਿੱਲ 2025, ਬੀਜ ਬਿੱਲ 2026, ਲੇਬਰ ਕੋਡ, ਮਨਰੇਗਾ ਦਾ ਨਾਂ ਬਦਲ ਕੇ ਬਣਾਇਆ ਕਾਨੂੰਨ ਸ਼ਾਮਲ ਹੈ।

ਸਾਰੇ ਕਾਨੂੰਨਾਂ ਨੂੰ ਬੁਲਾਰੇ ਸਪਸ਼ਟ ਕਰਨਗੇ ਕਿ ਇਹ ਕਾਨੂੰਨ ਲੋਕ ਵਿਰੋਧੀ ਕਿਵੇਂ ਹਨ। ਇਹਨਾ ਕਾਨੂੰਨਾਂ ਦੇ ਲਾਗੂ ਹੋਣ ਨਾਲ ਲੋਕਾਂ, ਕਿਸਾਨਾਂ ਮਜ਼ਦੂਰਾਂ ਨੂੰ ਕੀ ਨੁਕਸਾਨ ਹੋਵੇਗਾ। ਇਹ ਕਾਨੂੰਨ ਕਿਵੇਂ ਕਾਰਪੋਰੇਟ ਘਰਾਣਿਆਂ ਨੂੰ ਲਾਭ ਪੁਚਾਉਣ ਵਾਲੇ ਹਨ। ਦਲੀਲਾਂ ਸਹਿਤ ਸਾਬਤ ਕਰਨਗੇ। ਇਸ ਵਿੱਚ ਕਿਸਾਨ ਜਥੇਬੰਦੀਆਂ, ਟ੍ਰੇਡ ਯੂਨੀਅਨਾਂ ਦੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਹੋਣਗੇ।

# ਐਕਸਪਾਇਰੀ ਸਾਮਾਨ ਖ਼ਾਣ ਨਾਲ ਲੋਕ ਹੋ ਰਹੇ ਬਿਮਾਰ, ਸਿਹਤ ਵਿਭਾਗ ਨੂੰ ਖ਼ਬਰ ਨਹੀਂ



ਗੁਰਦਾਸਪੁਰ, (ਜਨਕ ਮਹਾਜਨ)-ਸਿਹਤ ਵਿਭਾਗ ਦੀ ਖਾਮੋਸ਼ੀ ਕਾਰਨ ਦੁਕਾਨਾਂ 'ਤੇ ਪੈਕਟਾਂ ਵਿਚ ਬੰਦ ਕੁਝ ਸਮਾਨ ਐਕਸਪਾਇਰੀ ਮਿਤੀ ਲੰਘਣ ਤੋਂ ਬਾਅਦ ਵੀ ਧੜੱਲੇ ਨਾਲ ਵਿਕ ਰਿਹਾ ਹੈ। ਇਸ ਮਿਆਦ ਪੁਗਾ ਚੁੱਕੇ ਸਮਾਨ ਨੂੰ ਖ਼ਾਣ ਨਾਲ ਲੋਕ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਸਿਹਤ ਵਿਭਾਗ ਵਲੋਂ ਕਦੀ ਕਦਾਈਂ ਖ਼ਾਨਾਪੂਰਤੀ ਲਈ ਕਾਰਵਾਈ ਕੀਤੀ ਜਾਂਦੀ ਹੈ ਪਰ ਫ਼ਿਰ ਬਾਅਦ ਵਿਚ ਇਹ ਕੰਮ ਨਿਰੰਤਰ ਜਾਰੀ ਰਹਿੰਦਾ ਹੈ। ਲੋਕਾਂ ਦਾ ਕਹਿਣਾ ਹੈ ਕਿ ਖਾਣ-ਪੀਣ ਵਾਲੀਆਂ ਚੀਜ਼ਾਂ 'ਤੇ ਐਕਸਪਾਇਰੀ ਮਿਤੀ ਲਿਖਣ ਦਾ ਕੀ ਫਾਇਦਾ ਜੇਕਰ ਇਨ੍ਹਾਂ ਬੰਦ ਪੈਕਟਾਂ ਅਤੇ ਬੋਤਲਾਂ ਨੂੰ ਸਮੇਂ-ਸਿਰ ਵਿਭਾਗ ਨੇ ਚੈਕ ਹੀ ਨਹੀਂ ਕਰਨਾ। ਇਹ ਸਾਰੀ ਜ਼ਿੰਮੇਵਾਰੀ ਸਿਹਤ ਵਿਭਾਗ ਦੇ ਅਧਿਕਾਰੀਆਂ ਦੀ ਬਨਦੀ ਹੈ। ਮਿਸਾਲ ਦੇ ਤੌਰ 'ਤੇ ਪਿੰਡਾਂ ਤੇ ਸ਼ਹਿਰਾਂ ਵਿਚ ਛੋਟੇ-ਵੱਡੇ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਦੇ ਅੰਦਰ ਅਤੇ ਬਾਹਰ ਖਾਣ-ਪੀਣ ਵਾਲੇ ਪੈਕਟ ਭੁਜੀਆ, ਕੁਰਕਰੇ, ਲੇਜ਼ ਆਦਿ ਲਗਾਏ ਹੁੰਦੇ ਹਨ ਜਿਨ੍ਹਾਂ ਉੱਪਰ ਬਣਨ ਅਤੇ ਐਕਸਪਾਇਰੀ ਮਿਤੀ ਲਿਖੀ ਹੁੰਦੀ ਹੈ। ਕਈ ਵਾਰ ਪੈਕਟ ਖਰੀਦਣ ਤੋਂ ਪਤਾ ਚੱਲਦਾ ਹੈ ਕਿ ਇਸ ਦੀ ਤਾਂ ਐਕਸਪਾਇਰੀ ਮਿਤੀ ਲੰਘ ਚੁੱਕੀ ਹੈ, ਇਸ ਦੇ ਬਾਵਜੂਦ ਦੁਕਾਨਦਾਰ ਧੜੱਲੇ ਨਾਲ ਅਜਿਹੇ ਬੰਦ ਪੈਕਟ ਅਤੇ ਬੋਤਲਾਂ ਵੇਚ ਰਹੇ ਹਨ।

ਬਹੁਤ ਘੱਟ ਸੁਣਨ ਅਤੇ ਅਖ਼ਬਾਰਾਂ ਵਿਚ ਪੜ੍ਹਨ ਨੂੰ ਮਿਲਦਾ ਹੈ ਕਿ ਇਸ ਮਹੀਨੇ ਗੁਰਦਾਸਪੁਰ ਸ਼ਹਿਰ ਅਤੇ ਪਿੰਡਾਂ ਵਿੱਚ ਕਿੰਨੇ ਖਾਣ ਪੀਣ ਵਾਲੀਆਂ ਚੀਜ਼ਾਂ ਦੇ ਨਮੂਨੇ ਲਏ ਗਏ ਅਤੇ ਕਿੰਨੇ ਫੇਲ੍ਹ ਹੋਏ। ਬੰਦ ਪੈਕਟਾਂ ਵੱਲ ਤਾਂ ਕਦੇ ਕਿਸੇ ਅਧਿਕਾਰੀ ਦਾ ਧਿਆਨ ਨਹੀਂ ਗਿਆ।

# ਵਿਦਿਆਰਥੀਆਂ ਨੇ ਮੈਗਾ ਰੋਜ਼ਗਾਰ ਮੇਲੇ 'ਚ ਨਾਮਵਰ ਕੰਪਨੀਆਂ 'ਚ ਹਾਸਲ ਕੀਤੀਆਂ ਨੌਕਰੀਆਂ




ਧਾਰੀਵਾਲ (ਮਨਦੀਪ ਵਿੱਕੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਵਿਦਿਆਰਥੀਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਸ੍ਰੀ ਕਲਗੀਧਰ ਨਿਵਾਸ, ਚੰਡੀਗੜ੍ਹ ਵਿਖੇ ਕਰਵਾਏ ਗਏ ਤੀਸਰੇ ਮੈਗਾ ਰੋਜ਼ਗਾਰ ਮੇਲੇ ਵਿੱਚ ਰੁਜ਼ਗਾਰ ਪ੍ਰਾਪਤ ਕਰਕੇ ਕਾਲਜ ਦਾ ਮਾਣ ਵਧਾਇਆ ਹੈ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਰਹਿਨੁਮਾਈ ਅਤੇ ਵਿੱਦਿਆ ਸਕੱਤਰ ਇੰਜੀ. ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ ਹੇਠ ਵਿਦਿਆਰਥੀਆਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਦੇ ਉਪਰਾਲੇ ਦੀ ਪੂਰਤੀ ਹਿੱਤ ਮੈਗਾ ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਗਿਆ। ਇਸ ਮੈਗਾ ਰੋਜ਼ਗਾਰ ਮੇਲੇ ਵਿੱਚ ਲਗਭਗ 25 ਨਾਮਵਰ ਕੰਪਨੀਆਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਬਾਬਾ ਅਜੈ ਸਿੰਘ ਖਾਲਸਾ ਕਾਲਜ ਦੇ 28 ਵਿਦਿਆਰਥੀਆਂ ਨੇ ਵੱਖ-ਵੱਖ ਕੰਪਨੀਆਂ ਵਿੱਚ ਇੰਟਰਵਿਊ ਦਿੱਤੀ, ਜਿਨ੍ਹਾਂ ਵਿੱਚੋਂ 21 ਵਿਦਿਆਰਥੀਆਂ ਨੇ ਇੰਟਰਵਿਊ ਪਾਸ ਕਰਕੇ ਨੌਕਰੀ ਹਾਸਲ ਕੀਤੀ। ਕਾਲਜ ਵਿਦਿਆਰਥੀਆਂ ਵਿੱਚੋਂ ਡਾ.ਆਈ.ਟੀ.ਐੱਮ ਪ੍ਰਾਈਵੇਟ ਲਿਮਟਿਡ ਕੰਪਨੀ ਵਿੱਚ 13, ਨਿੰਬੂਸ ਕੰਪਨੀ ਵਿੱਚ 1, ਵਰਧਮਾਨ ਸਟੀਲ ਇੰਡਸਟਰੀ ਵਿੱਚ 4, ਕੋਚਰ ਕੰਪਨੀ ਵਿੱਚ 2 ਅਤੇ ਐਕਸਿਸ ਬੈਂਕ ਵਿੱਚ 1 ਕੁੱਲ 21 ਵਿਦਿਆਰਥੀਆਂ ਨੇ ਨੌਕਰੀਆਂ ਪ੍ਰਾਪਤ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਪ੍ਰਿੰਸੀਪਲ ਸਾਹਿਬ ਨੇ ਨੌਕਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਤਾ -ਪਿਤਾ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅਜਿਹੇ ਰੋਜ਼ਗਾਰ ਮੇਲੇ ਵਿਦਿਆਰਥੀਆਂ ਨੂੰ ਆਪਣੇ ਪੈਰਾਂ ਤੇ ਖੜ੍ਹੇ ਹੋਣ ਅਤੇ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ। ਉਹਨਾਂ ਦੱਸਿਆ ਕਿ ਕਾਲਜ ਦੇ ਪਲੇਸਮੈਂਟ ਸੈੱਲ ਵੱਲੋਂ ਵਿਦਿਆਰਥੀਆਂ ਦਾ ਉਤਸ਼ਾਹ ਅਤੇ ਮਨੋਬਲ ਵਧਾਉਣ ਲਈ ਪੜ੍ਹਾਈ ਦੇ ਨਾਲ-ਨਾਲ ਇੰਟਰਵਿਊ ਸਕਿੱਲ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ। ਉਹਨਾਂ ਨੂੰ ਰਿਜ਼ਿਊਮ ਬਣਾਉਣ, ਈ-ਮੇਲ ਆਈ ਡੀ ਬਣਾਉਣ, ਆਪਸੀ ਵਿਚਾਰ- ਵਟਾਂਦਰਾ ਪੜ੍ਹਾਈ ਪੂਰੀ ਕਰਨ ਦੇ ਤੁਰੰਤ ਬਾਅਦ ਨੌਕਰੀ ਪ੍ਰਾਪਤ ਕਰਨ ਵਿੱਚ ਸਫ਼ਲ ਹੋ ਸਕਣ। ਪ੍ਰਿੰਸੀਪਲ ਸਾਹਿਬ ਨੇ ਕਾਲਜ ਪਲੇਸਮੈਂਟ ਅਫ਼ਸਰ ਡਾ. ਆਤਮਾ ਸਿੰਘ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਇੰਟਰਵਿਊ ਨਾਲ ਸਬੰਧਤ ਵੱਖ-ਵੱਖ ਪ੍ਰਕਿਰਿਆਵਾਂ ਲਈ ਤਿਆਰ ਕੀਤਾ। ਇਸ ਮੌਕੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਸਾਹਿਬਾਨ ਹਾਜ਼ਰ ਸਨ।

# ਸੀਮਾ ਸੋਢੀ ਨੇ ਮੇਰੀ ਰਸੋਈ ਯੋਜਨਾ ਸ਼ੁਰੂ ਕਰਨ ਲਈ ਮੁੱਖ ਮੰਤਰੀ ਦਾ ਕੀਤਾ ਧੰਨਵਾਦ

**ਅਟਾਰੀ (ਸਤਬੀਰ ਭੀਲ)**-ਕੌਮੀ ਖੁਰਾਕ ਸੁਰੱਖਿਆ ਐਕਟ (ਐਨ.ਐਫ.ਐਸ.ਏ.), 2013 ਦੇ ਰਜਿਸਟਰਡ ਲਾਭਪਾਤਰੀਆਂ ਲਈ ਸਹੂਲਤਾਂ ਦੇ ਵਿਸਥਾਰ ਦੇ ਉਦੇਸ਼ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਕੈਬਨਿਟ ਵੱਲੋਂ ਮੇਰੀ ਰਸੋਈ ਯੋਜਨਾ ਸ਼ੁਰੂ ਕਰਨ ਦੇ ਐਲਾਨ ਮਾਰਕੀਟ ਕਮੇਟੀ ਅਟਾਰੀ ਦੀ ਚੇਅਰਪਰਸਨ ਸੀਮਾ ਸੋਢੀ ਨੇ ਸਵਾਗਤ ਕੀਤਾ ਹੈ। ਚੇਅਰਪਰਸਨ ਸੀਮਾ ਸੋਢੀ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਦੇ ਹਰ ਲੋੜਵੰਦ ਪਰਵਾਰ ਲਈ ਖੁਰਾਕ ਤੇ ਪੋਸਣ ਸੁਰੱਖਿਆ ਨੂੰ ਯਕੀਨੀ ਬਣਾਉਣ ਸਬੰਧੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਲਾਭਪਾਤਰੀਆਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਉਸਾਰੂ ਪਹਿਲ ਕੀਤੀ ਹੈ।

ਉਨ੍ਹਾਂ ਦੱਸਿਆ ਕਿਹਾ ਕਿ ਸੂਬੇ ਵਿੱਚ ਐਨ.ਐਫ.ਐਸ.ਏ. ਅਧੀਨ 40 ਲੱਖ ਲਾਭਪਾਤਰੀ ਹਨ ਅਤੇ ਹੁਣ ਤੱਕ ਨੀਲੇ ਕਾਰਡ ਧਾਰਕ ਲਾਭਪਾਤਰੀਆਂ ਨੂੰ ਕਣਕ ਹੀ ਦਿੱਤੀ ਜਾਂਦੀ ਰਹੀ ਹੈ, ਪਰ ਮਾਨ ਸਰਕਾਰ ਵੱਲੋਂ ਮਨਜ਼ੂਰ ਕੀਤੀ ਗਈ 1 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੀ ਇਸ ਯੋਜਨਾ ਤਹਿਤ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਵੱਲੋਂ ਹਰ ਤਿੰਨ ਮਹੀਨਿਆਂ ਬਾਅਦ ਲਾਭਪਾਤਰੀਆਂ ਨੂੰ ਵਿਸ਼ੇਸ਼ ਰਾਸ਼ਨ ਕਿੱਟਾਂ ਪ੍ਰਦਾਨ ਕੀਤੀਆਂ ਜਾਣਗੀਆਂ। ਸੀਮਾ ਸੋਢੀ ਨੇ ਕਿਹਾ ਕਿ ਇਸ ਯੋਜਨਾ ਤਹਿਤ ਸੂਬਾ ਸਰਕਾਰ 40 ਲੱਖ ਪਰਵਾਰਾਂ ਨੂੰ ਫੂਡ ਕਿੱਟਾਂ ਪ੍ਰਦਾਨ ਕਰੇਗੀ। ਹਰੇਕ ਕਿੱਟ ਵਿੱਚ ਮਹੀਨਾਵਾਰ ਖਪਤ ਲਈ ਦੋ ਕਿਲੋ ਦਾਲ, ਦੋ ਕਿਲੋ ਖੰਡ, ਇੱਕ ਕਿਲੋ ਆਇਓਡੀਨ ਯੁਕਤ ਨਮਕ, 200 ਗ੍ਰਾਮ ਹਲਦੀ ਪਾਊਡਰ ਅਤੇ ਇੱਕ ਲੀਟਰ ਸਰ੍ਹੋਂ ਦਾ ਤੇਲ ਹੋਵੇਗਾ। ਇਹ ਫੂਡ ਕਿੱਟਾਂ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਤਹਿਤ ਯੋਗ ਲਾਭਪਾਤਰੀਆਂ ਨੂੰ ਪਹਿਲਾਂ ਵੰਡੀ ਜਾ ਰਹੀ ਕਣਕ ਤੋਂ ਵੱਖਰੇ ਤੌਰ 'ਤੇ ਪ੍ਰਦਾਨ ਕੀਤੀਆਂ ਜਾਣਗੀਆਂ।ਉਨ੍ਹਾਂ ਅੱਗੇ ਦੱਸਿਆ ਕਿ ਮਾਰਕਫੈੱਡ ਇਸ ਪਹਿਲਕਦਮੀ ਲਈ ਨੋਡਲ ਏਜੰਸੀ ਵਜੋਂ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਮਾਰਕਫੈੱਡ ਇਨ੍ਹਾਂ ਕਿੱਟਾਂ ਦੀ ਵੰਡ ਲਈ ਨੋਡਲ ਏਜੰਸੀ ਹੋਵੇਗੀ ਅਤੇ ਇਹ ਕਿੱਟਾਂ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਦੁਆਰਾ ਮੁਫਤ 'ਚ ਸਪਲਾਈ ਕੀਤੀਆਂ ਜਾਣਗੀਆਂ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਕੇਸ਼ ਕੁਮਾਰ ਰਾਜੂ ਘਰਿੰਡੀ, ਰਣਜੀਤ ਸਿੰਘ ਕਾਨਗੜ੍ਹ ਅਟਾਰੀ ਸ਼ਰਮਾ ਲਾਹੌਰੀ ਮੱਲ, ਗੁਰਦੇਵ ਸਿੰਘ ਸੋਨੀ ਖੰਨਾ, ਰਾਜਾ ਤਾਲ ਸਾਬਕਾ ਸਰਪੰਚ ਬਲਕਾਰ ਸਿੰਘ ਰਾਜਾ ਤਾਲ, ਸਰਪੰਚ ਤਰਸੇਮ ਸਿੰਘ ਰੋੜਾਂਵਾਲਾ ਖੁਰਦ, ਹਰਦੇਵ ਸਿੰਘ ਢਿੱਲੋਂ ਰੋੜਾ ਖੁਰਦ ਸਾਬਕਾ ਚੇਅਰਮੈਨ ਹਰਦੇਵ ਸਿੰਘ ਖਾਲਸਾ ਅਟਾਰੀ ਹਾਜ਼ਰ ਸਨ।

# ਬਾਰਸ਼ ਨਾਲ ਹੋਏ ਕਣਕ ਦੇ ਨੁਕਸਾਨ ਦਾ ਸਰਕਾਰ ਮੁਆਵਜ਼ਾ ਦੇਵੇ : ਸੋਹਲ



ਚੇਤਨਪੁਰਾ (ਸੁਖਵੰਤ ਚੇਤਨਪੁਰੀ )-ਬੇਮੌਸਮੀ ਬਰਸਾਤ ਅਤੇ ਝੱਖੜ ਨਾਲ ਕਣਕ ਦੀ ਫ਼ਸਲ ਦਾ ਕਾਫੀ ਨੁਕਸਾਨ ਹੋਇਆ ਹੈ, ਜਿਸ ਨਾਲ ਕਿਸਾਨਾਂ ਦੀਆਂ ਉਮੀਦਾਂ 'ਤੇ ਪਾਣੀ ਫਿਰ ਗਿਆ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਲਕਾਰ ਸਿੰਘ ਸੋਹਲ ਮੈਂਬਰ ਕਾਰਜਕਾਰਨੀ ਕਿਸਾਨ ਮੋਰਚਾ ਭਾਜਪਾ ਪੰਜਾਬ ਨੇ ਦੱਸਿਆ ਕਿ ਵੱਖ- ਵੱਖ ਪਿੰਡਾਂ ਜਿਵੇਂ ਕਿ ਰਡਾਲਾ, ਸੈਦੂਪੁਰਾ, ਧੌਲ ਕਲਾਂ, ਧੌਲ ਖੁਰਦ, ਕੋਟਲਾ ਦਲ ਸਿੰਘ, ਕੰਬੋ, ਖ਼ੈਰਾਬਾਦ ਪਿੰਡਾਂ ਦਾ ਆਪਣੇ ਸਾਥੀਆਂ ਰਾਜਿੰਦਰ ਸਿੰਘ ਸੰਧਾਵਾਲੀਆ, ਰਾਜਿੰਦਰ ਸਿੰਘ ਭੰਗੂ, ਅਜਾਇਬ ਸਿੰਘ ਧੌਲ ਕਲਾਂ, ਅੰਮ੍ਰਿਤਪਾਲ ਸਿੰਘ ਰਡਾਲਾ ਆਦਿ ਨਾਲ ਦੌਰਾ ਕਰਕੇ ਵੇਖਿਆ ਕਿ ਬਹੁਤੀਆਂ ਫਸਲਾਂ ਜ਼ਮੀਨ 'ਤੇ ਵਿਛ ਗਈਆਂ ਹਨ। ਜਿਸ ਦਾ ਕਿਸਾਨਾਂ ਨੂੰ ਬਹੁਤ ਜ਼ਿਆਦਾ ਨੁਕਸਾਨ ਹੋਇਆ ਹੈ। ਉਹਨਾਂ ਭਗਵੰਤ ਮਾਨ ਸਰਕਾਰ ਤੋਂ ਉਚਿਤ ਮੁਆਵਜ਼ੇ ਦੀ ਮੰਗ ਕੀਤੀ । ਸੋਹਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮਾਂ ਰਹਿੰਦੇ ਹੀ ਕਣਕ ਦੀ ਫ਼ਸਲ ਦੇ ਮੰਡੀਕਰਨ ਦਾ ਵੀ ਉਚਿਤ ਪ੍ਰਬੰਧ ਕੀਤਾ ਜਾਵੇ ਤਾਂ ਪੀੜਤ ਕਿਸਾਨਾਂ ਨੂੰ ਮੰਡੀਆਂ ਵਿੱਚ ਨਾ ਰੁਲਣਾ ਪਵੇ।

# ਮੁੱਖ ਮੰਤਰੀ ਤੀਰਥ ਯਾਤਰਾ ਜੋਗੋਵਾਲ ਜੱਟਾਂ ਤੇ ਆਲੋਵਾਲ ਤੋਂ ਰਵਾਨਾ

### * ਐਡਵੋਕੇਟ ਸੇਖਵਾਂ ਨੇ ਹਰੀ ਝੰਡੀ ਵਿਖਾ ਕੇ ਮੁੱਖ ਮੰਤਰੀ ਤੀਰਥ ਯਾਤਰਾ ਨੂੰ ਕੀਤਾ ਰਵਾਨਾ



ਧਾਰੀਵਾਲ (ਮਨਦੀਪ ਵਿੱਕੀ)- ਆਮ ਆਦਮੀ ਪਾਰਟੀ ਦੇ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕੇ ਦੇ ਪਿੰਡ ਜੋਗੋਵਾਲ ਜੱਟਾਂ ਤੇ ਆਲੋਵਾਲ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਸ਼ਰਧਾਲੂ ਹਾਜ਼ਰ ਸਨ। ਯਾਤਰਾ ਦੀ ਸਫਲਤਾ ਲਈ ਭਾਈ ਬਲਦੇਵ ਸਿੰਘ ਨਿਮਾਣਾ ਵੱਲੋਂ ਅਰਦਾਸ ਕੀਤੀ ਗਈ। ਇਸ ਮੌਕੇ ਐਡਵੋਕੇਟ ਨੇ ਕਿਹਾ ਕਿ ਇਹ ਯੋਜਨਾ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਸੁਵਿਧਾਜਨਕ ਢੰਗ ਨਾਲ ਕਰਵਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਪਹਿਲ ਨਾਲ ਨਾ ਸਿਰਫ਼ ਲੋਕਾਂ ਦੀਆਂ ਆਸਥਾਵਾਂ ਨੂੰ ਮਜ਼ਬੂਤੀ ਮਿਲਦੀ ਹੈ, ਸਗੋਂ ਸਮਾਜ ਵਿੱਚ ਏਕਤਾ ਅਤੇ ਸਾਂਝ ਨੂੰ ਵੀ ਹੋਰ ਮਜ਼ਬੂਤੀ ਮਿਲਦੀ ਹੈ। ਉਨ੍ਹਾਂ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ -ਏ- ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਇਹ ਮੁੱਖ ਮੰਤਰੀ ਤੀਰਥ ਯਾਤਰਾ ਨੂੰ ਲੈ ਕੇ ਸਮਾਜ ਦੇ ਹਰ ਵਰਗ ਵਿੱਚ ਖੁਸ਼ੀ ਪਾਈ ਜਾ ਰਹੀ ਹੈ।ਇਸ ਮੌਕੇ ਚੇਅਰਮੈਨ ਰਣਜੀਤ ਸਿੰਘ ਬਾਠ, ਮੁਖਦੇਵ ਸਿੰਘ ਆਲੋਵਾਲ ਜ਼ਿਲ੍ਹਾ ਮੀਡੀਆ ਇੰਚਾਰਜ ਗੁਰਦਾਸਪੁਰ, ਸਰਪੰਚ ਗੁਰਨਾਮ ਸਿੰਘ ਆਲੋਵਾਲ ਸਰਪੰਚ ਰਜਵੰਤ ਸਿੰਘ ਜੋਗੋਵਾਲ ਜੱਟਾਂ, ਸਰਪੰਚ ਅੰਮ੍ਰਿਤਪਾਲ ਸਿੰਘ ਬੱਲ, ਸਰਪੰਚ ਹਰਪਾਲ ਸਿੰਘ ਕੰਗ, ਬਲਾਕ ਸੰਮਤੀ ਮੈਂਬਰ ਮਾਲਕ ਸਿੰਘ ਉਰਫ ਬੰਟੀ ਛੋਟੇਪੁਰ, ਸਰਪੰਚ ਸੇਵਾ ਸਿੰਘ ਚੱਕ ਬੜ੍ਹੋਏ, ਬਲਾਕ ਪ੍ਰਧਾਨ ਹਰਪਾਲ ਸਿੰਘ ਚੱਕ ਬੜ੍ਹੋਏ, ਸੀਨੀਅਰ ਆਗੂ ਗੁਰਜੀਤ ਸਿੰਘ ਉਰਫ ਮਿੰਟਾ ਚੀਮਾ, ਸੀਨੀਅਰ ਆਗੂ ਬਲਦੇਵ ਸਿੰਘ ਨਿਮਾਣਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਸੇਰੋਂ ਬਾਘਾ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਭਲਕੇ

ਬਿਆਸ (ਪਰਮਜੀਤ ਸਿੰਘ ਰੱਖੜਾ)- ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਸ਼ੇਰੋਂ ਬਾਘਾ ਵਿਖੇ ਆਪ ਦੇ ਸੀਨੀਅਰ ਆਗੂ ਰਜਿੰਦਰ ਸਿੰਘ ਸਹੋਤਾ ਅਤੇ ਸਮਾਜ ਸੇਵੀ ਸੁਖਵਿੰਦਰ ਸਿੰਘ ਮੱਤੇਵਾਲ ਦੇ ਯਤਨਾਂ ਸਦਕਾ 20 ਮਾਰਚ ਨੂੰ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਕੈਂਪ ਲਗਾਇਆ ਜਾ ਰਿਹਾ ਹੈ। ਰਜਿੰਦਰ ਸਿੰਘ ਸਹੋਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਖਾਂ ਦਾ ਜਾਂਚ ਕੈਂਪ ਡਾ. ਓਮ ਪ੍ਰਕਾਸ਼ ਆਈ ਹਸਪਤਾਲ ਅੰਮ੍ਰਿਤਸਰ ਵੱਲੋਂ ਲਗਾਇਆ ਜਾਵੇਗਾ ਅਤੇ ਐਡਵੋਕੇਟ ਦਲਬੀਰ ਸਿੰਘ ਬੇਦੀ ਅਤੇ ਉਹਨਾਂ ਦੇ ਸਾਥੀ ਵਕੀਲਾਂ ਵਲੋਂ ਲੋਕਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਜਾਣਕਾਰੀ ਦੇਣ ਲਈ ਕੈਂਪ ਲਗਾਇਆ ਜਾਵੇਗਾ। ਇਹ ਕੈਂਪ ਪਿੰਡ ਸ਼ੇਰੋਂ ਬਾਘਾ ਦੇ ਇਤਿਹਾਸਿਕ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਵਿਖੇ ਲਗਾਇਆ ਜਾਵੇਗਾ। ਇਸ ਕੈਂਪ ਮੌਕੇ ਪਿੰਡ ਵਿੱਚ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਪੌਦੇ ਵੀ ਲਗਾਏ ਜਾਣਗੇ ।

*ਸੰਤ ਨਿਰੰਕਾਰੀ ਸਤਿਸੰਗ ਭਵਨ (ਰਈਆ) ਅੰਮ੍ਰਿਤਸਰ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਨਜ਼ਰ ਆ ਰਹੇ ਹਨ ਜ਼ੋਨਲ ਇੰਚਾਰਜ ਰਾਕੇਸ਼ ਸੇਠੀ, ਸੰਯੋਜਕ ਭਾਈ ਅਵਤਾਰ ਸਿੰਘ, ਰਈਆ ਦੇ ਪ੍ਰਮੁੱਖ ਬਲਦੇਵ ਸਿੰਘ, ਸੰਚਾਲਕ ਮਨਿੰਦਰ ਸਿੰਘ ਮਿੰਟੂ, ਨਵਦੀਪ ਸਿੰਘ, ਰਵਿੰਦਰ ਰੂਬੀ, ਡਾਕਟਰ ਕੁਲਵਿੰਦਰ ਸਿੰਘ ਤੇ ਹੋਰ। (ਫੋਟੋ ਤੇ ਵੇਰਵਾ-ਪਰਮਜੀਤ ਸਿੰਘ ਰੱਖੜਾ)*




# ਬਟਾਲਾ ਵਿਖੇ ਟ੍ਰੇਡਰਜ਼ ਕਮਿਸ਼ਨ ਤਹਿਤ ਵਪਾਰੀਆਂ ਤੇ ਦੁਕਾਨਦਾਰਾਂ ਨਾਲ ਮੀਟਿੰਗ



ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ ਵੱਲੋਂ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਵਪਾਰੀਆਂ ਨਾਲ ਮੀਟਿੰਗਾਂ ਕਰਨ ਦੀ ਯੋਜਨਾ ਤਹਿਤ ਬਟਾਲਾ ਵਿਖੇ ਡੇਰਾ ਬਾਬਾ ਨਾਨਕ ਰੋਡ ਦੇ ਬਜ਼ਾਰ ਵਿੱਚ ਮੀਟਿੰਗ ਕੀਤੀ ਗਏ, ਜਿਸ ਵਿੱਚ ਚੇਅਰਮੈਨ ਚਰਨਜੀਤ ਸਿੰਘ ਪਾਰੋਵਾਲ, ਚੇਅਰਮੈਨ ਯਸ਼ਪਾਲ ਚੌਹਾਨ, ਅ. ਕਲਸੀ, ਚੇਅਰਮੈਨ ਮਾਨਿਕ ਮਹਿਤਾ, ਤਹਿਸੀਲਦਾਰ ਅਰਜਨ ਸਿੰਘ ਗਰੇਵਾਲ ਸਮੇਤ ਦੁਕਾਨਦਾਰ ਅਤੇ ਵਪਾਰ ਮੰਡਲ ਦੀਆਂ ਵੱਖ-ਵੱਖ ਸ਼ਖ਼ਸੀਅਤਾਂ ਮੌਜੂਦ ਸਨ। ਇਸ ਮੌਕੇ ਸੰਬੋਧਨ ਕਰਦਿਆਂ ਬਟਾਲਾ ਵਿਧਾਨ ਸਭਾ ਹਲਕੇ ਦੇ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਚਰਨਜੀਤ ਸਿੰਘ ਪਾਰੋਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਵਪਾਰੀਆਂ, ਦੁਕਾਨਦਾਰਾਂ ਤੇ ਉੱਦਮੀਆਂ ਲਈ ਕਾਰੋਬਾਰੀ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਦੇ ਉਦੇਸ਼ ਨਾਲ ਪੰਜਾਬ ਟਰੇਡ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਪਹਿਲਕਦਮੀ ਪੰਜਾਬ ਦੀ ਆਰਥਿਕਤਾ ਨੂੰ ਚਲਾਉਣ ਵਾਲੇ ਲੋਕਾਂ ਲਈ ਪ੍ਰਸ਼ਾਸਨ ਨੂੰ ਵਧੇਰੇ ਪਹੁੰਚਯੋਗ ਅਤੇ ਜਵਾਬਦੇਹ ਬਣਾਉਣ ਦੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾ ਕਿਹਾ ਕਿ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਹਲਕੇ ਦੇ ਵਪਾਰੀਆਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਵਚਨਬੱਧ ਹਨ ਅਤੇ ਸਰਕਾਰ ਵਲੋਂ ਵੱਡੀ ਪਹਿਲਕਦਮੀ ਕਰਦਿਆਂ ਵਪਾਰੀਆਂ/ਦੁਕਾਨਦਾਰਾਂ ਤੱਕ ਪਹੁੰਚ ਕੇ ਉਨ੍ਹਾਂ ਮੁਸ਼ਕਿਲਾਂ ਸੁਣਕੇ ਹੱਲ ਕਰਵਾਈਆਂ ਜਾ ਰਹੀਆਂ ਹਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਯਸ਼ਪਾਲ ਚੌਹਾਨ ਅਤੇ ਮਾਨਿਕ ਮਹਿਤਾ ਨੇ ਕਿਹਾ ਪੰਜਾਬ ਸਰਕਾਰ ਹਰ ਪੱਖੋਂ ਵਪਾਰੀ ਵਰਗ ਦੀ ਭਲਾਈ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ ਹੈ ਅਤੇ ਵਪਾਰ ਨੂੰ ਹੋਰ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਵਪਾਰੀ ਕਮਿਸ਼ਨ ਦੀ ਮੀਟਿੰਗ ਵਿੱਚ ਵਪਾਰੀਆਂ/ਦੁਕਾਨਦਾਰਾਂ ਵਲੋਂ ਆਪਣੀਆਂ ਵੱਖ ਵੱਖ ਮੁਸ਼ਕਿਲਾਂ ਦੱਸੀਆਂ ਗਈਆਂ ਹਨ, ਜਿਨ੍ਹਾਂ ਨੂੰ ਸਬੰਧਤ ਵਿਭਾਗਾਂ ਵਲੋਂ ਸਮਾਂਬੱਧ ਢੰਗ ਨਾਲ ਹੱਲ ਕਰਵਾਈਆਂ ਜਾਣਗੀਆਂ।

ਇਸ ਮੌਕੇ ਯੁਵਰਾਜ ਸਿੰਘ, ਸ਼ੁਭਦੀਪ ਸਿੰਘ ਈ. ਟੀ.ਓ.ਜੀ. ਐਸ.ਟੀ. ਬਟਾਲਾ, ਵਿਸ਼ਾਲ ਵਰਮਾ, ਸਹਾਇਕ ਕਿਰਤ ਕਮਿਸ਼ਨਰ, ਬਟਾਲਾ, ਮੈਂਬਰ ਰਜਿੰਦਰ ਸ਼ਰਮਾ, ਸੰਦੀਪ ਗੋਇਲ, ਮਨੀਸ਼ ਖੋਸਲਾ, ਰਕੇਸ਼ ਮਹਿਤਾ, ਹਰਦੇਵ ਸਿੰਘ ਨਾਗੀ, ਤਰੀਭਵਨ ਸਿੰਘ ਲੂੰਬਾ, ਹਰਸ਼ਰਨ ਸਿੰਘ ਬਾਵਾ, ਮਨਦੀਪ ਸਿੰਘ, ਜਤਿੰਦਰ ਸੇਮੀ, ਨਵਨੀਤ ਖੋਸਲਾ, ਧੀਰਜ ਵਰਮਾ, ਰਜੇਸ਼ ਕੁਮਾਰ ਸਹਾਇਕ ਖੁਰਾਕ ਅਤੇ ਸਪਲਾਈ ਅਫਸਰ ਬਟਾਲਾ , ਰਣਧੀਰ ਕੁਮਾਰ ਐਸ.ਡੀ.ਓ.ਉਪ ਮੰਡਲ ਅਫਸਰ ਪੀ.ਐਸ.ਪੀ.ਸੀ.ਐਲ.ਬਟਾਲਾ, ਪਲਵਿੰਦਰ ਸਿੰਘ ਸੁਪਰੀਡੈਂਟ ਸਹਾਇਕ ਕਮਿਸ਼ਨਰ ਨਗਰ ਨਿਗਮ ਬਟਾਲਾ, ਸ਼੍ਰੀ ਮਤੀ ਰੇਖਾ ਸ਼ਰਮਾ ਫੂਡ ਸੇਫਟੀ ਅਫਸਰ ਗੁਰਦਾਸਪੁਰ ਆਦਿ ਮੌਜੂਦ ਸਨ।

# ਭਗਤ ਪੂਰਨ ਸਿੰਘ ਆਦਰਸ਼ ਹਾਈ ਸਕੂਲ ਬੁੱਟਰ ਕਲਾਂ ਦਾ ਸਾਲਾਨਾ ਨਤੀਜਾ ਸ਼ਾਨਦਾਰ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਵੱਲੋਂ ਚਲਾਏ ਜਾ ਰਹੇ ਭਗਤ ਪੂਰਨ ਸਿੰਘ ਆਦਰਸ਼ ਹਾਈ ਸਕੂਲ ਬੁੱਟਰ ਕਲਾਂ ਦਾ ਸਲਾਨਾ ਨਤੀਜਾ ਐਲਾਨਿਆ ਗਿਆ। ਜਿਸ ਵਿੱਚ ਸਭ ਤੋਂ ਪਹਿਲਾਂ ਪ੍ਰੋਗਰਾਮ ਦੀ ਸ਼ੁਰੂਆਤ ਧਾਰਮਿਕ ਸ਼ਬਦ ਦੇ ਨਾਲ ਸ਼ੁਰੂਆਤ ਕੀਤੀ ਗਈ ।

ਇਸ ਮੌਕੇ ਸਕੂਲ ਦੇ ਅਧਿਆਪਕਾਂ ਵੱਲੋਂ ਅਤੇ ਪਿੰਗਲਵਾੜਾ ਸੰਸਥਾ ਤੋਂ ਆਈ ਹੋਈ ਇੱਕ ਟੀਮ ਨੇ ਨੁੱਕੜ ਨਾਟਕ ਰਾਹੀਂ ਬੱਚਿਆਂ ਨੂੰ ਵਾਤਾਵਰਨ ਦੀ ਸੰਭਾਲ ਪ੍ਰਤੀ ਜਾਗਰੂਕ ਕੀਤਾ। ਸਲਾਨਾ ਇਮਤਿਹਾਨਾਂ ਵਿੱਚ ਪਹਿਲੇ ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਬੱਚਿਆਂ ਨੂੰ ਪਿੰਗਲਵਾੜਾ ਸੰਸਥਾ ਦੇ ਮੁੱਖ ਪ੍ਰਸ਼ਾਸਕ ਯੋਗੇਸ਼ ਸੂਰੀ ਅਤੇ ਸਕੂਲ ਦੇ ਮੁੱਖ ਅਧਿਆਪਕਾ ਲਖਵਿੰਦਰ ਕੌਰ ਵੱਲੋਂ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕਾ ਲਖਵਿੰਦਰ ਕੌਰ ਵੱਲੋਂ ਬੱਚਿਆਂ ਦੀ ਹੌਸਲਾ ਅਫਜ਼ਾਈ ਲਈ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੱਲ ਵੀ ਜੁੜਨ ਲਈ ਪ੍ਰੇਰਿਤ ਕੀਤਾ ਗਿਆ ਅਤੇ ਨਾਲ ਹੀ ਸਕੂਲ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਉਹਨਾਂ ਵੱਲੋਂ ਆਏ ਹੋਏ ਸਕੂਲੀ ਵਿਦਿਆਰਥੀਆਂ ਦੇ ਮਾਤਾ-ਪਿਤਾ ਦਾ ਸਕੂਲ ਪਹੁੰਚਣ 'ਤੇ ਧੰਨਵਾਦ ਕੀਤਾ ਗਿਆ ਅਤੇ ਸਮੂਹ ਵਿਦਿਆਰਥੀਆਂ ਨੂੰ ਇਸ ਨਤੀਜੇ ਦੀ ਵਧਾਈ ਦਿੱਤੀ ਗਈ। ਆਪਣੇ ਵਾਤਾਵਰਣ ਨੂੰ ਬਚਾਉਣ ਲਈ ਆਪਣੇ ਆਲੇ ਦੁਆਲੇ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਪਿੰਡ ਬੁੱਟਰ ਕਲਾਂ ਦੇ ਸਰਪੰਚ ਦੇ ਪਤੀ ਆਪ ਆਗੂ ਗੁਰਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਐਲਾਨੇ ਗਏ ਨਤੀਜੇ 'ਤੇ ਸਮੂਹ ਸਕੂਲ ਪ੍ਰਬੰਧਕਾਂ ਅਤੇ ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ। ਇਸ ਮੌਕੇ ਸਕੂਲ ਪ੍ਰਿੰਸੀਪਲ ਲਖਵਿੰਦਰ ਕੌਰ ਤੋਂ ਇਲਾਵਾ ਕਵਲਜੀਤ ਕੌਰ, ਪ੍ਰਿਤਪਾਲ ਕੌਰ, ਨੂਤਨ ਕੋਹਲੀ, ਹਰਪ੍ਰੀਤ ਸਿੰਘ, ਮਨਮੋਹਨ ਕੁਮਾਰ ਗੁਪਤਾ, ਸ਼ਵੇਤਾ ਕਾਲੀਆ, ਪ੍ਰੋਮਿਲਾ ਕੁਮਾਰੀ, ਰੇਖਾ ਮਹਾਜਨ, ਰਜੇਸ਼ ਭਾਟੀਆ, ਸਮੂਹ ਸਕੂਲ ਦੇ ਸਟਾਫ ਮੈਂਬਰ, ਵਿਦਿਆਰਥੀ ਅਤੇ ਉਹਨਾਂ ਦੇ ਮਾਤਾ-ਪਿਤਾ ਹਾਜ਼ਰ ਸਨ।

# ਸਿਹਤ ਸੰਭਾਲ 'ਚ ਪਲਾਸਟਿਕ ਦੀ ਵਰਤੋਂ ਤੇ ਰਹਿੰਦ-ਖੂੰਹਦ ਦੇ ਪ੍ਰਬੰਧਨ ਵਿਸ਼ੇ 'ਤੇ ਲੈਕਚਰ



**ਝਬਾਲ (ਹਰਜਿੰਦਰ ਸਿੰਘ ਸੋਨੀ)** : ਅੰਮ੍ਰਿਤਸਰ ਇੰਸਟੀਚਿਊਟ ਆਫ ਪੈਰਾ-ਮੈਡੀਕਲ ਸਾਇੰਸਜ਼ (ਏ ਆਈ ਪੀ) ਐੱਸ ਅਤੇ ਅੰਮ੍ਰਿਤਸਰ ਕਾਲਜ ਆਫ ਨਰਸਿੰਗ (ਏ ਸੀ ਐਨ) ਵੱਲੋਂ ਕਾਲਜ ਖੈਰਦੀ ਵਿਖੇ ਕੈਂਪਸ ਵਿੱਚ ਇੱਕ ਵਿਸ਼ੇਸ਼ ਗੈਸਟ ਲੈਕਚਰ ਦਾ ਆਯੋਜਨ ਕੀਤਾ ਗਿਆ।ਇਸ ਲੈਕਚਰ ਦਾ ਵਿਸ਼ਾ ਸਿਹਤ ਪ੍ਰਣਾਲੀਆਂ ਵਿੱਚ ਪਲਾਸਟਿਕ ਦੀ ਵਰਤੋਂ ਅਤੇ ਰਹਿੰਦ-ਖੂੰਹਦ ਦਾ ਪ੍ਰਬੰਧ ਕੀਤਾ ਜਾਵੇ।

ਇਸ ਮੌਕੇ ਮੁੱਖ ਬੁਲਾਰੇ ਵਜੋਂ ਸੀ ਆਈ ਪੀ ਈ ਟੀ:ਸੀ ਐਸ ਪੀ ਐਸ ਅੰਮ੍ਰਿਤਸਰ ਤੋਂ ਡਾ.ਪਿਊਸ਼ ਕੁਮਾਰ (ਟੈਕਨੀਕਲ ਅਫ਼ਸਰ), ਸ਼੍ਰੀ ਬਲਦੇਵ ਕ੍ਰਿਸ਼ਨ (ਸਹਾਇਕ ਟੈਕਨੀਕਲ ਅਫ਼ਸਰ) ਅਤੇ ਸ਼੍ਰੀ ਸਚਿਨ ਕੁਮਾਰ (ਤਕਨੀਕੀ ਸਹਾਇਕ) ਸ਼ਾਮਲ ਹੋਏ।

ਇਸ ਮੌਕੇ ਬੋਲਦਿਆਂ ਡਾ.ਨਿਪੁਨ ਪਾਸੀ ਨੇ ਕਿਹਾ ਕਿ ਅਜਿਹੇ ਸੈਸ਼ਨ ਵਿਦਿਆਰਥੀਆਂ ਦੇ ਵਿਹਾਰਕ ਗਿਆਨ ਵਿੱਚ ਵਾਧਾ ਕਰਦੇ ਹਨ। ਉਨ੍ਹਾਂ ਕਿਹਾ, ਸਾਡਾ ਉਦੇਸ਼ ਵਿਦਿਆਰਥੀਆਂ ਨੂੰ ਸਿਰਫ ਕਿਤਾਬੀ ਗਿਆਨ ਤੱਕ ਸੀਮਤ ਰੱਖਣਾ ਨਹੀਂ,ਸਗੋਂ ਉਨ੍ਹਾਂ ਨੂੰ ਮੈਡੀਕਲ ਉਦਯੋਗ ਦੀਆਂ ਚੁਣੌਤੀਆਂ ਅਤੇ ਵਾਤਾਵਰਣ ਦੀ ਜ਼ਿੰਮੇਵਾਰੀ ਬਾਰੇ ਵੀ ਸੁਚੇਤ ਕੀਤਾ ਗਿਆ।ਡਾ.ਸੰਦੀਪ ਸਿੰਘ (ਪ੍ਰੋਫੈਸਰ ਅਤੇ ਪ੍ਰਿੰਸੀਪਲ) ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੈਰਾਮੈਡੀਕਲ ਅਤੇ ਨਰਸਿੰਗ ਦੇ ਵਿਦਿਆਰਥੀਆਂ ਲਈ ਮੈਡੀਕਲ ਰਹਿੰਦ-ਖੂੰਹਦ ਦਾ ਵਿਗਿਆਨਕ ਪ੍ਰਬੰਧਨ ਸਿੱਖਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਅੱਗੇ ਕਿਹਾ, ਪਲਾਸਟਿਕ ਮੈਡੀਕਲ ਖੇਤਰ ਦਾ ਇੱਕ ਅਨਿੱਖੜਵਾਂ ਅੰਗ ਹੈ,ਪਰ ਇਸ ਦੀ ਸੈਂਸੀਬਲ (ਸੂਝ-ਬੂਝ ਨਾਲ)ਵਰਤੋਂ ਹੀ ਸਾਨੂੰ ਇੱਕ ਸੁਰੱਖਿਅਤ ਭਵਿੱਖ ਵੱਲ ਲੈ ਕੇ ਜਾ ਸਕਦੀ ਹੈ। ਵਿਦਿਆਰਥੀਆਂ ਨੂੰ ਇਸ ਦੇ ਲੁਕਵੇਂ ਤੱਥਾਂ ਨੂੰ ਸਮਝ ਕੇ ਪੇਸ਼ੇਵਰ ਜ਼ਿੰਦਗੀ ਵਿੱਚ ਅਪਣਾਉਣਾ ਚਾਹੀਦਾ ਹੈ। ਡਾ. ਪਿਊਸ਼ ਕੁਮਾਰ ਨੇ ਵਿਦਿਆਰਥੀਆਂ ਨੂੰ ਮੈਡੀਕਲ ਵੇਸਟ ਸੈਗਰੀਗੇਸ਼ਨ ਅਤੇ ਰੀਸਾਈਕਲਿੰਗ ਦੀਆਂ ਨਵੀਨਤਮ ਤਕਨੀਕਾਂ ਬਾਰੇ ਦੱਸਿਆ। ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ ਅਤੇ ਆਏ ਮਾਹਿਰਾਂ ਨੂੰ ਸਨਮਾਨਿਤ ਕੀਤਾ ਗਿਆ।

# ਨਵਾਂ ਪਿੰਡ ਬਹਾਦਰ ਮੋੜ 'ਤੇ ਡਿੱਗਾ ਰੁੱਖ ਦੇ ਰਿਹਾ ਹਾਦਸਿਆਂ ਨੂੰ ਸੱਦਾ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਦੇ ਨਵਾਂ ਪਿੰਡ ਬਹਾਦਰ ਦੇ ਮੋੜ 'ਤੇ ਕਾਫੀ ਲੰਬੇ ਸਮੇਂ ਤੋਂ ਸੜਕ ਵੱਲ ਵਣ ਵਿਭਾਗ ਦਾ ਰੁੱਖ ਡਿੱਗਾ ਪਿਆ ਹੈ ਜੋ ਕਿਸੇ ਸਮੇਂ ਵੀ ਕਿਸੇ ਘਟਨਾ ਨੂੰ ਅੰਜਾਮ ਦੇ ਸਕਦਾ ਹੈ। ਇਲਾਕਾ ਵਾਸੀਆਂ ਦੱਸਿਆ ਕਿ ਇਹ ਰੁਖ ਡਿੱਗੇ ਨੂੰ 6 ਮਹੀਨਿਆਂ ਤੋਂ ਉੱਪਰ ਹੋ ਚੁੱਕਿਆ ਹੈ ਅਤੇ ਲੋਕਾਂ ਨੇ ਆਪਣੇ ਪੱਧਰ 'ਤੇ ਵੱਢ ਟੁੱਕ ਕੇ ਰਸਤਾ ਬਹਾਲ ਕੀਤਾ ਸੀ, ਜਦੋਂ ਕਿ ਮਹਿਕਮੇ ਨੇ ਅਜੇ ਤੀਕ ਇਸ ਰੁੱਖ ਨੂੰ ਨਹੀਂ ਚੁੱਕਿਆ ਜਿਸ ਕਰਕੇ ਇਲਾਕੇ ਦੇ ਲੋਕਾਂ ਦਾ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਸ ਰੁੱਖ ਨੂੰ ਚੁਕਵਾਉਣ ਵਾਸਤੇ ਮਹਿਕਮੇ ਦੇ ਅਧਿਕਾਰੀਆਂ ਨੂੰ ਸੂਚਿਤ ਵੀ ਕੀਤਾ ਗਿਆ ਹੈ। ਉਹ ਇਸ ਨੂੰ ਉਠਾਉਣ ਦੀ ਬਿਲਕੁਲ ਜਹਿਮਤ ਨਹੀਂ ਕਰ ਰਹੇ। ਉਨ੍ਹਾਂ ਦੱਸਿਆ ਕਿ ਹਨੇਰੀ ਰਾਤ ਵਿੱਚ ਇਹ ਰੁੱਖ ਵੱਡੇ ਹਾਦਸੇ ਦਾ ਕਾਰਨ ਬਣ ਕੇ ਲੋਕਾਂ ਦਾ ਜਾਨੀ ਮਾਲੀ ਨੁਕਸਾਨ ਵੀ ਕਰ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੇ ਰੁੱਖ ਸੜਕਾਂ 'ਤੇ ਕਾਫੀ ਡਿੱਗੇ ਹੋਏ ਹਨ ਜੋ ਲੋਕਾਂ ਲਈ ਘਾਤਕ ਸਿੱਧ ਹੋ ਰਹੇ ਹਨ। ਉਨ੍ਹਾਂ ਨੇ ਵਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਗਈ ਨਵਾਂ ਪਿੰਡ ਬਹਾਦਰ ਦੀ ਸੜਕ 'ਤੇ ਡਿੱਗੇ ਰੁੱਖਾਂ ਨੂੰ ਫੌਰੀ ਤੌਰ 'ਤੇ ਉਠਾਇਆ ਜਾਵੇ ਜਿਸ ਨਾਲ ਲੋਕਾਂ ਨੂੰ ਆ ਰਹੀ ਮੁਸ਼ਕਿਲ ਤੋਂ ਨਿਜਾਤ ਮਿਲ ਸਕੇ।

# ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਸਮੂਹ ਸੁਖਮਨੀ ਸੇਵਾ ਸੁਸਾਇਟੀਆਂ ਵੱਲੋਂ ਗੁਰਮਤਿ ਸਮਾਗਮ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਹੇਠ ਗੁਰਦੁਆਰਾ ਮੱਲ ਅਖਾੜਾ ਪਾ: ਛੇਵੀਂ ਅਤੇ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਜੀ ਵਿਖੇ ਗੁਰੂ ਤੇਗ਼ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ, ਭਾਈ ਤਾਰਾ ਸਿੰਘ ਵਾਂ ਦੇ 300 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਅਕਾਲੀ ਬਾਬਾ ਫੂਲਾ ਸਿੰਘ ਦੀ ਸ਼ਹੀਦੀ ਦੀ 203ਵੀਂ ਸਲਾਨਾ ਬਰਸੀ ਸਮਾਗਮ ਨੂੰ ਸਮਰਪਿਤ ਸਮੂਹ ਸੁਖਮਨੀ ਸੇਵਾ ਸੁਸਾਇਟੀਆਂ ਦੇ ਬੀਬੀਆਂ ਦੇ ਜਥਿਆਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਜਾਪ ਤੇ ਸ਼ਬਦ ਕੀਰਤਨ ਸਮੂਹਿਕ ਤੌਰ ਤੇ ਕੀਤੇ ਗਏ। ਇਸ ਸਮੇਂ ਗਿ. ਸਤਵੰਤ ਸਿੰਘ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ ਨੇ ਅਰਦਾਸ ਕੀਤੀ ਅਤੇ ਕਥਾ ਸੰਗਤ ਨੂੰ ਸਰਵਨ ਕਰਵਾ ਕੇ ਗੁਰ ਇਤਿਹਾਸ ਬਾਰੇ ਚਾਨਣਾ ਪੁਆਇਆ।

ਬੁੱਢਾ ਦਲ ਦੇ ਮੈਨੇਜਰ ਸ. ਪਰਮਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਪ੍ਰੇਰਨਾ ਸਕਦਾ ਅੱਜ ਅਸੀ ਆਪਣੇ ਗੁਰੂਆਂ, ਮਹਾਪੁਰਸ਼ਾਂ ਦੇ ਸ਼ਹੀਦੀ ਦਿਹਾੜੇ ਗੁਰਦੁਆਰਾ ਮੱਲ ਅਖਾੜਾ ਪਾ: ਛੇਵੀਂ ਅਤੇ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਜੀ ਵਿਖੇ ਮਨਾ ਰਹੇ ਹਾਂ। ਸ. ਬਾਜਵਾ ਨੇ ਸੰਗਤਾਂ ਨੂੰ ਸਬੋਧਨ ਕਰਦਿਆਂ ਕਿਹਾ ਕਿ ਦੁਨੀਆਂ ਦੇ ਧਾਰਮਿਕ ਇਤਿਹਾਸ ਵਿੱਚ ਜਿੱਥੇ ਗੁਰ-ਇਤਿਹਾਸ ਆਪਣੇ-ਆਪ ਵਿੱਚ ਇੱਕ ਵਿਲੱਖਣ ਤੇ ਗੌਰਵਮਈ ਗਾਥਾਵਾਂ ਨਾਲ ਭਰਪੂਰ ਹੈ, ਉੱਥੇ ਸਿੱਖ ਇਤਿਹਾਸ ਵੀ ਅਦੁੱਤੀ ਤੇ ਬੇਮਿਸਾਲ ਕੁਰਬਾਨੀਆਂ ਅਤੇ ਸ਼ਹਾਦਤਾਂ ਨਾਲ ਸਿਰਜਿਆ ਹੋਇਆ ਹੈ। ਸਿੱਖ ਇਤਿਹਾਸ ਵਿੱਚ ਐਸੇ-ਐਸੇ ਮਹਾਨ ਯੋਧੇ, ਸੂਰਬੀਰ ਤੇ ਕੁਰਬਾਨੀ ਦੇ ਪੁੰਜ ਹੋਏ ਹਨ, ਜਿਨ੍ਹਾਂ ਨੇ ਸਮੁੱਚਾ ਜੀਵਨ ਹੀ ਪੰਥਕ ਸੇਵਾਵਾਂ ਲਈ ਅਰਪਨ ਕੀਤਾ। ਸਿੱਖ ਇਤਿਹਾਸ ਦੇ ਪੰਥਕ ਸੂਰਬੀਰਾਂ ਵਿੱਚ ਅਜਿਹੇ ਮਹਾਨ ਅਣਖੀਲੇ ਜਰਨੈਲ ਹੋਏ ਹਨ, ਅਕਾਲੀ ਫੂਲਾ ਸਿੰਘ ਜੀ ਨੇ ਜਿੱਥੇ ਸਿੱਖ ਪੰਥ ਦੀਆਂ ਕਦਰਾਂ-ਕੀਮਤਾਂ ਤੇ ਰਹਿਤ ਵਿੱਚ ਪਰਪੱਕ ਰਹਿੰਦਿਆਂ ਆਪਣਾ ਜੀਵਨ ਗੁਜ਼ਾਰਿਆ, ਉੱਥੇ ਉਨ੍ਹਾਂ ਨੇ ਖ਼ਾਲਸਾ ਰਾਜ ਦੇ ਵਿਸਥਾਰ ਵਿੱਚ ਵੀ ਅਹਿਮ ਭੂਮਿਕਾ ਨਿਭਾਈ।

ਇਸ ਸਮੇਂ ਬੀਬੀ ਤੇਜ ਕੌਰ, ਬੀਬੀ ਗੁਰਚਰਨ ਕੌਰ, ਬੀਬੀ ਪਰਮਜੀਤ ਕੌਰ ਜੀ, ਬੀਬੀ ਅਮਰਜੀਤ ਕੌਰ, ਬੀਬੀ ਅਵਤਾਰ ਕੌਰ, ਬੀਬੀ ਤਰਲੋਚਨ ਕੌਰ, ਬੀਬੀ ਚਰਨਜੀਤ ਕੌਰ, ਬੀਬੀ ਨਰਿੰਦਰਜੀਤ ਕੌਰ, ਬੀਬੀ ਸੁਖਵਿੰਦਰ ਕੌਰ ਬਬਲੀ, ਬੀਬੀ ਰਜਵੰਤ ਕੌਰ, ਬੀਬੀ ਦਲਜੀਤ ਕੌਰ, ਬੀਬੀ ਰਜਿੰਦਰ ਕੌਰ, ਬੀਬੀ ਅੰਜਨਾ ਕੋਰ, ਬੀਬੀ ਅਮ੍ਰਿਤ ਕੋਰ ਨੂੰ ਗੁ: ਸਾਹਿਬ ਦੇ ਪ੍ਰਬੰਧਕ ਬਾਬਾ ਭਗਤ ਸਿੰਘ, ਬਾਬਾ ਗੁਰਲਾਲ ਸਿੰਘ ਵੱਲੋਂ ਸਿਰਪਾਓ ਦੀ ਬਖਸ਼ਿਸ਼ ਕੀਤੀ ਗਈ। ਸ. ਬਾਜਵਾ ਨੇ ਦਸਿਆ ਕਿ ਸਮੂਹ ਸ੍ਰੀ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਨਾਲ ਤਾਲਮੇਲ ਬਨਾਉਣ ਦੀ ਸੇਵਾ ਬੀਬੀ ਤੇਜ ਕੌਰ ਪੂਰੀ ਜੁੰਮੇਵਾਰੀ ਨਾਲ ਨਿਭਾ ਰਹੀ ਹੈ। ਬੁੱਢਾ ਦਲ ਵੱਲੋਂ ਚਾਹ ਸਮੋਸੇ ਦੇ ਲੰਗਰ ਲਾਏ ਗਏ।

# ਘੱਟ-ਗਿਣਤੀਆਂ ਪ੍ਰਤੀ ਸੰਵੇਦਨਹੀਣਤਾ

*2014 ਵਿੱਚ ਨਰਿੰਦਰ ਮੋਦੀ 'ਸਬਕਾ ਸਾਥ, ਸਬਕਾ ਵਿਕਾਸ' ਦਾ ਨਾਅਰਾ ਦੇ ਕੇ ਸੱਤਾ ਵਿੱਚ ਆਏ ਤੇ 2019 'ਚ ਉਨ੍ਹਾ ਇਸ ਵਿੱਚ 'ਸਬਕਾ ਪ੍ਰਯਾਸ, ਸਬਕਾ ਵਿਸ਼ਵਾਸ' ਜੋੜ ਦਿੱਤਾ। ਇਸ ਨਾਅਰੇ ਨੂੰ ਮੋਦੀ ਸਰਕਾਰ ਦੀ ਪਛਾਣ ਬਣਾਉਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਗਈ। ਮੋਦੀ ਹਰ ਭਾਸ਼ਣ 'ਚ ਦਾਅਵਾ ਕਰਦੇ ਹਨ ਕਿ ਉਨ੍ਹਾ ਦਾ ਸ਼ਾਸਨ ਸਭ ਨੂੰ ਨਾਲ ਲੈ ਕੇ ਚੱਲਣ ਵਾਲਾ ਹੈ, ਕੋਈ ਵੀ ਵਰਗ ਪਿੱਛੇ ਨਹੀਂ ਛੁੱਟੇਗਾ, ਪਰ ਜਦੋਂ ਗੱਲ ਕੌਮੀ ਘੱਟ-ਗਿਣਤੀ ਕਮਿਸ਼ਨ ਦੀਆਂ ਸਾਲਾਨਾ ਰਿਪੋਰਟਾਂ ਦੀ ਆਉਂਦੀ ਹੈ ਤਾਂ ਇਹ ਨਾਅਰਾ ਖੋਖਲਾ ਲਗਦਾ ਹੈ। ਇਹ ਜਾਣ ਕੇ ਹੈਰਾਨੀ ਹੋਵੇਗੀ ਕਿ 2014 ਤੋਂ ਹੁਣ ਤੱਕ ਕੌਮੀ ਘੱਟ-ਗਿਣਤੀ ਕਮਿਸ਼ਨ ਦੀ ਇੱਕ ਵੀ ਸਾਲਾਨਾ ਰਿਪੋਰਟ ਸੰਸਦ 'ਚ ਪੇਸ਼ ਨਹੀਂ ਕੀਤੀ ਗਈ। ਇਹ ਕੌਮੀ ਘੱਟ-ਗਿਣਤੀ ਕਮਿਸ਼ਨ ਕਾਨੂੰਨ 1992 ਦੀ ਧਾਰਾ 13 ਦੀ ਸਿੱਧੀ ਉਲੰਘਣਾ ਹੈ, ਜਿਹੜੀ ਕਹਿੰਦੀ ਹੈ ਕਿ ਕਮਿਸ਼ਨ ਦੀ ਰਿਪੋਰਟ, ਉਸ 'ਚ ਕੀਤੀਆਂ ਗਈਆਂ ਸਿਫਾਰਸ਼ਾਂ 'ਤੇ ਸਰਕਾਰੀ ਕਾਰਵਾਈ ਦੀ ਰਿਪੋਰਟ ਅਤੇ ਨਾਪ੍ਰਵਾਨ ਸਿਫਾਰਸ਼ਾਂ ਦੇ ਕਾਰਨ ਆਦਿ ਸਭ ਕੁਝ ਸੰਸਦ ਦੇ ਦੋਹਾਂ ਸਦਨਾਂ ਵਿੱਚ ਰੱਖੇ ਜਾਣੇ ਚਾਹੀਦੇ ਹਨ।*

*ਇਸ ਨੂੰ ਸਿਰਫ ਪ੍ਰਸ਼ਾਸਨਿਕ ਲਾਪਰਵਾਹੀ ਕਹਿ ਕੇ ਨਹੀਂ ਟਾਲ ਸਕਦੇ, ਇਹ ਧਾਰਮਿਕ ਘੱਟ-ਗਿਣਤੀਆਂ-ਮੁਸਲਮ, ਈਸਾਈ, ਸਿੱਖ, ਬੌਧ, ਜੈਨ ਤੇ ਪਾਰਸੀ ਦੇ ਸੰਵਿਧਾਨਕ ਹੱਕਾਂ ਪ੍ਰਤੀ ਪੂਰੀ ਤਰ੍ਹਾਂ ਉਦਾਸੀਨਤਾ ਹੈ। ਅੱਤਿਆਚਾਰਾਂ ਦੀਆਂ ਸ਼ਿਕਾਇਤਾਂ, ਹਿੰਸਾ, ਪੁਲਸ ਅੱਤਿਆਚਾਰ, ਸਮਾਜੀ ਬਾਈਕਾਟ ਦਾ ਕਮਿਸ਼ਨ ਖੁਦ ਨੋਟਿਸ ਲੈਂਦਾ ਹੈ, ਪਰ ਰਿਪੋਰਟ ਜਨਤਕ ਨਾ ਹੋਣ ਨਾਲ ਨਾ ਤਾਂ ਸੰਸਦ ਵਿੱਚ ਬਹਿਸ ਹੁੰਦੀ ਹੈ ਤੇ ਨਾ ਲੋਕਾਂ ਨੂੰ ਪਤਾ ਲਗਦਾ ਹੈ ਕਿ ਸਰਕਾਰ ਕੀ ਕਰ ਰਹੀ ਹੈ? ਮੋਦੀ ਸਰਕਾਰ ਨੇ ਘੱਟ-ਗਿਣਤੀਆਂ ਦੀਆਂ ਭਲਾਈ ਸਕੀਮਾਂ ਦਾ ਢੰਡੋਰਾ ਤਾਂ ਖੂਬ ਪਿੱਟਿਆ ਹੈ, ਪਰ ਸੰਸਥਾਗਤ ਸੁਰੱਖਿਆ ਤੇ ਜਵਾਬਦੇਹੀ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰਦੀ ਆ ਰਹੀ ਹੈ।*

*15 ਦਸੰਬਰ 2025 ਨੂੰ ਮੰਤਰਾਲੇ ਨੇ ਰਾਜ ਸਭਾ ਦੇ ਮੈਂਬਰ ਦੇ ਸਵਾਲ ਦੇ ਜਵਾਬ ਵਿੱਚ ਖੁਦ ਮੰਨਿਆ ਕਿ 2014 ਤੋਂ ਬਾਅਦ ਕਮਿਸ਼ਨ ਦੀ ਰਿਪੋਰਟ ਸੰਸਦ 'ਚ ਪੇਸ਼ ਨਹੀਂ ਕੀਤੀ ਗਈ। ਆਰ ਟੀ ਆਈ ਜਵਾਬਾਂ ਤੋਂ ਪਤਾ ਚਲਦਾ ਹੈ ਕਿ 2015-16 ਤੋਂ 2024-25 ਤੱਕ ਕਮਿਸ਼ਨ ਨੇ 1495 ਸਿਫਾਰਸ਼ਾਂ ਕੇਂਦਰ ਸਰਕਾਰ ਨੂੰ ਭੇਜੀਆਂ। ਸਰਕਾਰ ਨੇ ਕੀ ਜਵਾਬ ਦਿੱਤਾ? 'ਵਿਚਾਰਅਧੀਨ'। ਕੋਈ ਕਾਰਵਾਈ ਨਹੀਂ, ਕੋਈ ਖਾਰਜੀ ਨਹੀਂ! ਕਮਿਸ਼ਨ ਪ੍ਰਤੀ ਸਰਕਾਰ ਦੇ ਰਵੱਈਏ ਦਾ ਇਸ ਤੱਥ ਤੋਂ ਵੀ ਪਤਾ ਲਗਦਾ ਹੈ ਕਿ 2020 ਤੋਂ ਇਸ ਦੇ ਕਈ ਅਹੁਦੇ ਖਾਲੀ ਚਲੇ ਆ ਰਹੇ ਹਨ। ਜਦ ਕਮਿਸ਼ਨ ਹੀ ਕਮਜ਼ੋਰ ਹੋਵੇਗਾ ਤਾਂ ਅੱਤਿਆਚਾਰ ਕਿਵੇਂ ਰੁਕਣਗੇ? ਜੇ ਮੋਦੀ ਸਰਕਾਰ ਦਾ 'ਸਬਕਾ ਸਾਥ' ਦਾ ਨਾਅਰਾ ਸੱਚਾ ਹੈ ਤਾਂ ਉਹ ਕਮਿਸ਼ਨ ਦੀਆਂ 12 ਸਾਲਾਂ ਦੀਆਂ ਰਿਪੋਰਟਾਂ ਤੇ ਉਸ 'ਤੇ ਕੀਤੀਆਂ ਗਈਆਂ ਕਾਰਵਾਈਆਂ ਬਾਰੇ ਸੰਸਦ ਨੂੰ ਦੱਸੇ। ਵਰਨਾ ਇਹ ਨਾਅਰਾ ਸਿਰਫ ਜੁਮਲਾ ਹੀ ਮੰਨਿਆ ਜਾਵੇਗਾ। ਘੱਟ-ਗਿਣਤੀਆਂ ਦੇ ਲੋਕ ਭਾਰਤ ਦੇ ਨਾਗਰਿਕ ਹਨ-ਉਨ੍ਹਾਂ ਨੂੰ ਸਿਰਫ ਸਕੀਮਾਂ ਨਹੀਂ, ਸੁਰੱਖਿਆ ਤੇ ਸਨਮਾਨ ਚਾਹੀਦਾ ਹੈ।*

# ਚੌਧਰ ਅਤੇ ਹੋਂਦ ਨੂੰ ਬਚਾਉਣ ਦਰਮਿਆਨ ਜੰਗ



ਗੁਰਚਰਨ ਸਿੰਘ ਨੂਰਪੁਰ

ਜੰਗ ਅਜਿਹੀ ਭਿਆਨਕ ਅਲਾਮਤ ਹੁੰਦੀ ਹੈ, ਜਿਸ ਨਾਲ ਮਨੁੱਖਤਾ ਦੇ ਪਿੰਡੇ 'ਤੇ ਹੋਏ ਜ਼ਖ਼ਮ ਸਦੀਆਂ ਤੱਕ ਰਿਸਦੇ ਰਹਿੰਦੇ ਹਨ। ਜੰਗ ਦੁਨੀਆ ਦੇ ਕਿਸੇ ਵੀ ਖਿੱਤੇ ਵਿੱਚ ਹੋਵੇ, ਇਹ ਦੁਨੀਆ ਦੇ ਹਰ ਮਨੁੱਖ ਲਈ ਘਾਟੇਵੰਦਾ ਸੌਦਾ ਸਾਬਤ ਹੁੰਦੀ ਹੈ।

ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ 'ਤੇ ਥੋਪੀ ਗਈ ਜੰਗ ਦੇ ਪ੍ਰਭਾਵ ਵਿੱਚ ਇਸ ਸਮੇਂ ਮੱਧ ਪੂਰਬ ਦੇ ਕਈ ਦੇਸ਼ ਹਨ। ਭਵਿੱਖ ਵਿੱਚ ਇਸ ਜੰਗ ਦਾ ਪ੍ਰਭਾਵ ਕਿਸੇ ਨਾ ਕਿਸੇ ਰੂਪ ਵਿੱਚ ਸਾਡੇ ਸਭ 'ਤੇ ਵੀ ਹੋਣ ਵਾਲਾ ਹੈ।

ਅਮਰੀਕਾ ਅਤੇ ਇਜ਼ਰਾਈਲ ਵੱਲੋਂ ਕੀਤੇ ਗਏ ਹਮਲੇ ਵਿੱਚ ਹੁਣ ਤੱਕ ਲਗਭਗ 1045 ਈਰਾਨੀ ਲੋਕ ਮਾਰੇ ਜਾ ਚੁੱਕੇ ਹਨ। ਇਹਨਾਂ ਵਿੱਚ ਈਰਾਨ ਦੇ ਧਾਰਮਿਕ ਆਗੂ ਆਇਤੁਲ੍ਹਾ ਅਲੀ ਖਾਮਨੇਈ, ਉਸ ਦੀ ਧੀ, ਜਵਾਈ ਤੇ ਪੋਤੀ ਸ਼ਾਮਲ ਹਨ। ਪੂਰੀ ਦੁਨੀਆਂ ਵਿੱਚ ਉਦੋਂ ਹਾਹਾਕਾਰ ਮਚ ਗਈ, ਜਦੋਂ ਅਮਰੀਕਾ ਤੇ ਇਜ਼ਰਾਇਲ ਵੱਲੋਂ ਈਰਾਨ ਦੇ ਸ਼ਹਿਰ ਮੀਨਾਬ 'ਤੇ ਕੀਤੇ ਗਏ ਹਮਲੇ ਵਿੱਚ 167 ਪ੍ਰਾਇਮਰੀ ਸਕੂਲ ਦੀਆਂ ਬੱਚੀਆਂ ਨੂੰ ਮਾਰ ਦਿੱਤਾ ਗਿਆ। ਇਹ ਮਾਸੂਮ ਬੱਚੀਆਂ, ਜੋ ਜ਼ਿਆਦਾਤਰ ਦਸ ਸਾਲ ਤੋਂ ਘੱਟ ਉਮਰ ਦੀਆਂ ਸਨ, ਇਹਨਾਂ ਬੱਚੀਆਂ ਦੇ ਸਰੀਰਾਂ ਦੇ ਚੀਥੜੇ ਉਡ ਗਏ। ਇਹਨਾਂ ਦੇ ਵਾਰਸਾਂ ਨੂੰ ਰੋਂਦਿਆਂ ਦੇਖ ਕੇ ਅਤੇ ਇਹਨਾਂ ਦੀਆਂ ਜਦੋਂ ਸਮੂਹਕ ਕਬਰਾਂ ਪੁੱਟੀਆਂ ਗਈਆਂ, ਤਾਂ ਇਸ ਮੰਜ਼ਰ ਨੂੰ ਦੇਖ ਕੇ ਦੁਨੀਆ ਦੀ ਹਰ ਸੰਵੇਦਨਸ਼ੀਲ ਅੱਖ ਨਮ ਹੋਈ। ਇਹ ਸਭ ਕੁਝ ਉਸ ਡੋਨਾਲਡ ਟਰੰਪ ਦੀ ਦੇਖ-ਰੇਖ ਵਿੱਚ ਹੋਇਆ, ਜੋ 2025 ਵਿੱਚ ਆਪਣੇ ਲਈ ਨੋਬਲ ਸ਼ਾਂਤੀ ਪੁਰਸਕਾਰ ਲੈਣ ਲਈ ਜ਼ੋਰ ਲਾ ਰਿਹਾ ਸੀ।

ਇਸ ਹਮਲੇ ਸੰਬੰਧੀ ਡੋਨਾਲਡ ਟਰੰਪ ਦੇ ਤਰਕ ਬੜੇ ਬਚਕਾਨਾ ਹਨ। ਇਹ ਸਮੇਂ ਅਨੁਸਾਰ ਬਦਲਦੇ ਵੀ ਰਹੇ ਹਨ। ਹਮਲੇ ਸਬੰਧੀ ਡੋਨਾਲਡ ਟਰੰਪ ਨੇ ਕਿਹਾ ਇਹ ਹਮਲਾ ਈਰਾਨੀ ਲੋਕਾਂ ਦੀ ਆਜ਼ਾਦੀ ਲਈ ਕੀਤਾ ਗਿਆ ਹੈ, ਮਗਰੋਂ ਉਨ੍ਹਾ ਦੇ ਵਿਦੇਸ਼ ਮੰਤਰੀ ਨੇ ਕਿਹਾ ਕਿ ਈਰਾਨ ਇਜ਼ਰਾਈਲ 'ਤੇ ਹਮਲਾ ਕਰਨ ਵਾਲਾ ਸੀ, ਇਸ ਲਈ ਸਾਨੂੰ ਇਹ ਖਦਸ਼ਾ ਸੀ ਕਿ ਕਿਤੇ ਇਹ ਨਾ ਹੋਵੇ ਕਿ ਜਵਾਬ ਵਿੱਚ ਈਰਾਨ ਸਾਡੇ ਫੌਜੀ ਅੱਡਿਆਂ 'ਤੇ ਹਮਲਾ ਕਰ ਦੇਵੇ, ਇਸ ਲਈ ਅਸੀਂ ਆਪਣੇ 'ਤੇ ਹੋਣ ਵਾਲੇ ਹਮਲੇ ਨੂੰ ਰੋਕਣ ਲਈ ਪਹਿਲਾਂ ਹੀ ਹਮਲਾ ਕਰ ਦਿੱਤਾ। ਅਗਲਾ ਤਰਕ ਇਹ ਹੈ ਕਿ ਈਰਾਨ ਆਪਣੇ ਪ੍ਰਮਾਣੂ ਪ੍ਰੋਗਰਾਮ ਨੂੰ ਰੋਕਣ ਲਈ ਸਹਿਮਤ ਨਹੀਂ ਹੋ ਰਿਹਾ ਸੀ, ਇਸ ਲਈ ਹਮਲਾ ਕੀਤਾ ਗਿਆ, ਤਾਂ ਕਿ ਉਸ ਦੇ ਪ੍ਰਮਾਣੂ ਪ੍ਰੋਗਰਾਮ ਨੂੰ ਨਸ਼ਟ ਕੀਤਾ ਜਾ ਸਕੇ।

ਇਹ ਹਮਲਾ ਯੂ ਐੱਨ ਕਾਨੂੰਨ ਦੀ ਉਲੰਘਣਾ ਹੈ। ਮਾਨਵੀ ਹੱਕ ਹਕੂਕ ਦੇ ਖਿਲਾਫ ਇੱਕ ਤਰ੍ਹਾਂ ਬਹੁਤ ਵੱਡਾ ਅਪਰਾਧ ਹੈ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਦਾ ਮੰਨਣਾ ਹੈ ਕਿ ਈਰਾਨ ਦੀ ਵਧਦੀ ਜੰਗੀ ਤਾਕਤ ਇਸ ਖਿੱਤੇ ਵਿੱਚ ਬਹੁਤ ਵੱਡਾ ਖਤਰਾ ਸਾਬਿਤ ਹੋਣ ਜਾ ਰਹੀ ਸੀ, ਇਸ ਲਈ ਇਹ ਹਮਲਾ ਕੀਤਾ ਗਿਆ। ਉਹਨਾ ਦਾ ਮੰਨਣਾ ਇਹ ਵੀ ਹੈ ਕਿ ਈਰਾਨ, ਹਮਾਸ ਅਤੇ ਹੋਰ ਕੁਝ ਗਰੁਪ ਜੋ ਇਜ਼ਰਾਇਲ ਖਿਲਾਫ ਲੜਦੇ ਹਨ, ਉਹਨਾਂ ਨੂੰ ਹਥਿਆਰ ਮੁਹੱਈਆ ਕਰਵਾਉਂਦਾ ਹੈ, ਇਸ ਲਈ ਇਸ ਨੈੱਟਵਰਕ ਨੂੰ ਤੋੜਨ ਲਈ ਇਹ ਹਮਲਾ ਕੀਤਾ ਗਿਆ ਤਾਂ ਇਸ ਖਿੱਤੇ ਵਿੱਚ ਅਮਨ ਕਾਨੂੰਨ ਬਹਾਲ ਕੀਤਾ ਜਾ ਸਕੇ। ਇੱਥੇ ਪੁੱਛਿਆ ਇਹ ਜਾਣਾ ਚਾਹੀਦਾ ਹੈ, ਹੁਣ ਤੱਕ ਇਜ਼ਰਾਇਲ ਜੋ ਕੁਝ ਫਲਸਤੀਨ ਵਿੱਚ ਗਾਜ਼ਾ ਦੇ ਲੋਕਾਂ ਨਾਲ ਕਰਦਾ ਆਇਆ ਹੈ, ਉਹ ਕੀ ਸੀ? ਕਿਵੇਂ ਹਸਪਤਾਲਾਂ, ਸਕੂਲਾਂ ਨੂੰ ਮਿਜ਼ਾਇਲਾਂ ਨਾਲ ਤਬਾਹ ਕਰ ਦਿੱਤਾ ਗਿਆ, ਕਿਵੇਂ ਗਾਜ਼ਾ ਦੇ ਛੋਟੇ-ਛੋਟੇ ਬੱਚਿਆਂ ਨੂੰ ਸਕੂਲਾਂ ਹਸਪਤਾਲਾਂ 'ਤੇ ਬੰਬਾਰੀ ਕਰਕੇ ਮਾਰ ਦਿੱਤਾ ਗਿਆ? ਦੁਨੀਆ ਨੇ ਦੇਖਿਆ ਕਿ ਕਿਵੇਂ ਗਾਜ਼ਾ ਦੇ ਛੋਟੇ-ਛੋਟੇ ਮਾਸੂਮ ਬੱਚਿਆਂ ਨੂੰ ਵਿਲ੍ਹਕਦੇ ਤੜਪਦੇ ਭੁੱਖ ਨਾਲ ਮਰਨ ਲਈ ਮਜਬੂਰ ਕਰ ਦਿੱਤਾ ਗਿਆ। ਇਜ਼ਰਾਈਲ ਦੇ ਆਧੁਨਿਕ ਹਥਿਆਰ ਜੋ ਆਪਣੇ ਟਾਰਗਟ ਨੂੰ ਲੱਭ ਕੇ ਮਾਰਨ ਵਿੱਚ ਸਮਰੱਥ ਹਨ ਤਾਂ ਸਵਾਲ ਪੈਦਾ ਹੁੰਦਾ ਕਿ ਕੀ ਇਹਨਾਂ 167 ਮਸੂਮ ਬੱਚੀਆਂ ਨੂੰ ਮਾਰਨ ਪਿੱਛੇ ਗਾਜ਼ਾ ਦੇ ਮਸੂਮਾਂ ਦੀਆਂ ਮੌਤਾਂ ਵਾਲੇ ਮੰਜ਼ਰ ਨੂੰ ਦੁਹਰਾਉਣਾ ਹੀ ਸੀ?

ਜੰਗ ਦੇ ਮਾਰੂ ਪ੍ਰਭਾਵ ਅਗਲੇ ਕੁਝ ਅਰਸੇ ਦੌਰਾਨ ਦਿੱਸਣੇ ਸ਼ੁਰੂ ਹੋ ਜਾਣਗੇ। ਅਗਲੇ ਕੁਝ ਹੀ ਦਿਨਾਂ ਦੌਰਾਨ ਤੇਲ ਦੀਆਂ ਕੀਮਤਾਂ ਵਧਣਗੀਆਂ, ਜਿਸ ਨਾਲ ਹਰ ਤਰ੍ਹਾਂ ਦੀਆਂ ਚੀਜ਼ਾਂ ਖਾਸ ਕਰਕੇ ਖਾਣ ਪੀਣ ਵਾਲੀਆਂ ਚੀਜ਼ਾਂ ਵਸਤਾਂ, ਘਰੇਲੂ ਵਰਤੋਂ ਦੀਆਂ ਚੀਜ਼ਾਂ ਅਤੇ ਦਵਾਈਆਂ ਦੇ ਭਾਵ ਵਧਣ ਦੀ ਪੂਰੀ ਪੂਰੀ ਸੰਭਾਵਨਾ ਬਣ ਗਈ ਹੈ। ਤੇਲ ਕੀਮਤਾਂ ਵਧਣਗੀਆਂ, ਤਾਂ ਮਹਿੰਗਾਈ ਵਧੇਗੀ, ਤਾਂ ਇਸ ਦਾ ਅਸਰ ਸਾਡੀ ਸਭ ਦੀ ਜੇਬ 'ਤੇ ਹੋਵੇਗਾ, ਪਰ ਅਜਿਹਾ ਕੌਣ ਕਰ ਰਿਹਾ ਹੈ, ਅਜਿਹਾ ਕਿਉਂ ਕੀਤਾ ਜਾ ਰਿਹਾ ਹੈ? ਇਸ ਦਾ ਜਵਾਬ ਹੈ ਅਮਰੀਕਾ ਜਿਸ ਦੀ ਵਾਗਡੋਰ ਇਸ ਸਮੇਂ 79 ਸਾਲ ਦੇ ਵਿਅਕਤੀ ਡੋਨਾਲਡ ਟਰੰਪ ਦੇ ਹੱਥ ਵਿੱਚ ਹੈ, ਉਸ ਦੀ ਇੱਛਾ ਹੈ ਕਿ ਈਰਾਨ ਵਿੱਚ ਸੱਤਾ ਤਬਦੀਲੀ ਕੀਤੀ ਜਾਵੇ। ਇਜ਼ਰਾਇਲ ਦਾ ਆਗੂ ਨੇਤਨਯਾਹੂ ਜਿਸ ਦੀ ਉਮਰ ਇਸ ਸਮੇਂ 76 ਸਾਲ ਹੈ, ਨੂੰ ਇਹ ਖਤਰਾ ਸੀ ਕਿ ਈਰਾਨ ਸਾਡੇ ਲਈ ਖਤਰਾ ਸਾਬਤ ਹੋ ਸਕਦਾ ਹੈ। ਸਵਾਲ ਪੈਦਾ ਹੁੰਦਾ ਹੈ ਕਿ ਇਹਨਾਂ ਆਗੂਆਂ ਨੂੰ ਇਹ ਅਧਿਕਾਰ ਕਿਸ ਨੇ ਦਿੱਤਾ ਕਿ ਤੁਸੀਂ ਅਜਿਹਾ ਕਰਨ ਲਈ ਆਮ ਲੋਕਾਂ 'ਤੇ ਬੰਬਾਰੀ ਕਰੋ, ਮਾਸੂਮ ਬੱਚਿਆਂ ਦੇ ਕਤਲ ਕਰੋ ਅਤੇ ਦੁਨੀਆਂ ਨੂੰ ਬਲਦੀ ਦੇ ਬੁੱਥੇ ਦਿਓ? ਪਾਰਸ਼ੀਅਨ ਗਲਫ ਤੋਂ ਨਿਕਲਣ ਵਾਲੇ ਸਮੁੰਦਰੀ ਰਸਤੇ, ਜਿਸ ਨੂੰ ਸਟਰੇਟ ਆਫ ਹਾਰਮੂਜ਼ ਕਿਹਾ ਜਾਂਦਾ ਹੈ, ਲਗਭਗ ਬੰਦ ਹੋ ਗਿਆ ਹੈ। ਦੁਨੀਆ ਦੇ ਕੇਵਲ 33 ਕਿਲੋਮੀਟਰ ਚੌੜੇ ਤੇ ਸਭ ਤੋਂ ਮਹੱਤਵਪੂਰਨ ਇਸ ਰਸਤੇ ਦੇ ਇੱਕ ਪਾਸੇ ਈਰਾਨ ਅਤੇ ਦੂਜੇ ਪਾਸੇ ਓਮਾਨ ਦੇਸ਼ ਹੈ। ਇਸ ਰਸਤੇ ਤੋਂ ਭਾਰਤ ਆਪਣੇ ਲਈ ਲਗਭਗ 50 ਪ੍ਰਤੀਸ਼ਤ ਤੇਲ ਲੈਂਦਾ ਹੈ ਅਤੇ ਚੀਨ ਵੀ ਇਸੇ ਰਸਤੇ ਰਾਹੀਂ ਆਪਣਾ 80 ਤੋਂ 90 ਪ੍ਰਤੀਸ਼ਤ ਤੇਲ ਆਯਾਤ ਕਰਦਾ ਹੈ। ਅਮਰੀਕਾ-ਇਜ਼ਰਾਈਲ ਅਤੇ ਈਰਾਨ ਦੇ ਯੁੱਧ ਦੇ ਚਲਦਿਆਂ ਇਹ ਰਸਤਾ ਇਸ ਸਮੇਂ ਲਗਭਗ ਬੰਦ ਹੋ ਗਿਆ ਹੈ।

ਇਹ ਜੰਗ ਏਨੀ ਭਿਆਨਕ ਹੋ ਸਕਦੀ ਹੈ, ਇਸ ਦਾ ਅੰਦਾਜ਼ਾ ਇਜ਼ਰਾਇਲ ਅਤੇ ਅਮਰੀਕਾ ਨੂੰ ਨਹੀਂ ਸੀ, ਉਹਨਾਂ ਦਾ ਮੁੱਖ ਟਾਰਗਟ ਉੱਥੇ ਦੇ ਆਗੂ ਨੂੰ ਮਾਰ ਕੇ ਇੱਥੇ ਆਪਣੀ ਕੱਠਪੁਤਲੀ ਸਰਕਾਰ ਦੀ ਸਥਾਪਤੀ ਕਰਨਾ ਸੀ। ਇਹਨਾਂ ਨੂੰ ਲੱਗਦਾ ਸੀ ਕਿ ਈਰਾਨ ਦੀ ਸਰਕਾਰ ਤੋਂ ਅੱਕੇ ਲੋਕ ਜਿਉਂ ਹੀ ਖਾਮਨੇਈ ਦੀ ਮੌਤ ਦੀ ਖਬਰ ਸੁਨਣਗੇ ਤਾਂ ਸਾਰਾ ਈਰਾਨ ਜਸ਼ਨ ਮਨਾਉਣ ਲਈ ਸੜਕਾਂ 'ਤੇ ਆ ਜਾਵੇਗਾ ਅਤੇ ਇਸ ਦੇ ਨਾਲ ਹੀ ਸਾਡਾ ਕੰਮ ਸਿੱਧਾ ਹੋ ਜਾਵੇਗਾ, ਪਰ ਜਿਵੇਂ ਕਿਸੇ ਜੰਗ ਨੂੰ ਸ਼ੁਰੂ ਕਰਨ ਵਾਲੇ ਦੇ ਹੱਥ ਜੰਗ ਨੂੰ ਰੋਕਣਾ ਨਹੀਂ ਹੁੰਦਾ, ਇਸੇ ਤਰ੍ਹਾਂ ਜ਼ਰੂਰੀ ਨਹੀਂ ਕਿ ਜੰਗ ਦੇ ਨਤੀਜੇ ਆਸ ਮੁਤਾਬਕ ਹੀ ਹੋਣ। ਇਹ ਹੱਦ ਤੋਂ ਵੱਧ ਭਿਆਨਕ ਵੀ ਹੋ ਸਕਦੇ ਹਨ। ਪੂਰੀ ਦੁਨੀਆਂ ਇਹ ਵੇਖ ਰਹੀ ਹੈ ਆਪਣੇ ਆਗੂ ਦੀ ਮੌਤ ਤੋਂ ਮਗਰੋਂ ਜਿਵੇਂ ਈਰਾਨ ਵੱਲੋਂ ਇਹ ਜੰਗ ਲੜੀ ਜਾ ਰਹੀ ਹੈ, ਇਸ ਨਾਲ ਅਮਰੀਕੀ ਥਾਣੇਦਾਰੀ ਨੂੰ ਵੱਡਾ ਖਤਰਾ ਪੈਦਾ ਹੋ ਗਿਆ ਹੈ। ਜਿਵੇਂ ਅਮਰੀਕਾ ਦੀ ਇੱਛਾ ਸੀ ਕਿ ਈਰਾਨ ਦੇ ਆਗੂ ਖਾਮਨੇਈ ਨੂੰ ਮਾਰ ਕੇ ਈਰਾਨੀਆਂ ਨੂੰ ਰਾਹਤ ਦਿੱਤੀ ਜਾਵੇ, ਇਸ ਤਰ੍ਹਾਂ ਦੇ 'ਭਲਾਈ ਦੇ ਕੰਮ' ਪਹਿਲਾਂ ਲੀਬੀਆ ਦੇ ਕਰਨਲ ਗਦਾਫੀ ਨੂੰ ਮਾਰ ਕੇ, ਇਰਾਕ ਦੇ ਸਦਾਮ ਹੁਸੈਨ ਨੂੰ ਫਾਂਸੀ ਲਾ ਕੇ ਅਤੇ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨੂੰ ਗ੍ਰਿਫਤਾਰ ਕਰਕੇ ਇਹਨਾਂ ਦੇਸ਼ਾਂ ਵਿੱਚ ਲੋਕ ਭਲਾਈ ਦੇ ਝੰਡੇ ਗੱਡ ਚੁੱਕਾ ਹੈ। ਹੁਣ ਉਸ ਨੇ ਆਪਣਾ ਨਵਾਂ ਸ਼ਿਕਾਰ ਈਰਾਨ ਨੂੰ ਬਣਾਇਆ ਹੈ, ਇੱਥੇ ਹੁਣ ਤੱਕ ਹਜ਼ਾਰਾਂ ਲੋਕਾਂ ਦੇ ਘਰਾਂ ਵਿੱਚ ਮੌਤ ਦੇ ਸੱਥਰ ਵਿਛ ਗਏ।

ਇਸ ਜੰਗ ਨਾਲ ਦੁਨੀਆ 'ਤੇ ਬੜੇ ਭਿਆਨਕ ਅਸਰ ਪੈਣਗੇ, ਹਥਿਆਰਾਂ ਦੀ ਦੌੜ ਹੋਰ ਤੇਜ ਹੋਵੇਗੀ। ਵਿਕਾਸ਼ਸ਼ੀਲ ਮੁਲਕਾਂ ਵਿੱਚ ਗਰੀਬੀ ਹੋਰ ਵਧੇਗੀ। ਦੇਸ਼ਾਂ ਕੋਲ ਹਥਿਆਰ ਤਾਂ ਹੋਣਗੇ, ਪਰ ਆਪਣੀ ਪਰਜਾ ਲਈ ਚੱਜ ਆਚਾਰ ਦੀ ਰੋਟੀ ਨਹੀਂ ਹੋਵੇਗੀ। ਜੰਗ ਦਾ ਸੰਕਟ ਫੈਲ ਰਿਹਾ ਅਤੇ ਗਹਿਰਾ ਹੋ ਰਿਹਾ ਹੈ, ਇਹ ਸੰਤਾਪ ਦਹਾਕਿਆਂ ਤੱਕ ਲੋਕਾਂ ਨੂੰ ਪ੍ਰਭਾਵਤ ਕਰੇਗਾ। ਇਹ ਜੰਗ ਦੁਨੀਆਂ ਦੀਆਂ ਆਰਥਕ ਨੀਤੀਆਂ ਨੂੰ ਮਾੜੇ ਢੰਗ ਨਾਲ ਪ੍ਰਭਾਵਤ ਕਰੇਗੀ। ਦੁਨੀਆ ਦੇ ਦੇਸ਼ਾਂ ਦਾ ਜੋ ਪੈਸਾ ਰੋਟੀ, ਕੱਪੜੇ, ਮਕਾਨ 'ਤੇ ਖਰਚ ਹੋਣਾ ਸੀ, ਉਹ ਖਰਚ ਬੰਬਾਂ ਮਿਜ਼ਾਇਲਾਂ ਅਤੇ ਮਾਰੂ ਜਹਾਜ਼ਾਂ 'ਤੇ ਖਰਚ ਹੋਵੇਗਾ। ਅਮਰੀਕਾ, ਇਜ਼ਰਾਈਲ ਅਤੇ ਈਰਾਨ ਦਰਮਿਆਨ ਚੱਲ ਰਹੀ ਇਸ ਜੰਗ ਵਿੱਚ ਇੱਕ ਪਾਸੇ ਉਹ ਲੋਕ ਹਨ, ਜਿਹਨਾਂ ਨੂੰ ਆਪਣੀ ਹੋਂਦ ਦਾ ਖਤਰਾ ਭਾਸ ਰਿਹਾ ਹੈ, ਦੂਜੇ ਪਾਸੇ ਉਹ ਹਨ ਜਿਹਨਾਂ ਨੂੰ ਇਹ ਲਗਦਾ ਕਿ ਉਹਨਾਂ ਦੀ ਚੌਧਰ ਹੋਰ ਵਧਣੀ ਚਾਹੀਦੀ ਹੈ।

ਦੁਨੀਆ ਨੂੰ ਇਸ ਜੰਗ ਨੂੰ ਚੌਧਰ ਅਤੇ ਹੋਂਦ ਨੂੰ ਬਚਾਉਣ ਵਾਲੀ ਜੰਗ ਦੇ ਰੂਪ ਵਿੱਚ ਵੇਖਿਆ ਜਾਣਾ ਚਾਹੀਦਾ ਹੈ। ਦੁਨੀਆ ਦੇ ਲੋਕ ਆਪਣੇ ਬੱਚਿਆਂ ਅਤੇ ਆਪਣੇ ਘਰਾਂ ਦੀ ਸਲਾਮਤੀ ਚਾਹੁੰਦੇ ਹਨ। ਕਿਸੇ ਖਿੱਤੇ ਵਿੱਚ ਲੋਕਾਂ ਨੂੰ ਮਾਰ ਕੇ ਘਰਾਂ, ਸਕੂਲਾਂ, ਹਸਪਤਾਲਾਂ ਨੂੰ ਤਬਾਹ ਕਰਕੇ ਲੋਕਾਂ ਲਈ ਖੁਸ਼ੀ ਅਤੇ ਖੁਸ਼ਹਾਲੀ ਪੈਦਾ ਨਹੀਂ ਕੀਤੀ ਜਾ ਸਕਦੀ। ਦੂਜਿਆਂ ਦੀ ਤਬਾਹੀ ਕਰ ਕੇ ਪ੍ਰਾਪਤ ਕੀਤੀਆਂ ਜਿੱਤਾਂ ਜਿੱਤਾਂ ਨਹੀਂ ਹੁੰਦੀਆਂ, ਬਲਕਿ ਇਹ ਜ਼ੁਲਮੋ-ਤਸ਼ੱਦਦ ਦੀ ਖੇਡ ਹੁੰਦੀ ਹੈ ਅਤੇ ਦੁਨੀਆ ਦੇ ਵੱਖ-ਵੱਖ ਦੇਸ਼ਾਂ ਨੂੰ ਇਸ ਖੂਨੀ ਖੇਡ ਨੂੰ ਰੋਕਣ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ।

***ਮੋਬਾ : 98550-51099***

# ਪੰਜਾਬ 'ਚ ਔਰਤਾਂ ਵਿਰੁੱਧ ਵਧ ਰਹੇ ਅਪਰਾਧ

ਜਗਰੂਪ ਕੌਰ

ਔਰਤਾਂ ਵਿਰੁੱਧ ਹਿੰਸਾ ਅਤੇ ਤਸ਼ੱਦਦ ਅੱਜ ਦੇ ਸਮਾਜ ਦੀ ਇੱਕ ਗੰਭੀਰ ਸਮੱਸਿਆ ਬਣ ਚੁੱਕੀ ਹੈ। ਜੇਕਰ ਇਸ ਵਿਸ਼ੇ ਨੂੰ ਇੰਟਰਨੈੱਟ ਜਾਂ ਗੂਗਲ ਉੱਪਰ ਖੋਜਿਆ ਜਾਵੇ ਤਾਂ ਕਈ ਵੈੱਬ ਪੇਜ ਇਹ ਗਵਾਹੀ ਦਿੰਦੇ ਹਨ ਕਿ ਔਰਤਾਂ ਉੱਪਰ ਹਿੰਸਾ ਅਤੇ ਤਸ਼ੱਦਦ ਦੀਆਂ ਘਟਨਾਵਾਂ ਵਿੱਚ ਪਿਛਲੇ ਕੁਝ ਸਾਲਾਂ ਦੌਰਾਨ ਵਾਧਾ ਹੋਇਆ ਹੈ। ਔਰਤਾਂ ਵਿਰੁੱਧ ਹਿੰਸਾ ਹੁਣ ਕੇਵਲ ਕਿਸੇ ਇੱਕ ਖੇਤਰ ਤੱਕ ਸੀਮਿਤ ਨਹੀਂ ਰਹੀ, ਸਗੋਂ ਇਹ ਉਹਨਾਂ ਦੇ ਰੋਜ਼ਮਰ੍ਹਾ ਦੇ ਜੀਵਨ ਦੇ ਕਈ ਪਹਿਲੂਆਂ ਵਿੱਚ ਫੈਲਦੀ ਜਾ ਰਹੀ ਹੈ। ਕੰਮ ਵਾਲੀ ਥਾਂ 'ਤੇ ਛੇੜਖਾਨੀ, ਔਰਤਾਂ ਦੀ ਤਸਕਰੀ, ਜਿਨਸੀ ਸ਼ੋਸ਼ਣ, ਘਰੇਲੂ ਹਿੰਸਾ ਅਤੇ ਭਾਸ਼ਾ ਵਿੱਚ ਲਿੰਗਵਾਦੀ ਸੋਚ ਦਾ ਹੋਣਾ ਔਰਤਾਂ ਦੀ ਸੁਰੱਖਿਆ ਲਈ ਗੰਭੀਰ ਖਤਰੇ ਬਣ ਰਹੇ ਹਨ।

ਹਾਲ ਹੀ ਵਿੱਚ ਕੁਝ ਅਜਿਹੀਆਂ ਘਟਨਾਵਾਂ ਵੀ ਸਾਹਮਣੇ ਆਈਆਂ ਹਨ, ਜਿਨ੍ਹਾਂ ਸਮਾਜ ਵਿੱਚ ਵੱਡੀ ਚਰਚਾ ਨੂੰ ਜਨਮ ਦਿੱਤਾ ਹੈ। ਪਿੰਡ ਸੁਖਣਵਾਲਾ (ਫਰੀਦਕੋਟ) ਦੇ ਇੱਕ ਚਰਚਿਤ ਕਤਲ ਕੇਸ ਵਿੱਚ ਗੁਰਵਿੰਦਰ ਸਿੰਘ ਦਾ ਵਿਆਹ 2023 ਵਿੱਚ ਰੁਪਿੰਦਰ ਕੌਰ ਨਾਲ ਹੋਇਆ ਸੀ, ਜੋ ਕੈਨੇਡਾ ਵਿੱਚ ਰਹਿੰਦੀ ਸੀ। ਬਾਅਦ ਵਿੱਚ 2025 ਵਿੱਚ ਉਹ ਆਪਣੇ ਪਤੀ ਨਾਲ ਰਹਿਣ ਲਈ ਭਾਰਤ ਆਈ। ਮਾਮਲੇ ਦੀ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਉਸ ਨੇ ਆਪਣੇ ਪਤੀ ਦੀ ਹੱਤਿਆ ਦੀ ਯੋਜਨਾ ਬਣਾਈ ਅਤੇ ਕਤਲ ਕਰਵਾਇਆ।

ਇਸੇ ਤਰ੍ਹਾਂ ਮੋਗਾ ਵਿੱਚ ਵਾਪਰੀ ਹੈਪੀ ਸਰਪੰਚ ਹੱਤਿਆ ਕਾਂਡ ਦੀ ਘਟਨਾ ਨੇ ਵੀ ਕਾਫੀ ਚਰਚਾ ਪੈਦਾ ਕੀਤੀ। ਪਿੰਡ ਪੱਤੋ ਹੀਰਾ ਸਿੰਘ ਦੇ ਸਰਪੰਚ ਹਰਵਿੰਦਰ ਸਿੰਘ ਉਰਫ਼ ਹੈਪੀ ਨੂੰ ਜਿਮ ਦੇ ਬਾਹਰ ਦਿਨ ਦਿਹਾੜੇ ਹਮਲਾਵਰਾਂ ਨੇ ਅੱਠ ਤੋਂ ਦਸ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਸੀ। ਭਾਵੇਂ ਇਸ ਮਾਮਲੇ ਵਿੱਚ ਸਿੱਧੇ ਤੌਰ 'ਤੇ ਕਿਸੇ ਔਰਤ ਦਾ ਨਾਂਅ ਮੁੱਖ ਦੋਸ਼ੀ ਵਜੋਂ ਸਾਹਮਣੇ ਨਹੀਂ ਆਇਆ, ਪਰ ਜਾਂਚ ਦੌਰਾਨ ਇੱਕ ਔਰਤ ਦੀ ਭੂਮਿਕਾ ਦਾ ਜ਼ਿਕਰ ਕੀਤਾ ਗਿਆ।

ਇਹੋ ਜਿਹੀਆਂ ਕੁਝ ਘਟਨਾਵਾਂ ਦੇ ਆਧਾਰ 'ਤੇ ਸਮਾਜ ਦੇ ਕੁਝ ਲੋਕ ਸਮੁੱਚੀ ਔਰਤ ਜਾਤੀ 'ਤੇ ਸਵਾਲ ਖੜ੍ਹੇ ਕਰਨ ਲੱਗ ਪੈਂਦੇ ਹਨ। ਕਈ ਵਾਰ ਇਹ ਕਿਹਾ ਜਾਂਦਾ ਹੈ ਕਿ ਔਰਤਾਂ ਨੂੰ ਘਰ ਦੀ ਚਾਰਦੀਵਾਰੀ ਤੱਕ ਹੀ ਸੀਮਿਤ ਰੱਖਣਾ ਚਾਹੀਦਾ ਹੈ ਅਤੇ ਜੇਕਰ ਉਹਨਾਂ ਨੂੰ ਖੁੱਲ੍ਹ ਮਿਲ ਜਾਵੇ ਤਾਂ ਉਹ ਗਲਤ ਰਾਹ 'ਤੇ ਚੱਲ ਪੈਂਦੀਆਂ ਹਨ। ਅਜਿਹੀ ਸੋਚ ਨਾ ਸਿਰਫ ਗਲਤ ਹੈ, ਸਗੋਂ ਇਹ ਸਮਾਜ ਵਿੱਚ ਲਿੰਗ ਅਸਮਾਨਤਾ ਨੂੰ ਹੋਰ ਵਧਾਉਂਦੀ ਹੈ।

ਅਸਲ ਵਿੱਚ ਜੇਕਰ ਹਕੀਕਤ ਨੂੰ ਡੂੰਘਾਈ ਨਾਲ ਵੇਖਿਆ ਜਾਵੇ ਤਾਂ ਕਤਲ ਚਾਹੇ ਔਰਤ ਕਰੇ ਜਾਂ ਮਰਦ, ਇਹ ਇੱਕ ਗੰਭੀਰ ਅਪਰਾਧ ਹੈ ਅਤੇ ਇਸ ਵਿੱਚ ਮਨੁੱਖੀ ਜੀਵਨ ਦਾ ਨੁਕਸਾਨ ਹੁੰਦਾ ਹੈ। ਕਿਸੇ ਵੀ ਵਿਅਕਤੀ ਨੂੰ ਦੂਸਰੇ ਦੀ ਜਾਨ ਲੈਣ ਦਾ ਕੋਈ ਅਧਿਕਾਰ ਨਹੀਂ, ਪਰ ਅੰਕੜਿਆਂ ਦੀ ਪੜਤਾਲ ਕਰਨ 'ਤੇ ਇਹ ਵੀ ਸਾਹਮਣੇ ਆਉਂਦਾ ਹੈ ਕਿ ਕਤਲ ਦੇ ਜ਼ਿਆਦਾਤਰ ਮਾਮਲਿਆਂ ਵਿੱਚ ਮਰਦਾਂ ਦੇ ਨਾਂਅ ਹੀ ਵੱਧ ਆਉਂਦੇ ਹਨ, ਫਿਰ ਵੀ ਉਹਨਾਂ ਦੀ ਆਜ਼ਾਦੀ ਜਾਂ ਸਮਾਜਿਕ ਹਿੱਸੇਦਾਰੀ ਉੱਪਰ ਇਸ ਤਰ੍ਹਾਂ ਦੇ ਸਵਾਲ ਨਹੀਂ ਉਠਾਏ ਜਾਂਦੇ।

ਪੰਜਾਬ ਵਿੱਚ ਔਰਤਾਂ ਦੁਆਰਾ ਮਰਦਾਂ ਦੇ ਕਤਲ ਨਾਲ ਸੰਬੰਧਤ ਸਹੀ ਅਤੇ ਵੱਖਰੇ ਅੰਕੜੇ ਆਮ ਤੌਰ 'ਤੇ ਸਰਕਾਰੀ ਰਿਪੋਰਟਾਂ ਵਿੱਚ ਉਪਲਬਧ ਨਹੀਂ ਹੁੰਦੇ। ਆਮ ਤੌਰ 'ਤੇ ਕਤਲ ਦੇ ਕੁੱਲ ਮਾਮਲੇ ਦਰਜ ਕੀਤੇ ਜਾਂਦੇ ਹਨ, ਨਾ ਕਿ ਇਹ ਵੱਖਰਾ ਦੱਸਿਆ ਜਾਂਦਾ ਹੈ ਕਿ ਦੋਸ਼ੀ ਮਰਦ ਸੀ ਜਾਂ ਔਰਤ।

ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ ਦੀਆਂ ਰਿਪੋਰਟਾਂ ਮੁਤਾਬਕ ਪੰਜਾਬ ਵਿੱਚ ਔਰਤਾਂ ਵਿਰੁੱਧ ਅਪਰਾਧਾਂ ਦੇ ਮਾਮਲੇ ਲਗਾਤਾਰ ਦਰਜ ਕੀਤੇ ਗਏ ਹਨ। ਸਾਲ 2018 ਵਿੱਚ ਇਹ ਗਿਣਤੀ ਲਗਭਗ 5702 ਸੀ, ਜੋ 2019 ਵਿੱਚ 5886 ਹੋ ਗਈ। 2020 ਵਿੱਚ ਕੋਵਿਡ-19 ਦੌਰਾਨ ਇਹ ਗਿਣਤੀ ਕੁਝ ਘਟ ਕੇ 4838 ਰਹੀ, ਪਰ 2021 ਵਿੱਚ ਇਹ ਮੁੜ ਵਧ ਕੇ 5662 ਹੋ ਗਈ। 2022 ਵਿੱਚ 5572 ਅਤੇ 2023 ਵਿੱਚ ਲਗਭਗ 5800 ਕੇਸ ਦਰਜ ਕੀਤੇ ਗਏ। 2024 ਵਿੱਚ ਇਹ ਗਿਣਤੀ ਕਰੀਬ 6000 ਦੇ ਆਸ-ਪਾਸ ਮੰਨੀ ਜਾ ਰਹੀ ਹੈ।

ਜ਼ਿਲ੍ਹਾ ਪੱਧਰ 'ਤੇ ਦੇਖਿਆ ਜਾਵੇ ਤਾਂ ਲੁਧਿਆਣਾ ਵਿੱਚ ਸਭ ਤੋਂ ਵੱਧ ਕਰੀਬ 650 ਕੇਸ ਦਰਜ ਕੀਤੇ ਗਏ ਹਨ। ਇਸ ਤੋਂ ਬਾਅਦ ਅੰਮ੍ਰਿਤਸਰ ਵਿੱਚ ਲਗਭਗ 520 ਅਤੇ ਜਲੰਧਰ ਵਿੱਚ ਕਰੀਬ 480 ਕੇਸ ਦਰਜ ਕੀਤੇ ਗਏ ਹਨ। ਸਭ ਤੋਂ ਘੱਟ ਮਾਮਲੇ ਸ਼ਹੀਦ ਭਗਤ ਸਿੰਘ ਨਗਰ ਵਿੱਚ ਲਗਭਗ 90 ਦਰਜ ਕੀਤੇ ਗਏ ਹਨ। ਵੱਡੇ ਸ਼ਹਿਰਾਂ ਵਿੱਚ ਕੇਸਾਂ ਦੀ ਗਿਣਤੀ ਵੱਧ ਹੋਣ ਦਾ ਇੱਕ ਕਾਰਨ ਉੱਥੇ ਦੀ ਵੱਧ ਆਬਾਦੀ ਅਤੇ ਸ਼ਹਿਰੀਕਰਨ ਵੀ ਹੈ।

ਪੰਜਾਬ ਵਿੱਚ ਔਰਤਾਂ ਵਿਰੁੱਧ ਅਪਰਾਧਾਂ ਵਿੱਚ ਸਭ ਤੋਂ ਵੱਡਾ ਹਿੱਸਾ ਘਰੇਲੂ ਹਿੰਸਾ ਦਾ ਹੁੰਦਾ ਹੈ। ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ ਦੀਆਂ ਰਿਪੋਰਟਾਂ ਅਨੁਸਾਰ ਪਤੀ ਜਾਂ ਰਿਸ਼ਤੇਦਾਰਾਂ ਦੁਆਰਾ ਕੀਤੀ ਗਈ ਬੇਰਹਿਮੀ ਦੇ ਮਾਮਲੇ ਕੁੱਲ ਕੇਸਾਂ ਦਾ ਲਗਭਗ 31.4 ਪ੍ਰਤੀਸ਼ਤ ਹਨ। ਇਸ ਤੋਂ ਇਲਾਵਾ ਔਰਤਾਂ ਨੂੰ ਅਗਵਾਹ ਕਰਨ ਦੇ ਕੇਸ 19.2 ਪ੍ਰਤੀਸ਼ਤ, ਸ਼ਰਮਸ਼ਾਰ ਕਰਨ ਦੇ ਇਰਾਦੇ ਨਾਲ ਹਮਲੇ 18.7 ਪ੍ਰਤੀਸ਼ਤ ਅਤੇ ਜਬਰ ਜਨਾਹ ਦੇ ਕੇਸ ਲਗਭਗ 7.1 ਪ੍ਰਤੀਸ਼ਤ ਹਨ।

ਕਈ ਰਿਪੋਰਟਾਂ ਦੇ ਅਨੁਸਾਰ 2020 ਦੇ ਮੁਕਾਬਲੇ ਬਲਾਤਕਾਰ ਦੇ ਕੇਸਾਂ ਵਿੱਚ ਕਰੀਬ 43 ਪ੍ਰਤੀਸ਼ਤ ਅਤੇ ਛੇੜਛਾੜ ਦੇ ਮਾਮਲਿਆਂ ਵਿੱਚ ਲਗਭਗ 39 ਪ੍ਰਤੀਸ਼ਤ ਵਾਧਾ ਦੇਖਿਆ ਗਿਆ ਹੈ। 2022 ਵਿੱਚ ਦਰਜ ਕੁੱਲ 5572 ਕੇਸਾਂ ਵਿੱਚੋਂ ਔਰਤਾਂ ਨੂੰ ਅਗਵਾ ਕਰਨ ਦੇ 1478 ਕੇਸ ਅਤੇ ਪਤੀ ਜਾਂ ਸਹੁਰਿਆਂ ਦੁਆਰਾ ਜ਼ੁਲਮ ਅਤੇ ਘਰੇਲੂ ਹਿੰਸਾ ਦੇ 1640 ਕੇਸ ਸ਼ਾਮਲ ਹਨ।

ਇਸ ਦੇ ਨਾਲ ਨਾਲ ਕੁਝ ਮਾਮਲਿਆਂ ਵਿੱਚ ਔਰਤਾਂ ਵੱਲੋਂ ਝੂਠੇ ਕੇਸ ਦਰਜ ਕਰਨ ਦੀ ਗੱਲ ਵੀ ਸਾਹਮਣੇ ਆਉਂਦੀ ਹੈ। ਇੱਕ ਰਿਪੋਰਟ ਮੁਤਾਬਕ 952 ਐੱਫ ਆਈ ਆਰਜ਼ ਦੀ ਜਾਂਚ ਤੋਂ ਬਾਅਦ ਉਹਨਾਂ ਨੂੰ ਝੂਠਾ ਪਾਇਆ ਗਿਆ, ਜੋ ਕੁੱਲ ਕੇਸਾਂ ਦਾ ਲਗਭਗ 15.9 ਪ੍ਰਤੀਸ਼ਤ ਬਣਦਾ ਹੈ। ਹਾਲਾਂਕਿ ਇਹ ਗਿਣਤੀ ਸਮੁੱਚੇ ਅਪਰਾਧਾਂ ਦੇ ਮੁਕਾਬਲੇ ਕਾਫੀ ਘੱਟ ਹੈ।

ਇੱਕ ਹੋਰ ਮਹੱਤਵਪੂਰਨ ਗੱਲ ਇਹ ਹੈ ਕਿ ਬਹੁਤ ਸਾਰੀਆਂ ਔਰਤਾਂ ਆਪਣੇ ਨਾਲ ਹੋਏ ਅਪਰਾਧਾਂ ਦੀ ਰਿਪੋਰਟ ਕਰਨ ਤੋਂ ਹਿਚਕਚਾਉਂਦੀਆਂ ਹਨ। ਕਈ ਵਾਰ ਸਮਾਜਿਕ ਦਬਾਅ, ਪਰਵਾਰ ਦੀ ਇੱਜ਼ਤ ਜਾਂ ਪੁਲਿਸ ਦੀ ਲਾਪਰਵਾਹੀ ਕਰਕੇ ਉਹ ਅੱਗੇ ਆਉਣ ਤੋਂ ਡਰਦੀਆਂ ਹਨ। ਕਈ ਕੇਸਾਂ ਵਿੱਚ ਜੇ ਦੋਸ਼ੀ ਉੱਚੇ ਸਮਾਜਿਕ ਰੁਤਬੇ ਨਾਲ ਸੰਬੰਧਤ ਹੋਵੇ ਤਾਂ ਮਾਮਲਾ ਦਬਾਅ ਦਿੱਤਾ ਜਾਂਦਾ ਹੈ।

ਇਸ ਤਰ੍ਹਾਂ ਦੀਆਂ ਸਥਿਤੀਆਂ ਨਾ ਸਿਰਫ ਔਰਤਾਂ ਦੀ ਸੁਰੱਖਿਆ ਨੂੰ ਕਮਜ਼ੋਰ ਕਰਦੀਆਂ ਹਨ, ਸਗੋਂ ਉਹਨਾਂ ਦੀ ਆਤਮ ਵਿਸ਼ਵਾਸ ਅਤੇ ਗਤੀਸ਼ੀਲਤਾ 'ਤੇ ਵੀ ਨਕਾਰਾਤਮਕ ਪ੍ਰਭਾਵ ਪਾਂਦੀਆਂ ਹਨ। ਅੱਜ ਦੇ ਸਮੇਂ ਵਿੱਚ ਪੰਜਾਬ ਵਿੱਚ ਔਰਤਾਂ ਵਿਰੁੱਧ ਅਪਰਾਧ ਚਿੰਤਾਜਨਕ ਤਰੀਕੇ ਨਾਲ ਵਧ ਰਹੇ ਹਨ ਅਤੇ ਇਹ ਮਨੁੱਖੀ ਅਧਿਕਾਰਾਂ ਲਈ ਇੱਕ ਗੰਭੀਰ ਚੁਣੌਤੀ ਬਣ ਰਹੇ ਹਨ।

ਇਸ ਸਮੱਸਿਆ ਨੂੰ ਘਟਾਉਣ ਲਈ ਕਾਨੂੰਨਾਂ ਨੂੰ ਸਖ਼ਤੀ ਨਾਲ ਲਾਗੂ ਕਰਨਾ ਬਹੁਤ ਜ਼ਰੂਰੀ ਹੈ। ਔਰਤਾਂ ਦੀ ਸੁਰੱਖਿਆ ਲਈ ਬਣਾਏ ਗਏ ਕਾਨੂੰਨਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਚਾਹੀਦਾ ਹੈ। ਇਸ ਦੇ ਨਾਲ ਹਰ ਜ਼ਿਲ੍ਹੇ ਵਿੱਚ ਵੂਮੈਨ ਹੈਲਪ ਡੈਸਕ, ਵਧੇਰੇ ਪੁਲਸ ਪੈਟਰੋਲਿੰਗ ਅਤੇ ਸ਼ਿਕਾਇਤ ਦਰਜ ਕਰਨ ਦੀ ਪ੍ਰਕਿਰਿਆ ਨੂੰ ਆਸਾਨ ਬਣਾਉਣਾ ਵੀ ਲਾਜ਼ਮੀ ਹੈ।

ਇਸ ਤੋਂ ਇਲਾਵਾ ਸਕੂਲਾਂ ਅਤੇ ਕਾਲਜਾਂ ਵਿੱਚ ਜੈਂਡਰ ਸਮਾਨਤਾ ਅਤੇ ਕਾਨੂੰਨੀ ਜਾਗਰੂਕਤਾ ਬਾਰੇ ਸਿੱਖਿਆ ਦੇਣਾ ਵੀ ਬਹੁਤ ਮਹੱਤਵਪੂਰਨ ਹੈ। ਔਰਤਾਂ ਨੂੰ ਸਿੱਖਿਆ, ਰੁਜ਼ਗਾਰ ਅਤੇ ਆਰਥਿਕ ਤੌਰ 'ਤੇ ਆਤਮ ਨਿਰਭਰ ਬਣਾਉਣਾ ਵੀ ਹਿੰਸਾ ਦੇ ਖਿਲਾਫ ਇੱਕ ਮਜ਼ਬੂਤ ਕਦਮ ਹੋ ਸਕਦਾ ਹੈ।

***ਮੋਬਾਇਲ: 70095-29882***

**ਪਲੈਟੀਨਮ ਜੁਬਲੀ 'ਤੇ ਵਿਸ਼ੇਸ਼**

# ਲਾਇਲਪੁਰ ਖ਼ਾਲਸਾ ਕਾਲਜ ਦਾ ਵਿਰਾਸਤੀ ਪੰਜਾਬੀ ਵਿਭਾਗ

ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਸਮਰਪਤ ਵਿਦਿਅਕ ਅਦਾਰਾ ਹੈ। ਦਰਅਸਲ ਆਧੁਨਿਕ ਪੰਜਾਬੀ ਸਾਹਿਤ ਦੇ ਆਰੰਭਲੇ ਦੌਰ ਵਿੱਚ ਪੰਜਾਬੀ ਸਾਹਿਤ ਭਾਸ਼ਾ ਅਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਵਿੱਚ ਪੰਜਾਬ ਦੇ ਵਿਦਿਅਕ ਅਦਾਰਿਆਂ ਅਤੇ ਸੰਸਥਾਵਾਂ ਦੀ ਅਹਿਮ ਭੂਮਿਕਾ ਰਹੀ। ਇਹਨਾਂ ਅਦਾਰਿਆਂ ਵਿੱਚ ਪੰਜਾਬ ਯੂਨੀਵਰਸਿਟੀ, ਪੰਜਾਬੀ ਯੂਨੀਵਰਸਿਟੀ ਪਟਿਆਲਾ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਖ਼ਾਲਸਾ ਕਾਲਜ ਅੰਮ੍ਰਿਤਸਰ ਅਤੇ ਹੋਰ ਕਈ ਅਜਿਹੇ ਅਕਾਦਮਿਕ ਅਤੇ ਵਿਦਿਅਕ ਅਦਾਰਿਆਂ ਨੇ ਕਈ ਸਿਰਮੌਰ ਲੇਖਕ/ ਸਾਹਿਤਕਾਰ, ਖੋਜਕਾਰ, ਆਲੋਚਕ ਅਤੇ ਸਾਹਿਤ ਇਤਿਹਾਸਕਾਰ ਪੰਜਾਬੀ ਸਾਹਿਤ ਦੀ ਝੋਲੀ ਪਾਏ। ਵੱਡੇ ਵਿਦਿਅਕ ਅਦਾਰੇ ਹੋਣ ਕਾਰਨ ਅਕਸਰ ਪੰਜਾਬੀ ਭਾਸ਼ਾ, ਸਾਹਿਤ ਸੱਭਿਆਚਾਰ ਦੇ ਖੇਤਰ ਵਿੱਚ ਯੂਨੀਵਰਸਿਟੀਆਂ ਦੀ ਭੂਮਿਕਾ ਨੂੰ ਅਗਲੀ ਕਤਾਰ ਵਿੱਚ ਰੱਖ ਕੇ ਵਾਚਿਆ ਜਾਂਦਾ ਰਿਹਾ ਹੈ ਅਤੇ ਇਸ ਗੱਲ ਵਿੱਚ ਕੋਈ ਦੋ ਰਾਏ ਵੀ ਨਹੀਂ ਕਿ ਯੂਨੀਵਰਸਿਟੀਆਂ ਨੇ ਇਸ ਖੇਤਰ ਦੇ ਵਿੱਚ ਆਪਣੀ ਮੋਹਰੀ ਭੂਮਿਕਾ ਨਿਭਾਈ, ਪਰ ਸਾਨੂੰ ਇਸ ਗੱਲ ਤੋਂ ਵੀ ਇਨਕਾਰੀ ਨਹੀਂ ਹੋਣਾ ਚਾਹੀਦਾ ਕਿ ਇਸ ਪੱਖ ਤੋਂ ਪੰਜਾਬ ਦੇ ਹੋਰਨਾਂ ਵਿਦਿਅਕ ਅਦਾਰਿਆਂ ਖਾਸ ਕਰਕੇ ਕਾਲਜਾਂ ਦੀ ਭੂਮਿਕਾ ਵੀ ਕਿਸੇ ਪੱਖ ਤੋਂ ਘੱਟ ਨਹੀਂ ਰਹੀ। ਪੰਜਾਬ ਦੇ ਕਈ ਕਾਲਜਾਂ ਨੇ ਪੰਜਾਬੀ ਸਾਹਿਤ ਅਤੇ ਸੱਭਿਆਚਾਰ ਨੂੰ ਅਜਿਹੀਆਂ ਸ਼ਖ਼ਸੀਅਤਾਂ ਦਿੱਤੀਆਂ ਹਨ, ਜਿਨ੍ਹਾਂ ਆਪੋ ਆਪਣੇ ਖੇਤਰ ਵਿੱਚ ਨਵੇਂ ਦਿਸਹੱਦੇ ਸਿਰਜੇ। ਇਹਨਾਂ ਵਿਦਿਅਕ ਅਦਾਰਿਆਂ ਨੇ ਇਸ ਮਿੱਥ ਨੂੰ ਤੋੜਿਆ ਕਿ ਸਿਰਜਣਾ ਅਤੇ ਸਾਹਿਤ ਸੱਭਿਆਚਾਰ ਦੇ ਖੇਤਰਾਂ ਦੇ ਵਿਦਵਾਨਾਂ ਦਾ ਦਾਇਰਾ ਸਿਰਫ ਯੂਨੀਵਰਸਿਟੀਆਂ ਦੇ ਪੰਜਾਬੀ ਜਾਂ ਹੋਰਨਾਂ ਵਿਭਾਗਾਂ ਤੱਕ ਹੀ ਮਹਿਦੂਦ ਹੈ। ਇਸ ਸੰਦਰਭ ਵਿੱਚ ਪੰਜਾਬ ਦੀ ਵਿਰਾਸਤੀ ਵਿਦਿਅਕ ਸੰਸਥਾ ਖ਼ਾਲਸਾ ਕਾਲਜ ਅੰਮ੍ਰਿਤਸਰ ਤੋਂ ਬਾਅਦ ਜਿਹੜਾ ਦੂਸਰਾ ਨਾਂਅ ਜ਼ਿਹਨ ਵਿੱਚ ਉਭਰਦਾ ਹੈ ਉਹ ਹੈ ਜਲੰਧਰ ਦਾ ਲਾਇਲਪੁਰ ਖ਼ਾਲਸਾ ਕਾਲਜ।

ਅਣਵੰਡੇ ਪੰਜਾਬ ਦੀ ਸਾਂਝੀ ਰਹਿਤਲ ਅਤੇ ਸਕਾਫ਼ਤ ਦਾ ਪ੍ਰਤੀਕ ਇਹ ਅਦਾਰਾ ਜਿਸ ਦਾ ਬੀਜ ਲਹਿੰਦੇ ਪੰਜਾਬ ਦੇ ਸ਼ਹਿਰ ਲਾਇਲਪੁਰ (ਅਜੋਕੇ ਫੈਸਲਾਬਾਦ) 'ਚ ਪੁੰਗਰਿਆ ਅਤੇ 1947 ਦੀ ਵੰਡ ਦੇ ਦੁਖਾਂਤ ਮਗਰੋਂ ਦੁਆਬੇ ਦੇ ਸ਼ਹਿਰ ਜਲੰਧਰ ਆ ਕੇ ਵੱਡੇ ਬੋਹੜ 'ਚ ਤਬਦੀਲ ਹੋ ਗਿਆ। ਇੱਕ ਸਦੀ ਤੋਂ ਵੀ ਵੱਧ ਅਰਸਾ ਪਹਿਲਾਂ ਸਾਲ 1908 ਵਿੱਚ ਲਾਇਲਪੁਰ ਵਿਖੇ ਇਸ ਕਾਲਜ ਦਾ ਨੀਂਹ ਪੱਥਰ ਸੰਤ ਅਤਰ ਸਿੰਘ ਵੱਲੋਂ ਰੱਖਿਆ ਗਿਆ। ਸਕੂਲ ਦੀ ਸ਼ਕਲ 'ਚ ਆਰੰਭ ਹੋਈ ਇਸ ਸੰਸਥਾ ਦੇ ਮੋਢੀ ਅਧਿਆਪਕਾਂ ਵਿੱਚ ਮਾਸਟਰ ਤਾਰਾ ਸਿੰਘ, ਮਾਸਟਰ ਸੁੰਦਰ ਸਿੰਘ ਅਤੇ ਹੀਰਾ ਸਿੰਘ ਦਰਦ ਵਰਗੀਆਂ ਸਿਰਕੱਢ ਸ਼ਖ਼ਸੀਅਤਾਂ ਸ਼ਾਮਿਲ ਸਨ। ਅੱਜ ਤੋਂ ਪੂਰੀ ਪੌਣੀ ਸਦੀ ਪਹਿਲਾਂ ਸਥਾਪਤ ਹੋਏ ਇਸ ਕਾਲਜ ਦੇ ਪੰਜਾਬੀ ਵਿਭਾਗ ਦੇ ਇਤਿਹਾਸ ਦੀ ਇਬਾਰਤ ਪੰਜਾਬੀ ਸਾਹਿਤ ਸੱਭਿਆਚਾਰ ਦੇ ਪੰਨਿਆਂ ਉੱਤੇ ਸੁਨਹਿਰੇ ਅੱਖਰਾਂ ਚ ਉਕਰੀ ਪਈ ਹੈ।



ਵਿਭਾਗ ਦੇ ਬਾਨੀ ਪ੍ਰੋ. ਕਿਰਪਾਲ ਸਿੰਘ ਕਸੇਲ ਤਤਕਾਲੀ ਹੈੱਡ ਪ੍ਰੋ. ਬੁੱਟਰ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ।

ਪੂਰੇ ਪੰਜਾਬ ਵਿੱਚ ਇਹ ਵਿਭਾਗ ਆਪਣੀ ਇੱਕ ਵਿਲੱਖਣ ਇਤਿਹਾਸਕ ਅਹਿਮੀਅਤ ਰੱਖਦਾ ਹੈ। ਸਾਲ 1950 ਵਿੱਚ ਐੱਮ ਏ ਪੰਜਾਬੀ ਆਰੰਭ ਹੋਣ ਮਗਰੋਂ ਇਹ ਕਾਲਜ ਪੰਜਾਬ ਦੇ ਸਭ ਤੋਂ ਪੁਰਾਣੇ ਪੋਸਟ ਗ੍ਰੈਜੂਏਟ ਕਾਲਜਾਂ ਵਿੱਚ ਸ਼ਾਮਿਲ ਹੋ ਗਿਆ। ਕਾਲਜ ਦੇ ਪੰਜਾਬੀ ਵਿਭਾਗ ਦੀ ਪੰਜਾਬੀ ਸਾਹਿਤ ਭਾਸ਼ਾ ਅਤੇ ਸੱਭਿਆਚਾਰ ਨੂੰ ਦੇਣ ਦੀ ਗੱਲ ਕਰੀਏ ਤਾਂ ਇਸ ਕਾਲਜ ਨੇ ਬਹੁਤ ਸਾਰੀਆਂ ਅਜਿਹੀਆਂ ਸ਼ਖ਼ਸੀਅਤਾਂ ਇਹਨਾਂ ਖੇਤਰਾਂ ਵਿੱਚ ਦਿੱਤੀਆਂ ਹਨ, ਜਿਹੜੀਆਂ ਕਿਸੇ ਜਾਣ-ਪਛਾਣ ਦੀਆਂ ਮੁਥਾਜ ਨਹੀਂ ਹਨ। ਇਹਨਾਂ ਸ਼ਖ਼ਸੀਅਤਾਂ ਵਿੱਚ ਸਭ ਤੋਂ ਪਹਿਲਾ ਨਾਂਅ ਇਸ ਵਿਭਾਗ ਦੇ ਪਹਿਲੇ ਮੁਖੀ ਪ੍ਰੋ. ਕਿਰਪਾਲ ਸਿੰਘ ਕਸੇਲ ਦਾ ਆਉਂਦਾ ਹੈ। ਪ੍ਰੋ. ਕਸੇਲ ਪੰਜਾਬੀ ਸਾਹਿਤ ਦੇ ਖੋਜਕਾਰ, ਸਿਰਜਕ ਅਤੇ ਅਜਿਹੇ ਆਲੋਚਕ ਹਨ ਜਿਨ੍ਹਾ ਦਾ ਪੰਜਾਬੀ ਸਾਹਿਤ ਦੀ ਇਤਿਹਾਸਕਾਰੀ ਦੇ ਖੇਤਰ ਚ ਕੀਤਾ ਕੰਮ ਅਜੇ ਵੀ ਨਵੀਂ ਪੀੜ੍ਹੀ ਦੇ ਖੋਜਕਾਰਾਂ ਲਈ ਰਾਹ-ਦਿਸੇਰਾ ਹੈ। ਇਸ ਇਲਾਵਾ ਤੋਂ ਪ੍ਰੋ. ਐੱਸ. ਐੱਸ ਅਮੋਲ, ਪ੍ਰੋ. ਪਿਆਰਾ ਸਿੰਘ ਗਿੱਲ, ਪੰਜਾਬੀ ਸੂਫੀ ਸਾਹਿਤ ਦੇ ਪ੍ਰਸਿੱਧ ਆਲੋਚਕ ਅਤੇ ਖੋਜਕਾਰ ਪ੍ਰੋ. ਹਰਜਿੰਦਰ ਸਿੰਘ ਢਿੱਲੋਂ, ਪ੍ਰੋ. ਅਮਰੀਕ ਸਿੰਘ , ਪ੍ਰੋ. ਮੋਹਨ ਸਿੰਘ ਜੌਹਲ, ਪ੍ਰੋ. ਨਿਰੰਜਨ ਸਿੰਘ ਢੇਸੀ, ਪ੍ਰੋ. ਨਰਜੀਤ ਸਿੰਘ ਖਹਿਰਾ, ਪ੍ਰੋ . ਜਸਪਾਲ ਸਿੰਘ ਰੰਧਾਵਾ, ਪ੍ਰੋ. ਇੰਦਰਜੀਤ ਕੌਰ ਬੇਦੀ, ਪ੍ਰੋ. ਕੁਲਵੰਤ ਸਿੰਘ ਸੰਧੂ ਅਤੇ ਪ੍ਰੋ. ਗੋਪਾਲ ਸਿੰਘ ਬੁੱਟਰ ਵਰਗੇ ਵਿਦਵਾਨ ਇਸ ਵਿਭਾਗ ਦੇ ਮੁਖੀ ਰਹੇ ਹਨ। ਇਸ ਤੋਂ ਇਲਾਵਾ ਇਸ ਵਿਭਾਗ ਨਾਲ ਕਈ ਅਜਿਹੀਆਂ ਸ਼ਖ਼ਸੀਅਤਾਂ ਜੁੜੀਆਂ ਰਹੀਆਂ ਹਨ, ਜਿਨ੍ਹਾਂ ਦਾ ਨਾਂਅ ਆਧੁਨਿਕ ਪੰਜਾਬੀ ਸਾਹਿਤ ਸੱਭਿਆਚਰ ਦੇ ਮੋਢੀ ਸਿਰਜਕਾਂ ਵਿੱਚ ਗਿਣਿਆ ਜਾਂਦਾ ਹੈ।ਪੰਜਾਬੀ ਕਵੀ ਪ੍ਰੋ. ਮੋਹਨ ਸਿੰਘ, ਪ੍ਰੋ. ਸੰਤ ਸਿੰਘ ਸੇਖੋਂ, ਪ੍ਰੋ. ਹਰਨਾਮ ਸਿੰਘ ਸ਼ਾਨ ਪ੍ਰਿੰਸੀਪਲ ਗੁਰਬਚਨ ਸਿੰਘ ਤਾਲਿਬ , ਡਾਕਟਰ ਪਿਆਰ ਸਿੰਘ, ਪ੍ਰੋ. ਬਲਬੀਰ ਸਿੰਘ ਦਿਲ ਇਸ ਵਿਭਾਗ ਵਿੱਚ ਬਤੌਰ ਅਧਿਆਪਕ ਸੇਵਾਵਾਂ ਨਿਭਾ ਚੁੱਕੇ ਹਨ। ਪੰਜਾਬੀ ਵਿਭਾਗ ਨੂੰ ਇਸ ਗੱਲ ਦਾ ਮਾਣ ਵੀ ਹਾਸਿਲ ਹੈ ਕਿ ਇੱਥੇ ਉਹ ਸ਼ਖ਼ਸੀਅਤਾਂ ਵੀ ਪੜ੍ਹਦੀਆਂ ਰਹੀਆਂ ਹਨ, ਜਿਨ੍ਹਾਂ ਆਧੁਨਿਕ ਪੰਜਾਬੀ ਸਾਹਿਤ, ਪੰਜਾਬੀ ਪੱਤਰਕਾਰੀ ਅਤੇ ਅਕਾਦਮਿਕ ਖੇਤਰ ਵਿੱਚ ਨਵੀਂਆਂ ਪੈੜਾਂ ਸਿਰਜੀਆਂ ।

ਅਕਾਦਮਿਕ ਖੇਤਰ ਦੀ ਗੱਲ ਕਰੀਏ ਤਾਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਵਾਈਸ ਚਾਂਸਲਰ ਅਤੇ ਪ੍ਰਸਿੱਧ ਭਾਸ਼ਾ ਵਿਗਿਆਨੀ ਡਾਕਟਰ ਜੋਗਿੰਦਰ ਸਿੰਘ ਪੁਆਰ, ਪਰਵਾਸੀ ਪੰਜਾਬੀ ਸਾਹਿਤ ਆਲੋਚਨਾ ਦੇ ਪ੍ਰਮੁੱਖ ਚਿੰਤਕ ਅਤੇ ਗੁਰੂ ਨਾਨਕ ਦੇਵ ਯੂਨੀਵਸਿਟੀ ਅੰਮ੍ਰਿਤਸਰ ਦੇ ਸਾਬਕਾ ਵਾਈਸ ਚਾਂਸਲਰ ਡਾਕਟਰ ਐੱਸ ਪੀ ਸਿੰਘ ਪੰਜਾਬੀ ਵਿਭਾਗ ਦੇ ਵਿਦਿਆਰਥੀ ਰਹੇ ਹਨ।

ਪੰਜਾਬੀ ਪੱਤਰਕਾਰੀ ਦੇ ਖੇਤਰ ਦੀ ਗੱਲ ਕਰੀਏ ਤਾਂ ਅਜੀਤ ਅਖ਼ਬਾਰ ਸਮੂਹ ਮੁੱਖ ਸੰਪਾਦਕ ਬਰਜਿੰਦਰ ਸਿੰਘ ਹਮਦਰਦ, ਪੰਜਾਬੀ ਟ੍ਰਿਬਿਊਨ ਦੇ ਸਹਾਇਕ ਸੰਪਾਦਕ ਅਤੇ ਪ੍ਰਸਿੱਧ ਪੱਤਰਕਾਰ ਸ਼ਿੰਗਾਰਾ ਸਿੰਘ ਭੁੱਲਰ, ਪੱਤਰਕਾਰ ਸ਼ਾਮ ਸਿੰਘ ਭਾਟੀਆ, ਦੂਰਦਰਸ਼ਨ ਦੇ ਉਚ ਅਧਿਕਾਰੀ ਕ੍ਰਿਸ਼ਨ ਕੁਮਾਰ ਰੱਤੂ ਵੀ ਇਸ ਵਿਭਾਗ ਦੇ ਵਿਦਿਆਰਥੀ ਰਹੇ ਹਨ।

ਸ਼ਬਦ ਸੱਭਿਆਚਾਰ ਦੇ ਖੇਤਰ ਦੀ ਗੱਲ ਕਰੀਏ ਤਾਂ ਨਾਟਕਕਾਰ ਡਾਕਟਰ ਆਤਮਜੀਤ ਵੀ ਇੱਥੇ ਵਿਦਿਆਰਥੀ ਦੇ ਤੌਰ 'ਤੇ ਵਿਚਰਦੇ ਰਹੇ ਹਨ। ਸਿਰਮੌਰ ਪੰਜਾਬੀ ਕਹਾਣੀਕਾਰ ਵਰਿਆਮ ਸਿੰਘ ਸੰਧੂ ਨੇ ਲੰਮਾ ਅਰਸਾ ਇਸ ਵਿਭਾਗ ਵਿੱਚ ਅਧਿਆਪਨ ਕੀਤਾ ਅਤੇ ਇੱਥੋਂ ਹੀ ਰਿਟਾਇਰ ਹੋਏ।

ਕਿਸੇ ਵੀ ਵਿਦਿਅਕ ਸੰਸਥਾ ਦੀ ਵਡਿਆਈ ਦਾ ਪਰਖ ਪੈਮਾਨਾ ਜਿੱਥੇ ਅਕਾਦਮਿਕ ਪ੍ਰਾਪਤੀਆਂ ਹੁੰਦੀਆਂ ਹਨ, ਉਥੇ ਉਸ ਸੰਸਥਾ 'ਚ ਕਰਵਾਈਆਂ ਜਾਣ ਵਾਲੀਆਂ ਸਾਹਿਤਕ ਅਤੇ ਸੱਭਿਆਚਾਰਕ ਗਤੀਵਿਧੀਆਂ ਵੀ ਸੰਸਥਾ ਦੇ ਮਿਆਰ ਦੀ ਸ਼ਾਹਦੀ ਭਰਦੀਆਂ ਹਨ।ਇਸ ਪੱਖੋਂ ਲਾਇਲਪੁਰ ਖ਼ਾਲਸਾ ਕਾਲਜ ਅਤੇ ਇਸ ਦਾ ਪੰਜਾਬੀ ਵਿਭਾਗ ਪੰਜਾਬ ਭਰ ਵਿੱਚ ਮੋਹਰੀ ਰਿਹਾ ਹੈ । ਪੰਜਾਬੀ ਵਿਭਾਗ ਵੱਲੋਂ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਦਾ ਜ਼ਿਕਰ ਕਰੀਏ ਤਾਂ ਗੁਰਸ਼ਰਨ ਸਿੰਘ (ਭਾਈ ਮੰਨਾ ਸਿੰਘ) , ਹਰਪਾਲ ਟਿਵਾਣਾ , ਸਰਦਾਰਜੀਤ ਬਾਵਾ, ਆਤਮਜੀਤ ਅਤੇ ਅਜਮੇਰ ਸਿੰਘ ਔਲਖ ਵਰਗੇ ਨਾਟਕਕਾਰ ਇੱਥੇ ਆ ਕੇ ਨਾਟਕਕਾਰ ਡਾਕਟਰ ਹਰਚਰਨ ਸਿੰਘ ਦੀ ਅਗਵਾਈ 'ਚ ਉਸਾਰੇ ਗਏ ਖੁੱਲ੍ਹੇ ਮੰਚ ਉੱਤੇ ਆਪਣੀਆਂ ਨਾਟਕੀ ਪੇਸ਼ਕਾਰੀਆਂ ਕਰਦੇ ਰਹੇ ਹਨ। ਵਰਤਮਾਨ ਸਮੇਂ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਨਿਰੰਤਰ ਜਾਰੀ ਹਨ।

ਪੂਰੀ ਦੁਨੀਆ 'ਚ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਪਰਚਮ ਬੁਲੰਦ ਕਰਨ ਵਾਲੀ ਇਸ ਸਿਰਮੌਰ ਵਿਦਿਅਕ ਸੰਸਥਾ ਦਾ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਇਸ ਵਰ੍ਹੇ 19-20 ਮਾਰਚ ਨੂੰ ਆਪਣੀ ਸਥਾਪਨਾ ਦਾ 75ਵਾਂ ਵਰ੍ਹਾ/ ਪਲੈਟੀਨਮ ਜੁਬਲੀ ਲਾਇਲਪੁਰ ਖ਼ਾਲਸਾ ਕਾਲਜ ਦੀ ਗਵਰਨਿੰਗ ਕੌਂਸਲ ਦੀ ਪ੍ਰਧਾਨ ਸਰਦਾਰਨੀ ਬਲਬੀਰ ਕੌਰ, ਪ੍ਰਿੰਸੀਪਲ ਡਾਕਟਰ ਰਛਪਾਲ ਸਿੰਘ ਸੰਧੂ ਅਤੇ ਪੰਜਾਬੀ ਵਿਭਾਗ ਦੇ ਮੁਖੀ ਡਾਕਟਰ ਹਰਜਿੰਦਰ ਸਿੰਘ ਸੇਖੋਂ ਦੀ ਅਗਵਾਈ ਹੇਠ ਮਨਾ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਪੰਜਾਬੀ ਸਾਹਿਤ ਅਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਇਸ ਵਿਭਾਗ ਤੋਂ ਵੱਡੀਆਂ ਆਸਾਂ ਹਨ।

**— ਪ੍ਰੋ. ਸੰਦੀਪ ਮਨਨ**

# ਕਿਸਾਨ ਫਸਲਾਂ ਉਗਾਉਣ ਤੱਕ ਹੀ ਸੀਮਿਤ ਨਾ ਰਹਿਣ : ਸੰਧਵਾਂ
## ਖੇਤਰੀ ਖੋਜ ਕੇਂਦਰ ਫ਼ਰੀਦਕੋਟ ਵਿਖੇ ਲੱਗਾ ਵਿਸ਼ਾਲ ਕਿਸਾਨ ਮੇਲਾ

**ਲੁਧਿਆਣਾ (ਅਲਗਜੈਂਡਰ ਡਿਸੂਜ਼ਾ)** ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.) ਲੁਧਿਆਣਾ ਵੱਲੋਂ ਖੇਤਰੀ ਖੋਜ ਕੇਂਦਰ ਫ਼ਰੀਦਕੋਟ ਵਿਖੇ 'ਖੇਤੀ ਵਿਭਿੰਨਤਾ




ਅਪਣਾਓ, ਵਡਮੁੱਲਾ ਵਾਤਾਵਰਣ ਬਚਾਓ' ਦੇ ਨਾਅਰੇ ਹੇਠ ਜ਼ਿਲ੍ਹਾ ਪੱਧਰੀ ਕਿਸਾਨ ਮੇਲੇ ਦਾ ਸਫਲ ਆਯੋਜਨ ਕੀਤਾ ਗਿਆ। ਇਸ ਮੇਲੇ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਸ਼ਿਰਕਤ ਕੀਤੀ। ਸਮਾਗਮ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਹਾਜ਼ਰੀ ਭਰੀ, ਜਦ ਕਿ ਫ਼ਰੀਦਕੋਟ ਦੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਕਿਸਾਨਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਖੇਤੀ ਦੁਨੀਆ ਦਾ ਸਭ ਤੋਂ ਉੱਤਮ ਕਿੱਤਾ ਹੈ, ਪਰ ਅੱਜ ਦੇ ਸਮੇਂ ਵਿੱਚ ਕਿਸਾਨਾਂ ਨੂੰ ਸਿਰਫ਼ ਫ਼ਸਲ ਉਗਾਉਣ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਅਪੀਲ ਕੀਤੀ ਕਿ ਕਿਸਾਨ 'ਐਗਰੀ-ਬਿਜ਼ਨਸ' ਅਤੇ ਖੇਤੀ ਅਧਾਰਿਤ ਲਘੂ ਉਦਯੋਗਾਂ ਵੱਲ ਕਦਮ ਵਧਾਉਣ ਤਾਂ ਜੋ ਆਪਣੀ ਉਪਜ ਦਾ ਸਹੀ ਮੁੱਲ ਖੁਦ ਨਿਰਧਾਰਿਤ ਕਰ ਸਕਣ। ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਕਿਸਾਨ ਮੇਲੇ ਵਿਗਿਆਨੀਆਂ ਅਤੇ ਕਿਸਾਨਾਂ ਵਿਚਕਾਰ ਇੱਕ ਮਜ਼ਬੂਤ ਕੜੀ ਦਾ ਕੰਮ ਕਰਦੇ ਹਨ। ਇਨ੍ਹਾਂ ਰਾਹੀਂ ਕਿਸਾਨਾਂ ਨੂੰ ਨਵੇਂ ਬੀਜਾਂ, ਖਾਦਾਂ ਦੀ ਸਹੀ ਵਰਤੋਂ ਅਤੇ ਕੀੜੇ-ਮਕੌੜਿਆਂ ਤੋਂ ਬਚਾਅ ਦੀ ਸਹੀ ਤਕਨੀਕੀ ਜਾਣਕਾਰੀ ਮਿਲਦੀ ਹੈ। ਪੀ.ਏ.ਯੂ. ਦੇ ਉਪ-ਕੁਲਪਤੀ ਡਾ. ਸਤਬੀਰ ਸਿੰਘ ਗੋਸਲ ਨੇ ਸਾਉਣੀ ਦੀਆਂ ਫ਼ਸਲਾਂ ਦੀਆਂ ਨਵੀਆਂ ਕਿਸਮਾਂ ਅਤੇ ਮੰਡੀਕਰਨ ਦੇ ਨੁਕਤੇ ਸਾਂਝੇ ਕੀਤੇ।

ਉਨ੍ਹਾਂ ਭਰੋਸਾ ਦਿੱਤਾ ਕਿ ਯੂਨੀਵਰਸਿਟੀ ਕਿਸਾਨਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਹਮੇਸ਼ਾ ਤਤਪਰ ਹੈ। ਅੰਤਰਰਾਸ਼ਟਰੀ ਝੋਨਾ ਵਿਗਿਆਨੀ ਡਾ. ਗੁਰਦੇਵ ਸਿੰਘ ਖੁਸ਼ ਨੇ ਵੀ ਸਬਜ਼ੀਆਂ ਅਤੇ ਫਲਾਂ ਦੀ ਖੇਤੀ ਰਾਹੀਂ ਵਿਭਿੰਨਤਾ ਲਿਆਉਣ 'ਤੇ ਜ਼ੋਰ ਦਿੱਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਕੁਲਦੀਪ ਸਿੰਘ (ਨਿਰਦੇਸ਼ਕ ਖੇਤਰੀ ਖੋਜ ਕੇਂਦਰ), ਡਾ. ਅਜਮੇਰ ਸਿੰਘ ਢੱਟ, ਅਤੇ ਡਾ. ਤੇਜਿੰਦਰ ਸਿੰਘ ਰਿਆੜ ਸਮੇਤ ਕਈ ਉੱਘੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

# ਸੁਖਬੀਰ ਬਾਦਲ ਮੁੱਖ ਮੰਤਰੀ ਬਣਨ ਦੇ ਸੁਪਨੇ ਲੈਣੇ ਛੱਡ ਦੇਵੇ : ਚਕਰ

**ਬੱਧਨੀ ਕਲਾਂ (ਲਵਲੀ ਕੁਮਾਰ)** ਪੰਜਾਬ ਗੁਰੂਆਂ, ਪੀਰਾਂ, ਰਿਸ਼ੀਆਂ, ਮੁਨੀਆਂ ਤੇ ਸੰਤਾਂ ਮਹਾਂਪੁਰਸ਼ਾਂ ਦੀ ਧਰਤੀ ਹੈ। ਇਸ ਨੂੰ ਅਹਿਮਦ ਸ਼ਾਹ ਅਬਦਾਲੀ ਨੇ ਲੁੱਟਿਆ। ਅੰਗਰੇਜ਼ਾਂ ਨੇ ਲੁੱਟਿਆ ਤੇ ਉਸ ਤੋਂ ਬਾਅਦ ਆਪਣਿਆਂ ਵੀ ਕਦੇ ਕਾਂਗਰਸ ਦੇ ਰੂਪ ਵਿੱਚ ਅਤੇ ਕਦੇ ਖੇਤਰੀ ਪਾਰਟੀ ਕਹਾਉਣ ਵਾਲੇ ਅਕਾਲੀ ਦਲ ਦੇ ਬਾਦਲ ਪਰਵਾਰ ਵੱਲੋਂ ਵੀ ਕੋਈ ਕਸਰ ਬਾਕੀ ਨਹੀਂ ਛੱਡੀ। ਰਾਜ ਸੱਤਾ 'ਤੇ ਕਾਬਜ਼ ਪਾਰਟੀ ਜੋ ਆਪ ਧਰਨੇ-ਪ੍ਰਦਰਸ਼ਨਾਂ ਵਿੱਚੋਂ ਨਿਕਲੀ ਹੋਈ ਬਦਲਾਅ ਵਾਲੀ ਸਭ ਦੇ ਸਾਹਮਣੇ ਹੀ ਹੈ, ਕਿਸ ਤਰ੍ਹਾਂ ਪੰਜਾਬ ਦੋਹਾਂ ਹੱਥਾਂ ਨਾਲ ਲੁੱਟਣ ਲਈ ਦਿੱਲੀ ਤੋਂ ਨਕਾਰੇ ਹੋਇਆਂ ਦੇ ਹੱਥਾਂ ਵਿੱਚ ਦਿੱਤਾ ਹੋਇਆ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਧਰਮ ਯੁੱਧ ਮੋਰਚੇ ਤੋਂ ਬਾਅਦ ਪੰਜਾਬ ਵਿੱਚ ਅਕਾਲੀ ਦਲ ਬਾਦਲ ਵੱਲੋਂ ਪ੍ਰਕਾਸ਼ ਸਿੰਘ ਬਾਦਲ ਪੰਜ ਵਾਰ ਮੁੱਖ ਮੰਤਰੀ ਬਣੇ, ਜਿਸ ਵਿੱਚ ਕੁੱਝ ਸਮਾਂ ਸੁਖਬੀਰ ਸਿੰਘ ਬਾਦਲ ਵੀ ਡਿਪਟੀ ਮੁੱਖ ਮੰਤਰੀ ਰਹੇ ਤੇ ਸੈਂਟਰ ਅਤੇ ਪੰਜਾਬ ਵਿੱਚ ਬੀ.ਜੇ.ਪੀ.ਨਾਲ ਭਾਈਵਾਲ ਵੀ ਰਹੇ ਹਨ ਅਤੇ ਬੀਬਾ ਹਰਸਿਮਰਤ ਕੌਰ ਬ ਾਦਲ ਸੈਂਟਰ ਵਿੱਚ ਮੰਤਰੀ ਰਹੇ ਹਨ। ਉਸ ਸਮੇਂ ਬੰਦੀ ਸਿੰਘਾਂ ਦੀ ਰਿਹਾਈ ਦੀ ਕੋਈ ਗੱਲ ਨਹੀਂ ਕੀਤੀ। ਉਸ ਸਮੇਂ ਬੰਦੀ ਸਿੰਘਾਂ ਦੇ ਉਲਟ



ਬਿਆਨਬਾਜ਼ੀ ਵੀ ਕਰਦੇ ਰਹੇ ਹਨ। ਇਸ ਸਮੇਂ ਦੌਰਾਨ ਪੰਜਾਬ ਨੂੰ ਕੁੱਟਿਆ ਤੇ ਲੁੱਟਿਆ ਗਿਆ। ਬਾਦਲਕਿਆਂ ਦੇ ਰਾਜ 'ਚ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਸਰੂਪਾਂ ਦੀਆਂ ਬੇਅਦਬੀ ਹੋਣ ਦੀਆ ਘਟਨਾਵਾਂ ਹੋਈਆਂ ਹਨ। ਉਸ ਰੋਸ ਵਿੱਚ ਬਰਗਾੜੀ ਤੇ ਕੋਟਕਪੂਰਾ ਸ਼ਹਿਰ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੀਆਂ ਸੰਗਤਾਂ ਉਪਰ ਲਾਠੀਚਾਰਜ ਕੀਤਾ ਗਿਆ। ਦੋ ਨੌਜਵਾਨ ਸ਼ਹੀਦ ਹੋਏ ਹਨ। ਗੁਰਮੀਤ ਰਾਮ ਰਹੀਮ ਨੂੰ ਬਿਨ ਮੰਗਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮਾਫੀ ਦਿੱਤੀ ਗਈ, ਜਿਸ ਨਾਲ ਤਖ਼ਤ ਸਾਹਿਬਾਨਾਂ ਦੀ ਮਾਣ ਮਰਿਆਦਾ ਦੀਆਂ ਧੱਜੀਆਂ ਉਡਾਈਆਂ ਗਈਆਂ। ਸੋ ਇਸ ਤਰ੍ਹਾਂ ਦੇ ਕੰਮ ਕਰਨ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਬਣਨ ਦੇ ਸੁਪਨੇ ਲੈਣੇ ਛੱਡ ਦੇਣੇ ਚਾਹੀਦੇ ਹਨ। ਹੁਣ 2027 ਵਿੱਚ ਮੁੱਖ ਮੰਤਰੀ ਸਰਕਾਰ-ਏ-ਖਾਲਸਾ ਦਾ ਹੋਵੇਗਾ।

# ਭਗਵੰਤ ਮਾਨ 5 ਗਰੰਟੀਆਂ ਪੂਰੀਆਂ ਕਰਨ ਵਾਲੇ ਦੇਸ਼ ਦੇ ਪਹਿਲੇ ਮੁੱਖ ਮੰਤਰੀ ਬਣੇ : ਦੇਵ ਮਾਨ

**ਨਾਭਾ (ਵਰਿੰਦਰ ਵਰਮਾ)** - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਿੱਤੀਆਂ ਗਈਆਂ 5 ਗਰੰਟੀਆਂ ਪੂਰੀਆਂ ਕਰਨ ਵਾਲੇ ਦੇਸ਼ ਦੇ ਪਹਿਲੇ ਮੁੱਖ ਮੰਤਰੀ ਬਣੇ ਹਨ। ਇਹ



ਪ੍ਰਗਟਾਵਾ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਸ. ਭਗਵੰਤ ਸਿੰਘ ਮਾਨ ਬਤੌਰ ਮੁੱਖ ਮੰਤਰੀ ਪੰਜਾਬ ਦੇ 4 ਸਾਲ ਪੂਰੇ ਹੋਣ 'ਤੇ ਧੂਰੀ ਵਿਖੇ ਰੱਖੇ ਗਏ ਸ਼ਾਨਦਾਰ ਸਮਾਗਮ ਲਈ ਨਾਭਾ ਹਲਕੇ ਵਿੱਚੋਂ ਵੱਡਾ ਕਾਫ਼ਲਾ ਰਵਾਨਾ ਕਰਨ ਉਪਰੰਤ ਪ੍ਰਗਟਾਏ। ਉਨ੍ਹਾਂ ਕਿਹਾ ਕਿ ਭਾਰਤ ਦੇਸ਼ ਦਾ ਪੰਜਾਬ ਪਹਿਲਾ ਸੂਬਾ ਹੈ ਜਿੱਥੇ 2022 ਦੀਆਂ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਕਨਵੀਨਰ ਸ੍ਰੀ ਅਰਵਿੰਦ ਕੇਜ਼ਰੀਵਾਲ ਤੇ ਸ. ਭਗਵੰਤ ਸਿੰਘ ਮਾਨ ਵੱਲੋਂ ਦਿੱਤੀਆਂ 5 ਗਰੰਟੀਆਂ ਨੂੰ ਬੀਤੇ ਚਾਰ ਸਾਲਾਂ ਵਿੱਚ ਪੂਰਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸਿਹਤ ਖੇਤਰ ਵਿੱਚ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਸੂਬੇ ਵਿੱਚ 881 ਆਮ ਆਦਮੀ ਕਲੀਨਿਕਾਂ ਵਿੱਚ ਲੋਕਾਂ ਨੂੰ ਮੁਫ਼ਤ ਦਵਾਈਆਂ ਅਤੇ ਟੈਸਟ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਹੁਣ ਤੱਕ 2,661 ਡਾਕਟਰਾਂ, ਪੈਰਾਮੈਡੀਕਲ ਅਤੇ ਕਲੀਨਿਕਲ ਸਟਾਫ ਦੀ ਭਰਤੀ ਕੀਤੀ ਗਈ ਹੈ। ਇਸ ਤੋਂ ਇਲਾਵਾ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ 15,000 ਤੋਂ ਵੱਧ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਸਮੇਂ ਦੌਰਾਨ ਹੁਣ ਤੱਕ 65,264 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ, ਜਦ ਕਿ ਨੌਜਵਾਨਾਂ ਲਈ 5 ਲੱਖ ਤੋਂ ਵੱਧ ਨੌਕਰੀਆਂ ਪ੍ਰਾਈਵੇਟ ਸੈਕਟਰ ਵਿੱਚ ਵੀ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਮੌਕੇ ਚੇਅਰਮੈਨ ਗੁਰਦੀਪ ਸਿੰਘ ਟਿਵਾਣਾ, ਸਾਬਕਾ ਚੇਅਰਮੈਨ ਦੀਪਾ ਰਾਮਗੜ੍ਹ, ਵਾਈਸ ਚੇਅਰਮੈਨ ਭੁਪਿੰਦਰ ਸਿੰਘ ਕਲਰ ਮਾਜਰੀ, ਤੇਜਿੰਦਰ ਖਹਿਰਾ, ਸਰਪੰਚ ਦਵਿੰਦਰ ਸਿੰਘ ਕੁਲਾਰਾ, ਵਾਰਡ ਨੰਬਰ 18 ਮੁੱਖ ਸੇਵਾਦਾਰ ਦੀਪ ਉੱਧਮ ਸਿੰਘ, ਕਸ਼ਮੀਰ ਸਿੰਘ ਲਾਲਕਾ, ਮਨਜੀਤ ਸਿੰਘ ਫਤਿਹਪੁਰ, ਸ਼ੈਂਕੀ ਸਿੰਗਲਾ, ਅਮਰੀਕ ਸਿੰਘ, ਗੁਰਚਰਨ ਸਿੰਘ ਲੁਹਾਰ ਮਾਜਰਾ, ਲੱਕੀ ਭਾਦਸੋ, ਭੁਪਿੰਦਰ ਸਿੰਘ ਕਕਰਾਲਾ, ਕੁਲਦੀਪ ਸਿੰਘ ਰਾਮਗੜ੍ਹ, ਕੌਂਸਲਰ ਕ੍ਰਿਸ਼ਨ ਕੁਮਾਰ, ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹਲਕਾ ਵਾਸੀ ਹਾਜਰ ਸਨ।

# ਪੰਜਾਬ ਸਰਕਾਰ ਵੱਲੋਂ ਜਲਾਲਾਬਾਦ ਹਲਕੇ ਦੀਆਂ ਮਹਿਲਾ ਉੱਦਮੀ ਸਨਮਾਨਤ

ਜਲਾਲਾਬਾਦ, (ਜੀਤ ਕੁਮਾਰ) ਪੰਜਾਬ ਸਰਕਾਰ ਵੱਲੋਂ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਧੀਨ ਸੈਲਫ ਹੈਲਪ ਗਰੁੱਪਾਂ ਨਾਲ ਜੁੜੀਆਂ ਮਹਿਲਾ ਉੱਦਮੀਆਂ ਨੂੰ ਵਿਕਾਸ ਭਵਨ ਮੋਹਾਲੀ




ਵਿਖੇ ਸਨਮਾਨਤ ਕੀਤਾ ਗਿਆ। ਆਜੀਵਿਕਾ ਮਿਸ਼ਨ ਦਾ ਮੁੱਖ ਮਕਸਦ ਪੇਂਡੂ ਖੇਤਰ ਦੀਆਂ ਗਰੀਬ ਔਰਤਾਂ ਦਾ ਆਰਥਿਕ ਅਤੇ ਸਮਾਜਿਕ ਪੱਧਰ ਤੇ ਉੱਚਾ ਚੁੱਕਣਾ ਹੈ। ਔਰਤਾਂ ਨੂੰ ਆਜੀਵਿਕਾ ਮਿਸ਼ਨ ਅਧੀਨ ਸੈਲਫ ਹੈਲਪ ਗਰੁੱਪਾਂ ਨਾਲ ਜੋੜ ਕੇ ਉਨ੍ਹਾਂ ਨੂੰ ਵੱਖ-ਵੱਖ ਕਿੱਤਿਆਂ ਦੀਆਂ ਟ੍ਰੇਨਿੰਗਾਂ ਮੁਹੱਈਆ ਕਰਾਈਆਂ ਜਾਂਦੀਆਂ ਹੈ। ਇਸ ਦੇ ਤਹਿਤ ਪਹਿਲ ਕਦਮੀਆਂ ਕਰਦਿਆਂ ਪੰਜਾਬ ਸਰਕਾਰ ਵੱਲੋਂ ਪਹਿਲ ਹੌਜਰੀ ਸੈਂਟਰ, ਸੋਲਿਡ ਵੈਸਟ ਮੈਨੇਜਮੈਂਟ ਤੇ ਹੋਰ ਵੱਖ ਵੱਖ ਤਰ੍ਹਾਂ ਕੰਮ ਕਰਾਏ ਗਏ। ਪੰਜਾਬ ਸਰਕਾਰ ਵੱਲੋਂ ਇਸ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਮਹਿਲਾ ਉੱਦਮੀਆਂ ਨੂੰ ਉਤਸ਼ਾਹਤ ਕਰਨ ਲਈ ਹਲਕਾ, ਜ਼ਿਲ੍ਹਾ ਤੇ ਰਾਜ ਪੱਧਰ ਤੇ ਵਿਸ਼ੇਸ਼ ਪ੍ਰੋਗਰਾਮ ਉਲੀਕੇ ਗਏ। ਸਰਕਾਰ ਵੱਲੋਂ ਹਲਕਾ ਪੱਧਰ ਤੇ ਮਹਿਲਾ ਉੱਦਮੀਆਂ ਦੀ ਚੋਣ ਕਰਕੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ, ਫਿਰ ਉਨ੍ਹਾਂ 'ਚੋਂ ਚੋਣ ਕਰਕੇ ਜ਼ਿਲ੍ਹਾ ਪੱਧਰ 'ਤੇ ਸਮਾਗਮ ਵਿੱਚ ਸਨਮਾਨਤ ਕੀਤਾ ਗਿਆ। ਇਸੇ ਲੜੀ ਤਹਿਤ ਪੰਜਾਬ ਸਰਕਾਰ ਵੱਲੋਂ ਹਲਕਾ ਜਲਾਲਾਬਾਦ ਦੇ 6 ਮਹਿਲਾ ਉੱਦਮੀਆਂ ਬਲਕਾਰਾਂ ਰਾਣੀ ਫਤਿਹਗੜ੍ਹ, ਸਿਮਰਨ ਰਾਣੀ ਸੜ੍ਹੀਆਂ. ਕੁਲਵਿੰਦਰ ਕੌਰ ਸੜੀਆਂ, ਲਵਜੀਤ ਕੌਰ ਬੱਘੇ ਕੇ ਹਿਠਾੜ, ਸਰਵੀਨਾ ਰਾਣੀ ਚੱਕ ਬਜੀਦਾ, ਵੀਰਾ ਰਾਣੀ ਲਾਧੂਕਾ, ਖੁਸ਼ਪ੍ਰੀਤ ਕੌਰ ਬੰਨਾ ਵਾਲਾ, ਜਸਵੀਰ ਕੌਰ ਅਲਿਆਣਾ ਦੀ ਚੋਣ ਕੀਤੀ ਗਈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਨ੍ਹਾਂ ਔਰਤਾਂ ਨੂੰ ਰਾਜ ਪੱਧਰ ਤੇ ਸਰਟੀਫਿਕੇਟ ਵੰਡ ਕੇ ਅਤੇ ਨਕਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ।

# ਸਰਕਾਰ ਬੇਅਦਬੀਆਂ ਖਿਲਾਫ ਸਖਤ ਕਾਨੂੰਨ ਬਣਾਉਣ 'ਚ ਨਾਕਾਮਯਾਬ : ਹਾਜੀ ਬਿੱਟੂ ਚੌਹਾਨ

**ਸੰਗਾਲਾ (ਰਣਜੀਤ ਸਿੰਘ ਪੇਧਨੀ)** ਬੇਅਦਬੀਆਂ ਖਿਲਾਫ ਸਖਤ ਕਾਨੂੰਨ ਬਨਾਉਣ ਦੀ ਮੰਗ ਨੂੰ ਲੈ ਕੇ ਭਾਈ ਗੁਰਜੀਤ ਸਿੰਘ ਖਾਲਸਾ ਪਿਛਲੇ 17 ਮਹੀਨਿਆਂ ਤੋਂ ਟਾਵਰ 'ਤੇ ਬੈਠ ਕੇ ਸੰਘਰਸ਼ ਕਰ ਰਹੇ ਹਨ, ਪਰ ਮਾਨ ਸਰਕਾਰ ਵੱਲੋਂ ਆਪਣੇ ਬੱਜਟ ਸੈਸ਼ਨ ਦੌਰਾਨ ਬੇਅਦਬੀਆਂ ਦੇ ਮੁੱਦੇ ਨੂੰ ਲੈ ਕੇ ਧਾਰੀ ਚੁੱਪ ਕਈ ਸਵਾਲ ਖੜੇ ਕਰਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਹਾਜੀ ਬਿੱਟੂ ਚੌਹਾਨ ਮਾਲੇਰਕੋਟਲਾ ਨੇ ਕੀਤਾ।ਉਨ੍ਹਾਂ ਕਿਹਾ ਕਿ ਆਏ ਦਿਨ ਬੇਅਦਬੀਆਂ ਦੇ ਮਾਮਲੇ ਵਧ ਰਹੇ ਹਨ, ਜੋ ਬੇਅਦਬੀਆਂ ਖਿਲਾਫ਼ ਸਖਤ ਕਾਨੂੰਨ ਦੀ ਵਿਵਸਥਾ ਨਾ ਹੋਣ ਦਾ ਨਤੀਜਾ ਹਨ, ਜਦਕਿ ਬੇਅਦਬੀ ਖਿਲਾਫ ਬਿੱਲ ਸਬੰਧੀ ਸਿਲੈਕਟ ਕਮੇਟੀ ਨੇ ਵੀ ਚੁੱਪ ਧਾਰੀ ਹੈ।ਉਨ੍ਹਾਂ ਕਿਹਾ ਕਿ ਬੇਅਦਬੀਆਂ ਖਿਲਾਫ ਸਖਤ ਕਾਨੂੰਨ ਅਮਲ ਵਿੱਚ ਲਿਆਂਦਾ ਜਾਵੇ ਤਾਂ ਜੁ ਕੋਈ ਵੀ ਵੱਖ-ਵੱਖ ਧਰਮਾਂ ਦੇ ਪਵਿੱਤਰ ਗ੍ਰੰਥਾਂ ਦਾ ਅਪਮਾਨ ਕਰਨ ਵਾਰੇ ਸੋਚ ਵੀ ਨਾ ਸਕੇ।

# ਪੰਜਾਬੀ ਯੂਨੀਵਰਸਿਟੀ ਦੀਆਂ ਟੀਮਾਂ ਨੇ ਨੈਸ਼ਨਲ ਇੰਟਰ ਯੂਨੀਵਰਸਿਟੀ ਯੁਵਕ ਮੇਲੇ 'ਚ ਮਾਰੀਆਂ ਮੱਲਾਂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬੀ ਯੂਨੀਵਰਸਿਟੀ ਦੀਆਂ ਟੀਮਾਂ ਨੇ ਤਮਿਲਨਾਡੂ ਦੇ ਚੇਨਈ ਵਿਖੇ ਹੋਏ 39ਵੇਂ ਏ.ਆਈ.ਯੂ. ਨੈਸ਼ਨਲ ਇੰਟਰ ਯੂਨੀਵਰਸਿਟੀ ਯੁਵਕ ਮੇਲੇ ਦੌਰਾਨ ਨੌਂ ਕਲਾਤਮਿਕ




ਵੰਨਗੀਆਂ ਵਿੱਚ ਭਾਗ ਲਿਆ ਅਤੇ ਇਨ੍ਹਾਂ ਸਾਰੀਆਂ ਹੀ ਵੰਨਗੀਆਂ ਵਿੱਚ ਜਿੱਤ ਪ੍ਰਾਪਤ ਕੀਤੀ। ਸਤਿਆਬਾਮਾਂ ਯੂਨੀਵਰਸਿਟੀ,ਚੇਨੱਈ ਵਿੱਚ ਹੋਏ ਇਸ ਯੁਵਕ ਮੇਲੇ ਦੌਰਾਨ ਪੰਜਾਬੀ ਯੂਨੀਵਰਸਿਟੀ ਨੇ ਇੰਡੀਅਨ ਗਰੁੱਪ ਸੌਂਗ, ਕਲਾਸੀਕਲ ਡਾਂਸ ਅਤੇ ਮਿਮਿਕਰੀ ਵਿੱਚ ਪਹਿਲਾ ਸਥਾਨ, ਕਲਾਸੀਕਲ ਵੋਕਲ, ਫੋਕ ਆਰਕੈਸਟਰਾ ਅਤੇ ਰੰਗੋਲੀ ਵਿੱਚ ਦੂਜਾ ਸਥਾਨ, ਕਾਰਟੂਨਿੰਗ ਵਿੱਚ ਤੀਜਾ ਸਥਾਨ ਅਤੇ ਕੋਲਾਜ ਅਤੇ ਪੋਸਟਰ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਵਧਾਈ ਦਿੰਦਿਆਂ ਕਿਹਾ ਕਿ ਇਹ ਪੰਜਾਬੀ ਯੂਨੀਵਰਸਿਟੀ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸਾਡੇ ਵਿਦਿਆਰਥੀਆਂ ਨੇ ਕੌਮੀ ਪੱਧਰ 'ਤੇ ਆਪਣੀ ਕਲਾ ਦਾ ਲੋਹਾ ਮਨਵਾਇਆ ਹੈ। ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਪ੍ਰੋ. ਭੀਮ ਇੰਦਰ ਸਿੰਘ ਨੇ ਦੱਸਿਆ ਕਿ ਭਾਰਤ ਦੀਆਂ ਲਗਭਗ 150 ਯੂਨੀਵਰਸਿਟੀਆਂ ਤੋਂ ਲਗਭਗ 2500 ਵਿਦਿਆਰਥੀਆਂ ਨੇ ਆਪੋ ਆਪਣੇ ਜ਼ੋਨ ਵਿੱਚੋਂ ਜੇਤੂ ਹੋ ਕੇ ਇਸ ਕੌਮੀ ਪੱਧਰ ਦੇ ਯੁਵਕ ਮੇਲੇ ਵਿੱਚ ਹਿੱਸਾ ਲਿਆ ਸੀ। ਇਨ੍ਹਾਂ ਕਲਾਤਮਿਕ ਵੰਨਗੀਆਂ ਦੀ ਤਿਆਰੀ ਪ੍ਰੋ ਨਿਵੇਦਿਤਾ ਸਿੰਘ ਉੱਪਲ, ਡਾ. ਡੈਨੀ ਸ਼ਰਮਾ, ਵਿਜੇ ਯਮਲਾ, ਡਾ ਅਰਸ਼ ਕੌਰ ਭੱਟੀ, ਡਾ ਰਾਜਿੰਦਰ ਸੋਹਲ, ਡਾ. ਹਰਿੰਦਰ ਹੁੰਦਲ ਨੇ ਕਰਵਾਈ ਸੀ।ਇਨ੍ਹਾਂ ਟੀਮਾਂ ਨਾਲ਼ ਯੂਨੀਵਰਸਿਟੀ ਤੋਂ ਜਾਣ ਵਾਲੇ ਕਰਮਚਾਰੀਆਂ ਵਿੱਚ ਡਾ. ਜੇ.ਪੀ. ਸਿੰਘ, ਰੁਬਲ ਪ੍ਰੋ. ਅਦਲ ਅਤੇ ਰਮਨ ਵੜੈਚ ਸ਼ਾਮਿਲ ਸਨ।

# ਪਿੰਡ ਖੋਖਰ ਦੇ ਸ਼ਮਸ਼ਾਨਘਾਟ 'ਚ ਭੱਠੀ ਬਣਾਉਣ ਲਈ 2 ਲੱਖ ਦੀ ਗ੍ਰਾਂਟ ਜਾਰੀ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ) ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਵੱਲੋਂ ਪਿੰਡ ਖੋਖਰ ਦੇ ਸ਼ਮਸ਼ਾਨਘਾਟ ਵਿੱਚ ਭੱਠੀ ਦੇ ਨਿਰਮਾਣ ਲਈ 2 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ।ਇਹ ਗ੍ਰਾਂਟ ਪਿੰਡ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਅਤੇ ਸ਼ਮਸ਼ਾਨਘਾਟ ਦੀਆਂ ਵਿਵਸਥਾਵਾਂ ਨੂੰ ਸੁਧਾਰਨ ਦੇ ਉਦੇਸ਼ ਨਾਲ ਦਿੱਤੀ ਗਈ ਹੈ।ਚੇਅਰਮੈਨ ਕਾਉਣੀ ਨੇ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ



ਸਹੂਲਤਾਂ ਦਾ ਵਿਕਾਸ ਕਰਨਾ ਸਰਕਾਰ ਦੀ ਪਹਿਲੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਸ਼ਮਸ਼ਾਨਘਾਟ ਵਰਗੀਆਂ ਜ਼ਰੂਰੀ ਥਾਂਵਾਂ 'ਤੇ ਸੁਵਿਧਾਵਾਂ ਦੇ ਵਿਕਾਸ ਨਾਲ ਲੋਕਾਂ ਨੂੰ ਮੁਸ਼ਕਲ ਸਮਿਆਂ ਵਿੱਚ ਵੀ ਸਹੂਲਤ ਮਿਲਦੀ ਹੈ।ਉਨ੍ਹਾਂ ਸੰਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਭੱਠੀ ਦੇ ਨਿਰਮਾਣ ਦਾ ਕੰਮ ਜਲਦੀ ਤੋਂ ਜਲਦੀ ਅਤੇ ਗੁਣਵੱਤਾ ਨਾਲ ਪੂਰਾ ਕੀਤਾ ਜਾਵੇ, ਤਾਂ ਜੁ ਪਿੰਡ ਵਾਸੀਆਂ ਨੂੰ ਇਸ ਦਾ ਲਾਭ ਸਮੇਂ ਸਿਰ ਮਿਲ ਸਕੇ। ਪਿੰਡ ਵਾਸੀਆਂ ਵੱਲੋਂ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਦਾ ਧੰਨਵਾਦ ਕੀਤਾ ਗਿਆ।

# ਹੋਲੀ ਹਾਰਟ ਸਕੂਲ 'ਚ ਦਾਖਲਿਆਂ ਲਈ ਭਾਰੀ ਉਤਸ਼ਾਹ

**ਅਜੀਤਵਾਲ (ਨਛੱਤਰ ਸੰਧੂ)** ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਨਵੇਂ ਅਕਾਦਮਿਕ ਸੈਸ਼ਨ ਲਈ ਦਾਖਲਿਆਂ ਨੂੰ ਲੈ ਕੇ ਵਿਸ਼ੇਸ਼ ਰੌਣਕ ਦੇਖਣ ਨੂੰ ਮਿਲੀ।ਸਵੇਰ ਦੇ ਸਮੇਂ ਤੋਂ ਹੀ ਸਕੂਲ ਦੇ ਦਫ਼ਤਰ ਅੱਗੇ ਮਾਪਿਆਂ ਦੀ ਭਾਰੀ ਭੀੜ ਇਕੱਠੀ ਹੋ ਜਾਂਦੀ ਹੈ, ਜਿੱਥੇ ਹਰ ਕੋਈ ਆਪਣੇ ਬੱਚਿਆਂ ਨੂੰ ਚੰਗੀ ਤੇ ਮਿਆਰੀ ਸਿੱਖਿਆ ਦਿਵਾਉਣ ਲਈ ਉਤਸ਼ਾਹਤ ਨਜ਼ਰ ਆਇਆ। ਸਕੂਲ ਦੇ ਅਧਿਆਪਕਾਂ ਤੇ ਪ੍ਰਬੰਧਕਾਂ ਵੱਲੋਂ ਮਾਪਿਆਂ ਨੂੰ ਸਕੂਲ ਦੀਆਂ



ਵਿਸ਼ੇਸ਼ਤਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਜੀ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਹਰ ਵਿਦਿਆਰਥੀ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇਣ ਅਤੇ ਉਸਦੇ ਭਵਿੱਖ ਨੂੰ ਰੌਸ਼ਨ ਬਣਾਉਣ ਲਈ ਕੋਈ ਕਮੀ ਨਹੀਂ ਛੱਡੀ ਜਾਵੇਗੀ।

# ਸਿਵਲ ਸੁਸਾਇਟੀ ਨੇ ਡੀ.ਐਮ ਕਾਲਜ ਮੈਨੇਜਿੰਗ ਨੂੰ ਜਾਰੀ ਕੀਤਾ ਨੋਟਿਸ

**ਮੋਗਾ, (ਇਕਬਾਲ ਸਿੰਘ ਖਹਿਰਾ)** ਰਾਏ ਬਹਾਦਰ ਮਥੁਰਾ ਦਾਸ ਵੱਲੋਂ ਮੋਗਾ ਸ਼ਹਿਰ ਨੂੰ ਸਿੱਖਿਆ ਦੇ ਖੇਤਰ ਵਿੱਚ ਦਿੱਤੀ ਮਹਾਨ ਵਿਰਾਸਤ ਨੂੰ ਮਲੀਆਮੇਟ ਕਰਨ ਦੀ ਕੋਸ਼ਿਸ਼ ਵਿੱਚ ਲੱਗੇ ਆਰੀਆ ਪ੍ਰਤੀਨਿਧੀ ਸਭਾ ਦੇ ਆਗੂਆਂ ਤੇ ਹੋਰ ਕਬਜ਼ਾਕਾਰੀ ਲੋਕਾਂ ਨੂੰ ਸਿਵਲ ਸੁਸਾਇਟੀ ਮੋਗਾ ਵੱਲੋਂ ਨੋਟਿਸ ਜਾਰੀ ਕਰਕੇ ਇੱਕ ਮਹੀਨੇ ਅੰਦਰ ਅਦਾਲਤਾਂ ਵਿੱਚ ਚੱਲਦੇ ਆਪਣੇ ਝਗੜਿਆਂ ਨੂੰ ਆਪਸ ਵਿੱਚ ਮਿਲ ਬੈਠ ਕੇ ਨਿਬੇੜਨ ਦੀ ਅਪੀਲ ਕੀਤੀ ਹੈ। ਸਿਵਲ ਸੁਸਾਇਟੀ ਮੋਗਾ ਦੇ ਦਫਤਰ ਵਿਖੇ ਹੋਈ ਸੰਸਥਾ ਦੀ ਮੀਟਿੰਗ ਵਿੱਚ ਆਰੀਆ ਪ੍ਰਤੀਨਿਧੀ ਸਭਾ ਪੰਜਾਬ ਦੇ ਨਾਮ ਨਿਹਾਦ



ਪ੍ਰਧਾਨ ਸੁਖਦਰਸਨ ਸ਼ਰਮਾ, ਅਸ਼ਵਨੀ ਕੁਮਾਰ ਸ਼ਰਮਾ ਅਤੇ ਡੀ ਐਮ ਕਾਲਜ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਐਡ. ਕ੍ਰਿਸ਼ਨ ਗੋਪਾਲ ਨੂੰ ਚਿੱਠੀਆਂ ਜਾਰੀ ਕਰਨ ਉਪਰੰਤ ਪ੍ਰੈਸ ਨੂੰ ਸੰਬੋਧਨ ਕਰਦਿਆਂ ਐਡਵਾਈਜ਼ਰ ਅਜੇ ਗੋਰਾ ਸੂਦ, ਪ੍ਰਜ਼ੀਡੀਅਮ ਮੈਂਬਰ ਮਹਿੰਦਰ ਪਾਲ ਲੂੰਬਾ, ਅਮਰਜੀਤ ਸਿੰਘ ਜੱਸਲ, ਬਲਵਿੰਦਰ ਸਿੰਘ ਰੋਡੇ, ਮਨਿੰਦਰ ਸਿੰਘ ਬੇਦੀ, ਜਨਰਲ ਸਕੱਤਰ ਪ੍ਰਿਤਪਾਲ ਸਿੰਘ ਲੱਕੀ ਗਿੱਲ ਤੇ ਹਰਭਜਨ ਸਿੰਘ ਬਹੋਨਾ ਨੇ ਦੱਸਿਆ ਕਿ ਡੀ ਐਮ ਕਾਲਜ ਮੈਨੇਜਿੰਗ ਕਮੇਟੀ ਅਧੀਨ ਪੰਜ ਸਿੱਖਿਆ ਸੰਸਥਾਵਾਂ ਕੰਮ ਕਰ ਰਹੀਆਂ ਹਨ, ਜਿਨ੍ਹਾਂ ਉਪਰ ਆਪਣੀ ਮਸਲ ਪਾਵਰ ਵਰਤ ਕੇ ਉਕਤ ਧਿਰਾਂ ਵਾਰੋ ਵਾਰੀ ਕਾਬਜ਼ ਹੋ ਰਹੀਆਂ ਹਨ ਤੇ ਇਨ੍ਹਾਂ ਦੇ ਬਹੁਤ ਸਾਰੇ ਝਗੜੇ ਅਦਾਲਤਾਂ ਵਿੱਚ ਲੰਬਿਤ ਹਨ, ਬੈਂਕ ਖਾਤੇ ਫਰੀਜ ਹਨ, ਅਧਿਆਪਕਾਂ ਨੂੰ ਨਕਦ ਤਨਖਾਹਾਂ ਦਿੱਤੀਆਂ ਜਾ ਰਹੀਆਂ ਹਨ, ਉਨ੍ਹਾਂ ਦਾ ਪੀ ਪੀ ਐਫ ਜਮ੍ਹਾਂ ਨਹੀਂ ਹੋ ਰਿਹਾ, ਜਿਸ ਕਾਰਨ ਇਹ ਸੰਸਥਾਵਾਂ ਦਿਨੋ ਦਿਨ ਗਰਕ ਰਹੀਆਂ ਹਨ, ਜੋ ਆਮ ਲੋਕਾਂ ਲਈ ਸਿੱਖਿਆ ਦੇ ਵੱਡੇ ਤੇ ਸਤਿਕਾਰਯੋਗ ਕੇਂਦਰ ਹਨ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ, ਐਸ ਐਸ ਪੀ ਨੂੰ ਵੀ ਉਕਤ ਪੱਤਰਾਂ ਦਾ ਉਤਾਰਾ ਭੇਜਿਆ ਗਿਆ ਹੈ।

# ਸ਼ਹਿਰ ਦੀਆਂ ਸੜਕਾਂ ਦੀ ਹਾਲਤ ਬਣੀ ਤਰਸਯੋਗ

**ਬਰੇਟਾ (ਰੀਤਵਾਲ)**- ਸਥਾਨਕ ਸ਼ਹਿਰ ਦੀਆਂ ਅਨੇਕਾਂ ਸੜਕਾਂ ਦੀ ਹਾਲਤ ਤਰਸਯੋਗ ਬਣੀ ਹੋਈ ਹੈ। ਸੜਕਾ 'ਤੇ ਥਾਂ-ਥਾਂ ਖੱਡੇ ਪਏ ਹੋਏ ਹਨ। ਜਿਸ ਕਾਰਨ ਇਥੇ ਰੋਜ਼ਾਨਾ ਹਾਦਸੇ ਵਾਪਰ ਰਹੇ ਹਨ। ਇਕੱਤਰ ਜਾਣਕਾਰੀ ਅਨੁਸਾਰ ਸ਼ਹਿਰ ਦੇ ਦਿਆਲਪੁਰਾ ਰੋਡ ਤੇ ਪੁਲਿਸ ਸਟੇਸ਼ਨ ਤੋਂ ਲੈ ਕੇ ਕੈਂਚੀਆ ਨੂੰ ਜਾਣ ਵਾਲੀਆਂ ਸੜਕਾਂ ਸ਼ਹਿਰ ਦੀਆਂ ਅਹਿਮ ਸੜਕਾਂ ਹਨ। ਇਥੇ ਹਰ ਵੇਲੇ ਭਾਰੀ ਆਵਾਜਾਈ ਰਹਿੰਦੀ ਹੈ। ਫੈਕਟਰੀਆਂ ਵਿੱਚ



ਰੋਜ਼ਾਨਾ ਭਾਰੀ ਵਾਹਨ ਕੱਚੇ ਅਤੇ ਪੱਕੇ ਮਾਲ ਦੀ ਢੋਆ ਢੁਆਈ ਲਈ ਇਨਾ ਸੜਕਾਂ 'ਤੇ ਆਉਂਦੇ ਜਾਂਦੇ ਹਨ। ਇਸ ਤੋਂ ਇਲਾਵਾ ਦਰਜਨਾਂ ਪਿੰਡਾਂ ਦੇ ਲੋਕ ਇਨ੍ਹਾਂ ਸੜਕਾਂ ਦੀ ਵਰਤੋਂ ਕਰਦੇ ਹਨ। ਪਰ ਸੜਕਾਂ ਦੀ ਹਾਲਤ ਖਸਤਾ ਹੋਣ ਕਾਰਨ ਰੋਜ਼ਾਨਾ ਇਥੇ ਹਾਦਸੇ ਵਾਪਰ ਰਹੇ ਹਨ। ਇਨ੍ਹਾਂ ਸੜਕਾਂ 'ਤੇ ਵੱਡੇ ਵੱਡੇ ਟੋਏ ਪਏ ਹਨ। ਜਿਨ੍ਹਾਂ ਵਿੱਚ ਡਿੱਗ ਕੇ ਲੋਕਾਂ ਦੇ ਮਹਿੰਗੇ ਵਾਹਨ ਟੁੱਟ ਰਹੇ ਹਨ। ਉਥੇ ਹੀ ਖੱਡਿਆਂ ਵਿੱਚ ਡਿੱਗ ਕੇ ਦੋ ਪਹੀਆ ਵਾਹਨ ਹਾਦਸਾਗ੍ਰਸਤ ਹੋ ਰਹੇ ਹਨ। ਲੋਕਾਂ ਨੇ ਦੱਸਿਆ ਕਿ ਮੀਂਹ ਦੇ ਦਿਨਾਂ ਵਿੱਚ ਇਨ੍ਹਾਂ ਖੱਡਿਆਂ ਵਿੱਚ ਪਾਣੀ ਭਰ ਜਾਂਦਾ ਹੈ ਅਤੇ ਸੜਕਾਂ ਦੀ ਸਥਿਤੀ ਹੋਰ ਵੀ ਖ਼ਤਰਨਾਕ ਹੋ ਜਾਂਦੀ ਹੈ।

# ਘਰੇਲੂ ਗੈਸ ਸਿਲੰਡਰਾਂ ਨੂੰ ਵਪਾਰਕ ਤੌਰ 'ਤੇ ਵਰਤਣ ਵਾਲਿਆਂ ਦੇ ਖਿਲਾਫ ਹੋਵੇਗੀ ਸਖਤ ਕਾਨੂੰਨੀ ਕਾਰਵਾਈ : ਪੰਕਜ ਠਾਕੁਰ

**ਨਾਭਾ (ਵਰਿੰਦਰ ਵਰਮਾ)**- ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੀ ਗਈ ਸਖਤੀ ਉਪਰੰਤ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਵੱਲੋਂ ਰੇੜੀਆਂ, ਹੋਟਲਾਂ ਅਤੇ ਦੁਕਾਨਾਂ ਦੀ ਚੈਕਿੰਗ ਕੀਤੀ ਗਈ। ਜਿੰਨ੍ਹਾ ਦੁਕਾਨਾਂ ਦੇ ਉੱਪਰ ਘਰੇਲੂ ਗੈਸ ਦਾ



ਇਸਤੇਮਾਲ ਕੀਤਾ ਜਾ ਰਿਹਾ ਸੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ ਐਫ ਐਸ ਓ ਪੰਕਜ ਠਾਕੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਾਨਯੋਗ ਡਿਪਟੀ ਕਮਿਸ਼ਨਰ ਪਟਿਆਲਾ ਅਤੇ ਡੀ ਐਫ ਐਸ ਸੀ ਪਟਿਆਲਾ ਰਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਲਗਾਤਾਰ ਫੂਡ ਸਪਲਾਈ ਵਿਭਾਗ ਵੱਲੋਂ ਇਸ ਤਰ੍ਹਾਂ ਦੇ ਛਾਪੇ ਮਾਰੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਘਰੇਲੂ ਗੈਸ ਦੀ ਕਾਲਾ ਬਜ਼ਾਰੀ ਉੱਤੇ ਪੂਰੀ ਤਰਾਂ ਰੋਕ ਲਗਾਈ ਗਈ ਹੈ ਤਾਂ ਜੋ ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਾ ਹੋਵੇ। ਇਸ ਦੇ ਮੱਦੇਨਜ਼ਰ ਹੋਟਲਾਂ, ਰੈਸਟੋਰੈਂਟ ਅਤੇ ਖੁਰਾਕੀ ਦੁਕਾਨਾਂ ਦੇ ਵਿੱਚ ਚੈਕਿੰਗ ਕੀਤੀ ਗਈ, ਜਿਨ੍ਹਾਂ ਥਾਵਾਂ ਉੱਤੇ ਘਰੇਲੂ ਗੈਸ ਸਿਲੰਡਰ ਨੂੰ ਵਪਾਰਕ ਤੌਰ 'ਤੇ ਵਰਤਿਆ ਜਾ ਰਿਹਾ ਸੀ, ਉਨ੍ਹਾਂ ਨੂੰ ਜਬਤ ਕੀਤਾ ਗਿਆ ਹੈ। ਉਹਨਾਂ ਨੇ ਅਪੀਲ ਕੀਤੀ ਕਿ ਐਲ ਪੀ ਜੀ ਦੀ ਸਮੱਸਿਆ ਨੂੰ ਹੱਲ ਕਰਨ ਦੇ ਲਈ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਸਹਿਯੋਗ ਕਰਨਾ ਹੋਵੇਗਾ, ਦੁਕਾਨਾਂ ਦੇ ਉੱਤੇ ਵਪਾਰਕ ਗੈਸ ਸਿਲੰਡਰਾਂ ਦੀ ਹੀ ਵਰਤੋਂ ਕੀਤੀ ਜਾਵੇ। ਇਸ ਮੌਕੇ ਰੀਤੂ ਬਾਲਾ ਇੰਸਪੈਕਟਰ, ਜਸਦੀਪ ਸਿੰਘ ਸਿੱਧੂ ਇੰਸਪੈਕਟਰ, ਪਰਮੇਸ਼ਵਰ ਸਿੱਧੂ ਇੰਸਪੈਕਟਰ, ਧਨਵੰਤ ਰਾਏ ਇੰਸਪੈਕਟਰ ਰਜਨੀਸ਼ ਦੁੱਗਲ ਇੰਸਪੈਕਟਰ, ਲਲਿਤ ਸ਼ਰਮਾ ਇੰਸਪੈਕਟਰ ਨੇ ਦੱਸਿਆ ਕਿ ਪੰਕਜ ਠਾਕੁਰ ਦੀ ਅਗਵਾਈ ਹੇਠ 18 ਘਰੇਲੂ ਗੈਸ ਸਿਲੰਡਰ ਬਰਾਮਦ ਕੀਤੇ ਗਏ ਹਨ। ਜਿਨ੍ਹਾਂ ਨੂੰ ਜਬਤ ਕਰਕੇ ਵਿਭਾਗ ਨੇ ਆਪਣੀ ਕਾਰਵਾਈ ਆਰੰਭੀ ਹੈ।

# ਲੁਧਿਆਣਾ 'ਚ ਆਂਗਨਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਦੀ ਤੇਰ੍ਹਵੀਂ ਜ਼ਿਲ੍ਹਾ ਕਾਨਫਰੰਸ

**ਲੁਧਿਆਣਾ (ਰਾਜ ਸਿੰਗਲਾ)**- ਜ਼ਿਲ੍ਹਾ ਲੁਧਿਆਣਾ ਵਿੱਚ ਆਂਗਨਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਦੀ ਤੇਰਵੀਂ ਜ਼ਿਲ੍ਹਾ ਕਾਨਫਰੰਸ ਬੜੇ ਜ਼ੋਰਸ਼ੋਰ ਅਤੇ ਜੁਝਾਰੂ ਟਰੇਡ ਯੂਨੀਅਨ ਜਜ਼ਬੇ ਨਾਲ ਕਰਵਾਈ ਗਈ। ਇਸ ਕਾਨਫਰੰਸ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਕਾਮਰੇਡ ਆਸ਼ਾ ਸ਼ਰਮਾ ਨੇ ਕੀਤੀ, ਜਦ ਕਿ ਮੰਚ ਸੰਚਾਲਨ ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਭਿੰਦਰ ਕੌਰ ਗੋਸਲ ਵੱਲੋਂ ਕੀਤਾ ਗਿਆ।ਇਸ ਮਹੱਤਵਪੂਰਨ ਕਾਨਫਰੰਸ ਵਿੱਚ ਜ਼ਿਲ੍ਹਾ ਲੁਧਿਆਣਾ ਦੇ 15 ਪ੍ਰੋਜੈਕਟਾਂ ਤੋਂ ਆਈ ਹੋਈ ਲੀਡਰਸ਼ਿਪ ਸਮੇਤ ਕੁੱਲ 204 ਡੈਲੀਗੇਟਾਂ ਨੇ ਭਾਗ ਲਿਆ। ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਆਲ ਇੰਡੀਆ ਆਂਗਨਵਾੜੀ ਵਰਕਰਜ਼ ਐਂਡ ਹੈਲਪਰਜ਼ ਫੈਡਰੇਸ਼ਨ ਦੀ ਜਨਰਲ ਸਕੱਤਰ ਕਾਮਰੇਡ ਊਸ਼ਾ ਰਾਣੀ ਨੇ ਕੇਂਦਰ ਅਤੇ ਰਾਜ ਸਰਕਾਰਾਂ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਕੜੀ ਆਲੋਚਨਾ ਕੀਤੀ ਅਤੇ ਆਂਗਨਵਾੜੀ ਵਰਕਰਾਂ ਨੂੰ ਘੱਟ ਤਨਖਾਹਾਂ, ਅਸਥਾਈ ਦਰਜੇ ਅਤੇ ਵਧ ਰਹੇ ਕੰਮ ਦੇ ਬੋਝ ਖ਼ਿਲਾਫ਼ ਸੰਘਰਸ਼ ਤੇਜ਼ ਕਰਨ ਦਾ ਸੱਦਾ ਦਿੱਤਾ। ਸੀਟੂ ਦੇ ਰਾਸ਼ਟਰੀ ਪ੍ਰਧਾਨ ਕਾਮਰੇਡ ਚੰਦਰਸ਼ੇਖਰ ਨੇ ਆਪਣੇ ਭਾਸ਼ਣ ਵਿੱਚ ਟਰੇਡ ਯੂਨੀਅਨ ਦੀ ਮਜ਼ਬੂਤੀ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਮਜ਼ਦੂਰ ਵਰਗ ਦੀ ਏਕਤਾ ਹੀ ਸਾਰੇ ਹਮਲਿਆਂ ਦਾ ਇਕੱਲਾ ਜਵਾਬ ਹੈ।ਪੰਜਾਬ ਦੀ ਸੂਬਾ ਪ੍ਰਧਾਨ ਕਾਮਰੇਡ ਹਰਜੀਤ ਕੌਰ ਪੰਜੋਲਾ ਨੇ ਆਂਗਨਵਾੜੀ ਮੁਲਾਜ਼ਮਾਂ ਦੇ ਸੰਘਰਸ਼ ਨੂੰ ਹੋਰ ਤੀਬਰ ਬਣਾਉਣ ਦੀ ਲੋੜ ਉੱਤੇ ਜ਼ੋਰ ਦਿੱਤਾ। ਕਾਮਰੇਡ ਅੰਮ੍ਰਿਤਪਾਲ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਮਹਿਲਾ ਮੁਲਾਜ਼ਮਾਂ ਦੇ ਹੱਕਾਂ ਦੀ ਲੜਾਈ ਸਮਾਜਿਕ ਇਨਸਾਫ਼ ਦੀ ਲੜਾਈ ਹੈ।

ਅੰਤ ਵਿੱਚ ਕਾਨਫਰੰਸ ਨੇ ਫੈਸਲਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਵੱਡੇ ਪੱਧਰ 'ਤੇ ਲੈ ਕੇ ਜਾਇਆ ਜਾਵੇਗਾ ਅਤੇ ਸਰਕਾਰ ਨੂੰ ਮਜਬੂਰ ਕੀਤਾ ਜਾਵੇਗਾ ਕਿ ਉਹ ਆਂਗਨਵਾੜੀ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਮਨਜ਼ੂਰ ਕਰੇ।

# ਆਸ਼ਾ ਦੀ ਕਿਰਨ ਐਨ ਜੀ ਓ ਦੇ ਪ੍ਰਧਾਨ ਖਿਲਾਫ਼ ਮਾਮਲਾ ਦਰਜ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਲਾਟਰੀ ਦੇ ਨਾਮ 'ਤੇ ਭੋਲੇ ਭਾਲੇ ਲੋਕਾਂ ਨਾਲ ਠੱਗੀ ਮਾਰਨ ਦੇ ਮਾਮਲੇ ਵਿਚ ਆਸ਼ਾ ਦੀ ਕਿਰਨ ਐਨ ਜੀ ਓ ਦੇ ਪ੍ਰਧਾਨ ਵਿਰੁੱਧ ਥਾਣਾ ਗਿੱਦੜਬਾਹਾ ਪੁਲਿਸ ਵੱਲੋਂ ਮਾਮਲਾ ਦਰਜ ਕੀਤਾ ਗਿਆ ਹੈ। ਜਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ ਠੱਗੀ ਦੇ ਸ਼ਿਕਾਰ ਹੋਏ ਕਿਸੇ ਪੀੜ੍ਹਤ ਵਿਅਕਤੀ ਵੱਲੋਂ ਦਿੱਤੀ ਦਰਖਾਸਤ ਅਤੇ ਵੱਖ ਵੱਖ ਅਖਬਾਰਾਂ ਵਿਚ ਪ੍ਰਕਾਸ਼ਿਤ ਖਬਰਾਂ ਦਾ ਨੋਟਿਸ ਲੈਂਦਿਆਂ ਐਸ.ਡੀ.ਐਮ. ਗਿੱਦੜਬਾਹਾ ਜਸਪਾਲ ਸਿੰਘ ਬਰਾੜ ਵੱਲੋਂ ਆਸ਼ਾ ਦੀ ਕਿਰਨ ਐਨ.ਜੀ.ਓ. ਸਮਾਜ ਸੇਵੀ ਸੰਸਥਾ ਰਜਿ. ਚੁੱਘੇ ਕਲਾਂ ਜਿਲ੍ਹਾ ਬਠਿੰਡਾ ਦੇ ਪ੍ਰਧਾਨ ਆਦੇਸ਼ ਪੁਸ਼ਪਿੰਦਰ ਸਿੰਘ ਅਤੇ ਅਦੀਪ ਕੌਰ ਨੂੰ ਆਪਣੇ ਦਫਤਰ ਵਿਖੇ ਤਲਬ ਕਰਕੇ ਉਕਤ ਐਨ.ਜੀ.ਓ. ਦੀ ਰਜਿਟ੍ਰੇਸ਼ਨ, ਲਾਟਰੀ ਦੀ ਪ੍ਰਸ਼ਾਸਨਿਕ ਮੰਜੂਰੀ, ਵੇਚੀਆਂ ਗਈਆਂ ਲਾਟਰੀ ਟਿਕਟਾਂ ਦੀ ਗਿਣਤੀ ਅਤੇ ਟਿਕਟ ਦੇ ਰੇਟ ਸੰਬੰਧੀ ਰਿਕਾਰਡ ਦੀ ਮੰਗ ਕੀਤੀ ਗਈ ਸੀ ਪਰੰਤੂ ਉਕਤ ਐਨ.ਜੀ.ਓ. ਪ੍ਰਧਾਨ ਵੱਲੋਂ ਉਨ੍ਹਾਂ ਨੂੰ ਨਾ ਤਾਂ ਕੋਈ ਰਿਕਾਰਡ ਮੁਹਈਆ ਕਰਵਾਇਆ ਗਿਆ ਅਤੇ ਨਾ ਹੀ ਆਪਣੇ ਬਿਆਨ ਦਰਜ ਕਰਵਾਏ ਗਏ। ਇਸ ਤੋਂ ਬਾਅਦ ਜਨਰਲ ਮੈਨੇਜਰ ਜਿਲ੍ਹਾ ਉਦਯੋਗ ਕੇਂਦਰ ਬਠਿੰਡਾ ਪਾਸੋਂ ਆਸ਼ਾ ਦੀ ਕਿਰਨ ਐਨ.ਜੀ.ਓ. ਨੂੰ ਰਜਿਸਟਰਡ ਕਰਨ ਸੰਬੰਧੀ ਰਿਕਾਰਡ ਪ੍ਰਾਪਤ ਕੀਤਾ ਗਿਆ ਜਿਸ ਤੋਂ ਇਹ ਸਾਫ ਹੋਇਆ ਕਿ ਉਕਤ ਐਨ.ਜੀ.ਓ. ਬਠਿੰਡਾ ਜਿਲ੍ਹੇ ਦੇ ਪਿੰਡ ਚੁੱਘੇ ਕਲਾਂ ਵਿਖੇ ਮੈਡੀਕਲ ਸੇਵਾਵਾਂ, ਸਿੱਖਿਆ ਸੇਵਾਵਾਂ ਲਈ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਹੋਰ ਲੋਕ ਭਲਾਈ ਕੰਮਾਂ ਲਈ ਰਜਿਸਟਰਡ ਕਰਵਾਈ ਗਈ ਹੈ। ਸਾਰੀ ਜਾਂਚ ਪੜਤਾਲ ਤੋਂ ਬਾਅਦ ਪਤਾ ਲੱਗਾ ਕਿ ਆਸ਼ਾ ਦੀ ਕਿਰਨ ਐਨ.ਜੀ.ਓ. ਦੇ ਪ੍ਰਧਾਨ ਆਦੇਸ਼ ਪੁਸ਼ਪਿੰਦਰ ਸਿੰਘ ਵੱਲੋਂ ਗੈਰ ਕਾਨੂੰਨੀ ਤਰੀਕੇ ਨਾਲ ਲਾਟਰੀ ਦੀਆਂ ਟਿਕਟਾਂ ਵੇਚ ਕੇ ਆਮ ਲੋਕਾਂ ਨਾਲ ਠੱਗੀ ਮਾਰੀ ਗਈ ਹੈ, ਜਦੋਂ ਕਿ ਕਿ ਉਸ ਵੱਲੋਂ ਟਿਕਟਾਂ ਵੇਚਣ ਜਾਂ ਡਰਾਅ ਕੱਢਣ ਸੰਬੰਧੀ ਕਿਸੇ ਵੀ ਸਰਕਾਰੀ ਅਦਾਰੇ ਪਾਸੋਂ ਕੋਈ ਮੰਜੂਰੀ ਨਹੀਂ ਲਈ ਗਈ। ਆਸ਼ਾ ਦੀ ਕਿਰਨ ਐਨ.ਜੀ.ਓ. ਸਮਾਜ ਸੇਵੀ ਸੰਸਥਾ ਜਿਸ ਨੂੰ ਇੱਕ ਵਿਅਕਤੀ ਅਤੇ ਇੱਕ ਮਹਿਲਾ ਚਲਾਉਂਦੇ ਹਨ। ਉਨ੍ਹਾਂ ਨੇ ਲਾਟਰੀ ਦਾ ਡਰਾਅ ਕੱਢਣ ਦੇ ਨਾਮ ਉਪਰ ਗਿੱਦੜਬਾਹਾ ਹਲਕੇ ਵਿਚ ਕਰੀਬ 40 ਤੋਂ 42 ਹਜ਼ਾਰ ਟਿੱਕਟਾਂ ਪ੍ਰਤੀ ਟਿਕਟ 100 ਰੁਪਏ ਦੇ ਹਿਸਾਬ ਨਾਲ ਵੇਚੀਆਂ। ਇਹ ਟਿਕਟਾਂ ਗਊ ਸੇਵਾ ਦੇ ਨਾਮ ਉਪਰ ਚਲਾਈ ਲਾਟਰੀ ਰਾਹੀਂ ਵੇਚੀਆਂ ਗਈਆਂ ਸਨ। ਜਿੰਨ੍ਹਾਂ ਤੋਂ ਉਨ੍ਹਾਂ ਨੇ ਲੱਖਾਂ ਰੁਪਏ ਇਕੱਠੇ ਕਰ ਲਏ। ਇਹ ਡਰਾਅ ਪਾਰਦਰਸ਼ੀ ਢੰਗ ਨਾਲ 25 ਜੂਨ 2025 ਨੂੰ ਪੰਚਾਇਤੀ ਧਰਮਸ਼ਾਲਾ ਨੇੜੇ ਬੱਸ ਸਟੈਂਡ ਗਿੱਦੜਬਾਹਾ ਵਿਖੇ ਸ਼ਾਮ 4 ਵਜੇ ਕੱਢਿਆ ਜਾਣਾ ਸੀ। ਲੋਕ ਉਸ ਜਗ੍ਹਾ ਉਪਰ ਇਕੱਤਰ ਹੋ ਗਏ ਪਰ ਡਰਾਅ ਕੱਢਣ ਲਈ ਕੋਈ ਨਾ ਆਇਆ। ਬਾਅਦ ਵਿਚ ਪਤਾ ਲੱਗਿਆ ਕਿ ਇਹ ਡਰਾਅ ਤਾਂ ਸੰਸਥਾ ਨੇ ਆਪਣੇ ਕੁਝ ਕੁ ਚਹੇਤਿਆਂ ਦੀ ਮੌਜੂਦਗੀ ਵਿਚ ਸ੍ਰੀ ਵਿਵੇਕ ਆਸ਼ਰਮ ਵਿਖੇ ਕੱਢ ਦਿੱਤਾ ਹੈ।

# ਪੁਰਸਕਾਰ ਲੇਖਕ ਨੂੰ ਹੋਰ ਗੰਭੀਰ ਤੇ ਸੂਝਵਾਨ ਬਣਾਉਣ 'ਚ ਯੋਗਦਾਨ ਪਾਉਂਦੇ ਹਨ : ਭਾਸ਼ੋ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਭਾਸ਼ਾ ਵਿਭਾਗ ਪੰਜਾਬ ਵੱਲੋਂ ਇੱਥੇ ਭਾਸ਼ਾ ਭਵਨ ਵਿਖੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਵਿੱਚ ਉੱਘੇ ਕਵੀ ਭਾਸ਼ੋ ਨਾਲ ਸਾਹਿਤਕ ਬੈਠਕ ਤਹਿਤ 'ਭਾਸ਼ੋ ਭਾਸ਼ਾ ਵਿਭਾਗ' ਵਿੱਚ ਸਿਰਲੇਖ ਅਧੀਨ ਰੂਬਰੂ ਸਮਾਗਮ ਕਰਵਾਇਆ ਗਿਆ। ਜਿਸ ਦੌਰਾਨ ਸ਼੍ਰੋਮਣੀ ਕਵੀ ਬਲਵਿੰਦਰ ਸੰਧੂ ਨੇ ਸੰਵਾਦ ਕਰਤਾ ਦੀ ਭੂਮਿਕਾ ਬਾਖੂਬੀ ਨਿਭਾਈ। ਇਸ ਮੌਕੇ ਉੱਘੇ ਵਿਦਵਾਨ ਡਾ. ਅਮਰਜੀਤ ਸਿੰਘ ਗਰੇਵਾਲ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ।ਆਪਣੇ ਸਵਾਗਤੀ ਭਾਸ਼ਣ ਦੌਰਾਨ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਵੱਡਾ ਲੇਖਕ ਬਣਨ ਲਈ ਜ਼ਰੂਰੀ ਨਹੀਂ ਕਿ ਵੱਡੀ ਗਿਣਤੀ 'ਚ ਕਿਤਾਬਾਂ ਲਿਖੀਆਂ ਜਾਣ। ਇਹ ਲੇਖਕ ਦਾ ਆਤਮ ਵਿਸ਼ਵਾਸ਼ ਤੇ ਤਜਰਬਾ ਹੀ ਹੁੰਦਾ ਹੈ ਕਿ ਉਹ ਆਪਣੀਆਂ ਥੋੜ੍ਹੀਆਂ ਰਚਨਾਵਾਂ ਨਾਲ ਹੀ ਆਪਣੇ ਪਾਠਕਾਂ ਦਾ ਘੇਰਾ ਵਿਸ਼ਾਲ ਕਰ ਲੈਂਦਾ ਹੈ। ਉਨ੍ਹਾਂ ਕਿਹਾ ਕਿ ਭਾਸ਼ੋ ਇੱਕ ਅਜਿਹੇ ਕਵੀ ਹਨ ਜਿਨ੍ਹਾਂ ਦੀ ਪੁਸਤਕ ਭਾਵੇਂ ਇੱਕ ਛਪੀ ਹੈ ਪਰ ਉਹ ਪੰਜਾਬੀ ਕਵਿਤਾ 'ਚ ਵੱਡਾ ਹਸਤਾਖ਼ਰ ਬਣ ਚੁੱਕੇ ਹਨ ਅਤੇ ਉਹ ਕਵਿਤਾ ਵਰਗਾ ਹੀ ਇਨਸਾਨ ਹੈ। ਸ. ਬਲਵਿੰਦਰ ਸੰਧੂ ਨਾਲ ਰਚਾਏ ਸੰਵਾਦ ਦੌਰਾਨ ਸ੍ਰੀ ਭਾਸ਼ੋ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੇ ਪਿਤਾ ਤੋਂ ਅਗਵਾਈ ਮਿਲੀ ਤੇ ਨਾਮਵਰ ਕਵੀ ਹੀਰਾ ਸਿੰਘ ਦਰਦ ਦੀ ਪੁਸਤਕ 'ਦਰਦ ਸੁਨੇਹੇ'



ਪੜ੍ਹਨ ਤੋਂ ਬਾਅਦ ਕਵਿਤਾ ਨਾਲ ਜੁੜਨ ਦੀ ਚੇਟਕ ਲੱਗੀ। ਆਪਣੇ 'ਤੇ ਕਿਸੇ ਦੇ ਪ੍ਰਭਾਵ ਹੋਣ ਬਾਰੇ ਉਨ੍ਹਾਂ ਕਿਹਾ ਕਿ ਉਹ ਸ੍ਰੀ ਗੁਰੂ ਨਾਨਕ ਦੇਵ ਜੀ, ਬਾਬਾ ਸ਼ੇਖ ਫਰੀਦ ਜੀ ਤੇ ਕਬੀਰ ਜੀ ਦੀ ਬਾਣੀ ਤੋਂ ਬਹੁਤ ਪ੍ਰਭਾਵਿਤ ਹਨ। ਪੇਸ਼ੇ ਵਜੋਂ ਅਧਿਆਪਕ ਦੇ ਤੌਰ 'ਤੇ ਸੇਵਾਮੁਕਤ ਹੋਏ ਸ੍ਰੀ ਭਾਸ਼ੋ ਨੇ ਕਿਹਾ ਕਿ ਪੁਰਸਕਾਰ ਲੇਖਕ ਨੂੰ ਵਧੇਰੇ ਗੰਭੀਰ, ਜਿੰਮੇਵਾਰ ਤੇ ਸੂਝਵਾਨ ਬਣਾਉਣ 'ਚ ਯੋਗਦਾਨ ਪਾਉਂਦੇ ਹਨ। ਇਸ ਮੌਕੇ ਵਿਸ਼ੇਸ਼ ਮਹਿਮਾਨ ਡਾ. ਅਮਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਕਵਿਤਾ ਨੂੰ ਸੰਦ ਵਜੋਂ ਨਹੀਂ ਵਰਤਣਾ ਚਾਹੀਦਾ ਜਿਸ ਕਾਰਨ ਇਹ ਆਪਣੇ ਮਨੋਰਥ ਤੋਂ ਭਟਕ ਜਾਂਦੀ ਹੈ। ਵਧੀਆ ਕਵਿਤਾ ਉਹ ਹੁੰਦੀ ਹੈ ਜੋ ਕਵੀ ਜ਼ਿੰਦਗੀ ਨੂੰ ਸੱਚੇ ਮਨੋ ਸਮਝਕੇ ਲਿਖੇ। ਉਨ੍ਹਾਂ ਸ੍ਰੀ ਭਾਸ਼ੋ ਨੂੰ ਇੱਕ ਵਧੀਆ ਤੇ ਸੱਚ ਲਿਖਣ ਵਾਲਾ ਗੰਭੀਰ ਕਵੀ ਕਿਹਾ। ਸ੍ਰੀ ਭਾਸ਼ੋ ਤੇ ਬਲਵਿੰਦਰ ਸੰਧੂ ਦਾ ਵਿਭਾਗ ਵੱਲੋਂ ਪੁਸਤਕਾਂ ਦੇ ਸੈੱਟਾਂ ਅਤੇ ਸ਼ਾਲਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ੍ਰੀ ਭਾਸ਼ੋ ਦੀਆਂ ਦੋ ਕਵਿਤਾਵਾਂ ਦੀਆਂ ਵੀਡੀਓਜ਼ ਵੀ ਦਿਖਾਈਆਂ ਗਈਆਂ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਇਸ ਮੌਕੇ ਭਾਸ਼ਾ ਵਿਭਾਗ ਦੀ ਸੰਯੁਕਤ ਨਿਰਦੇਸ਼ਕਾ ਚੰਦਨਦੀਪ ਕੌਰ, ਡਿਪਟੀ ਡਾਇਰੈਕਟਰ ਆਲੋਕ ਚਾਵਲਾ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਸੁਖਪ੍ਰੀਤ ਕੌਰ, ਤੇਜਿੰਦਰ ਸਿੰਘ ਗਿੱਲ, ਜਸਪ੍ਰੀਤ ਕੌਰ ਤੇ ਸੁਰਿੰਦਰ ਕੌਰ, ਸ਼੍ਰੋਮਣੀ ਕਵੀ ਦਰਸ਼ਨ ਬੁੱਟਰ, ਡਾ. ਕਮਲਦੀਪ ਕੌਰ, ਡਾ. ਬਲਵੀਰ ਕੌਰ ਪੰਧੇਰ, ਪ੍ਰੋ. ਅਮਰਜੀਤ ਸਿੰਘ, ਸ਼ਾਇਰ ਅਵਤਾਰਜੀਤ ਸਿੰਘ, ਗੁਰਚਰਨ ਪੱਬਰਾਲੀ, ਗੁਰਦਰਸ਼ਨ ਸਿੰਘ ਗੁਸੀਲ, ਰੰਗਕਰਮੀ ਰਾਜੇਸ਼ ਸ਼ਰਮਾ ਤੇ ਵੱਡੀ ਗਿਣਤੀ 'ਚ ਸਰੋਤੇ ਹਾਜ਼ਰ ਸਨ।

# ਗਊ ਰੱਖਿਆ ਸੈੱਲਾਂ ਲਈ ਨੋਡਲ ਅਫ਼ਸਰ ਨਿਯੁਕਤ ਕਰਨ ਦੇ ਨਿਰਦੇਸ਼

**ਲੁਧਿਆਣਾ, (ਰਾਜ ਸਿੰਗਲਾ)** ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਸੋਮਵਾਰ ਨੂੰ ਪੁਲਸ ਵਿਭਾਗ ਨੂੰ ਜ਼ਿਲ੍ਹਾ ਪੱਧਰੀ ਗਊ ਰੱਖਿਆ ਸੈੱਲਾਂ ਦੇ ਨੋਡਲ ਅਫ਼ਸਰ ਵਜੋਂ ਐਸ.ਪੀ ਅਤੇ ਡੀ.ਐਸ.ਪੀ ਰੈਂਕ ਦੇ ਅਧਿਕਾਰੀਆਂ ਨੂੰ ਨਿਯੁਕਤ ਕਰਨ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਡਾ. ਨਰਿੰਦਰ ਸਿੰਘ ਧਾਲੀਵਾਲ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਿਤ ਬੈਂਬੀ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜਤਿੰਦਰ ਸਿੰਘ ਖੰਗੂੜਾ ਤੇ ਹੋਰਾਂ ਦੇ ਨਾਲ ਕੀਮਤੀ ਭਗਤ ਨੇ ਕਿਹਾ ਕਿ ਪੰਜਾਬ ਗਊ ਸੇਵਾ ਕਮਿਸ਼ਨ ਪਸ਼ੂਆਂ ਦੀ ਦੇਖਭਾਲ ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਅਧਿਕਾਰੀਆਂ ਨੂੰ ਅਵਾਰਾ ਪਸ਼ੂਆਂ ਨੂੰ ਚੁੱਕਣ ਤੇ ਉਨ੍ਹਾਂ ਨੂੰ ਪਿੰਡ ਬੁਰਜ ਪਵਾਤ ਗਊਸ਼ਾਲਾ ਵਿੱਚ ਤਬਦੀਲ ਕਰਨ ਲਈ ਇੱਕ ਨਵਾਂ ਵਾਹਨ ਖਰੀਦਣ ਲਈ ਕਿਹਾ ਗਿਆ।ਉਨ੍ਹਾਂ ਇਹ ਵੀ ਕਿਹਾ ਕਿ ਨਗਰ ਨਿਗਮ ਨੇ ਗਊ ਸੈੱਸ ਵਜੋਂ 18 ਕਰੋੜ ਰੁਪਏ ਇਕੱਠੇ ਕੀਤੇ ਹਨ ਤੇ ਇਸ ਰਕਮ ਦੀ ਵਰਤੋਂ ਗਊਸ਼ਾਲਾਵਾਂ ਦੇ ਪ੍ਰਭਾਵਸ਼ਾਲੀ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਕੀਤੀ ਜਾਣੀ ਚਾਹੀਦੀ ਹੈ।ਅਧਿਕਾਰੀਆਂ ਨੂੰ ਗਊਸ਼ਾਲਾਵਾਂ ਵਿੱਚ ਹਰੇਕ ਪਸ਼ੂ ਦਾ ਟੀਕਾਕਰਨ ਯਕੀਨੀ ਬਣਾਉਣ ਲਈ ਵੀ ਕਿਹਾ ਗਿਆ ਹੈ। ਉਪ ਚੇਅਰਮੈਨ ਨੇ ਕਿਹਾ ਕਿ ਅਵਾਰਾ ਪਸ਼ੂਆਂ ਦੀ ਸਹੀ ਦੇਖਭਾਲ ਨੂੰ ਯਕੀਨੀ ਬਣਾਉਣ ਲਈ ਬਿਹਤਰ ਤਾਲਮੇਲ ਲਈ ਇੱਕ ਮੀਟਿੰਗ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਅਜਿਹੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ ਤਾਂ ਜੁ ਪ੍ਰਸ਼ਾਸਨ, ਗਊਸ਼ਾਲਾਵਾਂ ਤੇ ਆਮ ਜਨਤਾ ਦੇ ਸਹਿਯੋਗ ਨਾਲ ਅਵਾਰਾ ਪਸ਼ੂਆਂ ਨੂੰ ਗਊਸ਼ਾਲਾਵਾਂ ਵਿੱਚ ਤਬਦੀਲ ਕੀਤਾ ਜਾ ਸਕੇ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਉਨ੍ਹਾਂ ਡੇਅਰੀ ਫਾਰਮਾਂ ਵਿਰੁੱਧ ਢੁਕਵੀਂ ਕਾਨੂੰਨੀ ਕਾਰਵਾਈ ਕਰਨ, ਜੋ ਸਵੇਰੇ ਸੜਕਾਂ 'ਤੇ ਪਸ਼ੂ ਛੱਡਦੇ ਹਨ।ਉਨ੍ਹਾਂ ਨੂੰ ਗਊਸ਼ਾਲਾਵਾਂ ਦੇ ਸਾਰੇ ਬਕਾਏ ਅਦਾ ਕਰਨ ਲਈ ਵੀ ਕਿਹਾ ਗਿਆ। ਕੀਮਤੀ ਭਗਤ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਅਵਾਰਾ ਪਸ਼ੂਆਂ ਦੇ ਮੁੱਦੇ ਨੂੰ ਹੱਲ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਕਿਹਾ ਕਿ ਗਊ ਸੇਵਾ ਕਮਿਸ਼ਨ ਵੱਲੋਂ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਤਾਂ ਜੁ ਇਹ ਯਕੀਨੀ ਬਣਾਇਆ ਜਾ ਸਕੇ ਕਿ ਅਵਾਰਾ ਪਸ਼ੂਆਂ ਨੂੰ ਸਹੀ ਆਸਰਾ ਤੇ ਦੇਖਭਾਲ ਮਿਲੇ ਤੇ ਕੀਮਤੀ ਮਨੁੱਖੀ ਜਾਨਾਂ ਨਾ ਜਾਣ। ਉਨ੍ਹਾਂ ਸਬੰਧਤ ਅਧਿਕਾਰੀਆਂ ਅਤੇ ਆਮ ਜਨਤਾ ਨੂੰ ਗਊ ਸੇਵਾ ਕਮਿਸ਼ਨ ਤੇ ਪੰਜਾਬ ਸਰਕਾਰ ਵੱਲੋਂ ਪਸ਼ੂਆਂ ਦੀ ਦੇਖਭਾਲ ਲਈ ਕੀਤੇ ਜਾ ਰਹੇ ਯਤਨਾਂ 'ਚ ਸਹਿਯੋਗ ਕਰਨ ਦੀ ਅਪੀਲ ਕੀਤੀ।

# ਸੰਤ ਲੌਂਗੋਵਾਲ ਇੰਸਟੀਚਿਊਟ ਵੱਲੋਂ ਆਨਲਾਈਨ ਫੈਕੁਲਟੀ ਡਿਵੈਲਪਮੈਂਟ ਪ੍ਰੋਗਰਾਮ

**ਲੌਂਗੋਵਾਲ (ਪ੍ਰਦੀਪ ਸੱਪਲ)** : ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਲੌਂਗੋਵਾਲ ਪੰਜਾਬ ਦੇ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਵੱਲੋਂ ਏ.ਆਈ. ਫਾਰ ਟੀਚਿੰਗ ਐਂਡ ਲਰਨਿੰਗ ਵਿਸ਼ੇ 'ਤੇ 16 ਮਾਰਚ ਤੋਂ 20 ਮਾਰਚ



ਤੱਕ ਇੱਕ ਹਫ਼ਤੇ ਦਾ ਆਨਲਾਈਨ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦਾ ਅਯੋਜਨ ਕੀਤਾ ਜਾ ਰਿਹਾ ਹੈ।ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਪ੍ਰੋ. ਮਣਿਕਾਂਤ ਪਸਵਾਨ ਡਾਇਰੈਕਟਰ ਸਲਾਈਟ ਲੌਂਗੋਵਾਲ ਨੇ ਕੀਤੀ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਆਧੁਨਿਕ ਸਿੱਖਿਆ ਪ੍ਰਣਾਲੀ ਵਿੱਚ ਆਰਟੀਫ਼ਿਸ਼ਲ ਇੰਟੈਲੀਜੈਂਸ ਦੀ ਵਧ ਰਹੀ ਮਹੱਤਤਾ ਉੱਤੇ ਰੋਸ਼ਨੀ ਪਾਈ ਅਤੇ ਅਧਿਆਪਕਾਂ ਨੂੰ ਅਕਾਦਮਿਕ ਪੜ੍ਹਾਈ ਅਤੇ ਸਿੱਖਣ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ ਲਈ ਏ.ਆਈ ਆਧਾਰਿਤ ਟੂਲਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦੌਰਾਨ ਵਿਜੇ ਕੁਮਾਰ ਰਾਏ, ਸਾਬਕਾ ਡਿਪਟੀ ਡਾਇਰੈਕਟਰ ਜਨਰਲ (ਐਸ.ਆਰ.ਆਈ), ਡਿਪਾਰਟਮੈਂਟ ਆਫ ਟੈਲੀਕਮਿਊਨੀਕੇਸ਼ਨਜ਼, ਮਿਨਿਸਟਰੀ ਆਫ ਕਮਿਊਨੀਕੇਸ਼ਨਜ਼ ਭਾਰਤ ਸਰਕਾਰ ਨਵੀਂ ਦਿੱਲੀ ਨੇ ਵਿਸ਼ੇਸ਼ ਵਿਖਿਆਨ ਦਿੱਤਾ। ਉਨ੍ਹਾਂ ਉਭਰ ਰਹੀਆਂ ਡਿਜੀਟਲ ਤਕਨਾਲੋਜੀਆਂ, ਏ.ਆਈ. ਆਧਾਰਿਤ ਨਵੀਨਤਾਵਾਂ ਅਤੇ ਸਿੱਖਿਆ ਅਤੇ ਦੇਸ਼ ਦੀ ਤਕਨੀਕੀ ਤਰੱਕੀ ਉੱਤੇ ਉਨ੍ਹਾਂ ਦੇ ਪ੍ਰਭਾਵ ਬਾਰੇ ਮਹੱਤਵਪੂਰਨ ਵਿਚਾਰ ਸਾਂਝੇ ਕੀਤੇ।ਇਸ ਮੌਕੇ ਮਹਿਮਾਨਾਂ ਵਿੱਚ ਪ੍ਰੋ. ਏ. ਐਸ. ਸਾਹੀ, ਡੀਨ (ਅਕਾਦਮਿਕ) ਅਤੇ ਪ੍ਰੋ. ਦਮਨਪ੍ਰੀਤ ਸਿੰਘ ਮੁਖੀ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਸਲਾਈਟ ਲੌਂਗੋਵਾਲ ਵੀ ਸ਼ਾਮਲ ਸਨ। ਉਨ੍ਹਾਂ ਤੇਜ਼ੀ ਨਾਲ ਬਦਲ ਰਹੇ ਏ.ਆਈ ਖੇਤਰ ਨਾਲ ਕਦਮ ਮਿਲਾ ਕੇ ਚੱਲਣ ਲਈ ਲਗਾਤਾਰ ਪੇਸ਼ੇਵਰ ਵਿਕਾਸ ਅਤੇ ਅੰਤਰ-ਵਿਸ਼ਿਆਈ ਸਿੱਖਣ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਡਾ. ਜਗਦੀਪ ਸਿੰਘ ਅਤੇ ਡਾ. ਮਨਮਿੰਦਰ ਸਿੰਘ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਮਕਸਦ ਅਧਿਆਪਕਾਂ ਨੂੰ ਏ.ਆਈ. ਟੂਲਾਂ ਅਤੇ ਤਰੀਕਿਆਂ ਬਾਰੇ ਵਿਹਾਰਕ ਗਿਆਨ ਪ੍ਰਦਾਨ ਕਰਨਾ ਹੈ, ਜਿਸ ਨਾਲ ਸਿੱਖਿਆ, ਅਧਿਐਨ ਅਤੇ ਰਿਸਰਚ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ।ਉਦਘਾਟਨੀ ਸੈਸ਼ਨ ਵਿੱਚ 202 ਅਧਿਆਪਕਾਂ, ਖੋਜਕਰਤਾਵਾਂ ਅਤੇ ਅਕਾਦਮਿਕ ਵਿਅਕਤੀਆਂ ਨੇ ਗੂਗਲ ਮੀਟ ਰਾਹੀਂ ਉਤਸ਼ਾਹ ਨਾਲ ਭਾਗ ਲਿਆ।

# ਜ਼ਿਲ੍ਹੇ ਦੀਆਂ ਰੇਲਵੇ ਮੰਗਾਂ ਸੰਸਦ 'ਚ ਉਠਾਉਣ ਲਈ ਬੀਬਾ ਬਾਦਲ ਦਾ ਧੰਨਵਾਦ

**ਸਰਦੂਲਗੜ੍ਹ (ਅਵਤਾਰ ਜਟਾਣਾ)** ਲੋਕ ਸਭਾ ਦੇ ਸੈਸ਼ਨ ਦੌਰਾਨ ਬੀਬਾ ਹਰਸਿਮਰਤ ਕੌਰ ਬਾਦਲ ਨੇ ਪੰਜਾਬ ਤੇ ਲੋਕ ਸਭਾ ਬਠਿੰਡਾ ਦੇ ਵੱਖ-ਵੱਖ ਹਲਕਿਆਂ ਅੰਦਰ ਪੈਂਦੇ ਰੇਲਵੇ ਸਟੇਸ਼ਨਾਂ ਦੀਆਂ ਸਮੱਸਿਆਵਾਂ ਬਾਰੇ ਕੇਂਦਰ ਸਰਕਾਰ ਕੋਲ ਮੰਗਾਂ ਉਠਾਉਂਦੇ ਕਿਹਾ ਕਿ ਕਰੋਨਾ ਮਹਾਂਮਾਰੀ ਸਮੇਂ ਲੋਕ ਸਭਾ ਬਠਿੰਡਾ 'ਚੋਂ ਗੁਜ਼ਰਨ ਵਾਲੀਆਂ ਦਰਜਨਾਂ ਟਰੇਨਾਂ ਬੰਦ ਕਰ ਦਿੱਤੀਆਂ ਗਈਆਂ, ਪ੍ਰੰਤੂ ਨਵੀਂ ਇੱਕ ਵੀ ਟਰੇਨ ਨਹੀਂ ਚਲਾਈ ਗਈ।ਦੇਸ਼ ਦੀ ਅਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਦੇਣ ਵਾਲੇ ਸੂਬੇ ਪੰਜਾਬ ਨਾਲ ਵਿਤਕਰਾ ਮੰਦਭਾਗਾ ਹੈ ਤੇ ਇਸੇ ਲਈ ਸਾਨੂੰ ਮੰਗਾਂ ਮੰਨਣੀਆਂ ਪੈ ਰਹੀਆਂ ਹਨ।ਉਨ੍ਹਾਂ ਸਿੱਖ ਪੰਥ ਦੇ ਪੰਜ ਤਖ਼ਤ ਸਾਹਿਬਾਨਾਂ ਨੂੰ ਰੇਲਵੇ ਲਾਈਨਾਂ ਨਾਲ ਜੋੜਨ ਦੀ ਮੰਗ ਰੱਖਦਿਆਂ ਮਾਨਸਾ ਸ਼ਹਿਰ ਦੇ ਉੱਤਰ ਦਿਸ਼ਾ ਵੱਲ ਰੇਲਵੇ ਸਟੇਸ਼ਨ ਦਾ ਗੇਟ ਖੋਲ੍ਹਣ ਦੀ ਮੰਗ ਕੀਤੀ, ਕਿਉਂਕਿ ਮਾਨਸਾ ਸ਼ਹਿਰ ਦੀ ਜ਼ਿਆਦਾਤਰ ਅਬਾਦੀ ਤੇ ਅਦਾਰੇ ਉੱਤਰ ਦਿਸ਼ਾ ਵੱਲ ਹਨ।ਰੇਲਵੇ ਸਾਈਡਿੰਗ (ਪਲੇਟੀ) ਜਿੱਥੇ ਲੋਡਿੰਗ ਅਨਲੋਡਿੰਗ ਲਈ ਸ਼ਪੈਸ਼ਲਾਂ ਲੱਗਦੀਆਂ ਹਨ, ਉਸ ਨੂੰ ਮਾਨਸਾ ਸ਼ਹਿਰ ਤੋਂ ਨਰਿੰਦਰਪੁਰਾ ਵੱਲ ਕਰਨ ਦੀ ਮੰਗ ਕੀਤੀ, ਕਿਉਂਕਿ ਇਹ ਸ਼ਹਿਰ ਵਿੱਚ ਹੋਣ ਕਰਕੇ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਮਾਨਸਾ, ਸਿਰਸੀਵਾਲਾ, ਨਰਿੰਦਰਪੁਰਾ, ਅਹਿਮਦਪੁਰ, ਦਾਤੇਵਾਸ ਰੇਲਵੇ ਅੰਡਰ ਬ੍ਰਿਜ ਉੱਪਰ ਸ਼ੈਡ ਪਾਉਣ ਤੇ ਸਾਈਡ ਤੇ



ਨਾਲੀਆਂ ਬਣਾਉਣ ਦੀ ਮੰਗ ਕੀਤੀ ਤਾਂ ਬਰਸਾਤਾਂ ਦੌਰਾਨ ਜੋ ਦਿੱਕਤਾਂ ਆਉਂਦੀਆਂ ਹਨ, ਉਹ ਨਾ ਆਉਣ। ਹਲਕਾ ਸਰਦੂਲਗੜ੍ਹ ਨੂੰ ਰੇਲਵੇ ਨਾਲ ਜੋੜਨ ਲਈ ਮੰਗ ਕਰਦੇ ਬੀਬਾ ਜੀ ਨੇ ਕਿਹਾ ਕਿ ਇਸ ਇਲਾਕੇ ਦੀ ਬਹੁਤ ਦੇਰ ਤੋਂ ਮੰਗ ਹੈ ਕਿ ਇਸ ਦੇ ਵਿਕਾਸ ਨੂੰ ਰਫ਼ਤਾਰ ਦੇਣ ਲਈ ਇਸ ਨੂੰ ਰੇਲਵੇ ਨਾਲ ਜੋੜਿਆ ਜਾਵੇ।ਉਨ੍ਹਾਂ ਦੱਸਿਆ ਕਿ ਰੇਲਵੇ ਸਾਡੇ ਦੇਸ਼ ਦੀ ਟਰਾਂਸਪੋਰਟ ਦੀ ਰੀਡ ਦੀ ਹੱਡੀ ਹੈ।ਰੇਲਵੇ ਗਰੀਬ ਤੇ ਮਿਡਲ ਕਲਾਸ ਲੋਕਾਂ ਦੇ ਲਈ ਆਵਾਜਾਈ ਦਾ ਸਾਧਨ ਹੈ।ਰੇਲਵੇ ਦੇਸ਼ ਭਰ ਅਨਾਜ, ਖਾਦਾਂ, ਤੇਲ ਤੇ ਵਪਾਰਕ ਅਦਾਰਿਆਂ ਦੇ ਸਮਾਨ ਪੁਚਾਉਣ ਦਾ ਕੰਮ ਕਰਦੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਬਲਬੀਰ ਸਿੰਘ ਬੀਰਕੇ ਤੇ ਜਤਿੰਦਰ ਸਿੰਘ ਸੋਢੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਨੇ ਕਰਦਿਆਂ ਦੱਸਿਆ ਕਿ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਕੋਟਲੀ ਕਲਾਂ, ਕਾਹਨਗੜ੍ਹ, ਨਰਿੰਦਰਪੁਰਾ-ਬੱਪੀਆਣਾ, ਬੱਲ੍ਹਆਣਾ ਤੇ ਪਥਰਾਲਾ ਵਿੱਚ ਨਵੇਂ ਅੰਡਰਬ੍ਰਿਜ ਬਣਾਉਣ ਦੀ ਮੰਗ ਵੀ ਉਠਾਈ ਹੈ। ਜਤਿੰਦਰ ਸਿੰਘ ਸੋਢੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸ਼ਹਿਰੀ ਨੇ ਕਿਹਾ ਕਿ ਬੀਬਾ ਜੀ ਵੱਲੋਂ ਲੋਕ ਸਭਾ ਵਿੱਚ ਇਹ ਮੁੱਦਾ ਉਠਾਉਣ ਤੋਂ ਬਾਅਦ ਜੇਕਰ ਕੇਂਦਰ ਸਰਕਾਰ ਇਹ ਮੰਗ ਪ੍ਰਵਾਨ ਕਰ ਲੈਂਦੀ ਹੈ ਤਾਂ ਵਿਕਾਸ ਦੀ ਨੁਹਾਰ ਬਦਲਣ ਲਈ ਬਹੁਤ ਸਹਾਈ ਸਿੱਧ ਹੋਵੇਗਾ। ਇਹ ਮੰਗਾਂ ਪੂਰੀਆਂ ਹੋਣ ਨਾਲ ਸਥਾਨਕ ਆਬਾਦੀ ਨੂੰ ਬਹੁਤ ਲਾਭ ਪਹੁੰਚੇਗਾ। ਇਹ ਵੱਡੇ ਸ਼ਹਿਰਾਂ ਅਤੇ ਕਸਬਿਆਂ ਨਾਲ ਸੰਪਰਕ ਵਧਾਵੇਗੀ, ਵਪਾਰ ਤੇ ਵਣਜ ਵਿੱਚ ਵਾਧਾ ਕਰਕੇ ਆਰਥਿਕ ਵਿਕਾਸ ਨੂੰ ਹੁਲਾਰਾ ਦੇਵੇਗੀ, ਸਿੱਖਿਆ, ਸਿਹਤ ਸੰਭਾਲ ਅਤੇ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰੇਗੀ।

# ਨਸ਼ੇ ਦੇ ਟੀਕਿਆਂ ਸਣੇ ਕਾਬੂ ਦੋ ਨੂੰ 12 ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਕਰੀਬ ਸੱਤ ਸਾਲ ਪਹਿਲਾਂ ਸੀ.ਆਈ.ਏ. ਸਟਾਫ਼ ਸਰਹਿੰਦ ਵੱਲੋਂ ਨਸ਼ੇ ਲਈ ਵਰਤੇ ਜਾਣ ਵਾਲੇ ਟੀਕਿਆਂ ਸਮੇਤ ਕਾਬੂ ਕੀਤੇ ਗਏ ਦੋ ਵਿਅਕਤੀਆਂ ਨੂੰ ਅਦਾਲਤ ਵੱਲੋਂ ਮਾਮਲੇ 'ਚ ਕਸੂਰਵਾਰ ਮੰਨਦੇ ਹੋਏ ਕੈਦ ਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ 11/5/19 ਨੂੰ ਥਾਣਾ ਬਡਾਲੀ ਆਲਾ ਸਿੰਘ ਵਿਖੇ ਅ/ਧ 22/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤੇ ਗਏ ਇੱਕ ਮੁਕੱਦਮੇ ਦੇ ਸਬੰਧ ਵਿੱਚ ਮਨਹਰਮਨਜੀਤ ਸਿੰਘ (34) ਵਾਸੀ ਪਿੰਡ ਖੇੜਾ ਤੇ ਖੁਸ਼ਵਿੰਦਰ ਸਿੰਘ (42) ਵਾਸੀ ਪਿੰਡ ਸਾਧੂਗੜ੍ਹ ਨੂੰ ਗ੍ਰਿਫ਼ਤਾਰ ਕਰਦੇ ਹੋਏ ਪੁਲਸ ਨੇ ਦਾਅਵਾ ਕੀਤਾ ਸੀ ਕਿ ਮੁਖ਼ਬਰੀ ਦੇ ਅਧਾਰ 'ਤੇ ਸੀ.ਆਈ.ਏ. ਸਟਾਫ਼ ਸਰਹਿੰਦ ਦੀ ਇੱਕ੦ ਟੀਮ ਵੱਲੋਂ ਰਜਿੰਦਰਗੜ੍ਹ ਟੀ ਪੁਆਇੰਟ ਨਜ਼ਦੀਕ ਨਾਕਾਬੰਦੀ ਕਰਕੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ, ਜਿਸ ਦੌਰਾਨ ਇੱਕ ਮੋਟਰਸਾਈਕਲ 'ਤੇ ਸਵਾਰ ਹੋ ਕੇ ਆ ਰਹੇ ਉਕਤ ਵਿਅਕਤੀਆਂ ਦੀ ਜਦੋਂ ਸਹਾਇਕ ਥਾਣੇਦਾਰ ਸਤਵਿੰਦਰ ਸਿੰਘ ਨੇ ਤਲਾਸ਼ੀ ਲਈ ਤਾਂ ਦੋਵਾਂ ਦੇ ਕਬਜ਼ੇ 'ਚੋਂ 65 ਟੀਕੇ ਬਿਊਪ੍ਰੇਨੋਰਫਿਨ ਤੇ 65 ਸ਼ੀਸ਼ਿਆਂ ਏਵਲ ਬਰਾਮਦ ਹੋਈਆਂ।ਮੁਕੱਦਮੇ ਦੀ ਸੁਣਵਾਈ ਦੌਰਾਨ ਅਦਾਲਤ ਵਿੱਚ ਪ੍ਰੌਸੀਕਿਊਸ਼ਨ ਅਤੇ ਬਚਾਅ ਪੱਖ ਵੱਲੋਂ ਪੇਸ਼ ਕੀਤੇ ਗਏ ਸਬੂਤਾਂ, ਗਵਾਹਾਂ ਤੇ ਦਲੀਲਾਂ ਨੂੰ ਵਿਚਾਰਨ ਤੋਂ ਬਾਅਦ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਮਨਹਰਮਨਜੀਤ ਸਿੰਘ ਅਤੇ ਖੁਸ਼ਵਿੰਦਰ ਸਿੰਘ ਨੂੰ ਮਾਮਲੇ ਵਿੱਚ ਅ/ਧ 22(ਸੀ) ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ 12/12 ਸਾਲ ਕੈਦ ਬਾਮੁਸ਼ੱਕਤ ਤੇ ਇੱਕ-ਇੱਕ ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

# ਪੁਲਸੀਆ ਤਸ਼ੱਦਦ ਵਿਰੁੱਧ ਅਧਿਆਪਕਾਂ ਵੱਲੋਂ ਅਰਥੀ ਫੂਕ ਪ੍ਰਦਰਸ਼ਨ

**ਸੰਗਰੂਰ (ਪ੍ਰਵੀਨ ਸਿੰਘ)** ਅਧਿਆਪਕ ਜਥੇਬੰਦੀਆਂ ਦੇ ਆਗੂਆਂ ਰਘਵੀਰ ਸਿੰਘ ਭਵਾਨੀਗੜ੍ਹ, ਕ੍ਰਿਸ਼ਨ ਸਿੰਘ ਦੁੱਗਾਂ, ਅਵਤਾਰ ਸਿੰਘ ਭਲਵਾਨ, ਦੇਵੀ ਦਿਆਲ, ਵਰਿੰਦਰਜੀਤ ਸਿੰਘ ਬਜਾਜ, ਦਾਤਾ ਸਿੰਘ ਅਤੇ ਨਿਰਮਲ ਸਿੰਘ ਦੀ ਅਗਵਾਈ ਵਿੱਚ ਵਿਧਾਇਕਾ ਨਰਿੰਦਰ ਕੌਰ




ਭਰਾਜ ਦੇ ਘਰ ਅੱਗੇ ਪੰਜਾਬ ਸਰਕਾਰ ਦੀ ਅਰਥੀ ਸਾੜ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਸੁਪਰੀਮ ਕੋਰਟ ਰਾਹੀਂ ਟੈੱਟ (ਅਧਿਆਪਕ ਯੋਗਤਾ ਟੈਸਟ) ਦੀ ਬਿਲਕੁਲ ਬੇਲੋੜੀ, ਗੈਰ- ਵਿਧਾਨਿਕ ਸ਼ਰਤ ਜਬਰੀ ਥੋਪਣ, ਪੰਜਾਬ ਸਰਕਾਰ ਵਲੋਂ ਬਜਟ ਸੈਸ਼ਨ ਦੌਰਾਨ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਬਿੱਲ ਨਾ ਲਿਆਉਣ, ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਨਾ ਕਰਨ, ਸਿੱਖਿਆ ਵਿਭਾਗ ਵਲੋਂ ਕੁਝ ਵਰਗਾਂ ਨੂੰ ਟੈੱਟ ਤੋਂ ਛੋਟ ਦੇਣ ਦਾ ਪੱਤਰ ਰੱਦ ਕਰਨ, ਸੰਘਰਸ਼ ਦੌਰਾਨ ਜਲ ਤੋਪਾਂ, ਲਾਠੀਚਾਰਜ ਅਤੇ ਅਥਰੂ ਗੈਸ ਦੇ ਗੋਲਿਆਂ ਦੀ ਅੰਨ੍ਹੇਵਾਹ ਵਰਤੋਂ ਕਰਕੇ ਅਧਿਆਪਕਾਂ ਨੂੰ ਜ਼ਖਮੀ ਕਰਕੇ ਰਾਸ਼ਟਰ ਨਿਰਮਾਤਾ ਅਧਿਆਪਕਾਂ ਦੇ ਮਾਨ ਸਨਮਾਨ ਨੂੰ ਸੱਟ ਮਾਰਨ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੀ ਅਰਥੀ ਸਾੜ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਅਧਿਆਪਕਾਂ ਦੀ ਕਿਸੇ ਵੀ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਮਸਲਿਆਂ ਦੇ ਹੱਲ ਲਈ ਸੰਘਰਸ਼ ਕਰ ਰਹੇ ਅਧਿਆਪਕਾਂ ਦੇ ਹਰ ਵਰਗ 'ਤੇ ਪੁਲਸੀਆ ਤਸ਼ੱਦਦ ਹੀ ਕੀਤਾ ਹੈ।

ਇਸ ਮੌਕੇ ਅਧਿਆਪਕ ਆਗੂ ਕਮਲਜੀਤ ਸਿੰਘ, ਵਿਸ਼ਾਲ ਸ਼ਰਮਾ, ਸੁਖਵਿੰਦਰ ਗਿਰ, ਫਕੀਰ ਸਿੰਘ ਟਿੱਬਾ, ਜਸਵੀਰ ਨਮੋਲ, ਜਤਿੰਦਰ ਜੋਤੀ, ਅਵਤਾਰ ਸਿੰਘ, ਬਲਜੀਤ ਸਿੰਘ, ਜਸਵਿੰਦਰ ਸਮਰਾ, ਅਮਨ ਵਿਸਿਸਟ, ਬਾਰਾ ਸਿੰਘ, ਸੁਖਜਿੰਦਰ ਸਿੰਘ, ਜਸਵੀਰ ਗਿੱਲ, ਚੰਦ ਸਿੰਘ, ਅਮਨਦੀਪ ਸਿੰਘ ਕਲੇਰ, ਕੁਲਵੰਤ ਸਿੰਘ ਖਨੌਰੀ, ਪ੍ਰਿੰਸ ਸਿੰਗਲਾ, ਯਾਦਵਿੰਦਰ ਪਾਲ ਸਿੰਘ, ਸੌਰਵ ਜੋਸ਼ੀ, ਜਗਦੀਸ਼ ਗਗੜਪੁਰ, ਗਗਨਦੀਪ ਬੁਗਰਾ, ਸਹਿਯੋਗੀ ਜਥੇਬੰਦੀਆਂ ਵੱਲੋਂ ਬਲਵੀਰ ਚੰਦ ਲੌਂਗੋਵਾਲ, ਸਰਬਜੀਤ ਸਿੰਘ ਪੁੰਨਾਵਾਲ, ਨਿਰਭੈ ਸਿੰਘ, ਰਛਪਾਲ ਸਿੰਘ, ਮਾਲਵਿੰਦਰ ਸਿੰਘ ਸੰਧੂ ਅਤੇ ਬਲਦੇਵ ਬਡਰੁੱਖਾਂ ਹਾਜ਼ਰ ਸਨ।

# ਕਰਜ਼ਾ ਮੁਆਫ਼ੀ ਦੀ ਥਾਂ ਜ਼ਮੀਨਾਂ ਦੀ ਨੀਲਾਮੀ ਕਿਸਾਨੀ ਨਾਲ ਵੱਡਾ ਧੋਖਾ : ਰੁਲਦੂ ਸਿੰਘ ਮਾਨਸਾ

**ਮਾਨਸਾ (ਆਤਮਾ ਸਿੰਘ ਪਮਾਰ)** ਪੰਜਾਬ ਸਰਕਾਰ ਵੱਲੋਂ ਢਾਈ ਏਕੜ ਤੋਂ ਲੈ ਕੇ 20 ਏਕੜ ਤੋਂ ਉਪਰ ਤੱਕ ਦੇ ਕਰਜਈ ਕਿਸਾਨਾਂ ਦੀ ਜ਼ਮੀਨ ਨਿਲਾਮੀ ਦੇ ਦਿੱਤੇ ਗਏ ਅਖ਼ਬਾਰੀ ਬਿਆਨ ਤੇ ਮਾਰਚ ਦੇ ਅਖੀਰ ਤੱਕ ਨੀਲਾਮੀ ਪ੍ਰਕਿਰਿਆ ਸ਼ੁਰੂ ਕਰਨ ਦੇ ਐਲਾਨ ਕੀਤੇ ਜਾਣ ਦੇ ਖ਼ਿਲਾਫ਼ ਸੰਯੁਕਤ ਕਿਸਾਨ ਮੋਰਚਾ ਦੇ ਪ੍ਰਮੁੱਖ ਆਗੂ ਅਤੇ ਪੰਜਾਬ ਕਿਸਾਨ ਯੂਨੀਅਨ ਦੇ ਸੂਬਾਈ ਪ੍ਰਧਾਨ ਰੁਲਦੂ ਸਿੰਘ ਮਾਨਸਾ ਨੇ ਕਿਹਾ ਕਿ ਜ਼ਮੀਨ ਕਿਸਾਨ ਦੀ ਜੀਵਨ ਰੇਖਾ ਹੁੰਦੀ ਹੈ ਤੇ ਇਸਦੀ ਨਿਲਾਮੀ ਕਰਨਾ ਕਿਸਾਨੀ ਨਾਲ ਘੋਰ ਅਨਿਆਂ ਹੈ। ਉਨ੍ਹਾਂ ਕਿਹਾ ਕਿ ਕਰਜ਼ੇ ਦਾ ਬੋਝ, ਫਸਲਾਂ ਦੇ ਘੱਟ ਭਾਅ ਤੇ ਮੌਸਮੀ ਨੁਕਸਾਨਾਂ ਕਾਰਨ ਕਿਸਾਨ ਪਹਿਲਾਂ ਹੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।ਅਜਿਹੇ ਹਾਲਾਤ 'ਚ ਜ਼ਮੀਨ ਨਿਲਾਮੀ ਦੀ ਕਾਰਵਾਈ ਕਿਸਾਨਾਂ ਨੂੰ ਹੋਰ ਸੰਕਟ 'ਚ ਧੱਕੇਗੀ। ਉਨ੍ਹਾਂ ਕਿਹਾ ਕਿ ਸਰਕਾਰ ਕਰਜ਼ਾ ਮੁਆਫ਼ੀ, ਫ਼ਸਲਾਂ ਦੇ ਵਾਜਬ ਭਾਅ ਤੇ ਖੇਤੀ ਖੇਤਰ ਨੂੰ ਅੱਗੇ ਵਧਾਉਣ ਲਈ ਕਿਸਾਨਾਂ ਨੂੰ ਆਰਥਿਕ ਸਹਾਇਤਾ ਦੇਵੇ, ਜਿਸ ਤਰ੍ਹਾਂ ਵੱਡੇ ਕਾਰਪੋਰੇਟ ਘਰਾਣਿਆਂ ਦੇ ਕਰਜ਼ੇ ਮੁਆਫ਼ ਕੀਤੇ ਜਾਂਦੇ ਹਨ ਤੇ ਨਵੇਂ ਕਰਜ਼ੇ ਦਿੱਤੇ ਜਾਂਦੇ ਹਨ ਤਾਂ ਜੁ ਕਿਸਾਨ ਪੂਰੇ ਦੇਸ਼ ਦਾ ਅਨਾਜ ਨਾਲ ਢਿੱਡ ਭਰ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਕਿਸਾਨ ਯੂਨੀਅਨ ਆਪਣੀ ਕੰਮ ਨੀਤੀ ਅਨੁਸਾਰ ਕਰਜ਼ੇ ਦੀ ਮਾਰ ਹੇਠ ਆਏ ਕਿਸੇ ਵੀ ਕਿਸਾਨ, ਮਜ਼ਦੂਰ ਤੇ ਦੁਕਾਨਦਾਰ ਦੇ ਘਰ, ਜ਼ਮੀਨ, ਦੁਕਾਨ ਦੀ ਕੁਰਕੀ ਨਹੀਂ ਹੋਣ ਦੇਵੇਗੀ। ਅਧਿਕਾਰੀ ਅਜਿਹਾ ਕਰਨਗੇ ਤਾਂ ਪੰਜਾਬ ਕਿਸਾਨ ਯੂਨੀਅਨ ਮੈਦਾਨ 'ਚ ਨਿੱਤਰ ਕੇ ਇਸਦਾ ਵਿਰੋਧ ਕਰੇਗੀ।



# ਮਹਿਲਾਵਾਂ ਦੇ ਬਕਾਏ ਨੂੰ ਲੈ ਕੇ ਕਾਂਗਰਸ ਵੱਲੋਂ ਵਿਧਾਇਕ ਦੇ ਘਰ ਅੱਗੇ ਧਰਨਾ

**ਮਾਨਸਾ (ਰੀਤਵਾਲ)** - ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਆਰਥਿਕ ਸਹਾਇਤਾ ਦੇਣ ਦੇ ਕੀਤੇ ਵਾਅਦੇ ਨੂੰ ਪੂਰਾ ਨਾ ਕਰਨ ਦੇ ਵਿਰੋਧ ਵਿੱਚ ਜਿਲ੍ਹਾ ਕਾਂਗਰਸ ਕਮੇਟੀ ਮਾਨਸਾ ਵੱਲੋਂ ਹਲਕਾ ਵਿਧਾਇਕ ਡਾ. ਵਿਜੈ ਸਿੰਗਲਾ ਦੀ ਰਿਹਾਇਸ਼ ਦੇ ਬਾਹਰ ਜ਼ੋਰਦਾਰ ਧਰਨਾ ਪ੍ਰਦਰਸ਼ਨ ਕੀਤਾ ਗਿਆ। ਇਹ ਧਰਨਾ ਜਿਲ੍ਹਾ ਕਾਂਗਰਸ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਦੀ ਅਗਵਾਈ ਹੇਠ ਲਗਾਇਆ ਗਿਆ ਜਿਸ ਵਿੱਚ ਕਾਂਗਰਸੀ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਹਿੱਸਾ ਲਿਆ। ਧਰਨੇ ਦੌਰਾਨ ਮਹਿਲਾਵਾਂ ਨੇ ਪੰਜਾਬ ਸਰਕਾਰ ਖਿਲਾਫ ਪਿੱਟ ਸਿਆਪਾ ਕਰਦਿਆਂ ਨਾਅਰੇਬਾਜ਼ੀ ਵੀ ਕੀਤੀ ਅਤੇ ਸਰਕਾਰ ਨੂੰ ਆਪਣੇ ਵਾਅਦੇ ਯਾਦ ਕਰਵਾਏ। ਧਰਨੇ ਦੌਰਾਨ ਮੌਜੂਦ ਮਹਿਲਾਵਾਂ ਅਤੇ ਕਾਂਗਰਸੀ ਆਗੂਆਂ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਦੌਰਾਨ ਪੰਜਾਬ ਦੀਆਂ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਦੇਣ ਦਾ ਵੱਡਾ ਵਾਅਦਾ ਕੀਤਾ ਸੀ,। ਇਸ ਕਾਰਨ ਮਹਿਲਾਵਾਂ ਨੂੰ ਹੁਣ ਚਾਰ ਸਾਲ ਦਾ ਲਗਭਗ 48000 ਰੁਪਏ ਪ੍ਰਤੀ ਮਹਿਲਾ ਬਕਾਇਆ ਬਣਦਾ ਹੈ, ਜੋ ਸਰਕਾਰ ਵੱਲੋਂ ਦੇਣਾ ਚਾਹੀਦਾ ਹੈ। ਇਸ ਮੌਕੇ ਬੋਲਦਿਆਂ ਜਿਲ੍ਹਾ ਕਾਂਗਰਸ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਦੇ




ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਮੌਜੂਦਾ ਸਰਕਾਰ ਪੂਰੀ ਤਰ੍ਹਾਂ ਫੇਲ ਸਾਬਤ ਹੋਈ ਹੈ । ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਵਾਕਈ ਮਹਿਲਾਵਾਂ ਦੀ ਭਲਾਈ ਚਾਹੁੰਦੀ ਹੈ ਤਾਂ ਸਭ ਤੋਂ ਪਹਿਲਾਂ ਚਾਰ ਸਾਲਾਂ ਦਾ ਬਕਾਇਆ 48000 ਰੁਪਏ ਹਰ ਮਹਿਲਾ ਨੂੰ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਹੋਰ ਕਿਹਾ ਕਿ ਹੁਣ ਜਦੋਂ ਵਿਧਾਨ ਸਭਾ ਚੋਣਾਂ ਨੇੜੇ ਆਉਣ ਲੱਗੀਆਂ ਹਨ ਤਾਂ ਆਮ ਆਦਮੀ ਪਾਰਟੀ ਦੁਬਾਰਾ ਉਹੀ ਪੁਰਾਣਾ ਵਾਅਦਾ ਕਰਕੇ ਲੋਕਾਂ ਨੂੰ ਭੁਲਾਵਾ ਦੇਣ ਦੀ ਕੋਸ਼ਿਸ਼ ਕਰ ਰਹੀ ਹੈ। ਇਹ ਸਪੱਸ਼ਟ ਹੈ ਕਿ ਇਹ ਸਿਰਫ ਇੱਕ ਚੋਣੀ ਸਟੰਟ ਹੈ ਜਿਸ ਰਾਹੀਂ ਸਰਕਾਰ ਲੋਕਾਂ ਦੀਆਂ ਭਾਵਨਾਵਾਂ ਨਾਲ ਖੇਡ ਰਹੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾਂ ਲੋਕਾਂ ਦੇ ਹੱਕਾਂ ਲਈ ਲੜਦੀ ਆਈ ਹੈ ਅਤੇ ਅੱਗੇ ਵੀ ਪੰਜਾਬ ਦੀਆਂ ਮਹਿਲਾਵਾਂ ਦੇ ਹੱਕਾਂ ਲਈ ਆਵਾਜ਼ ਉਠਾਉਂਦੀ ਰਹੇਗੀ। ਇਸ ਮੌਕੇ ਬਲਕੌਰ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਵਿੱਕੀ ਚਮਕੌਰ ਸਿੰਘ ਸਿੱਧੂ, ਸੱਤ ਪਾਲ ਸਿੰਘ ਮੂਲੇਵਾਲਾ , ਪ੍ਰਗਟ ਸਿੰਘ, ਹਰਪ੍ਰੀਤ ਸਿੰਘ ਪਿਆਰੀ ਰਣਜੀਤ ਸਿੰਘ ਦੋਦਰਾ ਹਰਵਿੰਦਰ ਭਾਰਦਵਾਜ ਮੈਡਮ ਸਿੱਧੂ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਨੇਮ ਚੰਦ ਅੰਮ੍ਰਿਤ ਪਾਲ ਕੁੱਕਾ ਬਲਜੀਤ ਸਿੰਘ ਕਿਸਾਨ ਵਿੰਗ ਜਗਸੀਰ ਸਿੰਘ ਜੱਗਾ ਡਾਕਟਰ ਮਨਜੀਤ ਰਾਣਾ ਸਤਗੁਰ ਸਿੰਘ ਤਰਜੀਤ ਚਾਹਲ ਮਨਦੀਪ ਗੋਰਾ ਚੰਦਰ ਸ਼ੇਖਰ ਨੰਦੀ ਸਵਰਨ ਖੁਡਾਲ ਸਤਗੁਰ ਸਿੰਘ ਜਲਵੇੜਾ ਗੁਰਮੀਤ ਬਾਬਾ ਕੁਲਵੀਰ ਸਿੰਘ ਗੁਰਸੇਵਕ ਸਿੰਘ ਰਵੀ ਰੁਪਾਲ ਲਛਮਣ ਲੱਖਿਆ ਸੁਰੇਸ਼ ਸ਼ਰਮਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਮੋਰਚੇ 'ਤੇ ਨਾਕਾਮ ਸਾਬਤ ਹੋਈ ਹੈ। ਉਨ੍ਹਾਂ ਕਿਹਾ ਕਿ ਚਾਹੇ ਗੱਲ ਕਿਸਾਨਾਂ ਦੀ ਹੋਵੇ, ਨੌਜਵਾਨਾਂ ਦੀ ਹੋਵੇ ਜਾਂ ਮਹਿਲਾਵਾਂ ਦੀ ਹਰ ਵਰਗ ਸਰਕਾਰ ਦੀਆਂ ਨੀਤੀਆਂ ਤੋਂ ਨਿਰਾਸ਼ ਹੈ। ਇਸ ਮੌਕੇ ਸੁਰੇਸ਼ ਨੰਦਗੜ੍ਹੀਆ, ਮਨਦੀਪ ਸਿੰਘ ਗੋਰਾ, ਚੋਧਰੀ ਨੇਮ ਚੰਦ, ਲਾਜਪਤ ਰਾਏ ਸ਼ਰਮਾ, ਵਿਨੋਦ ਕੁਮਾਰ ਸਿੰਗਲਾ ਐਡਵੋਕੇਟ, ਮਨੋਜ ਕੁਮਾਰ ਸਿੰਗਲਾ, ਸੰਦੀਪ ਮਹਿਤਾ, ਨੀਟਾ ਜੋਸ਼ੀ, ਵਿਨੋਦ ਗਾਂਧੀ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਮਹਿਲਾਵਾਂ ਹਾਜ਼ਰ ਸਨ।

# ਆਸ਼ਾ ਵਰਕਰਜ਼ ਤੇ ਫੈਸੀਲੇਟਰਜ ਵੱਲੋਂ ਬਜਟ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਦਰਸ਼ਨ



**ਜਲਾਲਾਬਾਦ, (ਜੀਤ ਕੁਮਾਰ)** ਆਲ ਇੰਡੀਆ ਆਸ਼ਾ ਵਰਕਰਜ਼ ਤੇ ਫੈਸੀਲੇਟਰਜ ਯੂਨੀਅਨ ਸਾਂਝਾ ਮੋਰਚਾ ਪੰਜਾਬ ਦੇ ਫੈਸਲੇ ਤਹਿਤ 16 ਤੋਂ 28 ਮਾਰਚ ਤੱਕ ਸਿਹਤ ਵਿਭਾਗ ਦੇ ਮੁਕੰਮਲ ਕੰਮਾਂ ਦਾ ਬਾਈਕਾਟ ਕੀਤਾ ਜਾ ਰਿਹਾ ਹੈ, ਜੋ ਦੂਜੇ ਦਿਨ ਵਿੱਚ ਸ਼ਾਮਲ ਹੋ ਗਿਆ ਹੈ, ਪ੍ਰੰਤੂ ਆਸ਼ਾ ਵਰਕਰਜ ਤੇ ਫੈਸੀਲੇਟਰਜ ਦੀਆਂ ਮੰਗਾਂ ਵੱਲੋਂ ਪੰਜਾਬ ਸਰਕਾਰ ਦਾ ਕੋਈ ਧਿਆਨ ਨਹੀਂ ਹੈ। ਰੋਸ ਵਜੋਂ ਸਾਂਝੇ ਮੋਰਚੇ ਦੇ ਸੱਦੇ 'ਤੇ ਪੰਜਾਬ ਭਰ ਵਿੱਚ ਯੂਨੀਅਨ ਦੇ ਆਗੂਆਂ ਦੀ ਅਗੁਵਾਈ ਵਿੱਚ ਵਰਕਰਾਂ ਵੱਲੋਂ ਬਜਟ ਦੀਆਂ ਕਾਪੀਆਂ ਸਾੜੀਆਂ ਗਈਆਂ ਹਨ। ਸਰਕਾਰੀ ਹਸਪਤਾਲ ਵਿਖੇ ਬਲਾਕ ਪ੍ਰਧਾਨ ਸਵਰਨ ਸਿੰਘ ਕੌਰ ਅਤੇ ਬਲਾਕ ਅਰਬਨ ਪ੍ਰਧਾਨ ਕਰਮਜੀਤ ਕੌਰ ਦੀ ਅਗਵਾਈ ਵਿੱਚ ਬਜਟ ਦੀਆਂ ਕਾਪੀਆਂ ਸਾੜ ਕੇ ਰੋਸ਼ ਜ਼ਾਹਰ ਕੀਤਾ ਗਿਆ।

ਇਸ ਰੋਸ ਪ੍ਰਦਰਸ਼ਨ ਵਿੱਚ ਵਿਸ਼ੇਸ਼ ਤੌਰ 'ਤੇ ਪੁੱਜੇ ਸੂਬਾ ਸੀਨੀਅਰ ਮੀਤ ਪ੍ਰਧਾਨ ਦੁਰਗੋ ਬਾਈ ਨੇ ਦੱਸਿਆ ਕਿ ਪੰਜਾਬ ਸਰਕਾਰ 28 ਮਾਰਚ ਤੋਂ ਪਹਿਲਾਂ ਮੀਟਿੰਗ ਰਾਹੀ ਗੱਲਬਾਤ ਕਰਕੇ ਸਾਡੀਂ ਮੰਗਾਂ ਦਾ ਹੱਲ ਕਰਨ ਲਈ ਅਣਗੌਲਿਆ ਕਰ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਤੁਰੰਤ ਗੱਲਬਾਤ ਕਰਕੇ ਸਾਡੀਆਂ ਮੰਗਾਂ ਦਾ ਹੱਲ ਕਰੇ ਨਹੀਂ ਤਾਂ ਸੰਘਰਸ਼ ਨੂੰ ਤਿੱਖਾ ਕੀਤਾ ਜਾਵੇਗਾ।

# ਡਿਜੀਟਲ ਜਨਗਣਨਾ ਲਈ ਦੋ ਦਿਨਾ ਟ੍ਰੇਨਿੰਗ ਪ੍ਰੋਗਰਾਮ ਦੀ ਸ਼ੁਰੂਆਤ

**ਲੁਧਿਆਣਾ, (ਰਾਜ ਸਿੰਗਲਾ)** ਭਾਰਤ ਦੀ ਮਹੱਤਵਪੂਰਨ ਡਿਜ਼ੀਟਲ ਜਨਗਣਨਾ 2027 ਦੇ ਪਹਿਲੇ ਪੜਾਅ ਨੂੰ ਸੁਚਾਰੂ ਤੇ ਸਫ਼ਲ ਬਣਾਉਣ ਦੀ ਤਿਆਰੀ ਵਿੱਚ ਚਾਰਜ ਜਨਗਣਨਾ ਅਧਿਕਾਰੀਆਂ ਤੇ ਤਕਨੀਕੀ ਸਹਾਇਕਾਂ ਲਈ ਬੱਚਤ ਭਵਨ ਵਿਖੇ ਇੱਕ ਵਿਆਪਕ ਦੋ-ਰੋਜ਼ਾ ਸਿਖਲਾਈ ਪ੍ਰੋਗਰਾਮ ਸ਼ੁਰੂ ਹੋਇਆ। ਸਿਖਲਾਈ ਨੇ ਡਿਜ਼ੀਟਲ ਜਨਗਣਨਾ ਪੜਾਅ-1 ਦੇ ਸਾਰੇ ਪਹਿਲੂਆਂ 'ਤੇ ਡੂੰਘਾਈ ਨਾਲ ਮਾਰਗਦਰਸ਼ਨ ਪ੍ਰਦਾਨ ਕੀਤਾ, ਜਿਸ ਦੇ ਤਹਿਤ ਘਰ ਸੂਚੀਕਰਨ ਤੇ ਰਿਹਾਇਸ਼ ਜਨਗਣਨਾ 15 ਮਈ ਤੋਂ 13 ਜੂਨ ਤੱਕ ਪੂਰੀ ਤਰ੍ਹਾਂ ਡਿਜ਼ੀਟਲ, ਐਪ-ਅਧਾਰਤ ਪ੍ਰਣਾਲੀ ਦੀ ਵਰਤੋਂ ਕਰਕੇ ਕੀਤੀ ਜਾਵੇਗੀ।ਮੁੱਖ ਵਿਸ਼ਿਆਂ ਵਿੱਚ ਜਨਗਣਨਾ ਪ੍ਰਬੰਧਨ ਤੇ ਨਿਗਰਾਨੀ ਪ੍ਰਣਾਲੀ (ਸੀ.ਐਮ.ਐਮ.ਐਸ) ਪੋਰਟਲ, ਹਾਊਸ ਲਿਸਟਿੰਗ ਓਪਰੇਸ਼ਨ ਮੈਨੇਜਮੈਂਟ, ਹਾਊਸ ਲਿਸਟਿੰਗ ਬਲਾਕ ਬਣਾਉਣ ਵਾਲੀ ਐਪਲੀਕੇਸ਼ਨ ਤੇ ਓਰੀਐਂਟੇਸ਼ਨ, ਸਵੈ-ਗਣਨਾ (ਐਸ.ਈ) ਪੋਰਟਲ ਤੇ ਹੋਰ ਸੰਚਾਲਨ ਸਾਧਨ ਸ਼ਾਮਲ ਸਨ।ਭਾਗੀਦਾਰ ਸੈਸ਼ਨਾਂ ਵਿੱਚ ਸਰਗਰਮੀ ਨਾਲ ਸ਼ਾਮਲ ਹੋਏ। ਤਿਆਰੀ ਨੂੰ ਯਕੀਨੀ ਬਣਾਉਣ ਲਈ ਸਾਰੇ ਸਵਾਲਾਂ ਨੂੰ ਵਿਆਪਕ ਤੌਰ 'ਤੇ ਹੱਲ ਕੀਤਾ ਗਿਆ। ਲੁਧਿਆਣਾ ਵਿੱਚ ਹਾਊਸ ਲਿਸਟਿੰਗ ਅਭਿਆਸ ਲਈ 6,000 ਤੋਂ ਵੱਧ ਗਿਣਤੀਕਾਰ ਤਾਇਨਾਤ ਕੀਤੇ ਜਾਣਗੇ। ਗਣਨਾਕਾਰ ਘਰ-ਘਰ ਜਾ ਕੇ ਰਿਹਾਇਸ਼ੀ ਸਥਿਤੀਆਂ, ਸਹੂਲਤਾਂ ਤੇ ਘਰੇਲੂ ਸੰਪਤੀਆਂ 'ਤੇ ਕੇਂਦ੍ਰਤ 33 ਖਾਸ ਸਵਾਲ ਪੁੱਛਣਗੇ।ਇਨ੍ਹਾਂ 'ਚ ਇਮਾਰਤ ਨੰਬਰ ਅਤੇ ਜਨਗਣਨਾ ਘਰ ਨੰਬਰ, ਜਨਗਣਨਾ ਘਰ ਦੇ ਫ਼ਰਸ਼, ਕੰਧ ਤੇ ਛੱਤ ਦੀ ਮੁੱਖ ਸਮੱਗਰੀ, ਜਨਗਣਨਾ ਘਰ ਦੀ ਵਰਤੋਂ ਦਾ ਪਤਾ ਲਾਉਣਾ, ਜਨਗਣਨਾ ਘਰ ਦੀ ਸਥਿਤੀ, ਪਰਿਵਾਰ ਨੰਬਰ, ਘਰ ਵਿੱਚ ਆਮ ਤੌਰ 'ਤੇ ਰਹਿਣ ਵਾਲੇ ਵਿਅਕਤੀਆਂ ਦੀ ਕੁੱਲ ਗਿਣਤੀ, ਨਾਂਅ, ਲਿੰਗ ਤੇ ਪਰਵਾਰ ਦੇ ਮੁਖੀ ਦੀ ਸ਼੍ਰੇਣੀ (ਅਨੁਸੂਚਿਤ ਜਾਤੀ/ਅਨੁਸੂਚਿਤ ਜਨਜਾਤੀ/ਹੋਰ), ਜਨਗਣਨਾ ਘਰ ਦੀ ਮਾਲਕੀ ਸਥਿਤੀ, ਘਰ ਦੇ ਕਬਜ਼ੇ ਵਿੱਚ ਵਿਸ਼ੇਸ਼ ਤੌਰ 'ਤੇ ਰਹਿਣ ਵਾਲੇ ਕਮਰਿਆਂ ਦੀ ਗਿਣਤੀ, ਘਰ ਵਿੱਚ ਰਹਿਣ ਵਾਲੇ ਵਿਆਹੇ ਜੋੜੇ ਦੀ ਗਿਣਤੀ, ਪੀਣ ਵਾਲੇ ਪਾਣੀ ਦਾ ਮੁੱਖ ਸਰੋਤ ਤੇ ਇਸਦੀ ਉਪਲਬਧਤਾ, ਰੋਸ਼ਨੀ ਦਾ ਮੁੱਖ ਸਰੋਤ, ਪਖਾਨੇ ਤੱਕ ਪਹੁੰਚ ਤੇ ਪਖਾਨੇ ਦੀ ਕਿਸਮ, ਗੰਦੇ ਪਾਣੀ ਦਾ ਨਿਕਾਸ, ਨਹਾਉਣ ਦੀ ਸਹੂਲਤ ਦੀ ਉਪਲਬਧਤਾ, ਰਸੋਈ ਤੇ ਐਲ.ਪੀ.ਜੀ/ਪੀ.ਐਨ.ਜੀ ਕਨੈਕਸ਼ਨ ਦੀ ਉਪਲਬਧਤਾ, ਖਾਣਾ ਪਕਾਉਣ ਲਈ ਵਰਤਿਆ ਜਾਣ ਵਾਲਾ ਮੁੱਖ ਬਾਲਣ, ਰੇਡੀਓ/ਟ੍ਰਾਂਜ਼ਿਸਟਰ, ਟੈਲੀਵਿਜ਼ਨ, ਇੰਟਰਨੈਟ ਦੀ ਪਹੁੰਚ, ਲੈਪਟਾਪ/ਕੰਪਿਊਟਰ, ਟੈਲੀਫੋਨ/ਮੋਬਾਈਲ ਫੋਨ/ਸਮਾਰਟਫੋਨ, ਸਾਈਕਲ/ਸਕੂਟਰ/ਮੋਪੇਡ ਵਰਗੀਆਂ ਸੰਪਤੀਆਂ ਦਾ ਕਬਜ਼ਾ, ਕਾਰ/ਜੀਪ/ਵੈਨ, ਘਰ ਵਿੱਚ ਖਪਤ ਹੋਣ ਵਾਲਾ ਮੁੱਖ ਅਨਾਜ ਤੇ ਮੋਬਾਈਲ ਨੰਬਰ (ਸਿਰਫ਼ ਜਨਗਣਨਾ ਨਾਲ ਸਬੰਧਤ ਸੰਚਾਰ ਲਈ) ਆਦਿ ਸਵਾਲ ਸ਼ਾਮਲ ਹਨ।

# ਪੀ ਏ ਯੂ ਕਿਸਾਨ ਮੇਲੇ ਲਈ ਤਿਆਰ-ਬਰ-ਤਿਆਰ

**ਲੁਧਿਆਣਾ (ਰੈਕਟਰ ਕਥੂਰੀਆ)** ਪੀ.ਏ.ਯੂ. ਵਿਖੇ 20 ਤੇ 21 ਮਾਰਚ ਨੂੰ ਸਾਉਣੀ ਦੀ ਫ਼ਸਲਾਂ ਲਈ ਲਾਏ ਜਾਣ ਵਾਲੇ ਕਿਸਾਨ ਮੇਲੇ ਦੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਇਸ ਮੇਲੇ ਦਾ ਉਦਘਾਟਨੀ ਸਮਾਰੋਹ ਸਵੇਰੇ 11.00 ਵਜੇ ਡਾ. ਅਮਰਜੀਤ ਸਿੰਘ ਖਹਿਰਾ ਓਪਨ ਏਅਰ ਥੀਏਟਰ ਵਿਖੇ ਹੋਵੇਗਾ। ਕਿਸਾਨ ਮੇਲਿਆਂ ਦੀ ਨਿਗਰਾਨੀ ਕਰਨ ਵਾਲੇ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਭਰ ਵਿੱਚੋਂ ਕੋਨੇ-ਕੋਨੇ ਤੋਂ ਕਿਸਾਨ ਇਸ ਮੇਲੇ ਵਿੱਚ ਸ਼ਾਮਲ ਹੋਣ ਲਈ ਪੁੱਜ ਰਹੇ ਹਨ।

ਮੇਲੇ ਦੌਰਾਨ ਸਾਉਣੀ ਦੀਆਂ ਫ਼ਸਲਾਂ ਦੇ ਬੀਜਾਂ, ਫ਼ਲਦਾਰ ਬੂਟਿਆਂ, ਸਬਜ਼ੀਆਂ ਦੇ ਬੀਜਾਂ ਤੇ ਪਨੀਰੀ ਤੋਂ ਇਲਾਵਾ ਖੇਤੀ ਸਾਹਿਤ ਅਤੇ ਖੇਤੀ ਸੰਬੰਧੀ ਨਵੀਨ ਜਾਣਕਾਰੀ ਕਿਸਾਨਾਂ ਨੂੰ ਮੁਹੱਈਆ ਕਰਵਾਈ ਜਾਵੇਗੀ। ਮੇਲੇ ਦੌਰਾਨ ਕਿਸਾਨ ਮਾਹਿਰਾਂ ਨਾਲ ਮਿਲ ਕੇ ਆਪਣੇ ਖੇਤੀ ਸੰਬੰਧੀ ਮਸਲਿਆਂ ਨੂੰ ਸਾਂਝਾ ਕਰਨਗੇ ਤੇ ਮਾਹਿਰਾਂ ਦੀ ਰਾਇ ਵੀ ਲੈ ਸਕਣਗੇ। ਅਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਨੇ ਕਿਹਾ ਕਿ ਮੇਲੇ ਦੌਰਾਨ ਕਿਸਾਨਾਂ ਨੂੰ ਨਵੀਂਆਂ ਖੇਤੀ ਤਕਨੀਕਾਂ, ਡਿਜ਼ੀਟਲ ਵਿਧੀਆਂ ਤੇ ਵਿਕਸਿਤ ਮਸ਼ੀਨਰੀ ਤੋਂ ਜਾਣੂ ਕਰਾਉਣ ਲਈ ਪ੍ਰਦਰਸ਼ਨੀਆਂ ਤੇ ਸਟਾਲਾਂ ਲਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੇਲੇ ਨੂੰ ਸੁਚਾਰੂ ਰੂਪ ਵਿਚ ਆਯੋਜਤ ਕਰਨ ਲਈ ਪ੍ਰਬੰਧ ਮੁਕੰਮਲ ਹੋ ਚੁੱਕੇ ਹਨ।

# ਹੈਰੋਇਨ ਸਮੇਤ 2 ਕਾਬੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਸਥਾਨਕ ਪੁਲਿਸ ਵਲੋਂ 4 ਗ੍ਰਾਮ ਹੈਰੋਇਨ ਸਮੇਤ 2 ਨੌਜਵਾਨਾਂ ਜਗਜੀਤ ਸਿੰਘ ਤੇ ਸੁਖਚੈਨ ਸਿੰਘ ਵਾਸੀ ਰਾਮਗੜ੍ਹ ਨੂੰ ਗ੍ਰਿਫਤਾਰ ਕੀਤਾ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਸੋਹਣ ਸਿੰਘ ਵਲੋਂ ਪੁਲਿਸ ਪਾਰਟੀ ਸਮੇਤ ਗਸ਼ਤ ਕੀਤੀ ਜਾ ਰਹੀ ਸੀ ਤਾਂ ਬਹਿਲੋਲਪੁਰ ਫਿਰਨੀ ਦੇ ਸੂਏ ਨੇੜ੍ਹੇ 2 ਨੌਜਵਾਨ ਬੈਠੇ ਸਨ। ਜਦੋਂ ਉਨ੍ਹਾਂ ਨੂੰ ਪੁੱਛਗਿੱਛ ਲਈ ਬੁਲਾਇਆ ਗਿਆ ਤਾਂ ਇਨ੍ਹਾਂ 'ਚੋਂ ਇੱਕ ਨੇ ਆਪਣੇ ਹੱਥ ਵਿਚ ਫੜ੍ਹੀ ਪਲਾਸਟਿਕ ਦੀ ਲਿਫ਼ਾਫੀ ਦੂਜੇ ਨੌਜਵਾਨ ਨੂੰ ਫੜ੍ਹਾ ਦਿੱਤੀ ਜਿਸ ਨੂੰ ਉਸ ਨੇ ਹੇਠਾਂ ਸੁੱਟ ਦਿੱਤਾ। ਪੁਲਿਸ ਵਲੋਂ ਜਦੋਂ ਲਿਫ਼ਾਫੀ ਦੀ ਜਾਂਚ ਕੀਤੀ ਗਈ ਤਾਂ ਉਸ 'ਚੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਵਲੋਂ ਉਕਤ ਨੌਜਵਾਨਾਂ ਨੂੰ ਕਾਬੂ ਕਰ ਉਨ੍ਹਾਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

# ਸੁਖਮੰਦਰ ਸਿੰਘ ਪੈਨਸ਼ਨਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਬਣੇ, ਸਰਬਜੀਤ ਦੌਧਰ ਬਣੇ ਜ਼ਿਲ੍ਹਾ ਸਕੱਤਰ



**ਮੋਗਾ, (ਇਕਬਾਲ ਸਿੰਘ ਖਹਿਰਾ)** ਸੁਤੰਤਰਤਾ ਸੈਨਾਨੀ ਭਵਨ ਵਿਖੇ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ (ਰਜਿ:) ਪੰਜਾਬ ਜ਼ਿਲ੍ਹਾ ਮੋਗਾ ਦਾ ਚੋਣ ਇਜਲਾਸ ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਦੀ ਦੇਖ-ਰੇਖ ਵਿੱਚ ਹੋਇਆ, ਜਿਸ ਵਿੱਚ ਬਾਘਾਪੁਰਾਣਾ, ਨਿਹਾਲ ਸਿੰਘ ਵਾਲਾ, ਧਰਮਕੋਟ, ਮੋਗਾ 1 ਤੇ 2 ਸਬ ਡਵੀਜ਼ਨਾਂ ਦੇ ਪ੍ਰਧਾਨ ਸਕੱਤਰ ਅਤੇ ਡੈਲੀਗੇਟ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ ਤੇ ਜ਼ਿਲਾ ਬਾਡੀ ਦੀ ਚੋਣ ਪ੍ਰਕ੍ਰਿਆ ਵਿੱਚ ਆਪਣਾ ਹਿੱਸਾ ਪਾਇਆ। ਮੀਟਿੰਗ ਦੇ ਸ਼ੁਰੂ ਵਿੱਚ ਸਰਬਜੀਤ ਦੌਧਰ ਨੇ ਪਿਛਲੇ ਤਿੰਨ ਸਾਲ ਦੀ ਕਾਰਗੁਜਾਰੀ ਦੀ ਰਿਪੋਰਟ ਪੇਸ਼ ਕੀਤੀ, ਜਿਸ ਨੂੰ ਸਮੁੱਚੇ ਹਾਊਸ ਵੱਲੋਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ।ਪ੍ਰੇਮ ਕੁਮਾਰ ਵਿੱਤ ਸਕੱਤਰ ਨੇ ਤਿੰਨ ਸਾਲ ਦੇ ਹਿਸਾਬ ਕਿਤਾਬ ਦ ਬਿਓਰਾ ਪੇਸ਼ ਕੀਤਾ।ਪੁਰਾਣੀ ਜ਼ਿਲ੍ਹਾ ਕਮੇਟੀ ਨੂੰ ਭੰਗ ਕਰਨ ਉਪਰੰਤ ਜ਼ਿਲ੍ਹਾ ਮੋਗਾ ਦੀ ਟੀਮ ਦੀ ਚੋਣ ਕੀਤੀ ਗਈ, ਜਿਸ ਅਨੁਸਾਰ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਅਤੇ ਜਿਲ੍ਹਾ ਸਕੱਤਰ ਸਰਬਜੀਤ ਸਿੰਘ ਦੌਧਰ ਦੀ ਚੋਣ ਕੀਤੀ ਗਈ।ਜ਼ਿਲ੍ਹਾ ਵਿੱਤ ਸਕੱਤਰ ਪ੍ਰੇਮ ਕੁਮਾਰ, ਸਹਾਇਕ ਵਿੱਤ ਸਕੱਤਰ ਓਮਾ ਕਾਂਤ ਸ਼ਾਸ਼ਤਰੀ, ਜ਼ਿਲ੍ਹਾ ਪ੍ਰੈਸ ਸਕੱਤਰ ਗਿਆਨ ਸਿੰਘ ਸਾਬਕਾ ਡੀ.ਪੀ.ਆਰ.ਓ, ਸਹਾਇਕ ਪ੍ਰੈਸ ਸਕੱਤਰ ਬਲਵਿੰਦਰ ਸਿੰਘ ਗਿੱਲ, ਆਰਗੇਨਾਈਜਰ ਸਕੱਤਰ ਸੁਖਚੈਨ ਸਿੰਘ ਹੀਰਾ, ਕਾਨੂੰਨੀ ਸਲਾਹਕਾਰ ਸੁਰਿੰਦਰ ਰਾਮ ਕੁੱਸਾ ਨੂੰ ਬਣਾਇਆ ਗਿਆ।

# ਡੀ ਸੀ ਵੱਲੋਂ ਦੇਸ਼ ਭਗਤ ਪਰਵਾਰਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦਾ ਭਰੋਸਾ

**ਨਾਭਾ (ਵਰਿੰਦਰ ਵਰਮਾ)** - ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਦੇਸ਼ ਭਗਤਾਂ ਸੁਤੰਤਰਤਾ ਸੰਗਰਾਮੀਆਂ ਅਤੇ ਉਹਨਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੰਮ ਕਰ ਰਹੀ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ 234 ਦੇ ਜ਼ਿਲ੍ਹਾ ਇਕਾਈ ਦੇ ਅਹੁਦੇਦਾਰਾਂ ਦੀ ਵਿਸ਼ੇਸ਼ ਇਕੱਤਰਤਾ ਮਿੰਨੀ ਸਕੱਤਰੇਤ ਪਟਿਆਲਾ ਵਿਖੇ ਹੋਈ। ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੌਬੀ ਅਤੇ ਦਫ਼ਤਰ ਇੰਚਾਰਜ ਕਮਲਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਜ਼ਿਲ੍ਹਾ ਪਟਿਆਲਾ ਦੇ ਦੇਸ਼ ਭਗਤ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਨੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਉਚੇਚੇ ਤੌਰ 'ਤੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਸ਼ਾਮਲ ਹੋਏ। ਜ਼ਿਲ੍ਹਾ ਜਥੇਬੰਦੀ ਨੇ ਪਿਛਲੇ ਲੰਮੇ ਸਮੇਂ ਤੋਂ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੀਆਂ ਨਜ਼ਰ ਅੰਦਾਜ ਕੀਤੀਆਂ ਜਾ ਰਹੀਆਂ ਸਨਮਾਨ ਸਹੂਲਤਾਂ ਸਬੰਧੀ ਆਵਾਜ਼ ਬੁਲੰਦ ਕਰਦਿਆਂ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਨਾਲ ਮੁਲਾਕਾਤ ਕੀਤੀ



।ਮੀਟਿੰਗ ਵਿੱਚ ਇਹ ਜਾਣਕਾਰੀ ਦਿੰਦਿਆਂ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਮੁਲਾਕਾਤ ਦੌਰਾਨ ਜ਼ਿਲ੍ਹਾ ਪਟਿਆਲਾ ਦੇ ਸੁਤੰਤਰਤਾ ਸੰਗਰਾਮੀ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਸਬੰਧੀ ਜਾਣੂ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੀ ਭਲਾਈ ਲਈ ਮਹੀਨੇਵਾਰ ਮੀਟਿੰਗ ਕਰਵਾਉਣ ਦਾ ਪੱਤਰ ਜਾਰੀ ਕੀਤਾ ਗਿਆ ਹੈ। ਜ਼ਿਲ੍ਹਾ ਪਟਿਆਲਾ ਦੇ ਸਰਕਾਰੀ ਸਕੂਲਾਂ ਦੇ ਨਾਂਮ ਸੁਤੰਤਰਤਾ ਸੰਗਰਾਮੀਆਂ ਦੇ ਨਾਮ 'ਤੇ ਰੱਖਣ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਨੂੰ ਅਪੀਲ ਕੀਤੀ ਗਈ। ਜ਼ਿਲੇ ਦੇ ਸਰਕਾਰੀ ਅਤੇ ਅਰਧ ਸਰਕਾਰੀ ਵਿਭਾਗਾਂ ਅੰਦਰ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੇ ਮਾਣ ਸਨਮਾਨ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਾਉਣ ਲਈ ਜ਼ੋਰ ਦਿੱਤਾ ਗਿਆ । ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਨੇ ਸੁਤੰਤਰਤਾ ਸੰਗਰਾਮੀ ਜਥੇਬੰਦੀ ਦੇ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪਟਿਆਲਾ ਅਧੀਨ ਆਉਂਦੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਮਾਣ ਸਨਮਾਨ ਨੂੰ ਯਕੀਨੀ ਬਣਾਇਆ ਜਾਵੇਗਾ। ਇਕੱਤਰਤਾ ਦੌਰਾਨ ਇੰਦਰਪਾਲ ਸਿੰਘ ਧਾਲੀਵਾਲ ਸੂਬਾ ਜਨਰਲ ਸਕੱਤਰ, ਅਮਰਪ੍ਰੀਤ ਸਿੰਘ ਬੌਬੀ ਪ੍ਰਧਾਨ ਜਿਲਾ ਪਟਿਆਲਾ, ਰਾਜ ਕੁਮਾਰ ਡਕਾਲਾ, ਗੁਰਇਕਬਾਲ ਸਿੰਘ ਸੰਧੂ, ਕਮਲਦੀਪ ਸਿੰਘ ਗਿੱਲ ਦਫ਼ਤਰ ਇੰਚਾਰਜ, ਬਲਵਿੰਦਰ ਸਿੰਘ, ਸੁਖਵਿੰਦਰ ਕੌਰ, ਰਜਿੰਦਰ ਵਢੇਰਾ, ਪ੍ਰਵੀਨ ਕੁਮਾਰੀ, ਪਰਮ ਗੁਰਤੇਜ ਸਿੰਘ, ਰਘੁਵੀਰ ਸਿੰਘ, ਹਰਦੀਪ ਸਿੰਘ ਕੌਲੀ, ਇੰਦਰਪਾਲ ਸਿੰਘ ਵਿਰਕ, ਨਰਿੰਦਰ ਸਿੰਘ ਨੰਬਰਦਾਰ ਆਦਿ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਸ਼ਾਮਲ ਹੋਏ।

# ਗਿਆਸਪੁਰਾ ਤੇ ਲੱਖਾ ਸਿਆਸੀ ਕੁਸ਼ਤੀ ਖੇਡ ਰਹੇ ਹਨ : ਰੁਪਾਲੋਂ

**ਦੋਰਾਹਾ (ਹਰਮਿੰਦਰ ਸੇਠ)**- ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਪਾਇਲ ਦੇ ਇੰਚਾਰਜ ਸੰਦੀਪ ਸਿੰਘ ਰੁਪਾਲੋਂ ਨੇ ਕਿਹਾ ਕਿ ਮੌਜੂਦਾ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਅਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਵਿਚਕਾਰ ਚੱਲ ਰਹੀ



ਸ਼ਬਦੀ ਜੰਗ ਅਸਲ ਵਿੱਚ ਲੋਕਾਂ ਦਾ ਧਿਆਨ ਭਟਕਾਉਣ ਲਈ ਸਿਆਸੀ ਕੁਸ਼ਤੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਦੋਵੇਂ ਨੇਤਾ ਆਪਣੀਆਂ ਸਰਕਾਰਾਂ ਦੇ ਸਮੇਂ ਕੀਤੇ ਵਾਅਦਿਆਂ ਨੂੰ ਲੈ ਕੇ ਇਕ-ਦੂਜੇ 'ਤੇ ਇਲਜ਼ਾਮ ਲਗਾ ਕੇ ਸਿਆਸੀ ਲਾਹਾ ਲੈਣ ਦੀ ਕੋਸ਼ਿਸ਼ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਕਾਂਗਰਸ ਦੀ ਸਰਕਾਰ ਵੇਲੇ ਵੀ ਵਾਅਦਿਆਂ ਦੀ ਰਾਜਨੀਤੀ ਕੀਤੀ ਗਈ ਸੀ ਅਤੇ ਮੌਜੂਦਾ ਸਰਕਾਰ ਵੱਲੋਂ ਵੀ ਲੋਕਾਂ ਨੂੰ ਘੋਸ਼ਣਾਵਾਂ ਅਤੇ ਲਾਰਿਆਂ ਨਾਲ ਹੀ ਭਰਮਾਇਆ ਜਾ ਰਿਹਾ ਹੈ। ਰੁਪਾਲੋਂ ਨੇ ਕਿਹਾ ਕਿ ਸਰਕਾਰ ਵੱਲੋਂ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਦੇਣ ਦੀ ਘੋਸ਼ਣਾ ਕੀਤੀ ਗਈ ਹੈ ਪਰ ਇਸ ਲਈ ਕਈ ਸ਼ਰਤਾਂ ਲਗਾਈਆਂ ਗਈਆਂ ਹਨ, ਜਿਸ ਕਾਰਨ ਲੋਕਾਂ ਨੂੰ ਇਸ ਦਾ ਲਾਭ ਮਿਲਣ ਵਿੱਚ ਸਮਾਂ ਲੱਗੇਗਾ।ਉਨ੍ਹਾਂ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਨੂੰ 2017 ਦੇ ਕਾਂਗਰਸ ਮੈਨੀਫੈਸਟੋ ਦੀ ਯਾਦ ਦਵਾਉਂਦਿਆਂ ਕਿਹਾ ਕਿ ਉਸ ਵਿੱਚ ਵਿਧਵਾ ਤੇ ਬੁਢਾਪਾ ਪੈਨਸ਼ਨ 2000 ਰੁਪਏ ਕਰਨ, ਹਰ ਘਰ ਨੂੰ ਨੌਕਰੀ ਦੇਣ ਜਾਂ ਬੇਰੁਜ਼ਗਾਰੀ ਭੱਤਾ ਦੇਣ ਅਤੇ ਹਰ ਗਰੀਬ ਨੂੰ ਮਕਾਨ ਮੁਹੱਈਆ ਕਰਵਾਉਣ ਦੇ ਵਾਅਦੇ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਲੋਕ ਅੱਜ ਵੀ ਇਨ੍ਹਾਂ ਵਾਅਦਿਆਂ ਦੇ ਪੂਰਾ ਹੋਣ ਦੀ ਉਡੀਕ ਕਰ ਰਹੇ ਹਨ।ਇਸ ਮੌਕੇ ਦਰਸ਼ਨ ਸਿੰਘ ਪਾਇਲ, ਗੰਦੀਪ ਸਿੰਘ, ਹਰਬੰਤ ਸਿੰਘ ਗਿੱਲ, ਦੀਦਾਰ ਸਿੰਘ ਰਾਣੋ ਅਤੇ ਰਾਜ ਕੋਮਲ ਸਿੰਘ ਜੰਡਾਲੀ ਵੀ ਮੌਜੂਦ ਸਨ।

# ਓਮ ਪ੍ਰਕਾਸ਼ ਕਾਕਾ ਬਣੇ ਅਗਰਵਾਲ ਪੀਰਖਾਨਾ ਕਮੇਟੀ ਦੇ ਪ੍ਰਧਾਨ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਅਗਰਵਾਲ ਪੀਰਖਾਨਾ ਕਮੇਟੀ ਗਿੱਦੜਬਾਹਾ ਦੀ ਚੋਣ ਮੀਟਿੰਗ ਬੀਤੀ ਦੇਰ ਸ਼ਾਮ ਪੀਰਖਾਨਾ ਵਿਖੇ ਹੋਈ। ਮੀਟਿੰਗ ਦੌਰਾਨ ਸਾਬਕਾ ਪ੍ਰਧਾਨ ਓਮ ਪ੍ਰਕਾਸ਼ ਕਾਕਾ ਨੂੰ ਸਰਬਸੰਮਤੀ ਨਾਲ ਪੀਰਖਾਨਾ ਕਮੇਟੀ ਦਾ ਇਕ ਵਾਰ ਫਿਰ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਪ੍ਰਸ਼ੋਤਮ ਗੋਇਲ ਨੂੰ ਮੀਤ ਪ੍ਰਧਾਨ, ਬਾਬਾ ਪ੍ਰਦੀਪ ਬਾਂਸਲ ਦੀਪਾ ਨੂੰ ਸਕੱਤਰ, ਮਹਿੰਦਰਪਾਲ ਗਰਗ ਨੂੰ ਕੈਸ਼ੀਅਰ, ਰਿੰਕੂ ਬਾਂਸਲ ਨੂੰ ਸਟੋਰ ਇੰਚਾਰਜ ਚੁਣਿਆ ਗਿਆ। ਇਸ ਮੌਕੇ ਪ੍ਰਧਾਨ ਅਤੇ ਹੋਰਨਾ ਅਹੁਦੇਦਾਰਾਂ ਨੇ ਕਿਹਾ ਕਿ ਜੋ ਜਿੰਮੇਵਾਰੀ ਕਮੇਟੀ ਵੱਲੋਂ ਦਿੱਤੀ ਗਈ ਹੈ, ਉਸ ਨੂੰ ਉਹ ਪੂਰੀ ਤਨਦੇਹੀ ਨਾਲ ਪਹਿਲਾਂ ਦੀ ਤਰ੍ਹਾਂ ਹੀ ਨਿਭਾਉਣਗੇ। ਇਸ ਮੌਕੇ ਕਮੇਟੀ ਮੈਂਬਰ ਪਿਆਰੇ ਲਾਲ ਮਿੱਤਲ, ਦੁਰਗਾ ਪ੍ਰਦਾਸ ਟੂਨੀਆ, ਰਾਜਿੰਦਰ ਗੋਰਖਾ, ਬਲਦੇਵ ਮੰਗਲਾ, ਸੁਰਜੀਤ ਰਾਹੀ ਅਤੇ ਰਾਕੇਸ਼ ਪਟਵਾਰੀ ਆਦਿ ਵੀ ਮੌਜੂਦ ਸਨ।



# ਸਰਕਾਰ ਨਿਰਵਿਘਨ ਤੇ ਲੋੜੀਂਦੀ ਮਾਤਰਾ 'ਚ ਬਿਜਲੀ ਸਪਲਾਈ ਲਈ ਵਚਨਬੱਧ : ਸਵਨਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਵਿਧਾਇਕ ਫਾਜ਼ਿਲਕਾ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਵੱਲੋਂ ਫਾਜ਼ਿਲਕਾ ਦੇ ਲੋਕ ਹਿੱਤਾਂ ਲਈ ਵਿਧਾਨ ਸਭਾ ਵਿਚ ਚੁੱਕੀ ਮੰਗ ਨੇ ਫਿਰ ਤੋਂ ਲੋਕਾਂ ਲਈ ਸੌਗਾਤ ਲੈ ਆਉਂਦੀ ਹੈ।ਸ਼ਹਿਰੀ ਖੇਤਰ ਦੇ ਲੋਕਾਂ ਦੇ ਨਾਲ-ਨਾਲ ਸਰਹੱਦੀ ਖੇਤਰ ਵਿਖੇ ਰਹਿਣ ਵਾਲੇ ਕਿਸਾਨ ਵੀਰਾਂ ਨੂੰ ਬਿਜਲੀ ਦੀ ਸਮੱਸਿਆ ਤੋਂ ਨਿਜਾਤ ਦਿਵਾਉਣ ਲਈ ਫਾਜ਼ਿਲਕਾ ਨੂੰ ਨਵੇ 220 ਕੇਵੀ ਬਿਜਲੀ ਘਰ ਦੀ ਸੌਗਾਤ ਮਿਲੀ।ਇਸ ਦਾ ਸਿਹਰਾ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੂੰ ਜਾਂਦਾ ਹੈ ਜੋ ਫਾਜ਼ਿਲਕਾ ਦੇ ਵਸਨੀਕਾਂ ਦੀ ਆਵਾਜ਼ ਬਣ ਕੇ ਵਿਧਾਨ ਸਭਾ ਵਿੱਚ ਗੂੰਜਦੇ ਹਨ ਤੇ ਆਏ ਦਿਨ ਲੋਕਾਂ ਲਈ ਸੌਗਾਤਾਂ ਲੈ ਕੇ ਆ ਰਹੇ ਹਨ।ਵਿਧਾਇਕ ਸ੍ਰੀ ਸਵਨਾ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਾਲ ਨਾਲ ਬਿਜਲੀ ਮੰਤਰੀ ਸ੍ਰੀ ਸੰਜੀਵ ਅਰੋੜਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਫਾਜ਼ਿਲਕਾ ਹਲਕੇ ਨੂੰ ਨਵਾਂ ਬਿਜਲੀ ਘਰ ਦਿੱਤਾ, ਜਿਸ ਲਈ 145 ਕਰੋੜ ਰੁਪਏ ਮਨਜ਼ੂਰ ਹੋਏ ਹਨ।ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਇਸ ਬਿਜਲੀ ਘਰ ਨਾਲ ਬਿਜਲੀ ਦੀ ਸਮੱਸਿਆ ਤੋਂ ਨਿਜਾਤ ਮਿਲੇਗੀ।ਉਨ੍ਹਾਂ ਕਿਹਾ ਕਿ ਗਰਮੀ ਦੇ ਦਿਨਾਂ ਵਿੱਚ ਜੋ ਬਿਜਲੀ ਦੀ ਸਪਲਾਈ ਪੂਰੀ ਨਹੀਂ ਹੁੰਦੀ ਸੀ ਤੇ ਲਾਈਨ ਓਵਰਲੋਡ ਹੋਣ ਕਰਕੇ ਸੜ ਜਾਂਦੀਆਂ ਸਨ, ਨਵੇਂ ਬਿਜਲੀ ਘਰ ਨਾਲ ਮੁਕੰਮਲ ਬਿਜਲੀ ਮਿਲੇਗੀ ਤੇ ਬਿਜਲੀ ਦੇ ਕੱਟਾਂ ਤੋਂ ਵੀ ਕਾਫੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਇਸ 220 ਕੇਵੀ ਬਿਜਲੀ ਘਰ ਦੇ ਚੱਲਣ ਨਾਲ ਹਲਕੇ ਦੇ ਲੋਕਾਂ ਦੀ ਬਿਜਲੀ ਦੀ ਮੰਗ ਪੂਰੀ ਹੋਵੇਗੀ।ਬਿਜਲੀ ਮੰਤਰੀ ਸ਼੍ਰੀ ਸੰਜੀਵ ਅਰੋੜਾ ਨੇ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਨੂੰ ਦੇਖਦਿਆਂ ਨਵੇਂ 220 ਕੇਵੀ ਬਿਜਲੀ ਘਰ ਦੀ ਸਹੂਲਤ ਫਾਜ਼ਿਲਕਾ ਨੂੰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਸ ਦੀ ਟੈਂਡਰ ਪ੍ਰਕ੍ਰਿਆ ਜਾਰੀ ਹੈ ਤੇ ਜਲਦੀ ਕੰਮ ਸ਼ੁਰੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨਾਲ ਕੀਤੇ ਗਏ 8 ਘੰਟੇ ਬਿਜਲੀ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਨੂੰ ਜ਼ਰੂਰ ਨਿਭਾਇਆ ਜਾਵੇਗਾ ਤੇ ਦਿਨ ਸਮੇਂ ਵੀ ਬਿਜਲੀ ਆਇਆ ਕਰੇਗੀ।

# ਮਨੁੱਖ ਨੂੰ ਵੱਧ ਤੋਂ ਵੱਧ ਖੂਨਦਾਨ ਕਰਨਾ ਚਾਹੀਦਾ : ਚੇਅਰਮੈਨ ਜੱਸੀ

**ਨਾਭਾ (ਵਰਿੰਦਰ ਵਰਮਾ)**- ਸਥਾਨਕ ਮਾਡਰਨ ਸਿਟੀ ਕਲੋਨੀ ਵਿਖੇ ਪਰਜਾਪਤ ਸਭਾ ਵੱਲੋਂ ਭਾਈ ਬੁੱਧੂ ਸਾਹਿਬ ਜੀ ਦੀ ਯਾਦ ਵਿੱਚ ਕਰਵਾਏ ਗਏ ਸਲਾਨਾ ਧਾਰਮਿਕ ਸਮਾਗਮ ਮੌਕੇ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ



ਕੀਤੀ। ਇਸ ਮੌਕੇ ਉਨ੍ਹਾਂ ਨੇ ਭਾਈ ਬਲਜੀਤ ਸਿੰਘ ਮੱਖਣ ਦੀ ਯਾਦ ਵਿੱਚ ਮਿਸ਼ਨ ਲਾਲੀ ਅਤੇ ਹਰਿਆਲੀ ਦੇ ਸੰਚਾਲਕ ਹਰਦੀਪ ਸਨੌਰ ਦੀ ਅਗਵਾਈ ਵਿੱਚ ਲਗਾਏ ਗਏ ਖੂਨਦਾਨ ਕੈਂਪ ਵਿੱਚ ਪੁੱਜ ਕੇ ਖੂਨਦਾਨੀਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਉਹਨਾਂ ਨੂੰ ਸਰਟੀਫਿਕੇਟ ਵੰਡੇ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆ ਵਾਲਾਂ ਨੇ ਕਿਹਾ ਕਿ ਪਰਜਾਪਤ ਸਭਾ ਵੱਲੋਂ ਹਰ ਸਾਲ ਕਰਵਾਇਆ ਜਾਂਦਾ ਇਹ ਸਲਾਨਾ ਸਮਾਗਮ ਅਤੀ ਸਲਾਘਾਯੋਗ ਯੋਗ ਹੈ ਅਤੇ ਜੋ ਖੂਨਦਾਨ ਕੈਂਪ ਲਗਾਇਆ ਜਾਂਦਾ ਹੈ ਉਹ ਵੀ ਆਪਣੇ ਆਪ ਵਿੱਚ ਇੱਕ ਵੱਡੀ ਗੱਲ ਹੈ। ਉਹਨਾਂ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਖੂਨਦਾਨ ਕਰਨਾ ਚਾਹੀਦਾ ਹੈ ਤਾਂ ਜੋ ਸਾਡਾ ਦਿੱਤਾ ਖੂਨ ਲੋੜ ਪੈਣ 'ਤੇ ਕਿਸੇ ਦੀ ਕੀਮਤੀ ਜਾਨ ਬਚਾਉਣ ਵਿੱਚ ਸਹਾਈ ਹੋ ਸਕੇ। ਇਸ ਮੌਕੇ ਸੰਸਥਾ ਦੇ ਪ੍ਰਮੁੱਖ ਜੱਸਾ ਸਿੰਘ ਟੋਡਰਵਾਲ, ਰਵੀ ਸਿੰਘ ਕਰਤਾਰ ਕਲੋਨੀ, ਗੁਰੀ ਛੱਜੂਭੱਟ ਦੁਬਈ, ਸੰਤ ਰਾਮ ਪ੍ਰਾਪਰਟੀ ਅਡਵਾਇਜਰ, ਬਲਜੀਤ ਸਿੰਘ ਰਾਜਗੜ੍ਹ, ਜਗਦੇਵ ਸਿੰਘ ਗੁਰੂ ਤੇਗ ਬਹਾਦਰ ਨਗਰ ਅਤੇ ਕਰਨੈਲ ਸਿੰਘ ਆਸਾ ਕਲੋਨੀ ਆਦਿ ਪ੍ਰਬੰਧਕਾਂ ਨੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਯੂਥ ਜੁਆਇੰਟ ਸਕੱਤਰ ਪੰਜਾਬ ਗੁਰਪ੍ਰੀਤ ਸਿੰਘ ਗੋਪੀ ਫੈਜਗੜ੍ਹ, ਸੁਖਜੀਤ ਸਿੰਘ ਹਾਂਸ, ਬਲਵਿੰਦਰ ਸਿੰਘ ਪੋਪਲ, ਰਾਣਾ ਸੰਧੂ ਪ੍ਰਾਪਰਟੀ ਅਡਵਾਇਜਰ, ਸੁਖਚੈਨ ਸਿੰਘ ਕੁਲਾਰਾਂ, ਜਗਤਾਰ ਸਿੰਘ ਫੌਜੀ, ਦਰਸ਼ਨ ਸਿੰਘ ਗੁਰਦਿੱਤਪੁਰਾ, ਜਸਕਰਨਵੀਰ ਸਿੰਘ ਤੇਜੇ ਆਦਿ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

# 'ਆਪ' ਸਰਕਾਰ ਸਿਹਤ, ਸਿੱਖਿਆ ਸਹੂਲਤਾਂ ਤੋਂ ਕਿਤੇ ਦੂਰ : ਸਲੇਮਗੜ੍ਹ

**ਮੂਨਕ (ਰਾਜਪਾਲ ਸਿੰਗਲਾ)** ਬੇਸ਼ੱਕ ਆਮ ਆਦਮੀ ਪਾਰਟੀ ਪਹਿਲ ਦੇ ਆਧਾਰ 'ਤੇ ਸਿਹਤ ਤੇ ਸਿੱਖਿਆ ਨੂੰ ਸੁਧਾਰਨ ਦਾ ਹੋਕਾ ਦੇ ਕੇ ਪੰਜਾਬ ਦੇ ਅੰਦਰ ਸਰਕਾਰ ਬਣਾਉਣ ਵਿੱਚ ਸਫਲ ਹੋਈ ਸੀ, ਪਰ ਹਕੀਕਤ ਤੋਂ ਆਮ ਆਦਮੀ ਸਰਕਾਰ ਕਿਤੇ ਦੂਰ ਹੈ। ਇਹ ਵਿਚਾਰ ਪੰਜਾਬ ਸਟੂਡੈਂਟਸ ਯੂਨੀਅਨ ਦੇ ਸਕੱਤਰ ਹੁਸ਼ਿਆਰ ਸਿੰਘ ਸਲੇਮਗੜ੍ਹ ਨੇ ਪ੍ਰਗਟ ਕਰਦੇ ਕਿਹਾ ਕਿ ਸਕੂਲ ਆਪਣੀ ਮਰਜ਼ੀ ਦੇ ਲੇਖਕਾਂ ਦੀਆਂ ਕਿਤਾਬਾਂ ਲਵਾਉਂਦੇ ਹਨ, ਜਿਨ੍ਹਾਂ ਕਿਤਾਬਾਂ ਦੇ ਕਈ ਗੁਣੇ ਰੇਟ ਪ੍ਰਿੰਟ ਕੀਤੇ ਜਾਂਦੇ ਹਨ।ਇਸ ਦੇ ਨਾਲ ਹੀ ਪ੍ਰਾਈਵੇਟ ਸਕੂਲਾਂ ਵੱਲੋਂ ਕਿਤਾਬਾਂ ਦੀ ਲੁੱਟ ਦੇ ਨਾਲ ਨਾਲ ਆਪਣੇ ਸਕੂਲ ਟੈਗ ਦੇ ਨਾਂਅ ਦੀਆਂ ਪ੍ਰਿੰਟ ਕਾਪੀਆਂ, ਬੈਗ, ਵਰਦੀਆਂ ਤੇ ਰਜਿਸਟਰ ਵੀ ਜ਼ਰੂਰੀ ਕਰ ਦਿੰਦੇ ਹਨ, ਜੋ ਮਾਰਕਿਟ ਰੇਟਾਂ ਨਾਲੋਂ ਸਕੂਲ ਕਈ ਗੁਣਾ ਵੱਧ ਰੁਪਏ ਵਸੂਲ ਕਰਦੇ ਹਨ।ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਪ੍ਰਾਈਵੇਟ ਸਕੂਲਾਂ ਤੇ ਕਾਲਜਾਂ ਵਿੱਚ ਇੱਕੋ ਲੇਖਕ ਦੀਆਂ ਕਿਤਾਬਾਂ ਲਾਵੇ ਤੇ ਘੱਟੋ ਘੱਟ ਪੰਜ ਸਾਲ ਤੱਕ ਸਿਲੇਬਸ ਦੀ ਬਦਲੀ ਨਾ ਕੀਤੀ ਜਾਵੇ।ਜੇਕਰ ਹਰ ਸਾਲ ਕਿਤਾਬਾਂ ਦਾ ਸਿਲੇਬਸ ਬਦਲ ਦਿੱਤਾ ਜਾਂਦਾ ਹੈ ਤਾਂ ਨਵੀਂਆਂ ਕਿਤਾਬਾਂ ਲੈਣ ਲਈ ਫਿਰ ਤੋਂ ਲੁੱਟ ਹੁੰਦੀ ਹੈ, ਕਿਉਂਕਿ ਜੇ ਸਿਲੇਬਸ ਦੀ ਬਦਲੀ ਨਾ ਹੋਵੇ ਤਾਂ ਗਰੀਬ ਵਿਅਕਤੀ ਪੁਰਾਣੀਆਂ ਕਿਤਾਬਾਂ ਲੈ ਕੇ ਘੱਟ ਖਰਚੇ ਤੇ ਆਰਾਮ ਨਾਲ ਪੜ੍ਹ ਸਕਦਾ ਹੈ। । ਜੇਕਰ ਸਿਹਤ ਸਹੂਲਤਾਂ ਦੀ ਗੱਲ ਕੀਤੀ ਜਾਵੇ ਤਾਂ ਹਰ ਆਮ ਆਦਮੀ ਨੂੰ ਸਿਹਤ ਦਾ ਇਲਾਜ ਕਰਾਉਣ ਲਈ ਬੜਾ ਔਖਾ ਹੋਇਆ ਹੈ, ਜਿਵੇਂ ਸਰਕਾਰੀ ਹਸਪਤਾਲਾਂ ਦੇ ਅੰਦਰ ਰੱਬ ਸਬੱਬੀਂ ਡਾਕਟਰ ਮਿਲਦੇ ਹਨ।ਜੇਕਰ ਮਿਲਦਾ ਹੈ ਤਾਂ ਬਿਮਾਰੀ ਠੀਕ ਹੋਣ ਤੱਕ ਡਾਕਟਰ ਦਾ ਸਮਾਂ ਪੂਰਾ ਹੋ ਜਾਂਦਾ ਹੈ। ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਹਰ ਇੱਕ ਸ਼ਹਿਰ ਜਾਂ ਪਿੰਡ ਦੇ ਅੰਦਰ ਮਹੱਲਾ ਕਲੀਨਿਕ ਦੇ ਅੰਦਰ 24 ਘੰਟੇ ਸੁਵਿਧਾ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੁ ਲੋਕਾਂ ਨੂੰ ਮੁੱਢਲੀ ਸਹਾਇਤਾ ਮਿਲ ਸਕੇ।

# ਮੁਫ਼ਤ ਬਨਾਵਟੀ ਅੰਗ ਕੈਂਪ 22 ਨੂੰ

**ਸਮਾਣਾ (ਇਕਬਾਲ ਸਿੰਘ ਬੱਲ)** - ਨਾਰਾਇਣ ਸੇਵਾ ਸੰਸਥਾਨ ਅਤੇ ਸਮਾਣਾ ਭੰਡਾਰਾਂ ਕਮੇਟੀ (ਰਜਿ. 883) ਵੱਲੋਂ ਸਮਾਜ ਸੇਵਾ ਦੇ ਤਹਿਤ ਇੱਕ ਵਿਸ਼ੇਸ਼ ਮੁਫ਼ਤ ਬਨਾਵਟੀ ਅੰਗ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਪ੍ਰਧਾਨ ਫ਼ਕੀਰ ਚੰਦ ਬਾਂਸਲ, ਵਾਈਸ ਪ੍ਰਧਾਨ ਸ਼ਿਵ ਨਰਾਇਣ ਗਰਗ, ਸਰਪ੍ਰਸਤ ਵਿਨੋਦ ਕੁਮਾਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੰਗਹੀਣ ਅਤੇ ਦਿਵਿਆਂਗ ਲੋਕਾਂ ਲਈ ਬਨਾਵਟੀ ਅੰਗ ਮੁਹੱਈਆ ਕਰਵਾਏ ਜਾਣਗੇ। ਇਹ ਕੈਂਪ 22 ਮਾਰਚ ਐਤਵਾਰ ਨੂੰ ਸਵੇਰੇ 10 ਵਜੇ ਤੋਂ ਸਤੀ ਮੰਦਰ, ਨੇੜੇ ਬੱਸ ਸਟੈਂਡ, ਘੱਗਾ ਰੋਡ, ਸਮਾਣਾ (ਜ਼ਿਲ੍ਹਾ ਪਟਿਆਲਾ) ਵਿਖੇ ਲਗਾਇਆ ਜਾਵੇਗਾ।

# ਪੱਪੂ ਰਾਮ ਸਫ਼ਾਈ ਯੂਨੀਅਨ ਪੰਜਾਬ ਦੇ ਸਲਾਹਕਾਰ ਨਿਯੁਕਤ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਸਫ਼ਾਈ ਸੇਵਕ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਨਗਰ ਨਿਗਮ ਮੋਗਾ ਵਿਖੇ ਪੰਜਾਬ ਪ੍ਰਧਾਨ ਅਸ਼ੋਕ ਸਾਰਵਾਨ ਤੇ ਸਫ਼ਾਈ ਸੇਵਕ ਯੂਨੀਅਨ ਮੋਗਾ ਦੇ ਪ੍ਰਧਾਨ ਸੋਮਨਾਥ ਚੋਮਬੜ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸਫ਼ਾਈ ਸੇਵਕਾਂ ਨੂੰ ਆ ਰਹੀਆਂ ਮੁਸ਼ਕਲਾਂ 'ਤੇ ਵਿਚਾਰ-ਵਟਾਂਦਰਾ ਹੋਇਆ। ਤਕਰੀਬਨ ਪੰਜਾਬ ਭਰ ਦੇ ਸਫ਼ਾਈ ਸੇਵਕ ਤੇ ਯੂਨੀਅਨ ਦੇ ਪ੍ਰਧਾਨ ਅਹੁਦੇਦਾਰ ਉੱਥੇ ਆਏ ਹੋਏ ਸਨ।ਪੰਜਾਬ ਪ੍ਰਧਾਨ ਅਸ਼ੋਕ ਸਾਰਵਾਨ, ਸਕੱਤਰ ਰਮੇਸ਼ ਗੇਚੰਡ, ਕੁਲਦੀਪ ਸ਼ਰਮਾ ਨੇ ਕੁਝ ਪੰਜਾਬ ਪੱਧਰ ਦੀਆਂ ਨਿਯੁਕਤੀਆਂ ਵੀ ਕੀਤੀਆਂ, ਜਿਸ ਵਿੱਚ ਪੱਪੂ ਰਾਮ ਸਾਬਕਾ ਪ੍ਰਧਾਨ ਸਫ਼ਾਈ ਯੂਨੀਅਨ ਨਗਰ ਕੌਂਸਲ ਨੂੰ ਸਫ਼ਾਈ ਯੂਨੀਅਨ ਪੰਜਾਬ ਦਾ ਸਲਾਹਕਾਰ ਨਿਯੁਕਤ ਕੀਤਾ ਗਿਆ।ਪੱਪੂ ਰਾਮ ਦੀ ਇਸ ਨਿਯੁਕਤੀ 'ਤੇ ਵੱਖ-ਵੱਖ ਜਥੇਬੰਦੀਆਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਤੇ ਨਰੇਸ਼ ਬੋਹਤ ਪ੍ਰਧਾਨ ਭਾਵਾਧਸ ਮੋਗਾ ਨੇ ਸਿਰੋਪਾ ਪਾ ਕੇ ਪੱਪੂ ਰਾਮ ਨੂੰ ਸਨਮਾਨਤ ਵੀ ਕੀਤਾ। ਚੌਧਰੀ ਨੰਦ ਲਾਲ, ਸਫਾਈ ਯੂਨੀਅਨ ਪ੍ਰਧਾਨ ਰਾਜ ਕੁਮਾਰ ਬੋਹਤ, ਜ਼ਿਲ੍ਹਾ ਪ੍ਰਧਾਨ ਵਿਜੇ ਕੁਮਾਰ ਕਲੋਸੀਆ, ਅਸ਼ੋਕ ਸੋਨੂੰ ਪ੍ਰਧਾਨ ਵਾਲਮੀਕਿ ਸਭਾ ਮੁਕਤਸਰ, ਚੌਧਰੀ ਅਮੀ ਲਾਲ, ਅਸ਼ੋਕ ਮਹਿੰਦਰਾ ਸੰਸਥਾਪਕ ਭੀਮ ਕ੍ਰਾਂਤੀ, ਐਡਵੋਕੇਟ ਸਾਗਰ ਧਵਨ, ਸੁਨੀਲ ਬੋਹਤ ਤੇ ਹੋਰ ਸ਼ਹਿਰ ਦੇ ਮੋਹਤਬਰਾਂ ਨੇ ਵੀ ਪੱਪੂ ਰਾਮ ਨੂੰ ਵਧਾਈ ਦਿੱਤੀ।



# ਸ਼ਹੀਦ ਭਗਤ ਸਿੰਘ ਸਟੇਟ 'ਵਰਸਿਟੀ ਫ਼ਿਰੋਜ਼ਪੁਰ ਵਿਖੇ 7 ਰੋਜ਼ਾ ਐੱਨ ਐੱਸ ਐੱਸ ਕੈਂਪ ਸਮਾਪਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸਥਾਨਕ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫ਼ਿਰੋਜ਼ਪੁਰ ਵਿਖੇ ਡਾਇਰੈਕਟਰ ਯੂਥ ਸਰਵਿਸਿਜ਼ ਚੰਡੀਗੜ੍ਹ, ਅਸਿਸਟੈਂਟ ਡਾਇਰੈਕਟਰ ਯੂਥ ਸਰਵਿਸਿਜ਼ ਫ਼ਿਰੋਜ਼ਪੁਰ ਜਸਪਾਲ ਸਿੰਘ, ਮਨਿਸਟਰੀ ਆਫ਼ ਯੂਥ ਅਫੇਅਰਜ਼ ਐਂਡ ਸਪੋਰਟਸ ਆਫ਼ ਇੰਡੀਆ ਅਤੇ ਉਪ ਕੁੱਲਪਤੀ ਡਾ. ਸੁਰੇਸ਼ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਚੱਲ ਰਹੇ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਦੀ ਸਮਾਪਤੀ ਹੋਈ। ਕੈਂਪ ਦੌਰਾਨ ਵਿਦਿਆਰਥੀਆਂ ਨੇ ਸਮਾਜ ਸੇਵਾ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਵਿਚ ਭਾਗ ਲਿਆ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਇਆ। ਕੈਂਪ ਦੌਰਾਨ ਸਵੈਸੇਵਕਾਂ ਵੱਲੋਂ ਕੈਂਪਸ ਤੇ ਨਾਲ ਲੱਗਦੇ ਪਿੰਡ ਵਿਚ ਸਫਾਈ ਅਭਿਆਨ ਚਲਾਇਆ ਗਿਆ, ਰੁੱਖ ਲਗਾਏ ਗਏ, ਨਸ਼ਾ ਮੁਕਤੀ ਅਤੇ ਸਿਹਤ ਜਾਗਰੂਕਤਾ ਰੈਲੀਆਂ ਕੱਢੀਆਂ ਗਈਆਂ। ਇਸ ਤੋਂ ਇਲਾਵਾ ਵਾਤਾਵਰਣ ਸੰਭਾਲ, ਸੜਕ ਸੁਰੱਖਿਆ ਅਤੇ ਸਮਾਜਿਕ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਉਪ ਕੁੱਲਪਤੀ ਡਾ. ਸੁਰੇਸ਼ ਸ਼ਰਮਾ, ਡਾ. ਰਮੇਸ਼ਵਰ ਕਟਾਰਾ, ਦੀਪਕ ਸ਼ਰਮਾ (ਸਰਪ੍ਰਸਤ ਮਯੰਕ ਫਾਊਂਡੇਸ਼ਨ) ਚਰਨਜੀਤ ਸਿੰਘ ਅਤੇ ਗੁਰਜੀਵਨ ਸਿੰਘ ਆਦਿ ਮਾਹਰਾਂ ਦੇ ਲੈਕਚਰ ਅਤੇ ਵਰਕਸ਼ਾਪਾਂ ਵੀ ਆਯੋਜਿਤ ਕੀਤੀਆਂ ਗਈਆਂ। ਕੈਂਪ ਦੇ ਆਖ਼ਰੀ ਦਿਨ ਸਮਾਪਤੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਡਾ. ਤੇਜੀਤ ਸਿੰਘ ਡਾਇਰੈਕਟਰ ਰਾਓ ਵਰਿੰਦਰ ਸਿੰਘ ਸਟੇਟ ਇੰਸਟੀਟਿਊਟ ਆਫ਼ ਇੰਜੀਨੀਅਰਿੰਗ ਅਤੇ ਟੈਕਨੋਲੋਜੀ ਰੇਵਾੜੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਐੱਨ ਐੱਸ ਐੱਸ ਪ੍ਰੋਗਰਾਮ ਅਫਸਰਾਂ ਰਾਹੁਲ ਚੋਪੜਾ, ਗੁਰਜੀਵਨ ਸਿੰਘ ਅਤੇ ਜਸਵੀਰ ਚੰਦ ਨੂੰ ਕੈਂਪ ਦਾ ਸਫਲਤਾਪੂਰਵਕ ਆਯੋਜਨ 'ਤੇ ਵਧਾਈ ਦਿੱਤੀ ਤੇ ਕਿਹਾ ਵਿਦਿਆਰਥੀਆਂ ਦੇ ਅਜਿਹੇ ਕੈਂਪ ਸਮਾਜਿਕ ਬੁਰਾਈਆਂ ਨੂੰ ਦੂਰ ਕਰਨ 'ਚ ਸਹਾਈ ਸਿੱਧ ਹੋਣਗੇ। ਉਪ ਕੁੱਲਪਤੀ ਡਾ. ਸੁਰੇਸ਼ ਸ਼ਰਮਾ ਅਤੇ ਕੈਂਪਸ ਰਜਿਸਟਰਾਰ ਡਾ. ਗਜ਼ਲ ਪ੍ਰੀਤ ਸਿੰਘ ਨੇ ਐੱਨ ਐੱਸ ਐੱਸ ਵੱਲੋਂ ਆਯੋਜਤ ਇਸ ਕੈਂਪ 'ਤੇ ਕੋਆਰਡੀਨੇਟਰ ਡਾ. ਬੋਹੜ ਸਿੰਘ, ਬਲਾਕ ਸਮਿਤੀ ਮੈਂਬਰ ਹਰਵੰਤ ਸਿੰਘ ਭੁੱਲਰ, ਪ੍ਰੋਗਰਾਮ ਅਫ਼ਸਰਾਂ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਕੈਂਪਸ ਪੀ ਆਰ ਓ ਯਸ਼ਪਾਲ ਨੇ ਦੱਸਿਆ ਕਿ ਸਮਾਪਤੀ ਸਮਾਰੋਹ ਦੌਰਾਨ ਕੈਂਪ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਸਵੈਸੇਵਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ।



# ਅਧਿਆਪਕਾਂ 'ਤੇ ਤਸ਼ੱਦਦ ਤੇ ਟੈੱਟ ਦੇ ਵਿਰੋਧ 'ਚ ਸਰਕਾਰ ਦੀ ਅਰਥੀ ਫੂਕੀ

**ਸਮਾਣਾ (ਇਕਬਾਲ ਸਿੰਘ ਬੱਲ, ਆਤਮਾ ਸਿੰਘ ਪਮਾਰ)**- ਅਧਿਆਪਕ ਜਥੇਬੰਦੀਆਂ ਦੇ ਆਗੂਆਂ ਜਸਵਿੰਦਰ ਸਿੰਘ ਸਮਾਣਾ ਅਤੇ ਅਤਿੰਦਰਪਾਲ ਸਿੰਘ ਘੱਗਾ ਦੀ ਅਗਵਾਈ ਵਿੱਚ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਸੁਪਰੀਮ ਕੋਰਟ ਰਾਹੀਂ ਟੈੱਟ (ਅਧਿਆਪਕ ਯੋਗਤਾ ਟੈਸਟ) ਦੀ ਬਿਲਕੁਲ ਬੇਲੋੜੀ ਸ਼ਰਤ ਲਗਾਉਣ,ਪੰਜਾਬ ਸਰਕਾਰ ਵਲੋਂ ਬਜਟ ਸੈਸ਼ਨ ਦੌਰਾਨ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਬਿੱਲ ਨਾ ਲਿਆਉਣ, ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਨਾ ਕਰਨ, ਫਰਵਰੀ 2027 ਦੀ ਤਨਖਾਹ ਅਜੇ ਤੱਕ ਨਾ ਦੇਣ , ਸਿੱਖਿਆ ਵਿਭਾਗ ਵਲੋਂ ਕੁਝ ਵਰਗਾਂ ਨੂੰ ਟੈੱਟ ਤੋਂ ਛੋਟ ਦੇਣ ਦਾ ਪੱਤਰ ਰੱਦ ਕਰਨ, ਸੰਘਰਸ਼ ਦੌਰਾਨ ਜਲ ਤੋਪਾਂ, ਲਾਠੀਚਾਰਜ ਅਤੇ ਅਥਰੂ ਗੈਸ ਦੇ ਗੋਲਿਆਂ ਦੀ ਅੰਨ੍ਹੇਵਾਹ ਵਰਤੋਂ ਕਰਕੇ ਅਧਿਆਪਕਾਂ ਨੂੰ ਜਖਮੀ ਕਰਕੇ ਰਾਸ਼ਟਰ ਨਿਰਮਾਤਾ ਅਧਿਆਪਕਾਂ ਦੇ ਮਾਨ ਸਨਮਾਨ ਨੂੰ ਸੱਟ ਮਾਰਨ ਦੇ ਵਿਰੋਧ ਵਿੱਚ ਸਥਾਨਕ ਐਮ ਐਲ ਏ ਚੇਤਨ ਸਿੰਘ ਜੋੜਾ ਮਾਜਰਾ ਦੇ ਦਫਤਰ ਅੱਗੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ। ਬਲਵਿੰਦਰ ਸਿੰਘ ਸਿੱਧੂ ਪਾਤੜਾਂ,ਹਰਵਿੰਦਰ ਸਿੰਘ ਬੇਲੂਮਾਜਰਾ, ਜੁੱਗਪ੍ਰਗਟ ਸਿੰਘ, ਰਾਜਿੰਦਰ ਸਿੰਘ ਸਮਾਣਾ,ਗੁਰਵਿੰਦਰ ਖਟੜਾ,ਰਾਜੀਵ ਪਾਤੜਾਂ,ਗੁਰਪ੍ਰੀਤ ਸਿੰਘ ਸਿੱਧੂ, ਗੁਰਵਿੰਦਰ ਸਿੰਘ ਖੰਗੂੜਾ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਅਧਿਆਪਕਾਂ ਦੀ ਕਿਸੇ ਵੀ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਮਸਲਿਆਂ ਦੇ ਹੱਲ ਲਈ ਸੰਘਰਸ਼ ਕਰ ਰਹੇ ਅਧਿਆਪਕਾਂ ਦੇ ਹਰ ਵਰਗ 'ਤੇ ਪੁਲਸੀਆ ਤਸ਼ੱਦਦ ਹੀ ਕੀਤਾ ਹੈ। ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਲੰਗੜਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਹੁਣ ਤੱਕ ਲਾਗੂ ਨਹੀਂ ਕੀਤੀ ਗਈ, ਤਨਖਾਹ ਦੁਹਰਾਈ ਦੇ ਬਕਾਏ, ਨਵੇਂ ਸਕੇਲ ਰੱਦ ਕਰਕੇ ਪੰਜਾਬ ਤਨਖ਼ਾਹ ਸਕੇਲਾਂ ਦੀ ਬਹਾਲੀ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਜਾਰੀ ਕੀਤੀਆਂ ਕਿਸ਼ਤਾਂ ਦੇ ਬਕਾਏ ਮਿੱਟੀ ਘੱਟੇ ਰਲਾ ਦਿੱਤੇ ਗਏ ਹਨ। ਇਸ ਪ੍ਰਦਰਸ਼ਨ ਵਿੱਚ ਸਤਪਾਲ ਸਮਾਨਵੀ , ਜਤਿੰਦਰ ਵਰਮਾ, ਅਸ਼ਵਨੀ ਬੰਸਲ, ਗੁਰਨੈਬ ਸਿੰਘ, ਵੀਰਇੰਦਰ ਸਿੰਘ, ਗੁਰਵਿੰਦਰ ਸਿੰਘ ਸੋਨੀ, ਧੀਰਜ ਕੁਮਾਰ, ਮੈਡਮ ਹਰਦੀਪ ਕੌਰ, ਸੀਮਾ ਰਾਣੀ,ਮਲਕੀਤ ਕੌਰ, ਕਿਰਨ ਬੇਦੀ, ਗੀਤਾ ਰਾਣੀ, ਸੋਨੀਆ ਦੇਵੀ, ਵਰਿੰਦਰ ਸਿੰਘ, ਆਰਚੀ ਅਮਾਮਗੜ੍ਹ , ਸੁਧੀਰ ਕੁਮਾਰ, ਗੁਰਵਿੰਦਰ ਸਿੰਘ ਗਹੀਰ,ਗੁਰਵਿੰਦਰ ਸਿੰਘ ਧਨੇਠਾ, ਅਵਤਾਰ ਸਿੰਘ ਕਲਾਰਾ, ਮੁਕੇਸ਼ ਕੁਮਾਰ, ਰਾਮਦਾਸ, ਹੰਸਰਾਜ, ਰਤਨੀਸ਼ ਕੁਮਾਰ,ਅਸ਼ੋਕ ਕੁਮਾਰ, ਨੱਥਾ ਸਿੰਘ, ਭਰਪੂਰ ਚੰਦ, ਦੀਦਾਰ ਸਿੰਘ,ਓਮ ਪ੍ਰਕਾਸ਼, ਨਰੇਸ਼ ਕੁਮਾਰ, ਸਮਿਤ ਕੁਮਾਰ, ਗੁਰਜੀਤ ਸਿੰਘ ਕੁਤਬਨਪੁਰ, ਜਸਬੀਰ ਸਿੰਘ , ਅਮਨਦੀਪ ਸਿੰਘ ਕੋੜਾ, ਗੁਰਵੀਰ ਟੋਡਰਪੁਰ, ਜਗਤਾਰ ਅਤਾਲਾ, ਮਨਜੀਤ ਸਿੰਘ, ਗੁਰਮੀਤ ਬੰਸਲ, ਬਲ ਪਾਤੜਾਂ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲਾਇਆ ਅੱਖਾਂ ਦਾ ਮੁਫ਼ਤ ਜਾਂਚ ਕੈਂਪ

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਡਾ. ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਵੱਡੀ ਪੱਧਰ 'ਤੇ ਅੱਖਾਂ ਦੇ ਜਾਂਚ ਕੈਂਪ ਲਾ ਕੇ ਲੋਕਾਂ ਨੂੰ ਅੱਖਾਂ ਦੀਆਂ ਬਿਮਾਰੀਆਂ ਤੋਂ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਟਰੱਸਟ ਵੱਲੋਂ ਮਰੀਜ਼ਾਂ ਨੂੰ ਦਵਾਈਆਂ ਤੇ ਨੇੜੇ ਦੀ ਨਿਗ੍ਹਾ ਦੀਆਂ ਐਨਕਾਂ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਨੇ ਦੱਸਿਆ ਕਿ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਪਿੰਡ ਖੱਪਿਆਂਵਾਲ਼ੀ ਵਾਲੀ ਦੇ ਗੁਰਦੁਆਰਾ ਸਾਹਿਬ ਵਿਖੇ ਡਾਕਟਰ ਸੁਨੀਲ ਬਾਂਸਲ ਸਿਵਲ ਸਰਜਨ ਦੀ ਰਹਿਨੁਮਾਈ ਹੇਠ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਾਇਆ ਗਿਆ।ਅਸਿਸਟੈਂਟ ਸਿਵਲ ਸਰਜਨ ਡਾਕਟਰ ਸਰਬਜੀਤ ਸਿੰਘ ਵੱਲੋਂ ਕੈਂਪ ਦੀ ਸ਼ੁਰੂਆਤ ਕਰਾਈ ਗਈ ਅਤੇ ਡਾਕਟਰ ਹਰਸ਼ਪ੍ਰੀਤ ਕੌਰ ਐਮ ਡੀ ਆਈ ਸਪੈਸ਼ਲਿਸਟ ਵੱਲੋਂ ਅੱਖਾਂ ਦੀ ਜਾਂਚ ਕੀਤੀ ਗਈ।ਡਾਕਟਰ ਮੰਜੂ ਅਪਥਾਲਮਿਕ ਅਫ਼ਸਰ ਵੱਲੋਂ ਮਰੀਜ਼ਾਂ ਨੂੰ ਚੈੱਕਅਪ ਦੌਰਾਨ ਐਨਕਾਂ ਲਾਉਣ ਲਈ ਨੰਬਰ ਅਲਾਟ ਕੀਤੇ ਗਏ, ਜਿਸ ਵਿੱਚ 500 ਦੇ ਕਰੀਬ ਲੋਕਾਂ ਦੀ ਅੱਖਾਂ ਦੀ ਜਾਂਚ ਕੀਤੀ ਗਈ ਤੇ 32 ਲੋਕਾਂ ਨੂੰ ਅਪ੍ਰੇਸ਼ਨ ਲਈ ਚੁਣਿਆ ਗਿਆ। ਜਾਂਚ ਦੌਰਾਨ ਦਵਾਈਆਂ ਅਤੇ ਨੇੜੇ ਦੀਆਂ ਐਨਕਾਂ ਟਰੱਸਟ ਵੱਲੋਂ ਮੁਫ਼ਤ ਦਿੱਤੀਆਂ ਗਈਆਂ।ਲੰਗਰ ਦੀ ਸੇਵਾ ਲੰਗਰ ਕਮੇਟੀ ਪਿੰਡ ਖੱਪਿਆਂਵਾਲ਼ੀ ਵੱਲੋਂ ਪਿੰਡ ਦੇ ਸਹਿਯੋਗ ਨਾਲ ਕੀਤੀ ਗਈ।ਪਿੰਡ ਖੱਪਿਆਂਵਾਲ਼ੀ ਦੇ ਆਯੂਸ਼ਮਾਨ ਅਰੋਗਿਆ ਕੇਂਦਰ ਦੇ ਸਮੁੱਚੇ ਸਟਾਫ ਵੱਲੋਂ ਇਸ ਕੈਂਪ ਦੌਰਾਨ ਭਰਪੂਰ ਸਮਰਥਨ ਦਿੱਤਾ ਗਿਆ।ਕੈਂਪ ਦੌਰਾਨ ਜਗਜੀਤ ਸਿੰਘ ਬਰਾੜ ਹਨੀ ਬਰਾੜ ਫੱਤਣਵਾਲਾ ਵੱਲੋਂ ਡਾ. ਐਸ.ਪੀ.ਸਿੰਘ ਓਬਰਾਏ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।



# ਮਾਲਵਿੰਦਰ ਕੰਗ ਨੇ ਲੋਕ ਸਭਾ 'ਚ ਸ੍ਰੀ ਚਮਕੌਰ ਸਾਹਿਬ ਤੇ ਬਲਾਚੌਰ ਲਈ ਰੇਲਵੇ ਸੰਪਰਕ ਦੀ ਕੀਤੀ ਮੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮਾਲਵਿੰਦਰ ਸਿੰਘ ਕੰਗ ਨੇ ਲੋਕ ਸਭਾ ਵਿੱਚ ਰੇਲਵੇ ਲਈ ਗ੍ਰਾਂਟਾਂ ਦੀ ਮੰਗ 'ਤੇ ਚਰਚਾ ਦੌਰਾਨ ਬੋਲਦਿਆਂ ਪੰਜਾਬ ਵਿੱਚ ਰੇਲਵੇ ਸੰਪਰਕ ਤੇ ਬੁਨਿਆਦੀ ਢਾਂਚੇ ਦੇ ਵਿਕਾਸ ਨਾਲ ਸਬੰਧਤ ਕਈ ਅਹਿਮ ਮੁੱਦੇ ਉਠਾਏ।ਕੰਗ ਨੇ ਅੰਮ੍ਰਿਤ ਭਾਰਤ ਸਕੀਮ ਤਹਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਵ ਪੱਧਰੀ ਰੇਲਵੇ ਸਟੇਸ਼ਨ ਵਿਕਸਤ ਕਰਨ ਲਈ ਕੇਂਦਰੀ ਰੇਲ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿਉਂਕਿ ਇਹ ਖਾਲਸੇ ਦੀ ਜਨਮ ਭੂਮੀ ਹੈ। ਉਨ੍ਹਾਂ ਇਸ ਲਈ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਵੀ ਧੰਨਵਾਦ ਕੀਤਾ। ਉਨ੍ਹਾਂ ਮੋਹਾਲੀ ਵਿੱਚ ਸੈਮੀਕੰਡਕਟਰ ਲੈਬ ਲਈ 900 ਕਰੋੜ ਰੁਪਏ ਮਨਜ਼ੂਰ ਕਰਨ ਲਈ ਕੇਂਦਰ ਸਰਕਾਰ ਦੀ ਸ਼ਲਾਘਾ ਵੀ ਕੀਤੀ।ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਕੰਗ ਨੇ ਕਿਹਾ ਕਿ ਲੋਕ ਸਭਾ ਹਲਕਾ ਅਨੰਦਪੁਰ ਸਾਹਿਬ ਅਧੀਨ ਆਉਂਦੇ ਦੋ ਮਹੱਤਵਪੂਰਨ ਵਿਧਾਨ ਸਭਾ ਹਲਕੇ, ਸ੍ਰੀ ਚਮਕੌਰ ਸਾਹਿਬ ਤੇ ਬਲਾਚੌਰ ਅਜੇ ਵੀ ਰੇਲਵੇ ਨੈੱਟਵਰਕ ਨਾਲ ਨਹੀਂ ਜੁੜੇ ਹੋਏ ਹਨ। ਕੰਗ ਨੇ ਬਲਾਚੌਰ ਲਈ ਵੀ ਰੇਲਵੇ ਸੰਪਰਕ ਦੀ ਮੰਗ ਕਰਦਿਆਂ ਕਿਹਾ ਕਿ ਇਹ ਖੇਤਰ ਲੰਬੇ ਸਮੇਂ ਤੋਂ ਅਣਗੌਲਿਆ ਰਿਹਾ ਹੈ ਤੇ ਇਹ ਰਾਸ਼ਟਰੀ ਰੇਲ ਨੈੱਟਵਰਕ ਨਾਲ ਜੁੜਨ ਦਾ ਹੱਕਦਾਰ ਹੈ।



# ਮਜ਼ਦੂਰਾਂ ਦੀਆਂ ਮੰਗਾਂ ਦੇ ਹੱਲ ਲਈ ਵਿਸ਼ਾਲ ਸੂਬਾਈ ਰੈਲੀ 8 ਅਪ੍ਰੈਲ ਨੂੰ : ਨਾਹਰ/ਦਾਊਦ

**ਜਲੰਧਰ (ਰਾਜੇਸ਼ ਥਾਪਾ)**

ਦਿਹਾਤੀ ਮਜ਼ਦੂਰ ਸਭਾ ਵੱਲੋਂ ਪੰਜਾਬ ਦੇ ਬੇਜ਼ਮੀਨੇ-ਸਾਧਨਹੀਨ ਪੇਂਡੂ ਕਿਰਤੀਆਂ ਦੀਆਂ ਭੱਖਦੀਆਂ ਮੰਗਾਂ ਦੀ ਪ੍ਰਾਪਤੀ ਲਈ 8 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਵਿਸ਼ਾਲ ਸੂਬਾਈ ਰੈਲੀ ਕੀਤੀ ਜਾਵੇਗੀ। ਰੈਲੀ ਵਿੱਚ ਪਰਿਵਾਰਾਂ ਸਮੇਤ ਵੱਡੀ ਗਿਣਤੀ 'ਚ ਮਜ਼ਦੂਰ, ਖਾਸ ਕਰਕੇ ਔਰਤਾਂ ਪੁੱਜ ਕੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ ਮਾਰੂ, ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਜਬਰਦਸਤ ਰੋਸ ਪ੍ਰਗਟ ਕਰਨਗੇ।ਇਸ ਸਬੰਧੀ ਪ੍ਰੈਸ ਕਲੱਬ ਵਿਖੇ ਕੀਤੀ ਗਈ ਪ੍ਰੈੱਸ ਕਾਨਫਰੰਸ ਵਿੱਚ ਜਾਣਕਾਰੀ ਦਿੰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ, ਸੂਬਾ ਪ੍ਰੈੱਸ ਸਕੱਤਰ ਬਲਦੇਵ ਸਿੰਘ ਨੂਰਪੁਰੀ, ਸੂਬਾ ਵਿੱਤ ਸਕੱਤਰ ਸ਼ਮਸ਼ੇਰ ਸਿੰਘ ਬਟਾਲਾ ਨੇ ਕਿਹਾ ਕਿ ਕੇਂਦਰੀ ਤੇ ਸੂਬਾਈ ਹਕੂਮਤਾਂ ਦਾ ਕਿਰਤੀ ਵਰਗ, ਖਾਸ ਕਰਕੇ ਬੇਜ਼ਮੀਨੇ-ਸਾਧਨਹੀਨ ਪੇਂਡੂ ਮਜ਼ਦੂਰਾਂ ਪ੍ਰਤੀ ਵਿਤਕਰੇ ਭਰਿਆ ਰਵੱਈਆ ਤੇ ਇਨ੍ਹਾਂ ਦੀਆਂ ਹੱਕੀ ਮੰਗਾਂ ਪ੍ਰਤੀ ਸਰਕਾਰਾਂ ਦੀ ਮੁਜ਼ਰਮਾਨਾ ਬੇਧਿਆਨੀ ਖ਼ਿਲਾਫ਼ ਮਜ਼ਦੂਰ ਪਰਵਾਰਾਂ 'ਚ ਅੰਤਾਂ ਦਾ ਰੋਹ ਉਬਾਲੇ ਮਾਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਨੇ ਪੇਂਡੂ ਕਿਰਤੀਆਂ ਦੇ ਸਥਾਈ ਤੇ ਸਨਮਾਨਜਨਕ ਰੁਜ਼ਗਾਰ, ਗੁਜ਼ਾਰੇਯੋਗ ਉਜ਼ਰਤਾਂ, ਸਮਾਜਿਕ ਸੁਰੱਖਿਆ, ਜਨਤਕ ਵੰਡ ਪ੍ਰਣਾਲੀ, ਬਿਨਾਂ ਵਿਤਕਰੇ ਤੋਂ ਉੱਚ ਮਿਆਰੀ ਸਿੱਖਿਆ ਤੇ ਸਿਹਤ ਸਹੂਲਤਾਂ, ਸਵੱਛ ਆਲਾ-ਦੁਆਲਾ ਤੇ ਰੋਗਾਣੂ ਰਹਿਤ ਪੀਣ ਯੋਗ ਪਾਣੀ, ਮਨੁੱਖਾਂ ਦੇ ਰਹਿਣ ਯੋਗ ਰਿਹਾਇਸ਼, ਕਰਜ਼ ਮਾਫੀ ਆਦਿ ਮੰਗਾਂ-ਮਸਲੇ ਅਸਲੋਂ ਹੀ ਵਿਸਾਰ ਦਿੱਤੇ ਹਨ।ਉਪਰੋਕਤ ਆਗੂਆਂ ਨੇ ਕਿਹਾ ਕਿ ਵੀ-ਬੀ 'ਜੀ ਰਾਮ ਜੀ' ਕਾਨੂੰਨ ਰੱਦ ਕੀਤਾ ਜਾਵੇ, ਮਨਰੇਗਾ ਕਾਨੂੰਨ ਮੁੜ ਬਹਾਲ ਕਰਕੇ ਅਤੇ ਸਾਰਾ ਸਾਲ ਕੰਮ ਤੇ 700 ਰੁਪਏ ਦਿਹਾੜੀ, 4 ਕਿਰਤ ਕੋਡ ਰੱਦ ਕੀਤੇ ਜਾਣ ਅਤੇ ਰੱਦ ਕੀਤੇ ਕਿਰਤ ਕਾਨੂੰਨ ਬਹਾਲ ਕੀਤੇ ਜਾਣ, ਸਾਰੇ ਲੋੜਵੰਦ ਮਜ਼ਦੂਰਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ ਅਤੇ ਮਕਾਨ ਉਸਾਰੀ ਵਾਸਤੇ 5 ਲੱਖ ਰੁਪਏ ਪ੍ਰਤੀ ਪਰਿਵਾਰ ਗਰਾਂਟ ਦਿੱਤੀ ਜਾਵੇ,ਬੁਢਾਪਾ, ਵਿਧਵਾ, ਅੰਗਹੀਣ ਤੇ ਆਸ਼ਰਿਤ ਪੈਨਸ਼ਨ ਘੱਟੋ ਘੱਟ 5000 ਰੁਪਏ ਪ੍ਰਤੀ ਮਹੀਨਾ ਅਤੇ ਉਮਰ ਦੀ ਹੱਦ ਔਰਤਾਂ ਲਈ 55 ਅਤੇ ਮਰਦਾਂ ਦੀ 58 ਸਾਲ ਕੀਤੀ ਜਾਵੇ, ਮਜ਼ਦੂਰਾਂ ਸਮੇਤ ਬੇਜ਼ਮੀਨਿਆਂ ਸਿਰ ਚੜ੍ਹਿਆ ਸਰਕਾਰੀ, ਗੈਰ-ਸਰਕਾਰੀ ਤੇ ਸਹਿਕਾਰੀ ਸਮੇਤ ਮਾਈਕਰੋ ਫਾਈਨਾਂਸ ਕੰਪਨੀਆਂ ਦਾ ਕਰਜ਼ਾ ਮੁਆਫ ਕੀਤਾ ਜਾਵੇ, ਸਿੱਖਿਆ, ਸਿਹਤ ਤੇ ਪੀਣ ਵਾਲੇ ਸਾਫ਼ ਪਾਣੀ ਦਾ ਪ੍ਰਬੰਧ ਕੀਤਾ ਜਾਵੇ ਆਦਿ ਮੰਗਾਂ ਦੀ ਪ੍ਰਾਪਤੀ ਲਈ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ ਜਿਸ ਦੀਆਂ ਤਿਆਰੀਆਂ ਪੂਰੇ ਪੰਜਾਬ ਅੰਦਰ ਵੱਡੀ ਪੱਧਰ 'ਤੇ ਚੱਲ ਰਹੀਆਂ ਹਨ।ਆਗੂਆਂ ਨੇ ਕਿਹਾ ਕਿ ਜੇਕਰ ਇਸ ਰੈਲੀ ਤੋਂ ਬਾਅਦ ਵੀ ਸਰਕਾਰ ਨੇ ਮਜ਼ਦੂਰਾਂ ਦੀ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਆਉਣ ਵਾਲੇ ਸਮੇਂ ਵਿੱਚ ਦਿਹਾਤੀ ਮਜ਼ਦੂਰ ਸਭਾ ਅਤੇ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਸਮੇਤ ਹੋਰ ਜਥੇਬੰਦੀਆਂ ਨਾਲ ਮਿਲਕੇ ਤਿੱਖਾ ਸੰਘਰਸ਼ ਕੀਤਾ ਜਾਵੇਗਾ।



# ਰੇਲਵੇ ਕਰਾਸਿੰਗ ਬਣਾਉਣ ਲਈ ਰੇਲ ਮੰਤਰੀ ਨੂੰ ਭੇਜਿਆ ਮੰਗ ਪੱਤਰ

**ਮਾਹਿਲਪੁਰ (ਸ਼ਫਰੀ)**

ਸੰਤ ਬਾਬਾ ਸਤਨਾਮ ਸਿੰਘ ਜੀ ਮੁਖੀ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਲੋਂ ਹੋਲੇ ਮੁਹੱਲੇ 'ਤੇ ਸੰਗਤਾਂ ਦੀ ਆਮਦ ਨੂੰ ਦੇਖਦੇ ਹੋਏ ਗੜ੍ਹਸ਼ੰਕਰ ਦੇ ਬੰਗਾ ਰੋਡ 'ਤੇ ਆਰਜ਼ੀ ਮਿੰਨੀ ਬਾਈਪਾਸ ਦਾ ਨਿਰਮਾਣ ਕਰਵਾ ਕੇ ਸੰਗਤਾਂ ਦੇ ਸਪੁਰਦ ਕੀਤਾ ਸੀ ਜੋ ਕਿ ਆਵਾਜਾਈ ਲਈ ਕਾਫ਼ੀ ਲਾਭਕਾਰੀ ਸਾਬਤ ਹੋ ਰਿਹਾ ਹੈ। ਪਰ ਇਸ ਥਾਂ 'ਤੇ ਰੇਲਵੇ ਕਰਾਸਿੰਗ ਨਾ ਹੋਣ ਕਾਰਨ ਇਸ ਰਸਤੇ ਦੇ ਬੰਦ ਹੋਣ ਦੇ ਆਸਾਰ ਬਣ ਰਹੇ ਹਨ। ਇਸ ਥਾਂ 'ਤੇ ਪੱਕੇ ਤੌਰ ਤੇ ਰੇਲਵੇ ਕਰਾਸਿੰਗ ਬਣਾਉਣ ਸਬੰਧੀ ਕੰਢੀ ਸੰਘਰਸ਼ ਕਮੇਟੀ ਦੇ ਸੂਬਾਈ ਆਗੂ ਦਰਸ਼ਨ ਸਿੰਘ ਮੱਟੂ, ਜਨਵਾਦੀ ਇਸਤਰੀ ਸਭਾ ਦੀ ਸੂਬਾਈ ਆਗੂ ਸੁਭਾਸ਼ ਮੱਟੂ ਤੇ ਵਿਕਾਸ ਮੰਚ ਗੜ੍ਹਸ਼ੰਕਰ ਦੇ ਪ੍ਰਧਾਨ ਕੁਲਵਿੰਦਰ ਸੰਘਾ ਦੀ ਅਗਵਾਈ ਹੇਠ ਸਾਬਕਾ ਸਾਂਸਦ ਮੈਂਬਰ ਅਵਿਨਾਸ਼ ਰਾਏ ਖੰਨਾ ਰਾਹੀਂ ਰੇਲਵੇ ਮੰਤਰੀ ਨੂੰ ਮੰਗ ਪੱਤਰ ਭੇਜਿਆ ਗਿਆ। ਇਸ ਮੌਕੇ ਉਕਤ ਆਗੂਆਂ ਨੇ ਦੱਸਿਆ ਕਿ ਸ਼ਹਿਰ ਵਿੱਚ ਟ੍ਰੈਫਿਕ ਦੀ ਭਾਰੀ ਸਮੱਸਿਆ ਤੇ ਰੋਜ਼ਾਨਾ ਵਾਪਰ ਰਹੇ ਹਾਦਸਿਆਂ ਕਾਰਨ ਸੰਤ ਬਾਬਾ ਸਤਨਾਮ ਸਿੰਘ ਜੀ ਮੁਖੀ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਐੱਸ ਡੀ ਸਕੂਲ ਦੇ ਨਾਲ ਇੱਕ ਆਰਜ਼ੀ ਮਿੰਨੀ ਬਾਈਪਾਸ ਦਾ ਨਿਰਮਾਣ ਕਰਵਾਇਆ ਗਿਆ ਸੀ ਜੋ ਕਿ ਲੋਕਾਂ ਲਈ ਬਹੁਤ ਲਾਭਦਾਇਕ ਸਾਬਤ ਹੋ ਰਿਹਾ ਹੈ ਅਤੇ ਰੋਜ਼ਾਨਾ ਸੈਂਕੜੇ ਵਾਹਨ ਇਥੋਂ ਲੰਘਦੇ ਹਨ। ਜਿਸ ਕਾਰਨ ਸ਼ਹਿਰ ਵਿੱਚ ਟ੍ਰੈਫਿਕ ਦੀ ਸਮੱਸਿਆਂ ਨੂੰ ਵੀ ਥੋੜ੍ਹੀ ਰਾਹਤ ਮਿਲੀ ਹੈ। ਇਸ ਲਈ ਇਸ ਥਾਂ 'ਤੇ ਰੇਲਵੇ ਵਿਭਾਗ ਸਥਾਈ ਤੌਰ ਤੇ ਰੇਲਵੇ ਫਾਟਕ ਦਾ ਪ੍ਰਬੰਧ ਕਰੇ ਤਾਂ ਜ਼ੋ ਲੋਕਾਂ ਨੂੰ ਇਸ ਦਾ ਲਗਾਤਾਰ ਫਾਇਦਾ ਮਿਲਦਾ ਰਿਹੇ। ਇਸ ਮੌਕੇ ਅਵਿਨਾਸ਼ ਰਾਏ ਖੰਨਾ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਇਸ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਉਣਗੇ। ਇਸ ਮੌਕੇ ਸਾਬਕਾ ਸਾਂਸਦ ਅਵਿਨਾਸ਼ ਰਾਏ ਖੰਨਾ ਤੋਂ ਇਲਾਵਾ ਦਰਸ਼ਨ ਸਿੰਘ ਮੱਟੂ, ਬੀਬੀ ਸੁਭਾਸ਼ ਮੱਟੂ, ਕੁਲਵਿੰਦਰ ਸੰਘਾ, ਡਾਕਟਰ ਲਖਵਿੰਦਰ ਕੁਮਾਰ, ਡਾਕਟਰ ਸੋਨੀ ਬੋੜਾ, ਚਰਨਪ੍ਰੀਤ ਸਿੰਘ ਲਾਡੀ, ਡਾਕਟਰ ਹਰਬੰਸ ਲਾਲ, ਧਰਮਜੀਤ ਸਿੰਘ ਰਾਜਾ, ਕ੍ਰਿਸ਼ਨ, ਸੁਖਵਿੰਦਰ ਸਿੰਘ, ਹਰਭਜਨ ਲਾਲ, ਅੰਜੂ ਬਾਲਾ ਤੇ ਵਿਜੈ ਕੁਮਾਰੀ ਆਦਿ ਹਾਜ਼ਰ ਸਨ।



# ਮੋਬਾਇਲ ਦੀ ਦੁਕਾਨ 'ਤੇ ਹਮਲਾ ਕਰਨ ਵਾਲੇ 2 ਹੋਰ ਦੋਸ਼ੀ ਗ੍ਰਿਫਤਾਰ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**

ਸੰਦੀਪ ਮਲਿਕ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਵੱਲੋਂ ਦਿੱਤੇ ਦਿਸ਼ਾ ਨਿਰਦੇਸ਼ਾ ਹੇਠ ਭੈੜੇ ਪੁਰਸ਼ਾ ਨੂੰ ਗ੍ਰਿਫਤਾਰ ਕਰਨ ਲਈ ਖਾਸ ਮੁਹਿੰਮ ਸ਼ੁਰੂ ਕੀਤੀ ਗਈ ਸੀ।ਇਸ ਮੁਹਿੰਮ ਤਹਿਤ ਪਲਵਿੰਦਰ ਸਿੰਘ ਉਪ ਪੁਲਸ ਕਪਤਾਨ ਚੱਬੇਵਾਲ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾ ਤੇ ਇੰਸਪੈਕਟਰ ਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਵੱਲੋਂ ਉਚ ਅਫਸਰਾਂ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ 9 ਮਾਰਚ ਨੂੰ ਪਿੰਡ ਫੁਗਲਾਣਾ ਵਿਖੇ ਮਨਮੋਹ ਦਾਸ ਪੁੱਤਰ ਰੇਸਮ ਲਾਲ ਵਾਸੀ ਪਿੰਡ ਫੁਗਲਾਣਾ ਥਾਣਾ ਮੇਹਟੀਆਣਾ ਦੀ ਦੁਕਾਨ ਪਰ ਹੋਈ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਖ਼ਿਲਾਫ਼ ਮੁਕੱਦਮਾ ਥਾਣਾ ਮੇਹਟੀਆਣਾ ਜਿਲ੍ਹਾ ਹੁਸ਼ਿਆਰਪੁਰ ਦਰਜ ਕੀਤਾ ਗਿਆ ਸੀ, ਜੋ ਦੋਰਾਨੇ ਤਫਤੀਸ਼ ਮਿਤੀ 10 ਮਾਰਚ 2026 ਨੂੰ ਦੋਸ਼ੀਆਨ ਸੰਦੀਪ ਕੁਮਾਰ ਉਰਫ ਸੰਨੀ ਪੁੱਤਰ ਬਲਵਿੰਦਰ ਲਾਲ ਵਾਸੀ ਪਿੰਡ ਰਾਮ ਰਾਏ ਪੁਰ ਥਾਣਾ ਸਦਰ ਐਸ.ਬੀ.ਐਸ ਨਗਰ, ਅਮਨਦੀਪ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ ਮੁੱਹਲਾ ਸੰਤ ਨਗਰ ਮੁੱਸਾਪੁਰ ਰੋਡ ਥਾਣਾ ਸਿਟੀ ਐਸ.ਬੀ.ਐਸ ਨਗਰ, ਵਿਵੇਕ ਪੁੱਤਰ ਸੋਹਨ ਲਾਲ ਵਾਸੀ ਹੁਸੈਨਪੁਰ ਥਾਣਾ ਸੇਖਾ ਮਜਾਰਾ ਐੱਸ ਬੀ ਐੱਸ ਨਗਰ ਅਤੇ ਟਹਿਲ ਸਿੰਘ ਪੁੱਤਰ ਸਤਵਿੰਦਰ ਸਿੰਘ ਵਾਸੀ ਸਹਾਅਪੁਰ ਥਾਣਾ ਸਦਰ ਐੱਸ ਬੀ ਐੱਸ ਨਗਰ ਨੂੰ ਹਸਬ ਜਾਬਤੇ ਅਨੁਸਾਰ ਗ੍ਰਿਫਤਾਰ ਕੀਤਾ ਗਿਆ ਸੀ। ਦੋਰਾਨੇ ਤਫਤੀਸ਼ ਇਸੇ ਲੜੀ ਵਿੱਚ ਮਿਤੀ 14 ਮਾਰਚ 2026 ਨੂੰ ਮੁਕੱਦਮਾ ਹਜਾ ਵਿੱਚ 2 ਹੋਰ ਨਾਮਜਦ ਦੋਸ਼ੀਆਨ ਵਿਸ਼ਾਲ ਪੁੱਤਰ ਪ੍ਰੀਤਮ ਸਿੰਘ ਵਾਸੀ ਜਾਂਡਲਾਂ ਥਾਣਾ ਸਦਰ ਬੰਗਾ ਜਿਲਾ ਐਸ ਬੀ ਐਸ਼ ਨਗਰ , ਨਵਜੋਤ ਕੁਮਾਰ ਉਰਫ ਨਵੀ ਪੁੱਤਰ ਰਾਮਪਾਲ ਵਾਸੀ ਰਾਮ ਰਾਏਪੁਰ ਥਾਣਾ ਸਦਰ ਬੰਗਾ ਜਿਲਾ ਐੱਸ ਬੀ ਐੱਸ ਨਗਰ ਨੂੰ ਵੀ ਹਸਬ ਜਾਬਤੇ ਅਨੁਸਾਰ ਗ੍ਰਿਫਤਾਰ ਕੀਤਾ ਗਿਆ ਹੈ, ਜਿਹਨਾਂ ਨੂੰ ਮਾਨਯੋਗ ਜੱਜ ਦੇ ਪੇਸ਼ ਅਦਾਲਤ ਕਰਕੇ ਮਾਨਯੋਗ ਅਦਾਲਤ ਪਾਸੋ ਦੋਨੋ ਦੋਸ਼ੀਆਨ ਦਾ ਪੁਲਿਸ ਰਿਮਾਂਡ ਹਾਸਿਲ ਕਰਕੇ ਉਹਨਾਂ ਪਾਸੋ ਵਾਰਦਾਤ ਸਮੇ ਵਰਤੇ ਹਥਿਆਰਾ ਦੀ ਬਰਾਮਦਗੀ ਕਰਵਾਈ ਜਾਵੇਗੀ। ਦੋਰਾਨੇ ਤਫਤੀਸ਼ ਇਸੇ ਲੜੀ ਵਿੱਚ ਮਿਤੀ 16 ਮਾਰਚ 26 ਨੂੰ ਮੁਕਦਮਾ ਹਜਾ ਦਾ ਦੋਸ਼ੀ ਰਮਨਪ੍ਰੀਤ ਸਿੰਘ ਰਮਨ ਪੁੱਤਰ ਦਿਲਵਾਰਾ ਸਿੰਘ ਵਾਸੀ ਰਾਮ ਰਾਏਪੁਰ ਥਾਣਾ ਸਦਰ ਨੇ ਆਪਣੇ ਰਿਸ਼ਤੇਦਾਰ ਨਾਲ ਆ ਕੇ ਮੁਕੱਦਮਾ ਹਜਾ ਵਿੱਚ ਮੁੱਖ ਅਫਸਰ ਥਾਣਾ ਜੀ ਦੇ ਪੇਸ਼ ਹੋਇਆ ਹੈ ਜਿਸ ਨੂੰ ਉਕਤ ਮੁਕਦਮੇ ਵਿੱਚ ਗਿਫਤਾਰ ਕੀਤਾ ਜਾ ਚੁੱਕਾ ਹੈ।



# ਡਿਪਟੀ ਕਮਿਸ਼ਨਰ ਨੇ ਸ਼ਹੀਦੀ ਸਮਾਗਮ ਸੰਬੰਧੀ ਚੱਲ ਰਹੀ ਤਿਆਰੀਆਂ ਦਾ ਲਿਆ ਜਾਇਜ਼ਾ

**ਬੰਗਾ (ਅਵਤਾਰ ਕਲੇਰ)**

ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ 23 ਮਾਰਚ ਨੂੰ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਅਧਿਕਾਰੀਆਂ ਸਮੇਤ ਖਟਕੜ ਕਲਾਂ ਦਾ ਦੌਰਾ ਕੀਤਾ ਤੇ ਚੱਲ ਰਹੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਅਨੁਸਾਰ ਖਟਕੜ ਕਲਾਂ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਪਰਿਵਾਰ ਦਾ ਜੱਦੀ ਘਰ ਸਥਿਤ ਹੋਣ ਕਾਰਨ ਤੇ ਉਨ੍ਹਾਂ ਦੀ ਯਾਦ 'ਚ ਸਥਾਪਿਤ ਮਿਊਜ਼ੀਅਮ ਵਿਖੇ ਉਨ੍ਹਾਂ ਦੇ ਬੁੱਤ ਤੇ ਪਿਤਾ ਸਵ. ਕਿਸ਼ਨ ਸਿੰਘ ਦੀ ਯਾਦਗਾਰ 'ਤੇ ਸ਼ਹੀਦੀ ਦਿਹਾੜੇ ਮੌਕੇ 23 ਮਾਰਚ ਨੂੰ ਹਰ ਸਾਲ ਦੇਸ-ਪ੍ਰਦੇਸ ਤੋਂ ਵੱਡੀ ਗਿਣਤੀ 'ਚ ਲੋਕ ਸ਼ਰਧਾ ਸੁਮਨ ਭੇਟ ਕਰਨ ਆਉਂਦੇ ਹਨ। ਇਸ ਵਾਰ 23 ਮਾਰਚ ਨੂੰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਵੀ ਵੱਡੀ ਗਿਣਤੀ 'ਚ ਇਨ੍ਹਾਂ ਆਜ਼ਾਦੀ ਦੇ ਪ੍ਰਵਾਨਿਆਂ ਦੇ ਵੱਡੀ ਗਿਣਤੀ 'ਚ ਪ੍ਰਸ਼ੰਸਕਾਂ ਦੇ ਪੁੱਜਣ ਦੀ ਸੰਭਾਵਨਾ ਹੈ, ਜਿਸ ਲਈ ਜ਼ਿਲ੍ਹਾ ਪ੍ਰਸ਼ਾਸਨ ਆਪਣੇ ਵੱਲੋਂ ਲੋੜੀਂਦੇ ਪ੍ਰਬੰਧਾਂ ਦੀ ਨਜ਼ਰਸਾਨੀ ਕਰ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਮਿਊਜ਼ੀਅਮ ਦੇ ਬਾਹਰ ਸਥਿਤ ਬੁੱਤ ਅਤੇ ਪਿਤਾ ਸ. ਕਿਸ਼ਨ ਸਿੰਘ ਦੀ ਯਾਦਗਾਰ ਵਾਲੇ ਥਾਂ, ਪਿਛਲੇ ਪਾਸੇ ਸਥਿਤ ਰੈਲੀ ਗਰਾਊਂਡ, ਪਿੰਡ 'ਚ ਸਥਿਤ ਜੱਦੀ ਘਰ, ਮਾਤਾ ਵਿਦਿਆਵਤੀ ਪਾਰਕ ਅਤੇ ਸ਼ਹੀਦ-ਏ-ਆਜ਼ਮ ਤੇ ਪਰਿਵਾਰ ਨਾਲ ਜੁੜੀਆਂ ਹੋਰਨਾਂ ਥਾਂਵਾਂ ਦੀ ਮੁਕੰਮਲ ਸਾਫ਼-ਸਫ਼ਾਈ ਦੇ ਆਦੇਸ਼ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਟ੍ਰੈਫਿਕ ਬੰਦੋਬਸਤ, ਪਿੰਡ ਨੂੰ ਜਾਂਦੀ ਸੜਕ, ਨਾਲ ਲੱਗਦੀ ਗ੍ਰੀਨ ਬੈਲਟ ਆਦਿ ਦਾ ਜਾਇਜ਼ਾ ਵੀ ਲਿਆ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ ਬਲਵੀਰ ਰਾਜ ਸਿੰਘ (ਜ )ਨੇ ਦੱਸਿਆ ਕਿ ਦੇਸ਼ ਦੇ ਮਹਾਨ ਸ਼ਹੀਦਾਂ ਪ੍ਰਤੀ ਦੇਸ਼ ਵਾਸੀਆਂ ਦੀ ਸ਼ਰਧਾ ਤੇ ਸਤਿਕਾਰ ਨੂੰ ਦੇਖਦੇ ਹੋਏ, ਉਨ੍ਹਾਂ ਦੀ ਖਟਕੜ ਕਲਾਂ ਵਿਖੇ ਆਮਦ ਨੂੰ ਸੁਖਾਵਾਂ ਬਣਾਉਣ ਲਈ ਇੱਥੇ ਹਰ ਤਰ੍ਹਾਂ ਦੇ ਪ੍ਰਬੰਧ ਸਮਾਂ ਰਹਿੰਦੇ ਮੁਕੰਮਲ ਕਰ ਲਏ ਜਾਣਗੇ ਤਾਂ ਜੋ ਲੋਕ ਆਜ਼ਾਦੀ ਪ੍ਰਵਾਨਿਆਂ ਨੂੰ ਆਪਣੀ ਦਿਲੀ ਸ਼ਰਧਾ ਭੇਟ ਕਰ ਸਕਣ। ਇਸ ਮੌਕੇ ਐੱਸ ਐੱਸ ਪੀ ਤੁਸ਼ਾਰ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਅਵਨੀਤ ਕੌਰ, ਐੱਸ ਡੀ ਐਮ ਬੰਗਾ ਵਿਪਨ ਭੰਡਾਰੀ, ਸਹਾਇਕ ਕਮਿਸ਼ਨਰ ਜਨਰਲ ਜਗਦੀਪ ਸਿੰਘ ਤੇ ਹੋਰ ਅਧਿਕਾਰੀ ਸ਼ਾਮਿਲ ਸਨ।



# ਦਵਾਈ ਨੂੰ ਕੇਵਲ ਸਮਰੱਥ ਡਾਕਟਰ ਦੀ ਪਰਚੀ ਦੇ ਆਧਾਰ 'ਤੇ ਹੀ ਦੇਣ ਦਾ ਹੁਕਮ : ਜ਼ਿਲ੍ਹਾ ਮੈਜਿਸਟਰੇਟ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਅੰਦਰ ਪਰੈਗਾਬੈਲਿਨ ਦਵਾਈ ਨੂੰ ਕੇਵਲ ਸਮਰੱਥ ਡਾਕਟਰ ਦੀ ਪਰਚੀ ਦੇ ਆਧਾਰ 'ਤੇ ਹੀ ਤੇ ਮਿੱਥੇ ਹੋਏ ਸਮੇਂ ਲਈ ਹੀ ਫਾਰਮੇਸੀ ਵੱਲੋਂ ਦੇਣ ਦਾ ਹੁਕਮ ਜਾਰੀ ਕੀਤਾ ਹੈ। ਉਨ੍ਹਾਂ ਆਪਣੇ ਹੁਕਮ ਵਿੱਚ ਸਪੱਸ਼ਟ ਕੀਤਾ ਹੈ ਕਿ ਇਸ ਦੇ ਨਾਲ ਹੀ ਫਾਰਮੇਸੀ ਵੱਲੋਂ ਪਰੈਗਾਬੈਲਿਨ ਦਾ ਮੁਕੰਮਲ ਰਿਕਾਰਡ ਰੱਖਿਆ ਜਾਵੇ। ਇਹ ਹੁਕਮ ਤੁਰੰਤ ਲਾਗੂ ਹੋ ਕੇ 16 ਮਈ 2026 ਤੱਕ ਲਾਗੂ ਰਹੇਗਾ।

# ਕੂੜੇ ਦੇ ਨਾਂਅ 'ਤੇ ਧਾਂਦਲੀ ਕਰ ਰਹੇ ਠੇਕੇਦਾਰ ਨੂੰ ਲਗਾਈ ਫਟਕਾਰ, ਪੁਲਸ ਕੇਸ ਦਰਜ ਕਰਨ ਦੇ ਆਦੇਸ਼ ਜਾਰੀ

**ਜਲੰਧਰ (ਸੁਰਿੰਦਰ ਕੁਮਾਰ)**- ਮੇਅਰ ਵਿਨੀਤ ਧੀਰ ਨ ਕੂੜੇ ਦੇ ਨਾਂ 'ਤੇ ਹੋ ਰਹੀ ਵੱਡੀ ਧਾਂਦਲੀ ਦਾ ਪਰਦਾਫਾਸ਼ ਕੀਤਾ ਹੈ। ਮੇਅਰ ਸਵੇਰੇ ਜਲਦੀ ਖੁਦ ਕੂੜੇ ਦੇ ਡੰਪ 'ਤੇ ਪਹੁੰਚੇ ਅਤੇ ਉੱਥੇ ਕੂੜਾ ਭਰ ਰਹੇ ਇੱਕ ਟਿੱਪਰ ਨੂੰ ਰੋਕ ਕੇ ਖਾਲੀ ਕਰਵਾਇਆ। ਚੈੱਕ ਕਰਨ 'ਤੇ ਪਤਾ ਲੱਗਾ ਕਿ ਠੇਕੇਦਾਰ ਨੇ ਕੂੜੇ ਦਾ ਵਜ਼ਨ ਵਧਾਉਣ ਲਈ ਉਸ ਵਿੱਚ ਮਕਾਨਾਂ ਦਾ ਭਾਰੀ ਮਲਬਾ ਅਤੇ ਇੱਟਾਂ-ਪੱਥਰ ਭਰੇ ਹੋਏ ਸਨ। ਮੇਅਰ ਨੇ ਇਸ ਧੋਖਾਧੜੀ ਨੂੰ ਲੈ ਕੇ ਠੇਕੇਦਾਰ ਸਤਪਾਲ ਨੂੰ ਵੀ ਫਿਟਕਾਰਿਆ। ਉਨ੍ਹਾਂ ਦੱਸਿਆ ਕਿ ਠੇਕੇਦਾਰ ਨਿਗਮ ਤੋਂ ਜ਼ਿਆਦਾ ਪੈਸੇ ਲੈਣ ਲਈ ਅਜਿਹਾ ਕਰ ਰਿਹਾ ਸੀ। ਮੇਅਰ ਵਿਨੀਤ ਧੀਰ ਨੇ ਦੱਸਿਆ ਕਿ ਕੂੜੇ ਦੀਆਂ ਗੱਡੀਆਂ ਨੂੰ ਤੋਲ ਕੇ ਉੱਥੋਂ ਕੱਢਿਆ ਜਾਂਦਾ ਸੀ, ਜਿਸ ਤੋਂ ਬਾਅਦ ਨਿਗਮ ਤੋਂ ਪੈਸੇ ਲਏ ਜਾਂਦੇ ਸਨ। ਠੇਕੇਦਾਰ ਨੇ ਕੂੜੇ ਦਾ ਵਜ਼ਨ ਵਧਾਉਣ ਲਈ ਵਿਚਕਾਰ ਇੱਟਾਂ-ਪੱਥਰਾਂ ਦਾ ਮਲਬਾ ਭਰਿਆ ਹੋਇਆ ਸੀ। ਇਸ ਠੇਕੇਦਾਰ ਨੂੰ ਪਹਿਲਾਂ ਵੀ ਦੋ ਵਾਰ 2-2 ਲੱਖ ਦਾ ਜੁਰਮਾਨਾ ਹੋ ਚੁੱਕਾ ਹੈ। ਹੁਣ ਮੇਅਰ ਨੇ ਨਿਗਮ ਕਮਿਸ਼ਨਰ ਨੂੰ ਠੇਕਾ ਰੱਦ ਕਰਨ ਅਤੇ ਠੇਕੇਦਾਰ 'ਤੇ ਪੁਲਿਸ ਕੇਸ ਦਰਜ ਕਰਨ ਦੇ ਹੁਕਮ ਦਿੱਤੇ ਹਨ।

# ਡੇਰਾ ਬਾਬਾ ਸੀਤਲ ਦਾਸ ਵਿਖੇ ਧਾਰਮਿਕ ਸਮਾਗਮ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਧੰਨ-ਧੰਨ ਡੇਰਾ ਬਾਬਾ ਸ਼ੀਤਲ ਦਾਸ ਜੀ ਬੋਹਨ ਵਿਖੇ ਸਾਲਾਨਾ ਸਮਾਗਮ 108 ਸੰਤ ਸਰਵਣ ਦਾਸ ਮਹਾਰਾਜ ਜੀ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਪਾਠ ਦੇ ਭੋਗ ਪਾਏ ਗਏ, ਉਸ ਤੋਂ ਬਾਅਦ ਸਮਾਗਮ ਵਿੱਚ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਨੇ ਧਾਰਮਿਕ ਪ੍ਰਵਚਨ ਕਰਕੇ ਸੰਗਤਾਂ ਨੂੰ ਸੇਵਾ-ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਿੱਧ ਯੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਫਰੀ ਮੈਡੀਕਲ ਕੈਂਪ ਤੇ ਫਰੀ ਸ਼ੂਗਰ ਟੈਸਟਿੰਗ ਕੈਂਪ ਲਗਾਇਆ ਗਿਆ । ਇਹ ਕੈਂਪ ਡਾਕਟਰ ਜਸਵੰਤ ਸਿੰਘ ਥਿੰਦ ਐੱਸ ਐੱਮ ਓ ਸਿਵਲ ਹਸਪਤਾਲ ਮਾਹਿਲਪੁਰ ਤੇ ਡਾਕਟਰ ਪ੍ਰਭ ਹੀਰ ਅਤੇ ਉਹਨਾਂ ਦੀ ਸਮੁੱਚੀ ਡਾਕਟਰੀ ਟੀਮ ਦੇ ਸਹਿਯੋਗ ਨਾਲ ਲੱਗਿਆ। ਸੰਤਾਂ ਮਹਾਂਪੁਰਸ਼ਾਂ ਵੱਲੋਂ ਕੈਂਪ ਦੌਰਾਨ ਡਾਕਟਰੀ ਸੇਵਾਵਾਂ ਦੇਣ ਵਾਲੀ ਸਾਰੀ ਹੀ ਟੀਮ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

# ਓਸ਼ੋ ਆਸ਼ਰਮ ਵਿਖੇ ਧਿਆਨ ਸਾਧਨਾ ਕੈਂਪ 21 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਗੜ੍ਹਸ਼ੰਕਰ-ਨੰਗਲ ਮੁੱਖ ਮਾਰਗ ਤੇ ਪੈਂਦੇ ਪਿੰਡ ਬਾਰਾਪੁਰ ਵਿਖੇ ਸਥਿਤ ਓਸ਼ੋ ਆਸ਼ਰਮ ਵਿਖੇ ਰਜਨੀਸ਼ ਓਸ਼ੋ ਦੇ ਇਨਲਾਈਟਮੈਂਟ ਦਿਨ ਨੂੰ ਸਮਰਪਿਤ ਇਕ ਵਿਸ਼ੇਸ਼ ਧਿਆਨ ਸਾਧਨਾ ਸ਼ਿਵਰ 21 ਮਾਰਚ ਦਿਨ ਸ਼ਨੀਵਾਰ ਨੂੰ ਸਵੇਰੇ 9 ਤੋਂ 3 ਵਜੇ ਤੱਕ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਸ਼ਰਮ ਦੇ ਮੁੱਖ ਸੰਚਾਲਕ ਸੁਵਾਮੀ ਆਨੰਦ ਸਥਿਆਰਥੀ ਅਤੇ ਮਾਂ ਆਤਮੋ ਕ੍ਰਾਂਤੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਕੇ ਰਜਨੀਸ਼ ਓਸ਼ੋ ਜੀ ਦੀਆਂ ਧਿਆਨ ਵਿਧੀਆਂ ਦਾ ਅਭਿਆਸ ਕੀਤਾ ਜਾਵੇਗਾ ਤੇ ਉਨਾਂ ਦੇ ਪ੍ਰਵਚਨ ਸੁਣੇ ਜਾਣਗੇ। ਇਸ ਮੌਕੇ ਉਨਾਂ ਦੱਸਿਆ ਕਿ ਜੋ ਵੀ ਵਿਅਕਤੀ ਸ਼ਿਵਰ ਵਿੱਚ ਭਾਗ ਲੈਣਾ ਚਾਹੁੰਦਾ ਹੈ, ਉਹ ਸਮੇਂ ਸਿਰ ਆਸ਼ਰਮ ਵਿੱਚ ਪਹੁੰਚ ਜਾਵੇ।

# ਹੈੱਲਥ ਕਾਰਡ ਬਣਾਉਣ ਲਈ ਕੈਂਪ ਲਗਾਇਆ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**

ਵਿਧਾਨ ਸਭਾ ਹਲਕਾ ਆਦਮਪੁਰ ਅਧੀਨ ਆਉਂਦੇ ਪਿੰਡ ਸੰਘਵਾਲ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਅਧੀਨ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਲਈ ਹੈਲਥ ਕਾਰਡ ਬਣਾਉਣ ਦਾ ਕੈਂਪ ਹਲਕਾ ਆਦਮਪੁਰ ਦੇ ਇੰਚਾਰਜ ਤੇ ਸਾਬਕਾ ਵਿਧਾਇਕ ਪਵਨ ਕੁਮਾਰ ਟੀਨੂੰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਆਮ ਆਦਮੀ ਪਾਰਟੀ ਦੇ ਆਗੂ ਜਸਪ੍ਰੀਤ ਸਿੰਘ ਚਾਹਲ ਦੀ ਅਗਵਾਈ ਵਿੱਚ ਲਗਾਇਆ ਗਿਆ ਜਿਸ ਵਿੱਚ ਪਿੰਡ ਨਿਵਾਸੀਆਂ ਨੇ ਇਸ ਕੈਂਪ ਦਾ ਲਾਹਾ ਲਿਆ। ਇਹ ਕੈਂਪ ਚਾਰ ਦਿਨ ਤੱਕ ਨਿਰੰਤਰ ਚੱਲੇਗਾ। ਇਸ ਮੌਕੇ ਤੇ ਜਸਪ੍ਰੀਤ ਸਿੰਘ ਚਾਹਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਮੁਫਤ ਸਿਹਤ ਸਹੂਲਤਾਂ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਲੋਕਾਂ ਨੂੰ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਹਾ ਲੈਣਾ ਚਾਹੀਦਾ ਹੈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਜਗਦੀਸ਼ ਸਿੰਘ ਪੰਚ, ਅਮਨ ਕੁਮਾਰ, ਰਮੇਸ਼ ਲਾਲ, ਰਮਿੰਦਰ ਸਿੰਘ ਗੋਕਾ, ਅਸ਼ੋਕ ਕੁਮਾਰ, ਰਿੰਕਾ, ਕਮਲਜੀਤ ਸਿੰਘ, ਸੌਰਵ ਪਾਲ, ਪਵਨ ਕੁਮਾਰ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਟੈੱਟ ਖ਼ਿਲਾਫ਼ ਮਤਾ ਨਾ ਪਾਸ ਕਰਨ 'ਤੇ ਅਧਿਆਪਕਾਂ ਨੇ ਸਰਕਾਰ ਦਾ ਫੂਕਿਆ ਪੁਤਲਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸਾਂਝਾ ਅਧਿਆਪਕ ਮੋਰਚਾ ਤੇ ਅਧਿਆਪਕ ਜੱਥੇਬੰਦੀਆਂ ਦੇ ਆਗੂ ਸੁਰਜੀਤ ਰਾਜਾ,ਸੰਜੀਵ ਧੂਤ, ਵਿਕਾਸ ਸ਼ਰਮਾ,ਉਪਕਾਰ ਪੱਟੀ, ਜਸਵੀਰ ਸਿੰਘ, ਹਰਭਜਨ ਸਿੰਘ, ਬਲਜੀਤ ਮਹਿਮੋਵਾਲ,ਅੰਜੂ ਸਹਿਗਲ,ਪਰਮਜੀਤ ਕੌਰ ਸੂਚ, ਜਰਨੈਲ ਸਿੰਘ, ਜਤਿੰਦਰ ਸੋਨੀ ਦੀ ਅਗਵਾਈ ਵਿੱਚ ਬਸ ਸਟੈਂਡ ਚੌਂਕ ਹੁਸ਼ਿਆਰਪੁਰ ਵਿਖੇ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਸੁਪਰੀਮ ਕੋਰਟ ਰਾਹੀਂ ਟੈੱਟ ਦੀ ਬਿਲਕੁਲ ਬੇਲੋੜੀ, ਗੈਰਵਿਧਾਨਿਕ ਸ਼ਰਤ ਜਬਰੀ ਥੋਪਣ, ਸਰਕਾਰ ਵਲੋਂ ਬਜਟ ਸੈਸ਼ਨ ਦੌਰਾਨ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਬਿੱਲ ਨਾ ਲਿਆਉਣ, ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਨਾ ਕਰਨ, ਸਿੱਖਿਆ ਵਿਭਾਗ ਵਲੋਂ ਕੁਝ ਵਰਗਾਂ ਨੂੰ ਟੈੱਟ ਤੋਂ ਛੋਟ ਦੇਣ ਦਾ ਪੱਤਰ ਰੱਦ ਕਰਨ, ਸੰਘਰਸ਼ ਦੌਰਾਨ ਜਲ ਤੋਪਾਂ, ਲਾਠੀਚਾਰਜ ਅਤੇ ਅਥਰੂ ਗੈਸ ਦੇ ਗੋਲਿਆਂ ਦੀ ਅੰਨ੍ਹੇਵਾਹ ਵਰਤੋਂ ਕਰਕੇ ਅਧਿਆਪਕਾਂ ਨੂੰ ਜ਼ਖਮੀ ਕਰਕੇ ਰਾਸ਼ਟਰ ਨਿਰਮਾਤਾ ਅਧਿਆਪਕਾਂ ਦੇ ਮਾਨ ਸਨਮਾਨ ਨੂੰ ਸੱਟ ਮਾਰਨ ਦੇ ਵਿਰੋਧ ਵਿੱਚ ਸਰਕਾਰ ਦੀ ਅਰਥੀ ਫੂਕੀ ਗਈ।ਆਗੂਆਂ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਲੰਗੜਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਹੁਣ ਤੱਕ ਲਾਗੂ ਨਹੀਂ ਕੀਤੀ ਗਈ, ਤਨਖਾਹ ਦੁਹਰਾਈ ਦੇ ਬਕਾਏ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਜਾਰੀ ਕੀਤੀਆਂ ਕਿਸ਼ਤਾਂ ਦੇ ਬਕਾਏ ਮਿੱਟੀ ਘੱਟੇ ਰਲਾ ਦਿੱਤੇ ਗਏ ਹਨ, ਸੋਧਣ ਦੇ ਨਾਂਅ ਤੇ ਬੰਦ ਕੀਤੇ ਸਮੁੱਚੇ ਭੱਤੇ ਬਹਾਲ ਨਹੀਂ ਕੀਤੇ ਜਾ ਰਹੇ, ਤਨਖਾਹ ਕਮਿਸ਼ਨ ਦੀ ਪੂਰੀ ਰਿਪੋਰਟ ਵੀ ਜਾਰੀ ਨਹੀਂ ਕੀਤੀ ਗਈ, ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਤੇ ਸਕੂਲ ਮੁਖੀਆਂ ਦੀਆਂ ਹਜ਼ਾਰਾਂ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਬੇਰੁਜ਼ਗਾਰ ਅਧਿਆਪਕਾਂ ਨੂੰ ਰੁਜ਼ਗਾਰ ਨਹੀਂ ਦਿੱਤਾ ਜਾ ਰਿਹਾ। ਇਹਨਾਂ ਸਮੱਸਿਆਵਾਂ ਦਾ ਹੱਲ ਕਰਨ ਦੀ ਬਜਾਏ ਸੇਵਾ ਨਿਭਾ ਰਹੇ ਅਧਿਆਪਕਾਂ ਦੇ ਸਿਰ ਤੇ ਛਾਂਟੀ ਦੀ ਤਲਵਾਰ ਲਟਕਾ ਦਿੱਤੀ ਗਈ ਹੈ।ਇਸ ਪ੍ਰਦਰਸ਼ਨ ਵਿੱਚ ਸੁਨੀਲ ਸ਼ਰਮਾ, ਬਹਾਦਰ ਸਿੰਘ, ਮਨੋਹਰ ਸਿੰਘ ਬੈਂਸ,ਸੁਖਵਿੰਦਰ ਸਿੰਘ ਸਹੋਤਾ,ਨੀਰਜ ਕੁਮਾਰ,ਸਚਿਨ ਕੁਮਾਰ,ਜਸਵਿੰਦਰ ਪਾਲ , ਉਪਕਾਰ ਪੱਟੀ, ਰਣਵੀਰ ਸਿੰਘ, ਪ੍ਰਵੀਨ ਕੁਮਾਰ, ਨੰਦ ਰਾਮ, ਹਰਪ੍ਰੀਤ ਧੂਤ, ਦਵਿੰਦਰ ਸਿੰਘ, ਮੁਕੇਸ਼ ਕੁਮਾਰ, ਸੁਸ਼ੀਲ ਪਠਾਣੀਆਂ ਅਸ਼ਵਨੀ ਕੁਮਾਰ,ਰੇਸ਼ਮ ਸਿੰਘ,ਗੁਰਵਿੰਦਰ ਜੱਜ,ਸੁਰਜੀਤ ਕਲਸੀ, ਪਰਮਜੀਤ ਟਾਹਲੀਵਾਲ, ਬਰਜਿੰਦਰ ਕੁਮਾਰ, ਲੈਕਚਰਾਰ ਸੁਖਦੇਵ ਸਿੰਘ, ਦੀਪਕ ਸ਼ਰਮਾ, ਤਰਸੇਮ ਸਿੰਘ, ਅਸ਼ੋਕ ਕੁਮਾਰ, ਰਾਜ ਕੁਮਾਰ,ਹਰਬਲਾਸ, ਰਵਿੰਦਰ ਰਵੀ, ਰਾਮਧਨ, ਜੀਵਨ ਲਾਲ,ਰੋਸ਼ਨ ਲਾਲ ,ਪਵਨਵੀਰ ਸਿੰਘ, ਸੰਜੀਵ ਕੁਮਾਰ ਮਾਨਾ, ਜਤਿੰਦਰ ਵਡਪੱਗਾ ਪ੍ਰਵੀਨ ਕਬੀਰਪੁਰ,ਸਤਵਿੰਦਰ ਸਿੰਘ, ਰਕੇਸ਼ ਕੁਮਾਰ,ਅਨੁਪਮ ਰਤਨ, ਰੇਨੂੰ ਸ਼ਰਮਾ, ਵਰਿੰਦਰ ਕੌਰ, ਗੁਰਜੀਤ ਕੌਰ, ਐੱਚ ਟੀ ਰਤਨਜੀਤ ਕੌਰ, ਸੀਮਾ, ਅਮਰਿੰਦਰ ਕੌਰ,ਗੁਰਿੰਦਰਜੀਤ ਕੌਰ, ਨਿਸ਼ਾ ਕੁਮਾਰੀ,ਕੁਲਦੀਪ,ਰਵਿੰਦਰ ਕੁਮਾਰ,ਵਿਸ਼ਾਲ ਸ਼ਰਮਾ, ਮਨੀਰ ਨਈਅਰ ਆਦਿ ਹਾਜ਼ਰ ਸਨ।



# ਕੈਂਸਰ ਚੈੱਕਅੱਪ ਤੇ ਜਾਗਰੂਕਤਾ ਕੈਂਪ 28 ਨੂੰ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**-ਇਲਾਕਾ ਨਿਵਾਸੀਆਂ ਦੀ ਸਿਹਤ ਸੰਭਾਲ ਨੂੰ ਮੁੱਖ ਰੱਖਦਿਆਂ ਵਰਲਡ ਕੈਂਸਰ ਕੇਅਰ ਵੱਲੋਂ ਪਿੰਡ ਬਛੌੜੀ ਤਹਿਸੀਲ ਬਲਾਚੌਰ ਵਿਖੇ ਇੱਕ ਵਿਸ਼ੇਸ਼ ਕੈਂਸਰ ਚੈੱਕਅੱਪ ਤੇ ਜਾਗਰੂਕਤਾ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਸਵਰਗੀ ਦਰਸ਼ਨ ਰਾਮ ਫੌਜੀ ਦੀ ਨਿੱਘੀ ਯਾਦ ਵਿੱਚ ਪਹਿਲੀ ਵਾਰ ਆਯੋਜਿਤ ਕੀਤਾ ਜਾ ਰਿਹਾ ਹੈ। ਇਹ ਕੈਂਪ 28 ਮਾਰਚ ਦਿਨ ਸ਼ਨੀਵਾਰ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਬਛੌੜੀ ਸਮਾਂਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਲੱਗੇਗਾ। ਕੈਂਪ ਵਿੱਚ ਮੁਫ਼ਤ ਕੀਤੇ ਜਾਣ ਵਾਲੇ ਟੈਸਟ ਤੇ ਸੇਵਾਵਾਂ ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀਟੀਮ ਵੱਲੋਂ ਅਤਿ-ਆਧੁਨਿਕ ਮਸ਼ੀਨਾਂ ਨਾਲ ਮਹਿਲਾਵਾਂ ਲਈ ਛਾਤੀ ਦੇ ਕੈਂਸਰ ਅਤੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਕੀਤੀ ਜਾਵੇਗੀ ਗਦੂਦਾਂ ਦੇ ਕੈਂਸਰ ਲਈ ਵਿਸ਼ੇਸ਼ ਪੀ ਐਸ ਏ ਟੈਸਟ,ਆਮ ਜਾਂਚ ਮੂੰਹ ਦਾ ਕੈਂਸਰ, ਬਲੱਡ ਕੈਂਸਰ ਅਤੇ ਹੱਡੀਆਂ ਦੀ ਮਜ਼ਬੂਤੀ ਦੇ ਟੈਸਟ, ਸ਼ੂਗਰ ਤੇ ਬਲੱਡ ਪ੍ਰੈਸ਼ਰ ਦੀ ਜਾਂਚ, ਇਸ ਤੋਂ ਇਲਾਵਾ, ਲੋੜਵੰਦ ਮਰੀਜ਼ਾਂ ਨੂੰ ਮਾਹਿਰਾਂ ਦੀ ਸਲਾਹ ਅਨੁਸਾਰ ਸ਼ੂਗਰ, ਬੀ ਪੀ ਤੇ ਹੋਰ ਆਮ ਬਿਮਾਰੀਆਂ ਦੀਆਂ ਦਵਾਈਆਂ ਵੀ ਮੁਫ਼ਤ ਦਿੱਤੀਆਂ ਜਾਣਗੀਆਂ।ਇਸ ਸਬੰਧੀ ਜਾਣਕਾਰੀ ਸਮਰਦੀਪ ਪ੍ਰੈਸ ਕਲੱਬ ਦੇ ਉਪ ਜਨਰਲ ਸਕੱਤਰ ਨੇ ਦੱਸਿਆ ਕਿ ਕੈਂਸਰ ਵਰਗੀ ਨਾਮੁਰਾਦ ਬਿਮਾਰੀ ਦਾ ਜੇਕਰ ਸ਼ੁਰੂਆਤੀ ਦੌਰ ਵਿੱਚ ਪਤਾ ਲੱਗ ਜਾਵੇ, ਤਾਂ ਇਸ ਦਾ ਇਲਾਜ ਪੂਰੀ ਤਰ੍ਹਾਂ ਸੰਭਵ ਹੈ।

# ਬਲਾਕ ਸੰਮਤੀ ਦੇ ਚੇਅਰਪਰਸਨ ਤੇ ਵਾਈਸ ਚੇਅਰਮੈਨ ਨੇ ਅਹੁਦਾ ਸੰਭਾਲਿਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਬਲਾਕ ਨੰਬਰ 1 ਦੇ ਨਵੇਂ ਚੁਣੇ ਚੇਅਰਪਰਸਨ ਆਸ਼ਾ ਰਾਣੀ ਅਤੇ ਵਾਈਸ ਚੇਅਰਮੈਨ ਸਤਨਾਮ ਸਿੰਘ ਵਲੋਂ ਅਹੁਦਾ ਸੰਭਾਲਣ ਮੌਕੇ ਕਿਹਾ ਕਿ ਦੋਵਾਂ ਯੋਗ ਨੁਮਾਇੰਦਿਆਂ ਦੀ ਅਗਵਾਈ ਵਿਚ ਬਲਾਕ ਦੇ ਵਿਕਾਸ ਕਾਰਜਾਂ ਨੂੰ ਨਵੀਂ ਗਤੀ ਮਿਲੇਗੀ। ਐਨ.ਆਰ.ਆਈ ਮਾਮਲਿਆਂ ਦੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਹਲਕੇ ਵਿਚ ਲਗਾਤਾਰ ਵਿਕਾਸ ਕਾਰਜ ਕਰਵਾਉਣ ਦੇ ਨਾਲ-ਨਾਲ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਦਾ ਵੀ ਅਸਰਦਾਰ ਢੰਗ ਨਾਲ ਨਿਪਟਾਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਸਮੱਸਿਆਵਾਂ ਦਾ ਹੱਲ ਵੀ ਪਹਿਲ ਦੇ ਆਧਾਰ 'ਤੇ ਕਰਦਿਆਂ ਨਾਗਰਿਕਾਂ ਨੂੰ ਲੋੜੀਂਦੀਆਂ ਸੇਵਾਵਾਂ ਤੈਅ ਸਮੇਂ ਵਿਚ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸਿੱਖਿਆ ਕ੍ਰਾਂਤੀ ਤਹਿਤ ਸਿੱਖਿਆ ਦੇ ਖੇਤਰ ਵਿਚ ਵੱਡੇ ਸੁਧਾਰ ਲਿਆਂਦੇ ਗਏ ਹਨ ਜਿਨ੍ਹਾਂ ਨਾਲ ਸੂਬੇ ਅੰਦਰ ਸਿੱਖਿਆ ਦੇ ਮਿਆਰ ਨੂੰ ਨਵੀਂ ਦਿਸ਼ਾ ਮਿਲੀ ਹੈ। ਉਨ੍ਹਾਂ ਕਿਹਾ ਸਿਹਤ ਖੇਤਰ ਵਿਚ ਆਮ ਆਦਮੀ ਕਲੀਨਿਕਾਂ ਨੇ ਲੋਕਾਂ ਨੂੰ ਘਰਾਂ ਨੇੜੇ ਹੀ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨੀਆਂ ਯਕੀਨੀ ਬਣਾਈਆਂ ਹਨ।

# ਅੱਜ ਬਿਜਲੀ ਸਪਲਾਈ ਬੰਦ ਰਹੇਗੀ

**ਅੱਡਾ ਸਰਾਂ ( ਜਸਵੀਰ ਕਾਜਲ)** -ਪੰਜਾਬ ਰਾਜ ਪਾਵਰ ਕਾਮ ਕਾਰਪੋਰੇਸ਼ਨ ਅਧੀਨ ਚਲਦੇ ਉਪ ਮੰਡਲ ਬੁੱਲੋਵਾਲ ਦੇ 66 ਕੇ ਵੀ ਸਬ ਸਟੇਸ਼ਨ ਦੇ ਵੱਖ-ਵੱਖ ਪਿੰਡਾਂ ਦੀ ਬਿਜਲੀ ਸਪਲਾਈ 19 ਮਾਰਚ ਨੂੰ ਬੰਦ ਰਹੇਗੀ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਉਪ ਮੰਡਲ ਅਫਸਰ ਇੰਜੀਨੀਅਰ ਸਤਪਾਲ ਸਿੰਘ ਨੇ ਦੱਸਿਆ ਕਿ ਟਰਾਂਸਫਾਰਮਰ ਟੀ-ਵਨ ਦੀ ਜ਼ਰੂਰੀ ਮੁਰੰਮਤ ਦੇ ਕਾਰਨ 66 ਕੇ ਵੀ ਸਬ ਸਟੇਸ਼ਨ ਬੁੱਲੋਵਾਲ ਦੇ ਏ ਪੀ ਫੀਡਰ ਪੰਡੋਰੀ, ਧਾਰੀਵਾਲ, ਗੀਗਨੋਵਾਲ ਫੀਡਰਾਂ ਦੀ ਬਿਜਲੀ ਸਪਲਾਈ ਬੰਦ ਰਹੇਗੀ। ਇਹਨਾਂ ਫੀਡਰਾਂ ਤੋਂ ਚਲਦੇ ਪਿੰਡ ਦੋਸੜਕਾ, ਗੀਗਨੋਵਾਲ, ਜਰਬਦੀਵਾਲ , ਤਾਜੋਵਾਲ, ਡੋਗਰ ਮੁੰਡਿਆਂ, ਪੰਡੋਰੀ ਖਜੂਰ, ਖਡਿਆਲਾ ਸੈਣੀਆਂ, ਬੁਰੇ ਜੱਟਾਂ, ਪੰਡੋਰੀ ਬਾਵਾ ਦਾਸ, ਲੁੱਦਾ, ਭਾਗੋਵਾਲ , ਬੁੱਲੋਵਾਲ, ਦਾਲਮਬਾਲ, ਆਲੋਵਾਲ, ਬਾਕਰਪੁਰ, ਫਤਿਹਪੁਰ, ਲਿਦੜਾ ਧਾਰੀਵਾਲ, ਮਿਰਜਾਪੁਰ, ਹੁਸੈਨਪੁਰ, ਕੋਟਲਾ ਨੌਧ ਸਿੰਘ, ਢਡੇ ਫਤਿਹ, ਭਕਲਾ, ਪੰਡੋਰੀ ਮਾਇਲ ਆਦਿ ਪਿੰਡਾਂ ਦੀ ਬਿਜਲੀ ਸਪਲਾਈ 19 ਮਾਰਚ ਨੂੰ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਬੰਦ ਰਹੇਗੀ।

# ਸਾਲਾਨਾ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਆਰੰਭ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਸਰਹਾਲਾ ਕਲਾਂ ਵਿਖੇ 108 ਸੰਤ ਭਾਈ ਸ਼ੇਰ ਸਿੰਘ ਜੀ ਯਾਦਗਾਰੀ ਸਲਾਨਾ 12ਵਾਂ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ, ਯੁਵਕ ਸੇਵਾਵਾਂ ਕਲੱਬ, ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐੱਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ 108 ਸੰਤ ਭਾਈ ਸ਼ੇਰ ਸਿੰਘ ਜੀ ਦੀ ਯਾਦ ਵਿੱਚ ਸਾਲਾਨਾ 12ਵਾਂ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ 15 ਮਾਰਚ ਤੋਂ 20 ਮਾਰਚ ਤੱਕ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 15 ਮਾਰਚ ਨੂੰ ਪਿੰਡ ਦੇ ਪੱਤਵੰਤੇ ਸੱਜਣ, ਗ੍ਰਾਮ ਪੰਚਾਇਤ ਅਤੇ ਐਨ ਆਰ ਆਈ ਵੀਰਾਂ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਸਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਦੌਰਾਨ ਪੰਜਾਬ ਦੀਆਂ ਨਾਮਵਰ 24 ਟੀਮਾਂ ਹਿੱਸਾ ਲੈਣਗੀਆਂ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਉਦਘਾਟਨੀ ਮੈਚ ਮਾਹਿਲਪੁਰ ਅਤੇ ਨਾਮੋਲੀਆ ਵਿਚਕਾਰ ਕਰਵਾਇਆ ਗਿਆ ਜਿਸ ਵਿੱਚ ਪਿੰਡ ਨਾਮੋਲੀਆ ਦੀ ਟੀਮ ਜੇਤੂ ਰਹੀ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ 12ਵੇਂ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਦੇ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਜੇਤੂ ਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਨਗੇ। ਇਸ ਮੌਕੇ ਟੂਰਨਾਮੈਂਟ ਦੌਰਾਨ ਸਰਪੰਚ ਮੋਹਣ ਸਿੰਘ, ਹਰਭਜਨ ਸਿੰਘ ਅਜਨੋਹਾ, ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ, ਪ੍ਰਿੰਸੀਪਲ ਸੁਖਇੰਦਰ ਸਿੰਘ ਰਿੱਕੀ ਮਿਨਹਾਸ, ਦਲਜੀਤ ਸਿੰਘ ਸਾਬਕਾ ਸਰਪੰਚ, ਬਿੰਦਰ ਮੋਗੋਪੱਟੀ, ਗੁਰਚਰਨ ਸਿੰਘ ਪੰਚ, ਜਸਵਿੰਦਰ ਸਿੰਘ ਪੰਚ, ਬਲਜਿੰਦਰ ਸਿੰਘ ਪੰਚ, ਸਤਨਾਮ ਸਿੰਘ ਪੰਚ, ਪਰਮਜੀਤ ਕੌਰ ਪੰਚ, ਸੁਖਵਿੰਦਰ ਸਿੰਘ ਪੰਚ, ਪ੍ਰਵੀਨ ਕੁਮਾਰ, ਤਰਲੋਚਨ ਸਿੰਘ, ਜਸਵਿੰਦਰ ਸਿੰਘ, ਹਰਮੇਸ਼ ਕੁਮਾਰ, ਅਵਤਾਰ ਸਿੰਘ, ਹਰਭਜਨ ਸਿੰਘ, ਮਨਜੀਤ ਸਿੰਘ, ਜਗਦੀਸ਼ ਸਿੰਘ, ਬੂਟਾ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਾਜ਼ਰ ਸਨ।



# ਅੱਖਾਂ ਦੀਆਂ ਬਿਮਾਰੀਆਂ ਦਾ ਕੈਂਪ ਲਗਾਇਆ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**-ਲਾਇਨਜ਼ ਕਲੱਬ ਆਦਮਪੁਰ ਦੋਆਬਾਦੇ ਸਹਿਯੋਗ ਨਾਲ ਲਾਇਨਜ਼ ਆਈ ਹਸਪਤਾਲ ਚੈਰੀਟੇਬਲ ਸੁਸਾਇਟੀ ਆਦਮਪੁਰ ਵੱਲੋਂ ਪਿੰਡ ਸੰਘਵਾਲ ਵਿਖੇ ਅੱਖਾਂ ਦੀਆਂ ਬਿਮਾਰੀਆਂ ਦਾ ਕੈਂਪ ਲਗਾਇਆ ਗਿਆ। ਕੈਂਪ ਵਿੱਚ ਡਾਕ. ਕੁਲਦੀਪ ਸਿੰਘ ਅਤੇ ਉਹਨਾਂ ਦੇ ਸਮੂਹ ਸਟਾਫ ਵੱਲੋਂ ਮਰੀਜ਼ਾਂ ਦੀ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਕੈਂਪ ਵਿੱਚ 120 ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ 32 ਮਰੀਜ਼ਾਂ ਨੂੰ ਆਪਰੇਸ਼ਨ ਵਾਸਤੇ ਆਦਮਪੁਰ ਵਿਖੇ ਬੁਲਾਇਆ ਗਿਆ।

# ਰੇਲ ਗੱਡੀ ਦੀ ਲਪੇਟ 'ਚ ਆਉਣ ਨਾਲ ਵਿਅਕਤੀ ਦੀ ਮੌਤ

**ਫਿਲੌਰ, (ਨਿਰਮਲ)**-ਰੇਲਵੇਂ ਪੁਲਸ ਚੌਂਕੀ ਫਿਲੌਰ ਦੇ ਇੰਚਾਰਜ ਥਾਣੇਦਾਰ ਹਰਮੇਸ਼ ਲਾਲ ਨੇ ਦੱਸਿਆ ਕਿ ਫਿਲੌਰ ਨੇੜੇ ਇੱਕ 40-45 ਸਾਲਾਂ ਮੋਨਾ ਵਿਅਕਤੀ ਲਾਈਨਾਂ ਪਾਰ ਕਰਦੇ ਹੋਏ ਮਾਲ ਰੇਲ ਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਗੰਭੀਰ ਜ਼ਖਮੀ ਹੋ ਗਿਆ ਜਿਸ ਨੂੰ ਜ਼ਖਮੀ ਹਾਲਤ ਵਿੱਚ ਸਿਵਲ ਹਸਪਤਾਲ ਫਿਲੌਰ ਲੈ ਜਾਇਆ ਜਾ ਰਿਹਾ ਸੀ ਪਰ ਉਸ ਦੀ ਰਾਹ ਵਿੱਚ ਹੀ ਮੌਤ ਹੋ ਗਈ। ਮ੍ਰਿਤਕ ਦੀ ਪਹਿਚਾਨ ਨਹੀਂ ਹੋ ਸਕੀ ਉਸ ਦੀ ਦਾੜੀ ਮੁੱਛਾਂ ਕੁਤਰਾਵੀਆਂ, ਨੀਲੀ ਚਿੱਟੀ ਚੈੱਕਦਾਰ ਕਮੀਜ਼, ਗਰਮ ਕਾਲੇ ਰੰਗ ਦਾ ਪਜਾਮਾ, ਪੈਰਾਂ ਵਿੱਚ ਕਾਲੇ ਰੰਗ ਦੀ ਮੁਰਗਾਬੀ ਪਾਈ ਹੋਈ ਸੀ। ਲਾਸ਼ 72 ਘੰਟੇ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਰੱਖ ਕੇ ਉਸ ਦੇ ਵਾਰਸਾਂ ਦਾ ਪਤਾ ਲਗਾਉਣ ਦੇ ਯਤਨ ਕੀਤੇ ਜਾ ਰਹੇ ਹਨ।

# ਪੀ ਏ ਪੀ 'ਚ ਹੋਈ ਰਿਕਰੂਟ ਸਿਪਾਹੀਆਂ ਦੀ ਸ਼ਾਨਦਾਰ ਪਾਸਿੰਗ ਆਊਟ ਪਰੇਡ



**ਜਲੰਧਰ, (ਸੁਰਿੰਦਰ ਕੁਮਾਰ)**

ਸਪੈਸ਼ਲ.ਡੀ.ਜੀ.ਪੀ., ਐਚ.ਆਰ.ਡੀ. ਈਸ਼ਵਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੀ ਏ ਪੀ ਸਿਖ਼ਲਾਈ ਕੇਂਦਰ, ਜਲੰਧਰ ਛਾਉਣੀ ਵਿਖੇ ਬੈਚ ਨੰਬਰ 185 ਦੇ ਰਿਕਰੂਟ ਸਿਪਾਹੀਆਂ ਦੀ ਪਾਸਿੰਗ ਆਊਟ ਪਰੇਡ ਹੋਈ।ਇਸ ਦੌਰਾਨ ਆਰਮਡ ਕੇਡਰ ਦੇ 46 (39 ਪੁਰਸ਼ ਅਤੇ 7 ਮਹਿਲਾ), ਤਕਨੀਕੀ ਸੇਵਾਵਾਂ ਵਿਭਾਗ ਦੇ 21 (17 ਪੁਰਸ਼, 4 ਮਹਿਲਾ) ਇੰਟੈਲੀਜੈਂਸ ਵਿਭਾਗ ਦੇ 7 (4 ਪੁਰਸ਼ ਅਤੇ 3 ਮਹਿਲਾ) ਕੁੱਲ 74 ਰਿਕਰੂਟ ਸਿਪਾਹੀ ਆਪਣੀ ਮੁੱਢਲੀ ਸਿਖ਼ਲਾਈ ਹਾਸਲ ਕਰਨ ਤੋਂ ਬਾਅਦ ਪਾਸ ਆਊਟ ਹੋਏ। ਇਨ੍ਹਾਂ ਜਵਾਨਾਂ ਨੂੰ ਮੁੱਢਲੀ ਸਿਖ਼ਲਾਈ ਦੌਰਾਨ ਆਊਟਡੋਰ ਅਤੇ ਇਨਡੋਰ ਵਿਸ਼ਿਆਂ ਵਿੱਚ ਸਿਖ਼ਲਾਈ ਦਿੱਤੀ ਗਈ ਹੈ।ਕਮਾਂਡੈਂਟ ਰਿਕਰੂਟ ਟ੍ਰੇਨਿੰਗ ਜਲੰਧਰ ਮਨਦੀਪ ਸਿੰਘ ਗਿੱਲ ਇਸ ਪਾਸਿੰਗ ਆਊਟ ਪਰੇਡ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਉਨ੍ਹਾਂ ਸ਼ਾਨਦਾਰ ਪਾਸਿੰਗ ਆਊਟ ਪਰੇਡ ਤੋਂ ਸਲਾਮੀ ਲਈ ਅਤੇ ਪਰੇਡ ਦਾ ਨਿਰੀਖਣ ਕੀਤਾ। ਗੁਰਤੇਜਿੰਦਰ ਸਿੰਘ ਔਲਖ ਕਮਾਂਡੈਂਟ 7ਵੀਂ ਬਟਾਲੀਅਨ ਪੀ ਏਪੀ ਜਲੰਧਰ ਛਾਉਣੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਮੁੱਖ ਮਹਿਮਾਨ ਨੇ ਟ੍ਰੇਨਿੰਗ ਵਿੱਚ ਪਾਸ ਹੋਣ 'ਤੇ ਸਿਖਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਚੰਗੇ ਪੁਲਿਸ ਅਫ਼ਸਰ ਬਣਨ ਤੇ ਅਨੁਸ਼ਾਸਨ ਵਿੱਚ ਰਹਿ ਕੇ ਕਾਨੂੰਨ ਅਨੁਸਾਰ ਸਮਾਜ ਦੀ ਨਿਰਪੱਖਤਾ ਨਾਲ ਸੇਵਾ ਕਰਨ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਸਿਖਿਆਰਥੀਆਂ ਨੂੰ ਟ੍ਰੇਨਿੰਗ ਤੋਂ ਬਾਅਦ ਆਪਣੀਆਂ ਸੇਵਾਵਾਂ ਨਾਲ ਸਮਾਜ ਅਤੇ ਪੁਲਿਸ ਵਿਭਾਗ ਨੂੰ ਹੋਰ ਬਿਹਤਰ ਬਣਾਉਣ ਲਈ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਮੁੱਖ ਮਹਿਮਾਨ ਵੱਲੋਂ ਸਿਖ਼ਲਾਈ ਦੌਰਾਨ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਜਵਾਨਾਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਰਿਕਰੂਟ ਸਿਪਾਹੀ ਅਕਾਸ਼ਦੀਪ ਸਿੰਘ 3-ਸੀ/379 ਫਸਟ ਆਊਟਡੋਰ, ਰਿਕਰੂਟ ਮਹਿਲਾ ਸਿਪਾਹੀ ਅੰਜੂ ਰਾਣੀ 2-ਸੀ/339, ਫਸਟ ਇਨਡੋਰ, ਰਿਕਰੂਟ ਸਿਪਾਹੀ ਕੇਸ਼ਵ ਦਿਵੇਦੀ 75/795 ਬੈਸਟ ਮਾਰਕਸਮੈਨ, ਰਿਕਰੂਟ ਮਹਿਲਾ ਸਿਪਾਹੀ ਅੰਜੂ ਰਾਣੀ 2-ਸੀ/339, ਪਰੇਡ ਕਮਾਂਡਰ, ਰਿਕਰੂਟ ਸਿਪਾਹੀ ਮਨਿੰਦਰ ਸਿੰਘ 82/417 ਨੂੰ ਸੈਕਿੰਡ ਪਰੇਡ ਕਮਾਂਡਰ ਐਲਾਨਿਆ ਗਿਆ।ਪਾਸਿੰਗ ਆਊਟ ਪਰੇਡ ਤੋਂ ਬਾਅਦ ਬੈਂਡ ਡਿਸਪਲੇ, ਭੰਗੜਾ ਅਤੇ ਗਿੱਧੇ ਦਾ ਸ਼ੋਅ ਪੇਸ਼ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵੱਖ-ਵੱਖ ਯੂਨਿਟਾਂ ਦੇ ਗਜ਼ਟਿਡ ਅਫ਼ਸਰ, ਆਰ ਟੀ ਸੀ ਸਟਾਫ਼ ਅਤੇ ਜਵਾਨਾਂ ਦੇ ਪਰਵਾਰਕ ਮੈਂਬਰ ਵੀ ਮੌਜੂਦ ਸਨ।

# ਸ਼੍ਰੋਮਣੀ ਅਕਾਲੀ ਦਲ ਨੇ ਮਿਹਨਤੀ ਵਰਕਰਾਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ : ਲੱਖੀ , ਮਿਆਣੀ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਜ਼ਿਲ੍ਹੇ ਦੇ ਨਵੇਂ ਬਣੇ ਅਹੁਦੇਦਾਰਾਂ ਦਾ ਸਨਮਾਨ ਕੀਤਾ। ਇਸ ਮੌਕੇ ਜਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਲਖਵਿੰਦਰ ਸਿੰਘ ਲੱਖੀ ਤੇ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਨੀ ਦੀ ਅਗਵਾਈ ਹੇਠ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਹੁਸ਼ਿਆਰਪੁਰ ਦੀ ਜ਼ਿਲਾ ਜੱਥੇਬੰਦੀ ਵਿੱਚ ਨਿਯੁਕਤ ਕੀਤੇ ਗਏ ਜ਼ਿਲ੍ਹਾ ਮੀਤ ਪ੍ਰਧਾਨ ਕਮਲਜੀਤ ਸਿੰਘ ਮੂਨਕ ਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਰਤਨ ਸਿੰਘ ਖੁੱਡਾ ਆਦਿ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ। ਇਸ ਮੌਕੇ ਤੇ ਜ਼ਿਲਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਅਤੇ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਨੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਮਿਹਨਤੀ ਅਤੇ ਵਫਾਦਾਰ ਆਗੂਆਂ ਨੂੰ ਹਮੇਸ਼ਾ ਮਾਣ ਸਤਿਕਾਰ ਦਿੱਤਾ ਹੈ ਤੇ ਉਕਤ ਆਗੂਆਂ ਦੀ ਵਫਾਦਾਰੀ ਨੂੰ ਦੇਖਦਿਆਂ ਹੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਅਹੁਦੇ ਦੇ ਕੇ ਵੱਡੀਆਂ ਜ਼ਿੰਮੇਦਾਰੀਆਂ ਦੇ ਕੇ ਵੱਡਾ ਮਾਣ ਸਤਿਕਾਰ ਦਿੱਤਾ ਹੈ।ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਐਸ ਸੀ ਵਿੰਗ ਹੁਸ਼ਿਆਰਪੁਰ ਦਿਹਾਤੀ ਸਰਬਜੀਤ ਸਿੰਘ ਮੋਮੀ, ਕੁਲਵਿੰਦਰ ਸਿੰਘ ਕਿੰਦਾ, ਯੂਥ ਆਗੂ ਕਰਨ ਧੁੱਗਾ, ਸਿਮਰਜੀਤ ਸਿੰਘ ਅਟਵਾਲ ਅਮਰਜੀਤ ਕਲਸੀਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਆਗੂ ਤੇ ਵਰਕਰ ਹਾਜ਼ਰ ਸੀ।

# ਸਿੱਧ ਬਾਬਾ ਬਾਲਕ ਨਾਥ ਦਾ ਜਾਗਰਣ ਕਰਵਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਪੌਣਾਂ ਹਾਰੀ ਸਿੱਧ ਬਾਬਾ ਬਾਲਕ ਨਾਥ ਜੀ ਦੀ ਯਾਦ ਵਿੱਚ ਸਿੱਧ ਬਾਬਾ ਬਾਲਕ ਨਾਥ ਮੰਦਰ, ਬਸੀ ਰੋਡ ਮੋਰਿੰਡਾ ਵਿਖੇ ਵਿਸ਼ਾਲ ਜਾਗਰਣ ਕਰਵਾਇਆ ਗਿਆ। ਇਸ ਮੌਕੇ ਇਲਾਕਾ ਨਿਵਾਸੀਆਂ ਨੇ ਫਿਰਕਾਪ੍ਰਸਤੀ ਤੋਂ ਉਪਰ ਉਠ ਕੇ ਸਭ ਧਰਮਾਂ ਦੇ ਲੋਕਾਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੰਦਰ ਦੇ ਮੁੱਖ ਸੇਵਾਦਾਰ ਤਰਸੇਮ ਲਾਲ ਭਗਤ ਨੇ ਦੱਸਿਆ ਕਿ ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਤਾ ਆਸ਼ਾ ਪੂਰਨੀ ਮੋਹਾਲੀ ਵਾਲਿਆਂ ਵਲੋਂ ਸਿੱਧ ਬਾਬਾ ਬਾਲਕ ਨਾਥ ਜੀ ਦੇ ਜੀਵਨ ਬਾਰੇ ਗੁਣਗਾਨ ਕਰਕੇ ਸ਼ਰਧਾਲੂਆਂ ਨੂੰ ਨਿਹਾਲ ਕੀਤਾ। ਇਸੇ ਤਰ੍ਹਾਂ ਪ੍ਰਸਿੱਧ ਕਲਾਕਾਰ ਦਿਲਬਾਗ ਸਿੰਘ ਬੇਈਮਾਨ ਨੇ ਅਪਣੀ ਕਲਾ ਦਾ ਇਜ਼ਹਾਰ ਕਰਦਿਆਂ ਹਾਜ਼ਰੀ ਲਗਵਾਈ। ਇਸ ਮੌਕੇ ਬਾਬਾ ਸੁਰਿੰਦਰ ਭੂਖੜੀ ਵਾਲੇ, ਬਾਬਾ ਬਲਵੀਰ ਗੜਾਂਗਾ ਵਾਲੇ, ਕਾਲਾ ਬਾਬਾ ਹਰਪੋਲੀਓ ਮੰਦਰ, ਬੀਬੀ ਜਸਵੀਰ ਕੌਰ ਕੀਰਤਪੁਰ, ਬਾਬਾ ਭਿੰਦਰ ਖੰਨਾ, ਬਾਬਾ ਕੁਲਵਿੰਦਰ ਨਿਊਂਆਂ, ਸ਼ਮੀ ਭਗਤ ਖਨੌਰੀ, ਸੋਨੂ ਭਗਤ ਚਾਰਨੀਆਂ, ਬਾਬਾ ਬਲਵੀਰ ਬਧਾਵਨ ਚੰਡੀਗੜ੍ਹ, ਬੀਬੀ ਸ਼ਬਨਮ ਸਮਰਾਲਾ, ਮਹੰਤ ਪਰਮਜੀਤ ਦੇਵਾ ਅਤੇ ਭਗਤ ਮੋਹਣ ਲਾਲ ਬੱਧੀ ਆਦਿ ਮਹਾਂਪੁਰਖਾਂ ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸ਼ਰਧਾਲੂਆਂ ਨੂੰ ਅਸ਼ੀਰਵਾਦ ਦਿੱਤਾ। ਜਾਗਰਣ ਦੇ ਅੰਤ ਵਿਚ ਮੰਦਰ ਦੇ ਮੁੱਖ ਸੇਵਾਦਾਰ ਭਗਤ ਤਰਸੇਮ ਲਾਲ ਨੇ ਜਾਗਰਣ ਵਿੱਚ ਹਾਜ਼ਰੀਆਂ ਲਗਵਾਉਣ ਵਾਲੀਆਂ ਕੀਰਤਨ ਮੰਡਲੀਆਂ, ਮਾਤਾ ਆਸ਼ਾ ਪੂਰਨੀ ਜੀ ਅਤੇ ਪਤਵੰਤੇ ਸੱਜਣਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭੰਡਾਰਾ ਅਤੁੱਟ ਵਰਤਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਲੈਂਡ ਮਾਰਗੇਜ਼ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਮਹਿੰਦਰ ਸਿੰਘ ਸੋਚ, ਮਨਦੀਪ ਸਿੰਘ ਕੰਗੜ, ਮਾਂ ਹਾਕਮ ਸਿੰਘ, ਮਾ ਗੁਰਚਰਨ ਸਿੰਘ, ਹਰਚੰਦ ਸਿੰਘ, ਰਜਨੀਸ਼ ਮਿੰਠੂ, ਹਰੀ ਓਮ, ਦਵਿੰਦਰ ਸਿੰਘ ਆਦਿ ਪਤਵੰਤੇ ਸੱਜਣ ਹਾਜ਼ਰ ਸਨ ।



# ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਕਾਤਲਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਨੂੰ ਲੈ ਟਰੈਫਿਕ ਜਾਮ

## ਮੰਗਾਂ ਦੇ ਨਿਪਟਾਰੇ ਤੋਂ ਬਿਨਾਂ ਸਸਕਾਰ ਨਹੀਂ ਕੀਤਾ ਜਾਵੇਗਾ : ਪੀੜਤ ਪਰਵਾਰ

**ਕਪੂਰਥਲਾ, (ਮਨਜੀਤ ਮਾਨ)**

ਜ਼ਿਲ੍ਹਾ ਪੁਲਸ ਪ੍ਰਸ਼ਾਸਨ ਵਲੋਂ ਸਿਆਸੀ ਦਬਾਅ ਹੇਠ ਧਾਰਨ ਕੀਤੇ ਦਲਿਤ ਵਿਰੋਧੀ ਰਵੱਈਏ ਦੇ ਰੋਸ ਵਜੋਂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਨੇ ਅੰਮ੍ਰਿਤਸਰ-ਜਲੰਧਰ ਮੁੱਖ ਸੜਕ ਨੂੰ ਜਾਮ ਕਰਕੇ ਪ੍ਰਦਰਸ਼ਨ ਕੀਤਾ। ਇਹ ਜਾਮ ਸ਼ਾਮ 4:30 ਵਜੇ ਲਗਾਇਆ ਤੇ 6:30 ਵਜੇ ਖ਼ਤਮ ਕੀਤਾ ਗਿਆ। ਮੌਕੇ 'ਤੇ ਐੱਸ ਐੱਸ ਪੀ ਤਰਫੋਂ ਕਪਤਾਨ ਪੁਲਸ ਸਥਾਨਕ ਗੁਰਪ੍ਰੀਤ ਸਿੰਘ ਗਿੱਲ ਤੇ ਕਪਤਾਨ ਪੁਲਿਸ (ਜਾਂਚ) ਹਰਿੰਦਰ ਸਿੰਘ ਗਿੱਲ ਨੇ ਯੂਨੀਅਨ ਆਗੂਆਂ ਤੇ ਪੀੜਤ ਪਰਵਾਰ ਨਾਲ ਮੀਟਿੰਗ ਕਰਨ ਉਪਰੰਤ ਧਰਨਾਕਾਰੀਆਂ ਵਿੱਚ ਆ ਕੇ ਤਿੰਨ ਦਿਨ ਤੱਕ ਰਵੀ ਕਤਲ ਕਾਂਡ ਵਿੱਚ ਸ਼ਾਮਲ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਤੇ ਐੱਸ ਸੀ ਐੱਸ ਟੀ ਐਕਟ ਤਹਿਤ ਪੀੜ੍ਹਤ ਪਰਿਵਾਰ ਨੂੰ ਮੁਆਵਜ਼ਾ ਦੇਣ ਦਾ ਭਰੋਸਾ ਦਿੱਤਾ ਤਾਂ ਯੂਨੀਅਨ ਨੇ ਸੜਕ ਤੋਂ ਜਾਮ ਖ਼ਤਮ ਕੀਤਾ। ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਯੂਨੀਅਨ ਦੇ ਯੂਥ ਵਿੰਗ ਦੇ ਆਗੂ ਗੁਰਪ੍ਰੀਤ ਸਿੰਘ ਚੀਦਾ ਅਤੇ ਯੂਨੀਅਨ ਦੇ ਸੂਬਾ ਆਗੂ ਨਿਰਮਲ ਸਿੰਘ ਸ਼ੇਰਪੁਰ ਸੱਧਾ ਨੇ ਥਾਣਾ ਅੱਗੇ ਦਿਨ ਰਾਤ ਦਾ ਧਰਨਾ ਜਾਰੀ ਰੱਖਣ ਤੇ ਪੁਲਿਸ ਪ੍ਰਸ਼ਾਸਨ ਵਲੋਂ ਕੀਤੇ ਗਏ ਵਾਅਦੇ ਤੋਂ ਮੁਕਰਨ 'ਤੇ ਸ਼ੁਕਰਵਾਰ ਤੋਂ ਬਾਅਦ ਹਾਈਵੇ ਜਾਮ ਕਰਨ ਦਾ ਐਲਾਨ ਕੀਤਾ। ਇਸ ਮੌਕੇ ਪੀੜ੍ਹਤ ਪਰਵਾਰ ਵੱਲੋਂ ਮੰਗਾਂ ਦੇ ਨਿਪਟਾਰੇ ਤੋਂ ਬਿਨ੍ਹਾਂ ਮ੍ਰਿਤਕ ਰਵੀ ਦਾ ਸੰਸਕਾਰ ਨਾ ਕਰਨ ਦਾ ਧਰਨਾਕਾਰੀਆਂ ਵਿੱਚ ਫ਼ੈਸਲਾ ਸੁਣਾਇਆ।ਇਸ ਮੌਕੇ ਯੂਨੀਅਨ ਆਗੂਆਂ ਨੇ ਕਿਹਾ ਕਿ ਹਮਲਾਵਰਾਂ ਵਲੋਂ ਬੁਰ੍ਹੀ ਤਰ੍ਹਾਂ ਕੀਤੀ ਕੁੱਟਮਾਰ ਉਪਰੰਤ ਮ੍ਰਿਤਕ ਦਲਿਤ ਨੌਜਵਾਨ ਰਵੀ ਦੀ 4 ਮਾਰਚ ਦੀ ਮੌਤ ਹੋ ਗਈ।ਉਸ ਦਿਨ ਇਨਸਾਫ਼ ਲਈ ਪੀੜਤ ਪਰਵਾਰ ਰੁਲ ਰਿਹਾ,13 ਮਾਰਚ ਤੋਂ ਥਾਣੇ ਅੱਗੇ ਦਿਨ ਰਾਤ ਦਾ ਧਰਨਾ ਲਾ ਕੇ ਬੈਠਾ ਪ੍ਰੰਤੂ ਸੁਭਾਨਪੁਰ ਤੋਂ 8 ਕਿਲੋਮੀਟਰ ਦੂਰ ਬੈਠੇ ਐੱਸ ਐੱਸ ਪੀ ਪਾਸ ਪੀੜ੍ਹਤਾਂ ਨੂੰ ਨਿਆਂ ਦਿਵਾਉਣ ਲਈ ਸਮਾਂ ਤੱਕ ਨਹੀਂ ਮਿਲਿਆ ਅਤੇ ਪੁਲਸ ਨਫ਼ਰੀ ਦੀ ਘਾਟ ਦੱਸ ਕੇ ਕੇਸ ਵਿੱਚ ਨਾਮਜ਼ਦ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਤੋਂ ਆਨਾਕਾਨੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਜ਼ਿਲ੍ਹਾ ਪ੍ਰਸ਼ਾਸਨ ਨੇ ਮਜ਼ਬੂਰ ਕੀਤਾ ਤਾਂ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਨੈਸ਼ਨਲ ਹਾਈਵੇ ਜਾਮ ਕੀਤਾ ਜਾਵੇਗਾ ਤੇ ਮ੍ਰਿਤਕ ਦੇਹ ਵੀ ਸੜਕ ਉੱਤੇ ਲਿਆਂਦੀ ਜਾਵੇਗੀ।ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਜਵਾਲਾਪੁਰ, ਤਹਿਸੀਲ ਪ੍ਰਧਾਨ ਅਮਰੀਕ ਸਿੰਘ ਬੂਲੇਵਾਲ,ਨਾਵਲ ਗਿੱਲ ਟਾਹਲੀ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਅਤੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਭੁੱਲਰ ਆਦਿ ਨੇ ਸੰਬੋਧਨ ਕੀਤਾ।





# ਨਸ਼ੇ ਦੀਆਂ ਗੋਲੀਆਂ ਸਮੇਤ 2 ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**-ਪੁਲਸ ਵਲੋਂ ਨਸ਼ੇ ਦੀਆਂ 35 ਗੋਲੀਆਂ ਸਮੇਤ ਦੋ ਨੌਜਵਾਨਾਂ ਨੂੰ ਕਾਬੂ ਕਰ ਕੇ ਮਾਮਲਾ ਦਰਜ ਕੀਤਾ ਗਿਆ । ਪੁਲਿਸ ਥਾਣਾ ਪੋਜੇਵਾਲ ਵਿਖੇ ਦਰਜ ਮਾਮਲੇ ਅਨੁਸਾਰ ਏ ਐੱਸ ਆਈ ਗਗਨਦੀਪ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਪਿੰਡ ਸੜੋਆ ਵੱਲ ਨੂੰ ਜਾ ਰਹੇ ਸਨ। ਜਦੋਂ ਪੁਲਸ ਪਾਰਟੀ ਸੜੋਆ ਨੇੜੇ ਇੱਟਾਂ ਦੇ ਭੱਠੇ ਕੋਲ ਪੁੱਜੀ ਤਾਂ ਉਨ੍ਹਾਂ ਸਾਹਮਣੇ ਤੋਂ ਆ ਰਹੇ ਦੋ ਵਿਅਕਤੀਆਂ ਨੂੰ ਦੇਖਿਆ ਜਿਨ੍ਹਾਂ ਪੁਲਿਸ ਪਾਰਟੀ ਨੂੰ ਦੇਖ ਕੇ ਆਪਣੀ-ਆਪਣੀ ਪੈਂਟ ਦੀਆਂ ਜੇਬਾਂ 'ਚੋਂ ਇਕ-ਇਕ ਲਿਫਾਫੀ ਕੱਢ ਕੇ ਘਾਹ ਫੂਸ 'ਚ ਸੁੱਟ ਦਿੱਤੀਆਂ ਅਤੇ ਉੱਥੋਂ ਖਿਸਕਣ ਦੀ ਕੋਸ਼ਿਸ਼ ਕੀਤੀ ਪਰ ਪੁਲਿਸ ਪਾਰਟੀ ਨੇ ਉਨ੍ਹਾਂ ਨੂੰ ਕਾਬੂ ਕਰ ਲਿਆ। ਪੁੱਛਣ 'ਤੇ ਉਨ੍ਹਾਂ ਆਪਣਾ ਨਾਂਅ ਮਨਦੀਪ ਕੁਮਾਰ ਉਰਫ਼ ਭੀਬੜ ਪੁੱਤਰ ਜਗਦੀਸ਼ ਰਾਏ ਤੇ ਸੰਦੀਪ ਕੁਮਾਰ ਉਰਫ਼ ਸੀਪਾ ਪੁੱਤਰ ਸੀਤਾ ਰਾਮ ਵਾਸੀ ਪਿੰਡ ਪੋਜੇਵਾਲ ਦੱਸਿਆ। ਜਦੋਂ ਪੁਲਿਸ ਨੇ ਮਨਦੀਪ ਵੱਲੋਂ ਸੁੱਟੀ ਲਿਫਾਫੀ 'ਚੋਂ 17 ਤੇ ਸੰਦੀਪ ਵੱਲੋਂ ਸੁੱਟੀ ਲਿਫਾਫੀ ਵਿਚੋਂ 18 ਨਸ਼ੇ ਦੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਕਥਿਤ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਨ ਸਾਮਰਾਜ ਵਿਰੁੱਧ ਮਨਾਇਆ ਜਾਵੇਗਾ : ਐੱਸ ਕੇ ਐੱਮ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਇੱਥੇ ਸੰਯੁਕਤ ਕਿਸਾਨ ਮੋਰਚਾ ਤੇ ਹੋਰ ਮੁਲਾਜ਼ਮ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਪੈਨਸ਼ਨਰ ਐਸੋਸੀਏਸ਼ਨ ਦੇ ਦਫਤਰ ਵਿਖੇ ਤਿਲਕ ਰਾਜ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸੰਯੁਕਤ ਕਿਸਾਨ ਮੋਰਚੇ ਤੇ ਵੱਖ ਵੱਖ ਜਥੇਬੰਦੀਆਂ ਦੇ ਸੱਦੇ ਤੇ 23 ਮਾਰਚ ਨੂੰ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਅਤੇ ਉਸ ਦੇ ਸਾਥੀਆਂ ਦਾ ਸ਼ਹੀਦੀ ਦਿਨ ਸਾਮਰਾਜ ਵਿਰੋਧ ਦੇ ਤੌਰ ਤੇ ਮਨਾਇਆ ਜਾਵੇਗਾ।ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਮਰੀਕਾ ਸਾਮਰਾਜ ਨਾਲ ਮੁਕਤ ਵਪਾਰ ਸਮਝੌਤੇ ਕਰਕੇ ਦੇਸ਼ ਦੀ ਕਿਸਾਨੀ ਨੂੰ ਤਬਾਹ ਕਰਨ ਵਿੱਚ ਲੱਗੀ ਹੋਈ ਹੈ।ਸੰਯੁਕਤ ਕਿਸਾਨ ਮੋਰਚੇ ਨੇ ਇਹ ਸੱਦਾ ਦਿੱਤਾ ਕਿ ਦੇਸ਼ ਦੇ ਅੰਦਰ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਰੋਹ ਨੂੰ ਤਿੱਖਾ ਕੀਤਾ ਜਾਵੇ ਤੇ 23 ਮਾਰਚ ਦਾ ਦਿਨ ਵੱਡੇ ਪੱਧਰ ਤੇ ਮਨਾਇਆ ਜਾਵੇ।ਮੀਟਿੰਗ ਵਿੱਚ ਹਾਜ਼ਰ ਸਾਥੀਆਂ ਦਾ ਫੈਸਲਾ ਕੀਤਾ ਕਿ 11 ਵਜੇ ਅਨੰਦਪੁਰ ਬੱਸ ਸਟੈਂਡ ਤੇ ਇਕੱਤਰ ਹੋਣਗੇ। ਇਸ ਤੋਂ ਬਾਅਦ ਸ਼ਹਿਰ ਵਿੱਚ ਮਾਰਚ ਕਰਕੇ ਮੋਦੀ ਦੇ ਨੇੜਲੇ ਮਿੱਤਰ ਟਰੰਪ ਅਤੇ ਨੇਤਨਯਾਹੂ ਦਾ ਪੁਤਲਾ ਵੀ ਫੂਕਿਆ ਜਾਵੇਗਾ।

ਆਗੂਆਂ ਨੇ ਇਲਾਕੇ ਦੇ ਇਨਕਲਾਬੀ ਤੇ ਹੋਰ ਜਥੇਬੰਦੀਆਂ ਦੇ ਸਾਥੀਆਂ ਨੂੰ ਸੱਦਾ ਦਿੱਤਾ ਕਿ ਉਹ 23 ਮਾਰਚ ਨੂੰ 11 ਵਜੇ ਸ੍ਰੀ ਆਨੰਦਪੁਰ ਸਾਹਿਬ ਬੱਸ ਸਟੈਂਡ ਤੇ ਪੁੱਜਣ। ਇਸ ਮੀਟਿੰਗ ਵਿੱਚ ਅਮਰੀਕਾ ਤੇ ਇਜ਼ਰਾਈਲ ਵਲੋਂ ਇਰਾਨ ਤੇ ਕੀਤੇ ਜਾ ਰਹੇ ਹਮਲਿਆਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਇਰਾਨ ਵਿੱਚ ਹਮਲੇ ਚ ਮਾਰੀਆਂ ਬੱਚੀਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਂਟ ਕੀਤੀ।ਮੀਟਿੰਗ ਵਿੱਚ ਕਾਮਰੇਡ ਸੁਰਜੀਤ ਸਿੰਘ ਢੇਰ, ਦਵਿੰਦਰ ਕੁਮਾਰ ਨੰਗਲੀ, ਤਰਸੇਮ ਲਾਲ ਬੜਵਾ, ਰਾਮਪਾਲ, ਇੰਦਰਜੀਤ ਸਿੰਘ ਫੌਜੀ, ਗੁਰਨਾਮ ਸਿੰਘ ਔਲਖ, ਸਾਥੀ ਸੁਸ਼ੀਲ ਕੁਮਾਰ, ਗੁਲਜਾਰ ਸਿੰਘ, ਮਾਸਟਰ ਬੀਰ ਸਿੰਘ, ਹਿੰਮਤ ਸਿੰਘ ਵੀ ਹਾਜ਼ਰ ਸਨ।



# ਡਿਜੀਟਲ ਭੁਗਤਾਨ ਨਾਲ ਛੋਟੇ ਵਪਾਰੀਆਂ ਨੂੰ ਮਿਲ ਰਹੀ ਨਵੀਂ ਮਜ਼ਬੂਤੀ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਵਿਰੋਧੀ ਧਿਰ ਵੱਲੋਂ ਆਨਲਾਇਨ ਖਰੀਦਾਰੀ ਦੀ ਵੱਧਦੀ ਪ੍ਰਵਿ੍ਤੀ ਦੇ ਕਾਰਨ ਰਾਜ ਦੇ ਛੋਟੇ ਦੁਕਾਨਦਾਰਾਂ ਦੇ ਕਾਰੋਬਾਰ 'ਤੇ ਪ੍ਰਤੀਕੂਲ ਪ੍ਰਭਾਵ ਪੈਣ ਦੇ ਸੁਆਲਾਂ ਦੇ ਜਵਾਬ ਦਿੰਦੇ ਹੋਏ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਭਾਰਤ ਵਿਸ਼ਵ ਵਿੱਚ ਉਹ ਸ਼ਕਤੀ ਬਣ ਕੇ ਉਭਰਿਆ ਹੈ, ਜਿੱਥੇ ਰੇਹੜੀ-ਫੜੀ ਵਾਲੇ ਵੀ ਯੂ ਪੀ ਆਈ ਡਿਜੀਟਲ ਪੇਮੈਂਟ ਦੀ ਵਰਤੋ ਕਰ ਰਹੇ ਹਨ। ਕਿਸੇ ਵਪਾਰੀ ਜਾਂ ਦੁਕਾਨਦਾਰ ਨੂੰ ਕਿਸੇ ਤਰ੍ਹਾ ਦੀ ਕੋਈ ਦਿਕੱਤ ਨਹੀਂ ਹੈ। ਜੇਕਰ ਦਿਕੱਤ ਕਿਸੇ ਨੂੰ ਹੈ ਤਾਂ ਕਾਂਗਰਸ ਨੂੰ ਹੈ।ਮੁੱਖ ਮੰਤਰੀ ਬੁੱਧਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਵਿੱਚ ਸੁਆਲਸਮੇਂ ਦੌਰਾਨ ਵਿਧਾਇਕ ਸ੍ਰੀ ਬਲਵਾਨ ਸਿੰਘ ਦੌਲਤਪੁਰਿਆ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।ਵਿਧਾਇਕ ਵੱਲੋਂ ਛੋਟੇ ਰਿਟੇਲ ਵਪਾਰੀਆਂ ਨੂੰ ਸਮਰਥਨ ਦੇਣ ਲਈ ਆਨਲਾਇਨ ਖਰੀਦਾਰੀ 'ਤੇ ਭਾਰੀ ਟੈਕਸ ਲਗਾਉਣ ਦੇ ਪ੍ਰਸਤਾਵ ਦੇ ਸੁਆਲ 'ਤੇ ਮੁੱਖ ਮੰਤਰੀ ਨੇ ਜਵਾਬ ਦਿੰਦੇ ਹੋਏ ਕਿਹਾ ਕਿ ਵਿਰੋਧੀ ਧਿਰ ਨੂੰ ਤੱਥਾਂ ਦੀ ਜਾਣਕਾਰੀ ਹੀ ਨਹੀਂ ਹੈ ਤੇ ਉਹ ਜਾਣਕਾਰੀ ਦੇ ਅਭਾਵ ਵਿੱਚ ਅਜਿਹੀ ਗੱਲਾਂ ਕਰਦੇ ਹਨ।ਨਾਇਬ ਸਿੰਘ ਸੈਨੀ ਨੇ ਕਿਹਾ ਕਿ ਕੋਰੋਨਾ ਸਮੇਂ ਵਿੱਚ ਵੀ ਕਿਸੇ ਰੇਹੜੀ-ਫੜੀ ਵਾਲਿਆਂ ਨੂੰ ਕਿਸੇ ਤਰ੍ਹਾ ਦੀ ਪਰੇਸ਼ਾਨੀ ਨਾ ਹੋਵੇ, ਇਸ ਦੇ ਲਈ ਕੇਂਦਰ ਸਰਕਾਰ ਨੇ ਰੇਹੜੀ-ਫੜੀ ਵਾਲਿਆਂ ਨੂੰ ਬਿਨ੍ਹਾਂ ਵਿਆਜ ਦੇ 10 ਹਜਾਰ ਰੁਪਏ ਤੱਕ ਦਾ ਲੋਨ ਦਿੱਤਾ ਸੀ।

# ਸਪੀਕਰ ਵੱਲੋਂ ਕ੍ਰਿਤਿਕਾ ਚੌਧਰੀ ਦਾ ਸਨਮਾਨ

**ਬਲਾਚੌਰ (ਜਸਵਿੰਦਰ ਬੈਂਸ)**

ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਨ ਸਭਾ ਇਜਲਾਸ ਦੇ ਆਖਰੀ ਦਿਨ ਪੰਜਾਬ ਦੇ ਯੂ ਪੀ ਐੱਸ ਸੀ ਕਲੀਅਰ ਕਰਨ ਵਾਲੇ ਬੱਚਿਆ ਲਈ ਖਾਸ ਬਣਾ ਦਿੱਤਾ ਦਰਅਸਲ ਪੰਜਾਬ ਭਰ ਵਿੱਚੋਂ ਯੂ ਪੀ ਐੱਸ ਸੀ ਕਲੀਅਰ ਕਰਨ ਵਾਲਿਆ ਨੂੰ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਵਿਧਾਨ ਸਭਾ ਇਜਲਾਸ ਦੇਖਣ ਲਈ ਸੱਦਾ ਪੱਤਰ ਭੇਜਿਆ ਗਿਆ ਸੀ ਤੇ ਇਸ ਦੌਰਾਨ ਕੁਲਤਾਰ ਸਿੰਘ ਸੰਧਵਾਂ ਵੱਲੋਂ ਉਹਨਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ ਜਿਨਾਂ ਵਿੱਚੋਂ ਮੋਹਾਲੀ ਦੀ ਕ੍ਰਿਤਿਕਾ ਚੌਧਰੀ ਵੀ ਸ਼ਾਮਿਲ ਸਨ। ਕ੍ਰਿਤਿਕਾ ਚੌਧਰੀ ਆਪਣੇ ਪੂਰੇ ਪਰਵਾਰ ਸਮੇਤ ਵਿਧਾਨ ਸਭਾ ਵਿਖੇ ਪਹੁੰਚੇ ਜਿਹਨਾਂ ਦਾ ਕੁਲਤਾਰ ਸਿੰਘ ਸੰਧਵਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਵਿਧਾਨ ਸਭਾ ਵਿੱਚ ਮੌਜੂਦ ਵੱਖ-ਵੱਖ ਸਿਆਸੀ ਆਗੂਆਂ ਸਣੇ ਕੈਬਿਨਟ ਮੰਤਰੀ ਹਰਦੀਪ ਸਿੰਘ ਮੁੰਡੀਆ ਤੇ ਗੁਰਮੀਤ ਸਿੰਘ ਖੁਡੀਆਂ ਨੇ ਵੀ ਵਿਸ਼ੇਸ਼ ਤੌਰ ਤੇ ਕ੍ਰਿਤਿਕਾ ਚੌਧਰੀ ਤੇ ਉਸਦੇ ਮਾਪਿਆਂ ਨੂੰ ਵਧਾਈ ਦਿੱਤੀ। ਦੱਸ ਦਈਏ ਕਿ ਕ੍ਰਿਤਿਕਾ ਚੌਧਰੀ ਨੇ ਯੂਪੀਐਸਸੀ ਵਿੱਚੋਂ 312ਵਾਂ ਰੈਂਕ ਦੇਸ਼ ਭਰ ਚੋਂ ਹਾਸਿਲ ਕੀਤਾ ਜਿਸ ਤੋਂ ਬਾਅਦ ਪੂਰੇ ਗੁੱਜਰ ਭਾਈਚਾਰੇ ਵੱਲੋਂ ਪਰਵਾਰ ਨੂੰ ਵਧਾਈਆਂ ਭੇਜੀਆਂ ਜਾ ਰਹੀਆਂ ਹਨ । ਪੰਜਾਬ ਵਿਧਾਨ ਸਭਾ ਵਿੱਚ ਕ੍ਰਿਤਿਕਾ ਚੌਧਰੀ ਦੇ ਪਿਤਾ ਰਾਜੀਵ ਚੌਧਰੀ ਜੋ ਕਿ ਪੰਜਾਬ ਪੁਲਸ ਵਿੱਚ ਸੇਵਾਵਾਂ ਨਿਭਾ ਰਹੇ ਹਨ, ਉਹਨਾਂ ਸਮੇਤ ਕ੍ਰਿਤੀਕਾ ਦੇ ਮਾਤਾ ਦਰਸ਼ਨਾ ਕੁਮਾਰੀ, ਭਰਾ ਆਸ਼ੂਤੋਸ਼ ਗੁੱਜਰ ਅਤੇ ਕ੍ਰਿਤਿਕਾ ਦੀ ਭਾਬੀ ਦੀਕਸ਼ਾ ਚੌਧਰੀ ਵੀ ਮੌਜੂਦ ਰਹੇ।



# ਰੇਵਾੜੀ 'ਚ ਖੇਤੀਬਾੜੀ ਭਵਨ ਦਾ ਨਿਰਮਾਣ ਜਲਦ ਹੀ ਕੀਤਾ ਜਾਵੇਗਾ : ਰਾਣਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਰੇਵਾੜੀ ਵਿੱਚ ਖੇਤੀਬਾੜੀ ਭਵਨ ਦਾ ਨਿਰਮਾਣ ਜਲਦ ਹੀ ਕੀਤਾ ਜਾਵੇਗਾ।ਸ੍ਰੀ ਰਾਣਾ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਬੀਤੇ 15 ਜੂਨ 2025 ਨੂੰ ਰੇਵਾੜੀ ਵਿੱਚ ਖੇਤੀਬਾੜੀ ਭਵਨ ਬਣਾਉਣ ਦਾ ਐਲਾਨ ਕੀਤਾ ਸੀ। ਪਹਿਲਾਂ ਇਸ ਦੇ ਲਈ ਜਿਸ ਜ਼ਮੀਨ 'ਤੇ ਖੇਤੀਬਾੜੀ ਭਵਨ ਦਾ ਨਿਰਮਾਣ ਪ੍ਰਸਤਾਵਿਤ ਸੀ, ਉਸ ਦਾ ਮਾਲਿਕਾਨਾ ਹੱਕ ਪੁਨਰਵਾਸ ਵਿਭਾਗ ਦੇ ਨਾਂਅ 'ਤੇ ਸੀ। ਹੁਣ ਇਸ ਜ਼ਮੀਨ ਦਾ ਮਾਲਿਕਾਨਾ ਹੱਕ ਪੁਨਰਵਾਸ ਵਿਭਾਗ ਤੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੂੰ ਟਰਾਂਸਫਰ ਕਰ ਦਿੱਤਾ ਗਿਆ ਹੈ।

# ਪੁਲ ਨਿਰਮਾਣ ਨੂੰ ਲੈ ਕੇ ਸਰਕਾਰ ਗੰਭੀਰਤਾ ਨਾਲ ਕੰਮ ਕਰ ਰਹੀ : ਚੌਧਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੀ ਸਿੰਚਾਈ ਅਤੇ ਜਲ ਸਰੋਤ ਮੰਤਰੀ ਸ੍ਰੀਮਤੀ ਸ਼ਰੁਤੀ ਚੌਧਰੀ ਨੇ ਸਦਨ ਵਿੱਚ ਸਦਨ ਇੱਕ ਸੁਆਲ ਦੇ ਜਵਾਬ ਵਿੱਚ ਜਾਣਕਾਰੀ ਦਿੱਤੀ ਕਿ ਸਾਢੌਰਾ ਵਿਧਾਨ ਸਭਾ ਖੇਤਰ ਵਿੱਚ ਨਦੀ ਦੇ ਨਾਲ ਲਗਦੇ ਵੱਖ ਵੱਖ ਪਿੰਡਾਂ ਵਿੱਚ ਪੁਲ ਨਿਰਮਾਣ ਨੂੰ ਲੈ ਕੇ ਸਰਕਾਰ ਗੰਭੀਰਤਾ ਨਾਲ ਕੰਮ ਕਰ ਰਹੀ ਹੈ।ਮੰਤਰੀ ਨੇ ਦੱਸਿਆ ਕਿ ਕਲਿਆਣਪੁਰ-ਅੰਤਰੀ, ਰਤੌਲੀ, ਜੈਤਪੁਰ, ਰਾਜਪੁਰ-ਗੋਹਰਾਬਨੀ, ਮਹੀਉੱਦੀਨਪੁਰ ਤੇ ਨਗਲੀ-32 ਜਿਹੇ ਪਿੰਡਾਂ ਵਿੱਚ ਆਵਾਜਾਹੀ ਨੂੰ ਸੁਗਮ ਬਨਾਉਣ ਦੇ ਉਦੇਸ਼ ਨਾਲ ਪੁਲ ਨਿਰਮਾਣ ਦਾ ਪ੍ਰਸਤਾਵ ਤਿਆਰ ਕੀਤਾ ਜਾ ਰਿਹਾ ਹੈ।ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਖੇਤਰਾਂ ਵਿੱਚ ਤਿੰਨ ਪੁਲਾਂ ਦੇ ਨਿਰਮਾਣ ਲਈ ਪ੍ਰਸ਼ਾਸਨਿਕ ਮੰਜ਼ੂਰੀ ਵਿਤੀ ਸਾਲ 2026-27 ਵਿੱਚ ਪੇਸ਼ ਕੀਤੀ ਜਾਵੇਗੀ। ਯੋਜਨਾ ਅਨੁਸਾਰ ਇਨ੍ਹਾਂ ਪੁਲਾਂ ਦਾ ਨਿਰਮਾਣ ਕੰਮ 1 ਜਨਵਰੀ 2027 ਤੋਂ ਸ਼ੁਰੂ ਹੋ ਕੇ 31 ਦਸੰਬਰ 2027 ਤੱਕ ਪੂਰਾ ਹੋਣ ਦੀ ਸੰਭਾਵਨਾ ਹੈ।

# ਨਵੋਦਿਆ ਪ੍ਰੀਖਿਆ 'ਚ ਵਿਦਿਆਰਥੀਆਂ ਨੇ ਗੱਡੇ ਸ਼ਫਲਤਾ ਦੇ ਝੰਡੇ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ ਰਾਮ ਲਾਲ)**

ਸਰਕਾਰੀ ਪ੍ਰਾਇਮਰੀ ਸਕੂਲ ਮਹਿੰਦੀਪੁਰ ਬਲਾਕ ਬਲਾਚੌਰ-2 ਦੇ ਵਿਦਿਆਰਥੀਆਂ ਨੇ ਆਪਣੀ ਬੇਮਿਸਾਲ ਮਿਹਨਤ ਤੇ ਲਗਨ ਸਦਕਾ ਨਵੋਦਿਆ ਵਿਦਿਆਲਿਆ ਦੀ ਛੇਵੀਂ ਜਮਾਤ ਦੀ ਪ੍ਰਵੇਸ਼ ਪ੍ਰੀਖਿਆ ਵਿੱਚ ਸ਼ਾਨਦਾਰ ਸਫ਼ਲਤਾ ਹਾਸਲ ਕੀਤੀ ਹੈ। ਸਕੂਲ ਦੇ ਤਿੰਨ ਵਿਦਿਆਰਥੀਆਂ ਦੀ ਚੋਣ ਨਵੋਦਿਆ ਲਈ ਹੋਣ ਨਾਲ ਨਾ ਸਿਰਫ਼ ਸਕੂਲ ਸਟਾਫ਼, ਸਗੋਂ ਪੂਰੇ ਇਲਾਕੇ ਵਿੱਚ ਖ਼ੁਸ਼ੀ ਤੇ ਮਾਣ ਵਾਲੀ ਲਹਿਰ ਪਾਈ ਜਾ ਰਹੀ ਹੈ।ਸੈਂਟਰ ਹੈੱਡ ਟੀਚਰ ਸ੍ਰੀ ਤਿਰਲੋਚਨ ਸਿੰਘ ਨੇ ਮਾਣ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਤਰੁਨਪ੍ਰੀਤ ਕੌਰ ਪੁੱਤਰੀ ਪਰਮਜੀਤ ਸਿੰਘ ਨੇ ਓਵਰਆਲ ਪਹਿਲਾ ਰੈਂਕ ਹਾਸਲ ਕਰਕੇ ਸਕੂਲ ਦਾ ਨਾਂਅ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਹੈ।ਨੇਹਾ ਪੁੱਤਰੀ ਰਾਜੇਸ਼ ਕੁਮਾਰ ਨੇ 5ਵਾਂ ਰੈਂਕ ਪ੍ਰਾਪਤ ਕੀਤਾ ਹੈ।ਸੁਖਮਨ ਸਿੰਘ ਪੁੱਤਰ ਜਸਵੀਰ ਸਿੰਘ ਨੇ 24ਵਾਂ ਰੈਂਕ ਹਾਸਲ ਕਰਕੇ ਆਪਣੀ ਜਗ੍ਹਾ ਪੱਕੀ ਕੀਤੀ ਹੈ ਤਿਰਲੋਚਨ ਸਿੰਘ ਨੇ ਇਸ ਵੱਡੀ ਕਾਮਯਾਬੀ ਦਾ ਸਿਹਰਾ ਬੱਚਿਆਂ ਦੀ ਸਖ਼ਤ ਮਿਹਨਤ, ਅਧਿਆਪਕ ਨਗੇਸ਼ ਕੁਮਾਰ ਤੇ ਬਲਰਾਜ ਕੌਰ ਦੇ ਯੋਗ ਮਾਰਗਦਰਸ਼ਨ ਅਤੇ ਮਾਪਿਆਂ ਦੇ ਭਰਪੂਰ ਸਹਿਯੋਗ ਸਿਰ ਬੰਨ੍ਹਿਆ। ਇਸ ਮੌਕੇ 'ਤੇ ਨਗਰ ਕੌਂਸਲਰ ਨਿਰਮਲਾ ਦੇਵੀ, ਕੌਂਸਲਰ ਪਰਮਿੰਦਰ ਪੰਮਾ, ਹਿਊਮਨ ਰਾਈਟ ਕੌਂਸਲ (ਇਸਤਰੀ ਵਿੰਗ) ਤਹਿਸੀਲ ਬਲਾਚੌਰ ਦੇ ਪ੍ਰਧਾਨ ਜਸਵਿੰਦਰ ਕੌਰ, ਪੱਤਰਕਾਰ ਜਸਵਿੰਦਰ ਬੈਂਸ, ਡਾਕਟਰ ਤਜਿੰਦਰ ਸਿੰਘ ਜੋਤ ਤੇ ਸਮਾਜ ਸੇਵੀ ਆਤਮਾ ਰਾਮ ਪਰਮਜੀਤ ਕੌਰ ਚੇਅਰ ਪਰਸਨ, ਬਲਵਿੰਦਰ ਕੁਮਾਰ ਕਮੇਟੀ ਮੈਂਬਰ ਨੇ ਵਿਸ਼ੇਸ਼ ਤੌਰ 'ਤੇ ਸਕੂਲ ਪਹੁੰਚ ਕੇ ਬੱਚਿਆਂ ਨੂੰ ਅਸ਼ੀਰਵਾਦ ਦਿੱਤਾ







# ਖਟਕੜ ਕਲਾਂ ਵਿਖੇ ਖੱਬੀਆਂ ਪਾਰਟੀਆਂ ਵੱਲੋਂ ਸ਼ਰਧਾਂਜਲੀ ਸਮਾਗਮ 23 ਨੂੰ

**ਬੰਗਾ (ਅਵਤਾਰ ਕਲੇਰ)**

ਭਾਰਤੀ ਕਮਿਊਨਿਸਟ ਪਾਰਟੀ ਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਵਲੋਂ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ, ਰਾਜ ਗੁਰੂ ਅਤੇ ਸੁਖਦੇਵ ਦੀ ਯਾਦ ਚ ਸ਼ਰਧਾਂਜਲੀ ਸਮਾਗਮ ਖਟਕੜ ਕਲਾਂ ਵਿਖੇ 23 ਮਾਰਚ ਨੂੰ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਜਸਵਿੰਦਰ ਸਿੰਘ ਭੰਗਲ ਨੇ ਦੱਸਿਆ ਕਿ ਇਸ ਸ਼ਰਧਾਂਜਲੀ ਸਮਾਗਮ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਏਟਕ ਦੇ ਸੂਬਾ ਜਨਰਲ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ, ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਸੰਬੋਧਨ ਕਰਨਗੇ। ਕਾਮਰੇਡ ਭੰਗਲ ਨੇ ਕਿਹਾ ਕਿ ਕੇਂਦਰ ਸਰਕਾਰ ਪਹਿਲੀ ਅਪ੍ਰੈਲ ਤੋਂ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਾਗੂ ਕਰਨ ਜਾ ਰਹੀ ਹੈ ਜੋ ਮਜ਼ਦੂਰ ਜਮਾਤ ਲਈ ਬਹੁਤ ਘਾਤਕ ਹਨ ਇਹ ਟਰੇਡ ਯੂਨੀਅਨ ਅਧਿਕਾਰਾਂ ਉੱਤੇ ਵੱਡਾ ਹਮਲਾ ਹੈ। ਇਸ ਨਾਲ ਮਜ਼ਦੂਰ ਜਮਾਤ ਕੋਲੋਂ ਯੂਨੀਅਨ ਬਣਾਉਣ ਤੇ ਹੜਤਾਲ ਕਰਨ ਦੇ ਅਧਿਕਾਰ ਖੁਸ ਜਾਣਗੇ।ਕੇਂਦਰ ਸਰਕਾਰ ਬਿਜਲੀ ਸੋਧ ਬਿੱਲ 2025 ਲਾਗੂ ਕਰਨ ਦੀਆਂ ਗੋਂਦਾਂ ਗੁੰਦ ਰਹੀ ਹੈ।

ਸਰਕਾਰ ਜਨਤਕ ਅਦਾਰੇ ਅਤੇ ਜਾਇਦਾਦਾਂ ਕਾਰਪੋਰੇਟਰਾਂ ਨੂੰ ਵੇਚ ਰਹੀ ਹੈ ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾਂ ਪਾਰਟੀ ਵਰਕਰਾਂ ਤੇ ਸਮਰਥਕਾਂ ਨੂੰ ਇਸ ਸ਼ਰਧਾਂਜਲੀ ਸਮਾਗਮ 'ਚ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਨਰੰਜਣ ਦਾਸ ਮੇਹਲੀ, ਪਰਮਿੰਦਰ ਮੇਨਕਾ, ਗੁਰਮੁੱਖ ਸਿੰਘ ਫਰਾਲਾ, ਦਸੌਂਧਾ ਸਿੰਘ ਆਦਿ ਹਾਜ਼ਰ ਸਨ।



# ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦੀ ਗਰੰਟੀ ਨੂੰ ਕੀਤਾ ਪੂਰਾ : ਸਰਪੰਚ

**ਅੱਡਾ ਸਰਾਂ (ਜਸਵੀਰ ਕਾਜਲ)**

ਬਲਾਕ ਪ੍ਰਧਾਨ ਸਰਪੰਚ ਬਿੱਟੂ ਜੋਹਲ ਨੇ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤਾ ਗਿਆ 2026-27 ਦਾ ਬਜਟ ਲੋਕ ਭਲਾਈ ਅਤੇ ਸਮੁੱਚ ਵਿਕਾਸ ਲਈ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਕੀਤੇ ਵਾਅਦੇ ਨੂੰ ਪੂਰਾ ਕਰਦਿਆ ਬਜਟ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਵੱਡਾ ਤੋਹਫ਼ਾ ਦਿੰਦੇ ਹੋਏ 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਔਰਤਾਂ ਲਈ 1,000 ਰੁਪਏ ਪ੍ਰਤੀ ਮਹੀਨਾ ਦੀ ਗਰੰਟੀ ਲਾਗੂ ਕੀਤੀ ਗਈ ਹੈ, ਜਦੋਂ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦੇਣ ਐਲਾਨ ਕਰਕੇ ਸਾਰੇ ਵਰਗਾਂ ਦਾ ਮਾਣ ਵਧਾਇਆ ਹੈ।ਉਨ੍ਹਾਂ ਕਿਹਾ ਕਿ ਇਹ ਵਿੱਤੀ ਸਹਾਇਤਾ ਆਮ ਪਰਿਵਾਰਾਂ ਦੀਆਂ ਔਰਤਾਂ ਨੂੰ ਘਰੇਲੂ ਖਰਚਿਆਂ ਲਈ ਮਹੱਤਵਪੂਰਨ ਸਹਾਇਤਾ ਪ੍ਰਦਾਨ ਕਰੇਗੀ। ਇਹ ਯੋਜਨਾ ਔਰਤਾਂ ਦੇ ਮਾਣ ਅਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਵੱਡਾ ਕਦਮ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਲਈ ਰਜਿਸਟੇਸ਼ਨ 13 ਅਪ੍ਰੈਲ, ਵਿਸਾਖੀ ਤੋਂ ਸ਼ੁਰੂ ਹੋਵੇਗੀ ਅਤੇ ਇਹ ਦੇਸ਼ ਵਿੱਚ ਅਜਿਹੀ ਪਹਿਲੀ ਯੋਜਨਾ ਹੋਵੇਗੀ ਜਿਸ ਵਿੱਚ ਲਾਭ ਪ੍ਰਾਪਤ ਕਰਨ ਲਈ ਕੋਈ ਸ਼ਰਤ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਸ਼ਹਿਰੀ ਖੇਤਰਾਂ ਦੇ ਵਿਕਾਸ ਨੂੰ ਤੇਜ਼ ਕਰਨ ਲਈ ਸਰਕਾਰ ਨੇ ਸ਼ਹਿਰੀ ਸਥਾਨਕ ਸੰਸਥਾਵਾਂ ਲਈ ਮਹੱਤਵਪੂਰਨ ਬਜਟ ਅਲਾਟਮੈਂਟ ਕੀਤੇ ਹਨ। ਜਿਸ ਨਾਲ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਹੋਰ ਸੁਧਾਰ ਹੋਵੇਗਾ।



# ਆਰ ਬੀ ਯੂ ਵਿਖੇ ਫਾਰਮਾ ਦਿਵਸ ਮਨਾਇਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਰਿਆਤ ਬਾਹਰਾ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਵਿਖੇ ਯੂਨੀਵਰਸਿਟੀ ਸਕੂਲ ਆਫ਼ ਫਾਰਮਾਸਿਊਟੀਕਲ ਸਾਇੰਸਿਜ਼ ਵਿਖੇ ਫਾਰਮਾ ਦਿਵਸ ਮਨਾਇਆ ਗਿਆ। ਇਹ ਸਮਾਗਮ ਭਾਰਤ ਵਿੱਚ ਫਾਰਮੇਸੀ ਸਿੱਖਿਆ ਦੇ ਪਿਤਾਮਾ ਸਵਰਗੀ ਪ੍ਰੋਫ਼ੈਸਰ ਐੱਮ ਐੱਲ ਸ਼ਰਾਫ ਦੀ 124ਵੀਂ ਜਨਮ ਵਰ੍ਹੇਗੰਢ ਮਨਾਉਣ ਲਈ ਆਯੋਜਿਤ ਕੀਤਾ ਗਿਆ ਸੀ।ਇਹ ਸਮਾਗਮ ਡਾ. ਮਨਿੰਦਰਪਾਲ ਸਿੰਘ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ ਸੀ। ਪ੍ਰਸਿੱਧ ਅਮਰੀਕੀ ਕਾਰਡੀਓਲੋਜਿਸਟ ਡਾ. ਵਿਨੀਤ ਚੱਢਾ ਨੇ ਵਿਦਿਆਰਥੀਆਂ ਨੂੰ ਦਿਲ ਦੀ ਬਿਮਾਰੀ, ਨਵੀਆਂ ਮੈਡੀਕਲ ਤਕਨਾਲੋਜੀਆਂ ਤੇ ਮਰੀਜ਼ਾਂ ਦੀ ਦੇਖਭਾਲ ਵਿੱਚ ਫਾਰਮਾਸਿਸਟਾਂ ਦੀ ਭੂਮਿਕਾ ਬਾਰੇ ਸਰਲ ਜਾਣਕਾਰੀ ਪ੍ਰਦਾਨ ਕੀਤੀ। ਇਸ ਸਮਾਗਮ ਦੌਰਾਨ, ਇੱਕ ਫਾਰਮਾ ਕੁਇਜ਼ ਅਤੇ ਭਾਸ਼ਣ ਮੁਕਾਬਲਾ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਤੋਂ ਇਲਾਵਾ, ਕੈਂਪਸ ਵਿੱਚ ਇੱਕ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਹੀ ਦਵਾਈ ਦੀ ਵਰਤੋਂ ਅਤੇ ਸਿਹਤ ਜਾਗਰੂਕਤਾ ਦਾ ਸੰਦੇਸ਼ ਫੈਲਾਇਆ ਗਿਆ। ਇਸ ਮੌਕੇ ਸਾਰੇ ਵਿਭਾਗ ਮੁਖੀ, ਫੈਕਲਟੀ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਸਨ।

# ਅਰਸ਼ਦੀਪ ਬਾਠ ਨੇ ਥਾਈਲੈਂਡ 'ਚ ਕੁਸ਼ਤੀ ਮੁਕਾਬਲੇ 'ਚ ਕਾਂਸੇ ਦਾ ਤਗਮਾ ਜਿੱਤਿਆ

**ਪੋਜੇਵਾਲ (ਰਾਮ ਲਾਲ)**-ਜ਼ਿਲ੍ਹਾ ਸ਼ਹੀਦ ਭਗਤ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਅਧੀਨ ਪੈਂਦੇ ਪਿੰਡ ਜੰਡੀ ਦੇ ਜੰਮਪਲ ਅਰਸ਼ਦੀਪ ਬਾਂਠ ਪੁੱਤਰ ਸਬ ਇੰਸਪੈਕਟਰ ਬਲਵੀਰ ਸਿੰਘ ਬਾਂਠ ਨੇ ਇਕ ਵਾਰ ਫਿਰ ਤੋਂ ਇਤਿਹਾਸ ਰਚਦੇ ਹੋਏ ਥਾਈਲੈਂਡ ਦੇ ਫੁਕੇਤ ਵਿੱਚ ਆਲ ਓਪਨ ਵਰਲਡ ਕੱਪ 2026 ਮੁਕਾਬਲੇ ਵਿਚ ਕਾਂਸੇ ਦਾ ਤਗਮਾ ਜਿੱਤ ਕੇ ਆਪਣੇ ਪਿੰਡ ਸ਼ਹਿਰ ਤੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ ਹੈ।ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸੀ ਆਰ ਪੀ ਐੱਫ ਦੇ ਜਵਾਨ ਰਜਿੰਦਰ ਸਿੰਘ ਚਾਂਦਪੁਰ ਰੁੜਕੀ ਨੇ ਕਿਹਾ ਕਿ ਸਾਡੇ ਇਲਾਕੇ ਲਈ ਬੜੀ ਮਾਣ ਵਾਲੀ ਗੱਲ ਹੈ ।ਇਸ ਨੌਜਵਾਨ ਨੇ ਥਾਈਲੈਂਡ ਵਿੱਚ ਕੁਸ਼ਤੀ ਮੁਕਾਬਲੇ ਵਿੱਚ ਕਾਂਸੇ ਦਾ ਤਗਮਾ ਜਿੱਤਿਆ ਹੈ।ਉਹਨਾਂ ਨੇ ਕਿਹਾ ਕਿ ਸਾਨੂੰ ਇਸ ਨੌਜਵਾਨ ਤੇ ਮਾਣ ਹੈ ਜਿਸ ਨੇ ਭਾਰਤ ਤੋਂ ਬਾਹਰ ਜਾ ਕੇ ਭਾਰਤ ਦੇ ਨਾਲ ਨਾਲ ਆਪਣੇ ਜ਼ਿਲ੍ਹੇ, ਤਹਿਸੀਲ ਤੇ ਆਪਣੇ ਪਿੰਡ ਦਾ ਨਾਂਅ ਰੋਸ਼ਨ ਕੀਤਾ ਹੈ। ਸਾਨੂੰ ਇਸ ਨੌਜਵਾਨ ਦਾ ਬਣਦਾ ਸਤਿਕਾਰ ਤੇ ਸਨਮਾਨ ਕਰਨਾ ਚਾਹੀਦਾ ਹੈ।



# ਭਗਤ ਸਿੰਘ ਨੂੰ ਸ਼ਰਧਾਂਜਲੀ ਦੇਣ ਲਈ ਖ਼ੂਨ ਦਾਨ ਕੈਂਪ ਲਗਾਇਆ

**ਜਲੰਧਰ, (ਰਾਜੇਸ਼ ਥਾਪਾ)**

ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਸ਼ਰਧਾਂਜਲੀ ਦੇਣ ਲਈ ਸੈਂਟ ਸੋਲਜਰ ਲਾਅ ਕਾਲਜ ਵਿੱਚ ਸਵੈਚਿੱਛਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਨੇਕ ਮੌਕੇ ਸਿਵਲ ਹਸਪਤਾਲ, ਜਲੰਧਰ ਦੀ ਬਲੱਡ ਬੈਂਕ ਟੀਮ ਨੇ ਡਾ. ਰੁਪਿੰਦਰ ਕੌਰ ਦੀ ਅਗਵਾਈ ਹੇਠ ਖ਼ੂਨ ਦਾਤਿਆਂ ਨੂੰ ਲੋੜੀਂਦੀਆਂ ਚਿਕਿਤਸਾ ਸੇਵਾਵਾਂ ਪ੍ਰਦਾਨ ਕੀਤੀਆਂ ਅਤੇ ਪੂਰੇ ਪ੍ਰਕਿਰਿਆ ਦੌਰਾਨ ਉਨ੍ਹਾਂ ਦੀ ਸੰਭਾਲ ਅਤੇ ਸੁਰੱਖਿਆ ਯਕੀਨੀ ਬਣਾਈ। ਹਿੰਦੁਸਤਾਨ ਵੈਲਫੇਅਰ ਸੋਸਾਇਟੀ, ਫਗਵਾਰਾ ਦੇ ਵਿਕਰਮ ਤੇ ਵਿਤਿਨ ਪੁਰੀ ਉਪਰਾਲੇ ਵਿੱਚ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ 60 ਤੋਂ ਵੱਧ ਵਿਦਿਆਰਥੀਆਂ ਨੇ ਖ਼ੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ। ਇਹ ਕੈਂਪ ਕਾਲਜ ਦੇ ਡਾਇਰੈਕਟਰ ਡਾ. ਐੱਸ ਸੀ ਸ਼ਰਮਾ ਦੀ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪ੍ਰੋ. ਅਮਰਿਤ ਪਾਲ ਕੌਰ, ਪ੍ਰੋ. ਰਿੰਕਾ ਰਾਣੀ, ਪ੍ਰੋ. ਲੈਫਟਿਨੈਂਟ ਨੇਹਾ ਛਿੰਨਾ ਅਤੇ ਪ੍ਰੋ. ਕੋਮਲ ਕਾਲਰਾ ਸਮੇਤ ਹੋਰ ਫੈਕਲਟੀ ਮੈਂਬਰਾਂ ਦਾ ਮਹੱਤਵਪੂਰਨ ਯੋਗਦਾਨ ਰਿਹਾ। ਸਟੂਡੈਂਟ ਕੌਂਸਲ, ਐੱਨ ਸੀ ਸੀ ਅਤੇ ਐੱਨ ਐੱਸ ਐੱਸ ਦੇ ਸਵੈਸੇਵਕਾਂ ਨੇ ਕੈਂਪ ਦੀਆਂ ਤਿਆਰੀਆਂ ਅਤੇ ਸੁਚੱਜੇ ਆਯੋਜਨ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਵੱਲੋਂ ਖ਼ੂਨ ਦਾਤਿਆਂ ਲਈ ਖ਼ੁਰਾਕ ਅਤੇ ਰਿਫ੍ਰੈਸ਼ਮੈਂਟ ਦੀ ਵਿਵਸਥਾ ਕੀਤੀ ਗਈ। ਇਸ ਅਵਸਰ 'ਤੇ ਸੈਂਟ ਸੋਲਜਰ ਗਰੁੱਪ ਦੇ ਚੇਅਰਮੈਨ ਅਨੀਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਵਿਦਿਆਰਥੀਆਂ ਅਤੇ ਸਟਾਫ ਦੇ ਇਸ ਸ਼ਲਾਘਾਯੋਗ ਉਪਰਾਲੇ ਦੀ ਪ੍ਰਸ਼ੰਸਾ ਕੀਤੀ।



# ਆਜ਼ਾਦ ਪ੍ਰੈੱਸ ਐਂਡ ਵੈੱਲਫੇਅਰ ਕਲੱਬ ਦੇ ਅਹੁਦੇਦਾਰਾਂ ਦੀ ਚੋਣ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ / ਰਾਮ ਲਾਲ)**

ਸਥਾਨਕ ਨੈਸ਼ਨਲ ਹਾਈਵੇ ਬਲਾਚੌਰ ਸਥਿਤ ਰਾਜਨ ਢਾਬਾ ਵਿਖੇ 'ਆਜ਼ਾਦ ਪ੍ਰੈੱਸ ਐਂਡ ਵੈਲਫੇਅਰ ਕਲੱਬ' ਬਲਾਚੌਰ ਦੀ ਇੱਕ ਵਿਸ਼ੇਸ਼ ਮਾਸਿਕ ਮੀਟਿੰਗ ਕਲੱਬ ਦੇ ਪ੍ਰਧਾਨ ਨਰੇਸ਼ ਕੁਮਾਰ ਹੈਪੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਕਾਂਗਰਸ ਦੇ ਜਿਲਾ ਪ੍ਰਧਾਨ ਅਜੇ ਮੰਗੂਪੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ ਜਿਹਨਾਂ ਨਾਲ ਵਿਸ਼ੇਸ਼ ਤੌਰ ਤੇ ਸਾਬਕਾ ਚੇਅਰਮੈਨ ਹਰਜੀਤ ਜਾਡਲੀ ਅਤੇ ਕਾਂਗਰਸ ਦੇ ਬਲਾਕ ਪ੍ਰਧਾਨ ਮੋਹਨ ਲਾਲ ਸੰਧੂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਨਵੀਆਂ ਨਿਯੁਕਤੀਆਂ ਵਿੱਚ ਸੀਨੀਅਰ ਉਪ ਪ੍ਰਧਾਨ ਜਤਿੰਦਰ ਪਾਲ ਸਿੰਘ ਕਲੇਰ, ਵਾਈਸ ਪ੍ਰਧਾਨ ਜਸਵਿੰਦਰ ਬੈਂਸ, ਵਾਈਸ ਸੈਕਟਰੀ ਸਮਰਦੀਪ ਸਿੰਘ , ਮੀਡੀਆ ਇੰਚਾਰਜ ਜੰਗ ਬਹਾਦਰ ਰਾਣਾ, ਸੋਸ਼ਲ ਮੀਡੀਆ ਇੰਚਾਰਜ ਰਾਮ ਲਾਲ, ਮੁੱਖ ਸਲਾਹਕਾਰ ਹਰਕੰਵਲ ਸਿੰਘ ਤੇ ਕਲੱਬ ਵਿੱਚ ਪ੍ਰਿੰਸ ਕੋਹਲੀ ਸ਼ਾਮਿਲ ਹੋਏ। ਪੱਤਰਕਾਰ ਨੂੰ ਸੰਬੋਧਨ ਕਰਦਿਆਂ ਕਾਂਗਰਸ ਦੇ ਜਿਲਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਪੱਤਰਕਾਰ ਸਮਾਜ ਦਾ ਦਰਪਣ ਹੁੰਦੇ ਹਨ। ਉਨ੍ਹਾਂ ਨੇ ਪੱਤਰਕਾਰ ਭਾਈਚਾਰੇ ਨਾਲ ਵਾਅਦਾ ਕੀਤਾ ਕਿ ਸੂਬੇ ਵਿੱਚ ਕਾਂਗਰਸ ਦੀ ਸਰਕਾਰ ਬਣਨ 'ਤੇ ਪ੍ਰੈੱਸ ਕਲੱਬ ਨੂੰ ਇੱਕ ਪੱਕਾ ਦਫ਼ਤਰ ਮੁਹੱਈਆ ਕਰਵਾਇਆ ਜਾਵੇਗਾ। ਅਖੀਰ ਵਿੱਚ ਕਲੱਬ ਦੇ ਚੇਅਰਮੈਨ ਸਤੀਸ਼ ਸ਼ਰਮਾ ਵੱਲੋਂ ਆਏ ਹੋਏ ਮਹਿਮਾਨਾਂ ਤੇ ਕਲੱਬ ਦੇ ਸਮੂਹ ਪੱਤਰਕਾਰ ਵੀਰਾਂ ਦਾ ਇਸ ਮੀਟਿੰਗ ਵਿੱਚ ਪੁੱਜਣ ਤੇ ਧੰਨਵਾਦ ਕੀਤਾ। ਇਸ ਮੌਕੇ ਕਲੱਬ ਦੇ ਚੇਅਰਮੈਨ ਸਤੀਸ਼ ਸ਼ਰਮਾ, ਜਨਰਲ ਸਕੱਤਰ ਤਜਿੰਦਰ ਸਿੰਘ ਜੋਤ, ਕੈਸ਼ੀਅਰ ਜਗਤਾਰ ਸਿੰਘ, ਉਪ ਪ੍ਰਧਾਨ ਸਤਨਾਮ ਸਿੰਘ ਅਤੇ ਸਕੱਤਰ ਉਮੇਸ਼ ਜੋਸ਼ੀ ਸਮੇਤ ਕਈ ਹੋਰ ਮੈਂਬਰ ਵੀ ਮੌਜੂਦ ਸਨ।



# ਫਰੀ ਆਯੁਰਵੈਦਿਕ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ)**

ਦਯਾਵੰਤੀ ਆਯੂਕੇਅਰ ਚੈਰੀਟੇਬਲ ਡਿਸਪੈਂਸਰੀ, ਬੰਸੀ ਲਾਲ ਮਾਰਕੀਟ, ਬੰਗਾ ਰੋਡ, ਫਗਵਾੜਾ ਵਲੋਂ ਫਾਊਂਡੇਸ਼ਨ ਦੇ ਚੇਅਰਮੈਨ ਸਤੀਸ਼ ਕੁਮਾਰ ਬੱਤਰਾ (ਫਰੰਟੀਅਰ ਕਲੌਥ ਹਾਊਸ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫਰੀ ਆਯੁਰਵੈਦਿਕ ਮੈਡੀਕਲ ਕੈਂਪ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਲਗਾਇਆ ਗਿਆ। ਫਾਊਂਡੇਸ਼ਨ ਦੇ ਪ੍ਰਬੰਧਕ ਪਰਮਜੀਤ ਸਿੰਘ ਚੱਗਰ ਅਤੇ ਜਨਰਲ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਦੀ ਨਿਗਰਾਨੀ ਹੇਠ ਆਯੋਜਿਤ ਇਸ ਕੈਂਪ ਦਾ ਉਦਘਾਟਨ ਖਾਲਸਾ ਹਾਈ ਸਕੂਲ ਮਾਡਲ ਟਾਊਨ ਫਗਵਾੜਾ ਦੇ ਪ੍ਰਿੰਸੀਪਲ ਸੀਮਾ ਸ਼ਰਮਾ ਵਲੋਂ ਆਪਣੇ ਕਰ ਕਮਲਾਂ ਦੇ ਨਾਲ ਕੀਤਾ ਗਿਆ। ਉਹਨਾਂ ਫਾਊਂਡੇਸ਼ਨ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਕੈਂਪ ਲੋੜਵੰਦ ਮਰੀਜਾਂ ਲਈ ਬਹੁਤ ਲਾਹੇਵੰਦ ਸਾਬਿਤ ਹੁੰਦੇ ਹਨ। ਕੈਂਪ ਦੌਰਾਨ ਡਾ. ਗੀਤੂ ਢੀਂਗਰਾ ਗਰੋਵਰ (ਬੀ ਏ ਐੱਮ ਐੱਸ, ਡੀ ਫਾਰਮੈਸੀ) ਅਤੇ ਸਹਾਇਕ ਪਰਮਿੰਦਰ ਸਿੰਘ ਦੀ ਟੀਮ ਨੇ 53 ਲੋੜਵੰਦ ਮਰੀਜਾ ਦੀਆਂ ਵੱਖ-ਵੱਖ ਬਿਮਾਰੀਆਂ ਦੀ ਜਾਂਚ ਕਰਕੇ ਲੋੜ ਅਨੁਸਾਰ ਫਰੀ ਦਵਾਈਆਂ ਦਿੱਤੀਆਂ। ਲੋੜਵੰਦ ਮਰੀਜਾਂ ਨੂੰ ਇਕ ਹਫਤੇ ਦੀ ਫਰੀ ਦਵਾਈ ਦੇਣ ਦੇ ਨਾਲ ਲੋੜ ਮੁਤਾਬਕ ਵਾਧੂ ਦਵਾਈ ਬੰਗਾ ਰੋਡ ਸਥਿਤ ਡਿਸਪੈਂਸਰੀ ਤੋਂ ਪ੍ਰਾਪਤ ਕਰਨ ਦੀ ਹਦਾਇਤ ਕੀਤੀ ਗਈ। ਮਲਕੀਅਤ ਸਿੰਘ ਰਘਬੋਤਰਾ ਨੇ ਹਾਜਰੀਨ ਨੂੰ ਦੱਸਿਆ ਕਿ ਜੇਕਰ ਮਾਹਿਰ ਆਯੁਰਵੈਦ ਡਾਕਟਰ ਦੀ ਸਲਾਹ ਦੇ ਨਾਲ ਇਹਨਾਂ ਦਵਾਈਆਂ ਦਾ ਸੇਵਨ ਕੀਤਾ ਜਾਵੇ ਤਾਂ ਸਰੀਰ 'ਤੇ ਕੋਈ ਮਾੜਾ ਪ੍ਰਭਾਵ ਨਹੀਂ ਹੁੰਦਾ। ਡਾ. ਗੀਤੂ ਢੀਂਗਰਾ ਗਰੋਵਰ ਨੇ ਦੱਸਿਆ ਕਿ ਆਯੁਰਵੈਦਿਕ ਦਵਾਈਆਂ ਇੱਕ ਸਿਹਤਮੰਦ ਵਿਅਕਤੀ ਦੁਆਰਾ ਵੀ ਵਰਤੀਆਂ ਜਾ ਸਕਦੀਆਂ ਹਨ ਕਿਉਂਕਿ ਇਹ ਸਾਡੀ ਆਧੁਨਿਕ ਜੀਵਨ ਸ਼ੈਲੀ ਨੂੰ ਸਹੀ ਦਿਸ਼ਾ ਦਿੰਦੀਆਂ ਹਨ ਅਤੇ ਸਿਹਤ ਲਈ ਲਾਭਦਾਇਕ ਆਦਤਾਂ ਵਿਕਸਤ ਕਰਦੀਆਂ ਹਨ। ਇਸ ਦੌਰਾਨ ਕੌਂਸਲਰ ਤਰਨਜੀਤ ਸਿੰਘ ਬੰਟੀ ਵਾਲੀਆ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ। ਉਹਨਾਂ ਨੇ ਆਪਣਾ ਮੈਡੀਕਲ ਚੈਕਅਪ ਕਰਵਾਇਆ ਤੇ ਲੋੜ ਅਨੁਸਾਰ ਦਵਾਈ ਪ੍ਰਾਪਤ ਕੀਤੀ। ਅਖੀਰ ਵਿੱਚ ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਨੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਤਬੀਰ ਸਿੰਘ ਸਾਬੀ ਤੇ ਸਮੂਹ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਤਬੀਰ ਸਿੰਘ ਸਾਬੀ, ਗੁਰਦੁਆਰਾ ਸਾਹਿਬ ਦੇ ਮੈਨੇਜਰ ਦੀਪਿਕਾ, ਭਾਈ ਨਰਿੰਦਰ ਸਿੰਘ ਹੈਡ ਗ੍ਰੰਥੀ, ਜਸਬੀਰ ਸਿੰਘ, ਡਾ. ਅੰਜੂ ਡੈਂਟਿਸਟ ਆਦਿ ਹਾਜ਼ਰ ਸਨ।



# ਚੱਬੇਵਾਲ ਹਲਕੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹਾਂ : ਡਾ. ਇਸ਼ਾਂਕ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪਿੰਡ ਜਿਆਣ ਦੇ ਪੰਚਾਇਤ ਮੈਂਬਰਾਂ ਅਤੇ ਮੋਹਤਬਰ ਵਸਨੀਕਾਂ ਨੇ ਚੱਬੇਵਾਲ ਵਿਖੇ ਵਿਧਾਇਕ ਡਾ. ਇਸ਼ਾਂਕ ਕੁਮਾਰ ਦੇ ਦਫ਼ਤਰ ਵਿੱਚ ਪਹੁੰਚ ਕੇ ਉਨ੍ਹਾਂ ਨਾਲ ਮੁਲਾਕਾਤ ਕੀਤੀ ਤੇ ਪਿੰਡ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਹੋਰ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ । ਵਿਧਾਇਕ ਨੇ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਸਮੀਖਿਆ ਕਰਦੇ ਹੋਏ ਸਾਰੇ ਕੰਮ ਸਮੇਂ ਸਿਰ ਪੂਰੇ ਕਰਨ ਦਾ ਭਰੋਸਾ ਦਿੱਤਾ। ਇਸ ਦੌਰਾਨ ਦੱਸਿਆ ਗਿਆ ਕਿ ਪਿੰਡ ਜਿਆਣ ਵਿੱਚ ਲਗਭਗ 40 ਲੱਖ ਦੀ ਲਾਗਤ ਨਾਲ ਸੀਵਰੇਜ ਪ੍ਰੋਜੈਕਟ ਚੱਲ ਰਿਹਾ ਹੈ। ਇਸ ਵਿੱਚੋਂ ਪਹਿਲਾਂ ?24 ਲੱਖ ਜਾਰੀ ਕੀਤੇ ਜਾ ਚੁੱਕੇ ਸਨ, ਜਦਕਿ ਬਾਕੀ 16 ਲੱਖ ਵਿਚੋਂ ਹੁਣ 8 ਲੱਖ ਹੋਰ ਜਾਰੀ ਕਰ ਦਿੱਤੇ ਗਏ ਹਨ ਅਤੇ ਬਾਕੀ ਰਕਮ ਵੀ ਜਲਦੀ ਜਾਰੀ ਕਰ ਦਿੱਤੀ ਜਾਵੇਗੀ, ਤਾਂ ਜੋ ਕੰਮ ਵਿੱਚ ਕੋਈ ਰੁਕਾਵਟ ਨਾ ਆਵੇ।

ਪਿੰਡ ਵਾਸੀਆਂ ਨੇ 9 ਲੱਖ ਦੀ ਲਾਗਤ ਨਾਲ ਲਗਾਏ ਗਏ ਸਿੰਚਾਈ ਟਿਊਬਵੈੱਲ ਲਈ ਵਿਧਾਇਕ ਦਾ ਧੰਨਵਾਦ ਕੀਤਾ, ਜਿਸ ਨਾਲ ਪਿੰਡ ਦੇ ਕਿਸਾਨਾਂ ਨੂੰ ਕਾਫ਼ੀ ਲਾਭ ਮਿਲੇਗਾ। ਇਸ ਤੋਂ ਇਲਾਵਾ, ਸਟੇਡੀਅਮ, ਧਰਮਸ਼ਾਲਾ, ਛੱਪੜ ਆਦਿ ਦੇ ਵਿਕਾਸ ਕਾਰਜਾਂ ਲਈ ਲਗਭਗ 27 ਲੱਖ ਰੁਪਏ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ।ਇਸ ਤੋਂ ਇਲਾਵਾ, ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ 2.22 ਕਰੋੜ ਰੁਪਏ ਦੀ ਲਾਗਤ ਨਾਲ ਜਿਆਣ ਦੇ ਸੜਕ ਸੰਪਰਕ ਨੂੰ ਵੀ ਮਜਬੂਤ ਕੀਤਾ ਜਾ ਰਿਹਾ ਹੈ। ਜਿਆਣ ਦੇ ਆਲੇ-ਦੁਆਲੇ ਸੜਕਾਂ ਦਾ ਇੱਕ ਨੈੱਟਵਰਕ ਜਿਸ ਵਿੱਚ ਮੰਡੀ ਜਿਆਣ ਤੱਕ 1.15 ਕਿਲੋਮੀਟਰ ਦੀ ਪਹੁੰਚ ਸੜਕ, ਹੁਸ਼ਿਆਰਪੁਰ ਗੜ੍ਹਸ਼ੰਕਰ ਸੜਕ ਤੋਂ ਜਿਆਣ 0.57 ਕਿਲੋਮੀਟਰ, ਜਿਆਣ ਤੋਂ ਹੁਸ਼ਿਆਰਪੁਰ ਚੰਡੀਗੜ੍ਹ ਸੜਕ 0.37 ਕਿਲੋਮੀਟਰ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਜਿਸ ਨਾਲ ਆਵਾਜਾਈ ਅਤੇ ਕਨੈਕਟਿਵਿਟੀ ਵਿੱਚ ਵੱਡਾ ਸੁਧਾਰ ਆਵੇਗਾ।ਵਿਧਾਇਕ ਨੇ ਕਿਹਾ ਕਿ ਹਲਕੇ ਦੇ ਸਰਬਪੱਖੀ ਵਿਕਾਸ ਲਈ ਉਹ ਵਚਨਬੱਧ ਹਨ ਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨ ਕਰਦੇ ਰਹਿਣਗੇ।

# ਕੁਲਾਰ ਵਿਖੇ ਛਿੰਝ ਮੇਲਾ ਅੱਜ

**ਜਲੰਧਰ (ਲਖਵਿੰਦਰ ਸਿੰਘ ਆਧੀ)**-ਗ੍ਰਾਮ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਅਤੇ ਐਨ ਆਰ ਆਈ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਲਾਨਾ ਛਿੰਝ ਮੇਲਾ ਪਿੰਡ ਕੁਲਾਰ ਜ਼ਿਲ੍ਹਾ ਜਲੰਧਰ ਵਿਖੇ 19 ਮਾਰਚ ਦਿਨ ਵੀ ਵੀਰਵਾਰ ਨੂੰ ਕਰਵਾਇਆ ਜਾ ਰਿਹਾ ਹੈ। ਪੰਡਿਤ ਸੁੱਖਾ ਕੁਲਾਰ ਨੇ ਦੱਸਿਆ ਕਿ ਪਟਕੇ ਦੀ ਪਹਿਲੀ ਕੁਸ਼ਤੀ ਜਲਾਲ ਇਰਾਨ ਤੇ ਨਰਿੰਦਰ ਖੰਨਾ ਅਤੇ ਦੂਸਰੀ ਕੁਸ਼ਤੀ ਲਵਪ੍ਰੀਤ ਮੇਵਾ ਸਿੰਘ ਵਾਲਾ ਤੇ ਇਰਫਾਨ ਇਰਾਨ ਵਿਚਕਾਰ ਹੋਵੇਂਗੀ ਤੇ ਸਪੈਸ਼ਲ ਕੁਸ਼ਤੀਆਂ ਦਿਆਲ ਤੇ ਰਕੇਸ਼ ਜੰਮੂ ਵਿਚਕਾਰ ਹੋਵੇਗੀ। ਪਹੁੰਚ ਰਹੇ ਪਹਿਲਵਾਨ ਜੋਤਾ ਨੱਥੂ ਚਾਹਲ, ਬੌਬੀ ਚਿੱਟੀ, ਸ਼ਨੀ ਹਰਿਆਣਾ, ਲਿਆਕਤ ਅਲੀ, ਸਰਵਨ ਸ਼ੇਰੋ, ਸ਼ਮੀਤ ਹਰਿਆਣਾ, ਜੱਸ ਪੱਟੀ, ਸ਼ਰੀਫ਼ ਨਵਾਂ ਪਿੰਡ ਕਾਲੀਆਂ ਆਦਿ। ਇਸ ਮੇਲੇ ਵਿੱਚ ਵਿਸ਼ੇਸ਼ ਸਹਿਯੋਗ ਸਵਰਗੀ ਦਿਆਲ ਸਿੰਘ ਤੇ ਸਮੂਹ ਪਰਵਾਰ ਮਨੀਲਾ ਹਨ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਸ੍ਰੀ ਰਾਮ ਨੌਮੀ ਸੰਬੰਧੀ ਅਲੌਕਿਕ ਸ਼ੋਭਾ ਯਾਤਰਾ 24 ਨੂੰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਮਰਿਆਦਾ ਪੁਰਸ਼ੋਤਮ ਭਗਵਾਨ ਸ੍ਰੀ ਰਾਮ ਚੰਦਰ ਦਾ ਅਯੋਧਿਆ ਵਿਖੇ ਜਦੋਂ ਤੋਂ ਰਾਮ ਮੰਦਿਰ ਦੀ ਸਥਾਪਨਾ ਹੋਈ ਹੈ ਉਦੋਂ ਤੋਂ ਹੀ ਪ੍ਰਭੂ ਸ੍ਰੀ ਰਾਮ ਜੀ ਦਾ ਜਨਮ ਦਿਹਾੜਾ ਮਨਾਉਣ ਲਈ ਦੇਸ਼ ਭਰ ਦੇ ਸਨਾਤਨੀ ਹਿੰਦੂਆਂ ਵਿੱਚ ਭਾਰੀ ਉਤਸਾਹ ਪਾਇਆ ਜਾ ਰਿਹਾ ਹੈ।26 ਮਾਰਚ ਨੂੰ ਪ੍ਰਭੂ ਸ੍ਰੀ ਰਾਮ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਬੰਧੀ ਸਨਾਤਨ ਧਰਮ ਸਭਾ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ ਦੀ ਅਗਵਾਈ ਵਿੱਚ 24 ਮਾਰਚ ਨੂੰ ਮਹਾਦੇਵ ਮੰਦਿਰ ਉੜਮੁੜ ਟਾਂਡਾ ਤੋਂ ਕੱਢੀ ਜਾ ਰਹੀ ਅਲੌਕਿਕ ਵਿਸ਼ਾਲ ਸ਼ੋਭਾ ਯਾਤਰਾ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹਨ।ਇਸ ਸ਼ੋਭਾ ਯਾਤਰਾ ਦੀ ਸਫਲਤਾ ਲਈ ਪ੍ਰਧਾਨ ਦੀਪਕ ਬਹਿਲ ਵੱਲੋਂ ਇੱਕ ਮੁਹਿੰਮ ਸ਼ੁਰੂ ਕੀਤੀ ਗਈ ਹੈ ਜਿਸ ਦੇ ਤਹਿਤ ਵੱਖ-ਵੱਖ ਮੰਦਰਾਂ ਦੇ ਸੰਚਾਲਕਾਂ ਅਤੇ ਪਿੰਡ-ਪਿੰਡ ਦੀਆਂ ਧਾਰਮਿਕ ਸੰਸਥਾਵਾਂ ਨਾਲ ਰਾਬਤਾ ਕਾਇਮ ਕਰਨ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕਰ ਦਿੱਤਾ ਗਿਆ ਹੈ। ਇਸੇ ਮੁਹਿੰਮ ਤਹਿਤ ਭਾਬੀ ਦੇ ਮੰਦਰ ਅਹਿਆਪੁਰ ਵਿਖੇ ਮੰਦਰ ਦੇ ਸੰਚਾਲਕ ਪੰਡਿਤ ਸੰਜੀਵ ਸ਼ਾਸਤਰੀ ਨੂੰ ਰਾਮ ਨੌਮੀ ਸ਼ੋਭਾ ਯਾਤਰਾ ਦਾ ਸੱਦਾ ਪੱਤਰ ਦਿੱਤਾ ਗਿਆ ਜਿੱਥੇ ਸੰਸਥਾਵਾਂ ਦੇ ਆਗੂਆਂ ਨੇ ਇਨ੍ਹਾਂ ਸਾਰਿਆਂ ਨੂੰ ਜੀ ਆਇਆਂ ਕਹਿੰਦਿਆਂ ਹੋਇਆਂ ਭਰਪੂਰ ਸਵਾਗਤ ਕੀਤਾ। ਪ੍ਰਧਾਨ ਦੀਪਕ ਬਹਿਲ ਨੇ ਕਿਹਾ ਕਿ ਪ੍ਰਭੂ ਸ੍ਰੀ ਰਾਮ ਨੇ ਸਾਰੀ ਜ਼ਿੰਦਗੀ ਜਿਸ ਤਰ੍ਹਾਂ ਸੱਚਾਈ ਤੇ ਪਹਿਰਾ ਦਿੰਦੇ ਹੋਏ ਗੁਜ਼ਾਰੀ ਸੀ ਸਾਨੂੰ ਸਾਰਿਆਂ ਨੂੰ ਵੀ ਉਨ੍ਹਾਂ ਦੇ ਦਰਸਾਏ ਮਾਰਗ ਤੇ ਚਲਦੇ ਹੋਏ ਨੇਕ ਕਰਮ ਕਰਨੇ ਚਾਹੀਦੇ ਹਨ।ਇਸੇ ਤਰ੍ਹਾਂ ਕ੍ਰਿਸ਼ਨ ਤੇ ਬਾਬਾ ਬਾਲਕ ਨਾਥ ਮੰਦਰ ਮਿਆਣੀ ਵਿਖੇ ਮੰਦਰ ਕਮੇਟੀ ਨੇ ਪ੍ਰਧਾਨ ਦੀਪਕ ਬਹਿਲ ਅਤੇ ਆਏ ਹੋਏ ਸਾਰੇ ਸਨਾਤਨੀਆਂ ਵਲੋਂ ਮਿਲੇ ਸੱਦਾ ਪੱਤਰ ਦੇ ਸਬੰਧ ਵਿੱਚ ਉਨ੍ਹਾਂ ਨੇ ਇਹ ਭਰੋਸਾ ਦਿੱਤਾ ਕਿ ਸਾਡੀ ਮੰਦਰ ਕਮੇਟੀ ਵੱਲੋਂ ਉਨ੍ਹਾਂ ਦੀ ਇਸ ਸ਼ੋਭਾ ਯਾਤਰਾ ਵਿੱਚ ਵੱਧ ਤੋਂ ਵੱਧ ਆਪਣਾ ਬਣਦਾ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਤੇ ਮਿੱਕੀ ਪੰਡਿਤ, ਸੋਨੂੰ ਖੁਲਰ, ਪਵਨ ਚੱਢਾ, ਅਸ਼ੋਕ ਬਹਿਲ, ਸੁਰਿੰਦਰ ਨਈਅਰ, ਆਸ਼ੂ ਵੈਦ, ਦਿਲਬਾਗ ਰਾਏ, ਸੋਨੂੰ, ਬਿਮਲ ਅਰੋੜਾ ਤੋਂ ਇਲਾਵਾ ਹੋਰ ਸ਼ਰਧਾਲੂਆਂ ਨੇ ਹਰ ਹਰ ਮਹਾਂਦੇਵ ਜੈ ਵੀਰ ਬਜਰੰਗੀ ਦੇ ਜੈਕਾਰੇ ਲਗਾਉਂਦੇ ਮੰਦਿਰ ਕਮੇਟੀ ਦਾ ਧੰਨਵਾਦ ਕੀਤਾ।



# ਸੰਤ ਬਾਬਾ ਹਰਕੇਵਲ ਸਿੰਘ ਸਲਾਰਪੁਰ ਵਾਲਿਆਂ ਦੇ ਸਾਲਾਨਾ ਬਰਸੀ ਸਮਾਗਮ 21 ਨੂੰ

**ਆਦਮਪੁਰ (ਪਰਮਜੀਤ ਸਿੰਘ)**-ਇਲਾਕੇ ਦੀ ਨਾਮਵਰ ਧਾਰਮਿਕ ਸ਼ਖ਼ਸੀਅਤ ਬ੍ਰਹਮ ਗਿਆਨੀ ਸੰਤ ਬਾਬਾ ਰਣਜੀਤ ਸਿੰਘ ਜੀ ਦੇ ਵਰੋਸਾਏ ਸੰਤ ਬਾਬਾ ਹਰਕੇਵਲ ਸਿੰਘ ਜੀ (ਸਲਾਰਪੁਰ ਵਾਲੇ) ਦੀ 10ਵੀਂ ਸਾਲਾਨਾ ਬਰਸੀ ਸਬੰਧੀ ਸਮਾਗਮ 21 ਮਾਰਚ ਨੂੰ ਡੇਰਾ ਸ੍ਰੀ ਗੁਰੂ ਹਰਿਗੋਬਿੰਦਗੜ੍ਹ (ਭੋਰਪੁਰ) ਨਜ਼ਦੀਕ ਫਗਵਾੜਾ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ?ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਸੰਤ ਬਾਬਾ ਤਲਵਿੰਦਰ ਸਿੰਘ (ਪਰਮੇਸ਼ਰ ਜੀ) ਨੇ ਦੱਸਿਆ ਕਿ ਬਰਸੀ ਸਮਾਗਮਾਂ ਦੀ ਆਰੰਭਤਾ 19 ਮਾਰਚ ਨੂੰ ਸਵੇਰੇ 11 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਪ੍ਰਕਾਸ਼ ਨਾਲ ਹੋਵੇਗੀ। ਉਨ੍ਹਾਂ ਦੱਸਿਆ ਕਿ 21 ਮਾਰਚ ਨੂੰ ਸਵੇਰੇ 8:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਜਿਸ ਉਪਰੰਤ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਵਿਸ਼ਾਲ ਕੀਰਤਨ ਦਰਬਾਰ ਸਜਾਇਆ ਜਾਵੇਗਾ।ਇਸ ਧਾਰਮਿਕ ਸਮਾਗਮ ਵਿੱਚ ਭਾਈ ਜੋਗਿੰਦਰ ਸਿੰਘ ਜੀ ਰਿਆੜ, ਭਾਈ ਜੈਦੀਪ ਸਿੰਘ ਜੀ (ਫਗਵਾੜਾ ਵਾਲੇ), ਅਤੇ ਗੁਰਦਿਆਲ ਸਿੰਘ ਲੱਖਪੁਰ (ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਜਥਾ) ਸਮੇਤ ਹੋਰ ਪੰਥ ਪ੍ਰਸਿੱਧ ਰਾਗੀ ਅਤੇ ਢਾਡੀ ਜਥੇ ਸੰਗਤਾਂ ਨੂੰ ਗੁਰਬਾਣੀ ਤੇ ਇਤਿਹਾਸ ਰਾਹੀਂ ਨਿਹਾਲ ਕਰਨਗੇ। ਹਜ਼ੂਰੀ ਰਾਗੀ ਭਾਈ ਰਾਮ ਸਿੰਘ ਜੀ ਡੇਰਾ ਸ੍ਰੀ ਹਰਗੋਬਿੰਦਗੜ੍ਹ ਭੋਗਪੁਰ ਵੀ ਵਿਸ਼ੇਸ਼ ਹਾਜ਼ਰੀ ਭਰਨਗੇ।ਪ੍ਰਬੰਧਕਾਂ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਅਤੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਇਸ ਮਹਾਨ ਬਰਸੀ ਸਮਾਗਮ ਵਿੱਚ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਅਪੀਲ ਕੀਤੀ ਗਈ ਹੈ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

## ਸਰਵਾਈਕਲ ਕੈਂਸਰ ਟੀਕਾਕਰਨ ਲਈ ਲਾਏ ਜਾ ਰਹੇ ਮੁਫ਼ਤ ਕੈਂਪ : ਸਿਵਲ ਸਰਜਨ

ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਨੇ ਦੱਸਿਆ ਕਿ ਪੰਜਾਬ ਵਿਚ ਲੜਕੀਆਂ ਦੀ ਸਿਹਤ ਸੁਰੱਖਿਆ ਦੀ ਦਿਸ਼ਾ ਵਿਚ ਇੱਕ ਇਤਿਹਾਸਕ ਕਦਮ ਚੁੱਕਿਆ ਗਿਆ ਹੈ। ਰਾਜ ਵਿਚ ਕੁੜੀਆਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਓ ਲਈ ਉਨ੍ਹਾਂ ਦਾ ਮੁਫ਼ਤ ਟੀਕਾਕਰਨ ਕੀਤਾ ਜਾ ਰਿਹਾ ਹੈ। ਕਰੀਬ 4000 ਰੁਪਏ ਦੀ ਕੀਮਤ ਵਾਲੀ ਇਹ ਵੈਕਸੀਨ ਮੁਫ਼ਤ ਲਗਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਐਚ.ਪੀ.ਵੀ. ਵੈਕਸੀਨ ਰਾਜ ਵਿਚ 14 ਸਾਲ ਦੀਆਂ ਲੜਕੀਆਂ ਨੂੰ ਇਸ ਵੱਡੀ ਬਿਮਾਰੀ ਤੋਂ ਬਚਾਉਂਦੀ ਹੈ। ਸਰਵਾਈਕਲ ਕੈਂਸਰ ਤੋਂ ਬਚਾਅ ਲਈ ਟੀਕਾਕਰਨ ਦੀ ਸ਼ੁਰੂਆਤ ਕੀਤੀ ਗਈ ਹੈ। 14ਵਾਂ ਜਨਮ ਦਿਨ ਮਨਾ ਚੁੱਕੀ ਕੁੜੀਆਂ ਨੂੰ ਇਹ ਟੀਕੇ ਮੁਫ਼ਤ ਲਾਏ ਜਾ ਰਹੇ ਹਨ। ਕਿਹਾ ਕਿ ਸਮੇਂ 'ਤੇ ਟੀਕਾਕਰਨ ਕਰਨਾ ਇਸ ਬਿਮਾਰੀ ਦੀ ਰੋਕਥਾਮ ਵਿਚ ਬਹੁਤ ਪ੍ਰਭਾਵਸ਼ਾਲੀ ਸੀ। ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾਕਟਰ ਭਾਵਨਾ ਸ਼ਰਮਾ ਨੇ ਦੱਸਿਆ ਕਿ ਐਚ.ਪੀ.ਵੀ. ਟੀਕਾਕਰਨ ਨਾਲ ਹੀ ਭਵਿੱਖ ਵਿਚ ਇਸ ਬਿਮਾਰੀ ਤੋਂ ਸੁਰੱਖਿਅਤ ਰਹਿ ਸਕਦੇ ਹਨ। ਜੇਕਰ ਸਾਡੀਆਂ ਬੇਟੀਆਂ ਸੁਰੱਖਿਅਤ ਹਨ, ਤਾਂ ਹੀ ਆਉਣ ਵਾਲੀ ਪੀੜ੍ਹੀਆਂ ਸੁਰੱਖਿਅਤ ਹਨ। ਇਹ ਵੈਕਸੀਨ ਕਾਫ਼ੀ ਮਹਿੰਗੀ ਹੈ ਪਰ ਸਰਕਾਰ ਦੇ ਵਿਸ਼ੇਸ਼ ਉਪਰਾਲੇ ਨਾਲ ਸਿਹਤ ਵਿਭਾਗ ਬਿਲਕੁਲ ਮੁਫ਼ਤ ਵੈਕਸੀਨ ਲਗਾ ਰਿਹਾ ਹੈ। ਵੱਖ ਵੱਖ ਥਾਵਾਂ ਤੇ ਟੀਕਾਕਰਨ ਕੈਂਪ ਜਾਰੀ ਹਨ। ਜਿਨ੍ਹਾਂ ਕੁੜੀਆਂ ਦਾ 14ਵਾਂ ਜਨਮ ਦਿਨ ਬੀਤ ਜਾਣ ਤੇ ਪਰ 15ਵਾਂ ਜਨਮ ਦਿਨ ਨਾ ਆਇਆ ਹੋਵੇ ਤਾਂ ਇਹ ਟੀਕਾ ਲੱਗੇਗਾ।

# ਅਣ-ਅਧਿਕਾਰਿਤ ਕਲੋਨੀਆਂ 'ਤੇ ਚੱਲਿਆ ਪੀਲਾ ਪੰਜਾ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ, ਆਈ.ਏ.ਐੱਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਯਤ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਵਿੰਗ ਵੱਲੋਂ ਥਾਣਾ ਕੰਬੋਅ ਦੇ ਪੁਲਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਅੰਮ੍ਰਿਤਸਰ-ਰਾਮਤੀਰਥ ਰੋਡ ਉੱਪਰ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ।

ਰੈਗੂਲੇਟਰੀ ਵਿੰਗ ਵੱਲੋਂ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਟਾਊਨ ਪਲਾਨਰ ਅਮਰਿੰਦਰਜੀਤ ਸਿੰਘ (ਰੈਗੂਲੇਟਰੀ) ਵਿੰਗ ਨੇ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਰਾਮਤੀਰਥ ਰੋਡ ਉੱਪਰ ਪੈਂਦੇ ਪਿੰਡ ਧੌਲਕਲਾਂ ਵਿੱਚ ਸ਼ਿਵਾ ਪੈਰਾਡਾਈਜ਼ ਦੇ ਨਾਂਅ ਹੇਠ ਤੇ ਪਿੰਡ ਵਡਾਲਾ ਭਿੱਟੇਵੱਡ ਵਿੱਚ ਮਧੂਬਨ ਅਸਟੇਟ (ਐਕਸਟੈਂਸ਼ਨ) ਦੇ ਨਾਂਅ ਹੇਠ ਅਣ-ਅਧਿਕਾਰਤ ਕਲੋਨੀ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਉਕਤ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਸਨ।

ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ ਜਿਸ ਕਰਕੇ ਉਕਤ ਕਲੋਨੀ ਅਧੀਨ ਆਉਂਦੀ ਜ਼ਮੀਨ ਦੇ ਮਾਲਕਾਂ ਅਤੇ ਕਲੋਨੀ ਵਿਕਸਿਤ ਕਰਨ ਵਾਲਿਆਂ ਖ਼ਿਲਾਫ਼ ਲੋੜੀਂਦੀ ਕਾਰਵਾਈ ਕਰਨ ਲਈ ਪੁਲਿਸ ਵਿਭਾਗ ਨੂੰ ਵੀ ਰੈਵੇਨਿਊ ਰਿਕਾਰਡ ਦੇ ਆਧਾਰ ਲਿਖਿਆ ਜਾ ਰਿਹਾ ਹੈ।

## ਹਿਮਾਚਲ ਕਲਿਆਣ ਸਭਾ ਦੀਆਂ ਚੋਣਾਂ 19 ਅਪ੍ਰੈਲ ਨੂੰ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਹਿਮਾਚਲ ਕਲਿਆਣ ਸਭਾ ਅੰਮ੍ਰਿਤਸਰ ਦੀ ਕਾਰਜਕਾਰਨੀ ਦੀ ਮੀਟਿੰਗ ਪ੍ਰਧਾਨ ਸ਼ਕਤੀਪਾਲ ਸਿਧਾਰ ਦੀ ਪ੍ਰਧਾਨਗੀ ਹੇਠ ਹਿਮਾਚਲ ਭਵਨ, ਜੀ.ਟੀ. ਰੋਡ ਵਿਖੇ ਹੋਈ। ਸਭਾ ਦੇ ਵਿਕਾਸ ਅਤੇ ਕਾਰਜਾਂ ਬਾਰੇ ਚਰਚਾ ਕਰਨ ਦੇ ਨਾਲ-ਨਾਲ ਚੋਣਾਂ ਸਬੰਧੀ ਵੀ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ। ਸਭਾ ਦੇ ਜਨਰਲ ਸਕੱਤਰ ਯਸ਼ਪਾਲ ਸ਼ਰਮਾ ਨੇ ਦੱਸਿਆ ਕਿ ਮੀਟਿੰਗ ਦਾ ਮੁੱਖ ਏਜੰਡਾ ਸਭਾ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਦੀ ਚੋਣ ਸੀ। ਉਨ੍ਹਾਂ ਕਿਹਾ ਕਿ ਪਿਛਲਾ ਕਾਰਜਕਾਲ 3 ਮਈ ਨੂੰ ਖਤਮ ਹੋਣ ਵਾਲਾ ਹੈ, ਜਿਸ ਕਾਰਨ ਉਸ ਤੋਂ ਪਹਿਲਾਂ ਚੋਣਾਂ ਕਰਵਾਉਣਾ ਜ਼ਰੂਰੀ ਹੋ ਗਿਆ ਹੈ। ਵਿਚਾਰ- ਵਟਾਂਦਰੇ ਤੋਂ ਬਾਅਦ ਇਹ ਫੈਸਲਾ ਕੀਤਾ ਗਿਆ ਕਿ ਚੋਣਾਂ ਅਗਲੇ ਮਹੀਨੇ ਕਰਵਾਈਆਂ ਜਾਣ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਚੋਣਾਂ ਐਤਵਾਰ, 19 ਅਪ੍ਰੈਲ ਨੂੰ ਜਨਰਲ ਹਾਊਸ ਦੀ ਮੀਟਿੰਗ ਵਿੱਚ ਕਰਵਾਈਆਂ ਜਾਣਗੀਆਂ। ਇਸ ਲਈ ਨਾਮਜ਼ਦਗੀ ਦੀ ਆਖਰੀ ਮਿਤੀ 15 ਅਪ੍ਰੈਲ ਰੱਖੀ ਗਈ ਹੈ ਅਤੇ ਨਾਮਜ਼ਦਗੀ ਵਾਪਸ ਲੈਣ ਦੀ ਮਿਤੀ 17 ਅਪ੍ਰੈਲ ਰੱਖੀ ਗਈ ਹੈ। ਐਡਵੋਕੇਟ ਰਾਕੇਸ਼ ਸ਼ਰਮਾ ਨੂੰ ਚੋਣ ਅਧਿਕਾਰੀ ਅਤੇ ਡਾ. ਈਸ਼ਵਰ ਸ਼ਰਮਾ ਨੂੰ ਡਿਪਟੀ ਚੋਣ ਅਧਿਕਾਰੀ ਨਿਯੁਕਤ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਦਿਲਚਸਪੀ ਰੱਖਣ ਵਾਲੇ ਉਮੀਦਵਾਰ 15 ਅਪ੍ਰੈਲ ਤੋਂ ਪਹਿਲਾਂ ਦੋ ਸਰਪ੍ਰਸਤਾਂ ਦੁਆਰਾ ਮਨਜ਼ੂਰੀ ਪ੍ਰਾਪਤ ਕਰਨ ਤੋਂ ਬਾਅਦ ਇਨ੍ਹਾਂ ਦੋਵਾਂ ਅਧਿਕਾਰੀਆਂ ਨੂੰ ਇਨ੍ਹਾਂ ਅਸਾਮੀਆਂ ਲਈ ਅਰਜ਼ੀ ਦੇ ਸਕਦੇ ਹਨ। ਮੀਟਿੰਗ ਵਿੱਚ ਕਈ ਹੋਰ ਮਹੱਤਵਪੂਰਨ ਮੁੱਦਿਆਂ 'ਤੇ ਵੀ ਚਰਚਾ ਕੀਤੀ ਗਈ। ਸ਼ਰਮਾ ਨੇ ਦੱਸਿਆ ਕਿ ਮੀਟਿੰਗ ਵਿੱਚ ਐਡਵੋਕੇਟ ਰਾਕੇਸ਼ ਸ਼ਰਮਾ, ਈਸ਼ਵਰ ਦਾਸ ਸ਼ਰਮਾ, ਬੀਰਬਲ ਸ਼ਰਮਾ, ਨਰੇਸ਼ ਚੌਹਾਨ, ਰਾਜੇਸ਼ ਸ਼ਰਮਾ, ਡਾ. ਈਸ਼ਵਰ ਸ਼ਰਮਾ, ਡਾ. ਐਮ.ਐਸ. ਪਠਾਨੀਆ, ਅਵਤਾਰ ਪਠਾਨੀਆ, ਧਰਮਬੀਰ ਸ਼ਰਮਾ, ਅੰਗਦ ਕੁਮਾਰ, ਸੰਤੋਸ਼, ਅਮਿਤ, ਸੁਦਰਸ਼ਨ, ਦਲਜੀਤ ਸਿੰਘ, ਰੋਹਿਤ ਅਤੇ ਮਨੀਸ਼ ਸ਼ਰਮਾ ਆਦਿ ਮੌਜੂਦ ਸਨ।


**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਨੰ. :- 433-TELE_JAT_16_25_26 ਮਿਤੀ: 17.03.2026
ਸਮਾਪਤੀ ਮਿਤੀ/ਸਮਾਂ: 08.04.2026 15:00

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਕੰਮ ਕਰਨ ਵਾਲੇ ਸੀਨੀਅਰ ਡੀਐਸਟੀਈ/ਜੇਈਟੀ ਨਿਵਿਦਾ ਸੂਚਨਾ ਨੰਬਰ 433-TELE_JAT_16_25_26 ਸਮਾਪਤੀ ਮਿਤੀ/ਸਮਾਂ 08.04.2026 15:00 ਵਜੇ ਦੇ ਵਿਰੁਧ https://www.ireps.gov.in 'ਤੇ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ। ਬੋਲੀਦਾਤਾ ਆਪਣੀ ਮੂਲ/ ਸੰਸ਼ੋਧਿਤ ਬੋਲੀਆਂ ਅੰਤਿਮ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਆਫਰ ਦੀ ਇਜਾਜ਼ਤ ਨਹੀਂ ਹੈ, ਅਤੇ ਪ੍ਰਾਪਤ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ਼ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟ ਤੇ ਉਪਲਬਧ ਆਨਲਾਈਨ ਭੁਗਤਾਨ ਮੋਡ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੇਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜ਼ਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਦੀ ਇਜਾਜ਼ਤ ਨਹੀਂ ਹੈ।
ਐਨਆਈਟੀ ਹੇਡਰ

| ਕਰਾਰ ਦਾ ਪ੍ਰਕਾਰ | ਕੰਮ | | |
|---|---|---|---|
| ਕੰਮ ਦਾ ਨਾਮ | ਪੀਟੀਕੇਸੀ-ਜੇਈਟੀ ਮਾਰਗ ਤੇ ਵੰਦੇ ਭਾਰਤ ਮਾਰਗ ਦੇ ਕਿਨਾਰੇ 92.900 ਕਿਮੀ ਧਾਤੂ ਬੀਮ ਕ੍ਰੈਸ਼ ਬੈਰਿਯਰ ਅਤੇ 20.90 ਕਿਮੀ ਆਰਸੀਸੀ ਬਾਊਂਡ੍ਰੀ ਵਾਲ ਦੀ ਉਸਾਰੀ ਅਤੇ ਸਥਾਪਨਾ। | | |
| ਨਿਵਿਦਾ ਸਮਾਪਤੀ ਮਿਤੀ ਸਮਾਂ | 08.04.2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 17.03.2026 18:31 |
| ਵਿਗਿਆਪਤ ਮੂਲ (ਰੁ.) | 39524076.67 | ਆਈਆਰਈਪੀਐਸ ਦੇ ਅਨੁਸਾਰ ਬੋਲੀ ਸ਼ੁਰੂ ਕਰਨ ਦੀ ਮਿਤੀ | 25.03.2026 |
| ਬਿਆਨਾ ਰਾਸ਼ੀ (ਰੁ.) | 347600.00 | ਪੂਰਾ ਹੋਣ ਦਾ ਸਮਾਂ | 4 ਮਹੀਨੇ |

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 916/26


## ਈਦ ਉਲ ਫਿਤਰ ਦਾ ਤਿਉਹਾਰ ਭਲਕੇ ਮਨਾਇਆ ਜਾਵੇਗਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਮੁਸਲਿਮ ਜਮਾਤ ਅਹਿਮਦੀਆ ਦੇ ਬੁਲਾਰੇ ਕੇ ਤਾਰਿਕ ਅਹਿਮਦ ਨੇ ਕਿਹਾ ਹੈ ਕਿ ਈਦ ਉਲ ਫਿਤਰ ਦਾ ਚੰਦ ਨਜ਼ਰ ਆਉਣ ਤੇ ਈਦ ਉਲ ਫਿਤਰ ਸ਼ੁਕਰਵਾਰ ਨੂੰ ਮਨਾਈ ਜਾਵੇਗੀ।

ਈਦ ਦੀ ਨਮਾਜ਼ ਮਸਜਿਦਾਂ ਵਿੱਚ ਸਵੇਰੇ 8:30 ਵਜੇ ਅਦਾ ਕੀਤੀ ਜਾਵੇਗੀ। ਮਹਿਲਾਵਾਂ ਲਈ ਵੀ ਨਮਾਜ਼ ਈਦ ਅਦਾ ਕਰਨ ਲਈ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਟਰੈਫਿਕ ਨਿਯਮਾਂ ਦੀ ਪਾਲਣਾ ਕਰਦੇ ਹੋਏ ਲੋਕ ਨਿਰਧਾਰਿਤ ਸਥਾਨ ਤੇ ਆਪਣੇ ਵਾਹਨ ਪਾਰਕ ਕਰਨ। ਈਦ ਦੀ ਨਮਾਜ਼ ਤੇ ਖੁਤਬਾ ਈਦ ਵਿੱਚ ਸ਼ਾਮਲ ਹੋਣ ਤੋਂ ਬਾਅਦ ਘਰਾਂ ਨੂੰ ਵਾਪਸ ਜਾਂਦੇ ਹੋਏ ਮਹਿਮਾਨਾਂ ਦੇ ਲਈ ਵਿਸ਼ੇਸ਼ ਦਾਵਤ ਲੰਗਰਖਾਨਾ ਹਜ਼ਰਤ ਮਸੀਹੇ ਮਾਊਦ ਅਲੈ ਸਲਾਮ ਵਿਖੇ ਪ੍ਰਬੰਧ ਕੀਤਾ ਗਿਆ ਹੈ।

## ਸੋਸ਼ਲ ਮੀਡੀਆ 'ਤੇ ਗਲਤ ਅਫ਼ਵਾਹਾਂ ਫੈਲਾਉਣ ਵਾਲਿਆਂ ਨੂੰ ਸਖ਼ਤ ਤਾੜਨਾ

ਅੰਮ੍ਰਿਤਸਰ (ਜਸਬੀਰ ਸਿੰਘ, ਕੰਵਲਜੀਤ ਸਿੰਘ)-ਸ੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ (ਸੀਨੀਅਰ ਡਿਵਿਜ਼ਨ)-ਕਮ-ਸੈਕਟਰੀ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅੰਮ੍ਰਿਤਸਰ ਵੱਲੋਂ ਸੋਸ਼ਲ ਮੀਡੀਆ 'ਤੇ ਫੈਲ ਰਹੀ ਗਲਤ ਤੇ ਧੋਖੇਬਾਜ਼ ਜਾਣਕਾਰੀ ਬਾਰੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਪ੍ਰੈੱਸ ਬਿਆਨ ਜਾਰੀ ਕਰਕੇ ਇਹ ਸਪੱਸ਼ਟ ਕੀਤਾ ਹੈ ਕਿ ਕੁਝ ਵੀਡੀਓਜ਼ ਤੇ ਸੁਨੇਹੇ ਜਿਨ੍ਹਾਂ ਵਿੱਚ ਲੋਕ ਅਦਾਲਤਾਂ ਵਿੱਚ ਬਿਜਲੀ ਬਿੱਲਾਂ ਦੀ ਪੂਰੀ ਛੋਟ ਦੇਣ ਦਾ ਦਾਅਵਾ ਕੀਤਾ ਜਾ ਰਿਹਾ ਹੈ, ਉਹ ਨਕਲੀ, ਗੁੰਮਰਾਹ ਕਰਨ ਵਾਲੇ ਅਤੇ ਬੇਬੁਨਿਆਦ ਹਨ। ਉਨ੍ਹਾਂ ਇਹ ਵੀ ਦੱਸਿਆ ਕਿ 14 ਮਾਰਚ 2026 ਨੂੰ ਦੇਸ਼ ਭਰ ਵਿੱਚ, ਸਮੇਤ ਅੰਮ੍ਰਿਤਸਰ ਵਿੱਚ, ਰਾਸ਼ਟਰੀ ਲੋਕ ਅਦਾਲਤਾਂ ਦਾ ਆਯੋਜਨ ਕੀਤਾ ਗਿਆ ਸੀ, ਜਿੱਥੇ ਵੱਡੀ ਗਿਣਤੀ ਵਿੱਚ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ। ਕੁਝ ਬਿਜਲੀ ਬਿੱਲਾਂ ਨਾਲ ਸੰਬੰਧਤ ਮਾਮਲਿਆਂ ਵਿੱਚ ਸੀਮਿਤ ਰਾਹਤ ਜਿਵੇਂ ਸਮਝੌਤੇ ਜਾਂ ਛੋਟੀਆਂ ਛੋਟਾਂ ਦਿੱਤੀਆਂ ਗਈਆਂ ਸਨ, ਪਰ ਕਿਸੇ ਵੀ ਮਾਮਲੇ ਵਿੱਚ ਬਿਜਲੀ ਬਿੱਲਾਂ ਦੀ ਪੂਰੀ ਛੋਟ ਨਾ ਤਾਂ ਐਲਾਨੀ ਗਈ ਅਤੇ ਨਾ ਹੀ ਦਿੱਤੀ ਗਈ। ਸ੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ (ਸੀਨੀਅਰ ਡਿਵਿਜ਼ਨ)-ਕਮ-ਸੈਕਟਰੀ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅੰਮ੍ਰਿਤਸਰ ਨੇ ਕਿਹਾ ਕਿ ਇਸ ਦੇ ਬਾਵਜੂਦ, ਕੁਝ ਗਲਤ ਤੱਤ ਨਕਲੀ ਵੀਡੀਓਜ਼ ਤੇ ਪੋਸਟਾਂ ਰਾਹੀਂ ਝੂਠੇ ਦਾਅਵੇ ਕਰ ਰਹੇ ਹਨ, ਨਕਲੀ ਲੋਗੋ ਤੇ ਪਹਿਚਾਣਾਂ ਦੀ ਵਰਤੋਂ ਕਰਦੇ ਹੋਏ ਲੋਕਾਂ ਨੂੰ ਫਾਰਮ ਭਰਨ ਜਾਂ ਪੈਸੇ ਟ੍ਰਾਂਸਫਰ ਕਰਨ ਲਈ ਕਹਿ ਰਹੇ ਹਨ। ਇਹ ਸਾਰੇ ਦਾਅਵੇ ਪੂਰੀ ਤਰ੍ਹਾਂ ਝੂਠੇ ਹਨ ਅਤੇ ਲੋਕਾਂ ਨਾਲ ਧੋਖਾਧੜੀ ਕਰਨ ਦੇ ਉਦੇਸ਼ ਨਾਲ ਕੀਤੇ ਜਾ ਰਹੇ ਹਨ।ਸਿਵਲ ਜੱਜ ਸੀਨੀਅਰ ਡਿਵੀਜ਼ਨ ਨੇ ਸਖ਼ਤ ਚੇਤਾਵਨੀ ਜਾਰੀ ਕਰਦਿਆਂ ਕਿਹਾ ਕਿ ਕੋਈ ਵੀ ਵਿਅਕਤੀ ਜੋ ਇਸ ਤਰ੍ਹਾਂ ਦੀ ਨਕਲੀ ਸਮੱਗਰੀ ਤਿਆਰ ਕਰਦਾ ਜਾਂ ਫੈਲਾਉਂਦਾ ਪਾਇਆ ਗਿਆ, ਉਸ ਦੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ, ਜਿਸ ਵਿੱਚ ਗ੍ਰਿਫ਼ਤਾਰੀ, ਜੁਰਮਾਨੇ ਅਤੇ ਮੁਕੱਦਮਾ ਸ਼ਾਮਲ ਹਨ।

## ਗੁਰਭਜਨ ਗਿੱਲ ਦੀ ਗ਼ਜ਼ਲ ਪੁਸਤਕ 'ਮਿਰਗਾਵਲੀ' ਲੋਕ-ਅਰਪਣ

ਬਟਾਲਾ, (ਡਾਕਟਰ ਮਲਵਿੰਦਰ ਸਿੰਘ ) ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਐੱਸ.ਐੱਲ ਬਾਵਾ ਡੀ.ਏ.ਵੀ. ਕਾਲਜ, ਬਟਾਲਾ ਵਿਖੇ ਪੰਜਾਬੀ ਮਾਂ-ਬੋਲੀ ਦੇ ਪ੍ਰਸਿੱਧ ਸ਼ਾਇਰ ਅਤੇ ਚਿੰਤਕ ਗੁਰਭਜਨ ਗਿੱਲ ਦੀ ਗ਼ਜ਼ਲ ਪੁਸਤਕ 'ਮਿਰਗਾਵਲੀ' ਦੇ ਤੀਸਰੇ ਐਡੀਸ਼ਨ ਦਾ ਲੋਕ-ਅਰਪਣ ਵਿਸ਼ੇਸ਼ ਸਾਹਿਤਕ



ਸਮਾਗਮ ਵਿੱਚ ਕਰਵਾਇਆ ਗਿਆ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਪ੍ਰੋ. (ਡਾ.) ਵਰਿੰਦਰ ਭਾਟੀਆ ਅਤੇ ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਵੰਤ ਸਿੰਘ ਨੇ ਸਾਂਝੇ ਰੂਪ ਵਿੱਚ ਪੁਸਤਕ ਰਿਲੀਜ਼ ਕਰਨ ਦੀ ਰਸਮ ਅਦਾ ਕੀਤੀ।ਪੁਸਤਕ ਬਾਰੇ ਵਿਚਾਰ ਸਾਂਝੇ ਕਰਦਿਆਂ ਪ੍ਰਿੰਸੀਪਲ ਡਾ. ਵਰਿੰਦਰ ਭਾਟੀਆ ਨੇ ਕਿਹਾ ਕਿ ਬਟਾਲਾ ਇਲਾਕੇ ਦੇ ਪਿੰਡ ਬਸੰਤਕੋਟ ਦੇ ਜੰਮਪਲ ਅਤੇ ਲੰਮੇ ਸਮੇਂ ਤੋਂ ਲੁਧਿਆਣਾ ਵੱਸਦੇ ਗੁਰਭਜਨ ਗਿੱਲ ਦੀ ਇਹ ਗ਼ਜ਼ਲ ਪੁਸਤਕ ਪੰਜਾਬੀ ਸਾਹਿਤ ਜਗਤ ਵਿੱਚ ਇੱਕ ਮਹੱਤਵਪੂਰਨ ਦਸਤਾਵੇਜ਼ ਹੈ। ਉਨ੍ਹਾਂ ਗੁਰਭਜਨ ਗਿੱਲ ਦੀਆਂ ਲਿਖਤਾਂ ਦੀ ਸ਼ਲਾਘਾ ਕਰਦਿਆਂ ਇਸ ਨੂੰ ਮਨੁੱਖੀ ਸੰਵੇਦਨਾਵਾਂ ਦੀ ਪੁਸਤਕ ਦੱਸਿਆ।ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਵੰਤ ਸਿੰਘ ਨੇ 'ਮਿਰਗਾਵਲੀ' ਦੇ ਸਾਹਿਤਕ ਮਹੱਤਵ 'ਤੇ ਚਰਚਾ ਕਰਦਿਆਂ ਇਸ ਨੂੰ ਅਜੋਕੇ ਦੌਰ ਦੀ ਇੱਕ ਲੋੜੀਂਦੀ ਵੱਖਰੀ ਤੇ ਵਿਸ਼ੇਸ਼ ਰਚਨਾ ਦੱਸਿਆ। ਉਨ੍ਹਾਂ ਕਿਹਾ ਕਿ ਇਸ ਪੁਸਤਕ ਦਾ ਮੁੱਖ ਬੰਦ ਸੁਰਤਿ ਮੈਗਜ਼ੀਨ ਦੇ ਸੰਪਾਦਕ ਡਾ. ਗੁਰਬੀਰ ਸਿੰਘ ਬਰਾੜ ਨੇ ਲਿਖਿਆ ਹੈ ਅਤੇ ਅੰਤਿਕਾ ਵਿੱਚ ਪ੍ਰਬੁੱਧ ਲੇਖਕ ਵਵਦੀਪ ਸਿੰਘ ਗਿੱਲ ਨੇ ਲੇਖਕ ਦੀਆਂ ਪਿਛਲੇ ਪਚਵੰਜਾ ਸਾਲ ਦੀਆਂ ਸਾਹਿੱਤਕ ਤੇ ਸੱਭਿਆਚਾਰਕ ਪ੍ਰਾਪਤੀਆਂ ਦਾ ਲੇਖਾ ਜੋਖਾ ਪੇਸ਼ ਕੀਤਾ ਹੈ।ਸਮਾਗਮ ਦੌਰਾਨ ਵਾਇਸ ਪ੍ਰਿੰਸੀਪਲ ਡਾ. ਦਿਨੇਸ਼ ਕੁਮਾਰ ਤੋਂ ਇਲਾਵਾ ਕਾਲਿਜ ਦੇ ਸਟਾਫ ਵਿੱਚੋਂ ਡਾ. ਮੁਨੀਸ਼ ਯਾਦਵ, ਪ੍ਰੋ. ਪਵਨ ਮਲਿਕ, ਡਾ. ਨਵੀਨ ਚੰਦ, ਡਾ. ਸਰੋਜ ਅਤੇ ਪ੍ਰੋ. ਕੁਲਵਿੰਦਰ ਕੌਰ ਨੇ ਵੀ ਪੁਸਤਕ ਦੀ ਆਮਦ 'ਤੇ ਲੇਖਕ ਨੂੰ ਵਧਾਈ ਦਿੱਤੀ।

## ਕਟਾਰੂਚੱਕ ਨੇ ਛੰਨੀ ਤੇ ਨਰੋਲੀ ਦਾ ਕੀਤਾ ਵਿਸ਼ੇਸ਼ ਦੌਰਾ

ਪਠਾਨਕੋਟ ( ਦਵਿੰਦਰ ਸਿੰਘ)- ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਛੰਨੀ ਅਤੇ ਨਰੋਲੀ ਦਾ ਵਿਸ਼ੇਸ਼ ਦੌਰਾ ਕੀਤਾ। ਇਸ ਮੌਕੇ ਉਹਨਾਂ ਲੋਕਾਂ ਨਾਲ ਵੱਖ ਵੱਖ ਮੁੱਦਿਆਂ 'ਤੇ ਵਿਚਾਰ ਵਟਾਂਦਰਾ ਕੀਤਾ ਅਤੇ ਉਹਨਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ।



ਕੈਬਨਿਟ ਮੰਤਰੀ ਪੰਜਾਬ ਨੇ ਲੋਕਾਂ ਨੂੰ ਭਰੋਸਾ ਦਿੰਦਿਆਂ ਕਿਹਾ ਮੇਰੇ ਹਲਕੇ ਦਾ ਹਰ ਇੱਕ ਵਸਨੀਕ ਮੇਰੇ ਲਈ ਸਿਰਫ਼ ਇੱਕ ਵੋਟਰ ਨਹੀਂ, ਬਲਕਿ ਮੇਰੇ ਪਰਵਾਰ ਦਾ ਮੈਂਬਰ ਹੈ। ਉਹਨਾਂ ਕਿਹਾ ਕਿ ਤੁਹਾਡੀਆਂ ਮੁਸ਼ਕਿਲਾਂ ਮੇਰੀਆਂ ਆਪਣੀਆਂ ਹਨ ਅਤੇ ਤੁਹਾਡੀ ਖ਼ੁਸ਼ਹਾਲੀ ਹੀ ਮੇਰਾ ਮੁੱਖ ਮਕਸਦ ਹੈ। ਤੁਹਾਡੇ ਵੱਲੋਂ ਮਿਲਿਆ ਪਿਆਰ ਅਤੇ ਵਿਸ਼ਵਾਸ ਮੈਨੂੰ ਦਿਨ-ਰਾਤ ਤੁਹਾਡੀ ਸੇਵਾ ਕਰਨ ਦੀ ਹਿੰਮਤ ਦਿੰਦਾ ਹੈ। ਉਹਨਾਂ ਕਿਹਾ ਕਿ ਅੱਜ ਦੀ ਮੀਟਿੰਗ ਦੌਰਾਨ ਲੋਕਾਂ ਵੱਲੋਂ ਜੋ ਵੀ ਸਮੱਸਿਆਵਾਂ ਉਹਨਾਂ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ਹਨ ਉਹਨਾਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ।

# ਜਲ ਬਚਾਓ ਵਿਸ਼ੇ 'ਤੇ ਸੈਮੀਨਾਰ



ਪਠਾਨਕੋਟ (ਦਵਿੰਦਰ ਸਿੰਘ)-ਰਾਸ਼ਟਰੀ ਕਲਿਆਣਕਾਰੀ ਪਰਿਸ਼ਦ ਵੱਲੋਂ ਜਲ ਬਚਾਓ ਵਿਸ਼ੇ 'ਤੇ ਸੈਮੀਨਾਰ ਸਥਾਨਕ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਵਿੱਚ ਪਰਿਸ਼ਦ ਦੇ ਪ੍ਰਧਾਨ ਰਾਕੇਸ਼ ਸ਼ਰਮਾ ਅਤੇ ਕਾਲਜ ਦੀ ਪ੍ਰਿੰਸੀਪਲ ਡਾ. ਅਰਪਨਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਜਲ ਸਰੋਤ ਵਿਭਾਗ ਦੇ ਸੇਵਾਮੁਕਤ ਨਿਗਰਾਨ ਇੰਜੀਨੀਅਰ ਅਤੇ ਪ੍ਰਸਿੱਧ ਸ਼ਾਇਰ ਨਰੇਸ਼ ਮਹਾਜਨ ਨਿਰਗੁਣ ਨੇ ਮੁੱਖ ਮਹਿਮਾਨ ਅਤੇ ਮੁੱਖ ਵਕਤਾ ਵਜੋਂ ਹਾਜ਼ਰੀ ਭਰੀ।ਇਹ ਸੈਮੀਨਾਰ ਸੰਸਥਾ ਦੇ ਪ੍ਰੋਜੈਕਟ ਚੇਅਰਮੈਨ ਅਤੇ ਵੂਮੈਨ ਪਾਵਰ ਵਿੱਚ ਮਸ਼ਹੂਰ ਸ਼ਖ਼ਸੀਅਤ ਰੰਜਨਾ ਮਹਾਜਨ ਅਤੇ ਉਨ੍ਹਾਂ ਦੀ ਟੀਮ ਵੱਲੋਂ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਪਰਿਸ਼ਦ ਦੇ ਪ੍ਰਧਾਨ ਰਾਕੇਸ਼ ਸ਼ਰਮਾ ਅਤੇ ਕਾਲਜ ਪ੍ਰਬੰਧਨ ਵੱਲੋਂ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਗਿਆ।

ਸੈਮੀਨਾਰ ਵਿੱਚ ਮੌਜੂਦ ਵਿਦਿਆਰਥੀਆਂ ਅਤੇ ਮਹਿਮਾਨਾਂ ਨੂੰ ਸੰਬੋਧਨ ਕਰਦੇ ਹੋਏ ਨਰੇਸ਼ ਮਹਾਜਨ ਨੇ ਪਾਣੀ ਦੀ ਮਹੱਤਤਾ ਅਤੇ ਇਸ ਦੇ ਸੰਭਾਲ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਜੀਵਨ ਦੇ ਆਧਾਰ ਜਲ ਨੂੰ ਪ੍ਰਦੂਸ਼ਿਤ ਕਰਨਾ ਆਪਣੇ ਨਾਲ ਧੋਖਾ ਕਰਨ ਦੇ ਬਰਾਬਰ ਹੈ।ਸੈਮੀਨਾਰ ਦੌਰਾਨ ਉਨ੍ਹਾਂ ਨੇ ਰੇਨ ਵਾਟਰ ਹਾਰਵੈਸਟਿੰਗ ਅਤੇ ਘਰਾਂ ਵਿੱਚ ਪਾਣੀ ਬਚਾਉਣ ਲਈ ਵੱਖ-ਵੱਖ ਤਰੀਕੇ ਦੱਸੇ। ਹੱਥ ਧੋਣ, ਬਰੱਸ਼ ਕਰਨ, ਨਹਾਉਣ ਅਤੇ ਰਸੋਈ ਦੇ ਕੰਮ ਦੌਰਾਨ ਪਾਣੀ ਬਚਾਉਣ ਦੇ ਸੁਝਾਅ ਦਿੱਤੇ ਗਏ। ਲੀਕ ਕਰ ਰਹੀਆਂ ਟੂਟੀਆਂ ਨੂੰ ਠੀਕ ਕਰਨਾ, ਟੈਂਕੀ ਦੇ ਓਵਰਫਲੋ ਨੂੰ ਰੋਕਣਾ ਅਤੇ ਗੱਡੀ ਧੋਂਦੇ ਸਮੇਂ ਪਾਣੀ ਦੀ ਬੱਚਤ ਵਰਗੇ ਮਾਮਲਿਆਂ 'ਤੇ ਵੀ ਚਰਚਾ ਕੀਤੀ ਗਈ।

ਅੰਤ ਵਿੱਚ ਪ੍ਰਿੰਸੀਪਲ ਡਾ. ਅਰਪਣਾ ਵੱਲੋਂ ਪਰਿਸ਼ਦ ਦੇ ਪ੍ਰਧਾਨ ਰਾਕੇਸ਼ ਸ਼ਰਮਾ, ਪ੍ਰੋਜੈਕਟ ਚੇਅਰਮੈਨ ਰੰਜਨਾ ਮਹਾਜਨ ਅਤੇ ਮੁੱਖ ਮਹਿਮਾਨ ਦਾ ਧੰਨਵਾਦ ਕੀਤਾ ਗਿਆ। ਸੈਮੀਨਾਰ ਦਾ ਮੰਚ ਸੰਚਾਲਨ ਕਾਲਜ ਦੀ ਅਧਿਆਪਕਾ ਡਾ. ਮੰਦੀਪ ਕੌਰ ਸੰਧੂ ਵੱਲੋਂ ਕੀਤਾ ਗਿਆ।

ਇਸ ਮੌਕੇ ਪਰਿਸ਼ਦ ਦੇ ਜਾਇੰਟ ਸੈਕਟਰੀ ਗੋਪਾਲ ਖੋਖਰ, ਸੈਕਟਰੀ ਸੋਮ ਰਾਜ, ਕਾਲਜ ਦੀਆਂ ਅਧਿਆਪਕਾਵਾਂ ਗੀਤਾਂਜਲੀ ਸ਼ਰਮਾ, ਅੰਜਲੀ, ਵਿਵੇਕ ਅਨੁਰਾਗ ਅਤੇ ਹੋਰ ਵੀ ਮੌਜੂਦ ਸਨ।

## ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਕਾਹਨੂੰਵਾਨ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸੁਖਰਾਜ ਸਿੰਘ ਪੁੱਤਰ ਸਲਵਿੰਦਰ ਸਿੰਘ ਵਾਸੀ ਠੱਕਰਵਾਲ ਨੇ ਦੱਸਿਆ ਕਿ 15 ਮਾਰਚ ਨੂੰ ਸ਼ਿਕਾਇਤ ਕਰਤਾ ਅਤੇ ਉਸ ਦੇ ਤਾਏ ਦਾ ਲੜਕਾ ਸੰਦੀਪ ਸਿੰਘ ਆਪਣੇ ਘਰ ਦੇ ਗੇਟ ਵਿਚ ਖੜ੍ਹੇ ਸੀ ਕਿ ਜਗਜੀਤ ਸਿੰਘ, ਸਿਮਰਜੀਤ ਸਿੰਘ ਪੁੱਤਰਾਨ ਸਤਨਾਮ ਸਿੰਘ, ਸਤਨਾਮ ਸਿੰਘ ਪੁੱਤਰ ਰਘਬੀਰ ਸਿੰਘ, ਪਰਮਜੀਤ ਕੌਰ ਪਤਨੀ ਸਤਨਾਮ ਸਿੰਘ, ਨਵਜੋਤ ਕੌਰ ਪਤਨੀ ਜਗਜੀਤ ਸਿੰਘ, ਸਿਮਰਨਪਾਲ ਕੌਰ ਪਤਨੀ ਸਿਮਰਜੀਤ ਸਿੰਘ, ਗੁਰਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ, ਨਰਿੰਦਰ ਕੌਰ ਪਤਨੀ ਜੋਗਿੰਦਰ ਸਿੰਘ, ਕੰਵਲਜੀਤ ਸਿੰਘ ਪੁੱਤਰ ਲਖਬੀਰ ਸਿੰਘ, ਰਾਜਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਠੱਕਰਵਾਲ ਅਤੇ 3-4 ਅਣਪਛਾਤੇ ਵਿਅਕਤੀਆਂ ਨੇ ਪੀੜਤ ਅਤੇ ਉਸ ਦੇ ਤਾਏ ਦੇ ਲੜਕੇ ਸੰਦੀਪ ਸਿੰਘ ਅਤੇ ਉਸ ਦੀ ਪਤਨੀ ਨੂੰ ਗਾਲੀ ਗਲੋਚ ਕੀਤਾ ਅਤੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਜ਼ਖਮੀ ਕਰ ਦਿੱਤਾ।


**ਉਤਰ ਰੇਲਵੇ**

**ਈ-ਟੈਂਡਰ ਸੂਚਨਾ**

ਨਿਵਿਦਾ ਸੂਚਨਾ ਨੰ. :- 433-Sig_JAT_102_25_26 ਮਿਤੀ: 18.03.2026
ਸਮਾਪਤੀ ਮਿਤੀ/ਸਮਾਂ: 07.04.2026 15:00 ਵਜੇ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਕੰਮ ਕਰਨ ਵਾਲੇ ਸੀਨੀਅਰ ਡੀਐਸਟੀਈ/ਜੇਈਟੀ ਨਿਵਿਦਾ ਸੂਚਨਾ ਨੰਬਰ 433-Sig_JAT_102_25_26 ਦੇ ਲਈ https://www.ireps.gov.in 'ਤੇ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ। ਨਿਵਿਦਾ ਜਮ੍ਹਾ ਕਰਨ ਦੀ ਅੰਤਮ ਮਿਤੀ/ਸਮਾਂ 07.04.2026 15:00 ਵਜੇ ਹੈ। ਬੋਲੀਦਾਤਾ ਆਪਣੀ ਮੂਲ/ ਸੰਸ਼ੋਧਿਤ ਬੋਲੀਆਂ ਕੇਵਲ ਸਮਾਪਨ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਆਫਰ ਦੀ ਇਜਾਜ਼ਤ ਨਹੀਂ ਹੈ, ਅਤੇ ਪ੍ਰਾਪਤ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ।
ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ਼ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟ ਤੇ ਉਪਲਬਧ ਆਨਲਾਈਨ ਭੁਗਤਾਨ ਮੋਡ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੇਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜ਼ਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਦੀ ਇਜਾਜ਼ਤ ਨਹੀਂ ਹੈ।
ਐਨਆਈਟੀ ਹੇਡਰ

| ਕਰਾਰ ਦਾ ਪ੍ਰਕਾਰ | ਕੰਮ ਕਰਦਾ ਹੈ | | |
|---|---|---|---|
| ਕੰਮ ਦਾ ਨਾਮ | ਜੰਮੂ ਡਵੀਜਨ ਵਿਚ ਡੇਟਾ ਲਾਗਰ ਦਾ ਸੰਵਰਧਨ ਅਤੇ ਵੱਡੇ ਫਾਰਮੈਟ ਡਿਸਪਲੇ ਦਾ ਪ੍ਰਬੰਧ। | | |
| ਨਿਵਿਦਾ ਸਮਾਪਤੀ ਮਿਤੀ | 07.04.2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 16 / 03 / 2026 18:25 |
| ਵਿਗਿਆਪਤ ਮੂਲ (ਰੁ.) | 10817282.35 | IREPS ਦੇ ਅਨੁਸਾਰ ਬੋਲੀ ਸ਼ੁਰੂ ਕਰਨ ਦੀ ਮਿਤੀ | 24.03.26 |
| ਬਿਆਨਾ ਰਾਸ਼ੀ (ਰੁ) | 204100.00 | ਪੂਰਾ ਹੋਣ ਦਾ ਸਮਾਂ | 4 ਮਹੀਨੇ |

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 931/2026


## ਅਗਨੀਵੀਰ ਤੇ ਪੰਜਾਬ ਪੁਲਸ ਦੇ ਲਿਖਤੀ ਪੇਪਰ ਲਈ ਮੁਫ਼ਤ ਕੋਚਿੰਗ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ )-ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵੱਲੋਂ ਅਗਨੀਵੀਰ ਤੇ ਪੰਜਾਬ ਪੁਲਿਸ ਦੀ ਭਰਤੀ ਲਈ ਜ਼ਿਲ੍ਹਾ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਦੇ ਯੁਵਕਾਂ ਲਈ ਟ੍ਰੇਨਿੰਗ ਕੈਂਪ ਵਿੱਚ ਦਾਖ਼ਲਾ ਸ਼ੁਰੂ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀ-ਪਾਈਟ ਕੈਂਪ ਦੇ ਟਰੇਨਿੰਗ ਅਫ਼ਸਰ ਸੂਬੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਰਮੀ ਅਗਨੀਵੀਰ ਤੇ ਪੰਜਾਬ ਪੁਲਿਸ 2026 ਦੀ ਲਿਖਤੀ ਪ੍ਰੀਖਿਆ ਦੀ ਤਿਆਰੀ ਲਈ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ (ਗੁਰਦਾਸਪੁਰ) ਵਿਖੇ ਸਿਖਲਾਈ ਮੁਫ਼ਤ ਦਿੱਤੀ ਜਾ ਰਹੀ ਹੈ। ਸਿਖਲਾਈ ਦੌਰਾਨ ਯੁਵਕਾਂ ਨੂੰ ਮੁਫ਼ਤ ਰਿਹਾਇਸ਼ ਅਤੇ ਖਾਣਾ ਮੁਹੱਈਆ ਕਰਵਾਇਆ ਜਾਵੇਗਾ। ਚਾਹਵਾਨ ਯੁਵਕ ਆਪਣੇ ਸਾਰੇ ਅਸਲ ਸਰਟੀਫਿਕੇਟ ਤੇ ਉਹਨਾਂ ਦੀਆਂ 2-2 ਫੋਟੋ ਕਾਪੀਆਂ ਸਮੇਤ ਆਨਲਾਈਨ ਰਜਿਸਟ੍ਰੇਸ਼ਨ ਦੀ ਕਾਪੀ ਅਤੇ 4 ਪਾਸਪੋਰਟ ਸਾਈਜ਼ ਫੋਟੋਆਂ ਲੈ ਕੇ ਕੈਂਪ ਵਿੱਚ ਰਿਪੋਰਟ ਕਰ ਸਕਦੇ ਹਨ ।

## ਵਿਨੈ ਚੌਧਰੀ ਵੱਲੋਂ ਆਪਣੇ ਘਰ ਤੋਂ ਮੋਗਾ ਰੈਲੀ ਦੀ ਸ਼ੁਰੂਆਤ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਹਲਕਾ ਦੀਨਾਨਗਰ ਤੋਂ ਭਾਜਪਾ ਦੇ ਸੀਨੀਅਰ ਆਗੂ ਵਿਨੈ ਚੌਧਰੀ ਵੱਲੋਂ ਆਪਣੇ ਗ੍ਰਹਿ ਨਿਵਾਸ ਤੋਂ ਮੋਗਾ ਰੈਲੀ ਵਿਚ ਜਾਂਦੇ ਹੋਏ ਸਮਰਥਕਾਂ ਦਾ ਦ੍ਰਿਸ਼,ਰਾਜਨੀਤਿਕ ਉਤਸ਼ਾਹ, ਨਾਅਰੇਬਾਜ਼ੀ ਅਤੇ ਝੰਡਿਆਂ ਨਾਲ ਭਰਪੂਰ ਵਾਹਨਾਂ ਦੇ ਵੱਡੇ ਕਾਫਲੇ ਨਾਲ ਮੋਗਾ ਰੈਲੀ ਵਿੱਚ ਸ਼ਾਮਲ ਹੋਏ।



ਇਸ ਮੌਕੇ ਤੇ ਗੱਲਬਾਤ ਕਰਦਿਆਂ ਵਿਨੈ ਚੌਧਰੀ ਨੇ ਹਲਕਾ ਦੀਨਾਨਗਰ ਭਾਜਪਾ ਦੀ ਸਾਰੀ ਲੀਡਰਸ਼ਿਪ ਦਾ ਧੰਨਵਾਦ ਕਰਦੀਆਂ ਕਿਹਾ ਕਿ ਇਹ ਭੀੜ ਭਾਜਪਾ ਪਾਰਟੀ ਦੀ ਤਾਕਤ ਦਿਖਾਉਣ ਲਈ ਇਕੱਠੀ ਹੋਈ ਹੈ। ਇਸ ਭੀੜ ਤੋਂ ਇਹ ਸਾਬਿਤ ਹੋ ਰਿਹਾ ਹੈ ਕਿ ਹਲਕਾ ਦੀਨਾਨਗਰ ਦੇ ਲੋਕਾਂ ਦਾ ਵਿਰੋਧੀ ਪਾਰਟੀਆਂ ਦੇ ਆਗੂਆਂ ਤੋਂ ਮਨ ਉੱਠ ਚੁੱਕਿਆ ਹੈ। ਹੁਣ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਦੀਆ 2027 ਵਿਧਾਨ ਸਭਾ ਚੋਣਾਂ ਵਿੱਚ ਦੀਨਾਨਗਰ ਤੋਂ ਭਾਜਪਾ ਦੀ ਜਿੱਤ ਯਕੀਨੀ ਹੋਵੇਗੀ। ਉਨ੍ਹਾਂ ਕਿਹਾ ਕਿ ਮੋਗਾ ਵਿਖੇ ਅਮਿਤ ਸ਼ਾਹ ਦੇ ਆਉਣ ਨਾਲ ਪੰਜਾਬ ਵਿੱਚ ਭਾਜਪਾ ਹੋਰ ਮਜਬੂਤ ਹੋ ਗਈ ਹੈ। ਜਿਸ ਕਾਰਨ 2027 ਦੀਆਂ ਚੋਣਾਂ ਵਿੱਚ ਪੰਜਾਬ 'ਚ ਭਾਜਪਾ ਦੀ ਸਰਕਾਰ ਪੂਰੇ ਬਹੁਮਤ ਨਾਲ ਬਣੇਗੀ।

ਇਸ ਮੌਕੇ ਤੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਰਕੇਸ਼ ਮਹਾਜਨ, ਜ਼ਿਲ੍ਹਾ ਉਪ ਪ੍ਰਧਾਨ ਰਜੇਸ਼ ਸ਼ਰਮਾ, ਸੰਜੀਵ ਕਾਕਾ,ਰਮਨ ਠਾਕੁਰ, ਯੁਵਾ ਨੇਤਾ ਅੰਤਰਿਕਸ਼ ਚੌਧਰੀ, ਸੀਨੀਅਰ ਵਰਕਰ ਰਾਮਜੀਤ ਸ਼ਰਮਾ, ਸਾਬਕਾ ਚੇਅਰਮੈਨ ਜਗਤਾਰ ਸਿੰਘ, ਜਵਾਹਰ ਸਿੰਘ ਅਤੇ ਜਿੰਦਰ ਕੁਮਾਰ ਆਦਿ ਹਾਜ਼ਰ ਸਨ।

## ਹਰਜਿੰਦਰ ਸਿੰਘ ਦਦੇਹਰ ਸਾਹਿਬ ਨੂੰ ਮੌਤ ਦੇ ਘਾਟ ਉਤਾਰ ਦੇਣਾ ਪੁਲਸ ਪ੍ਰਸ਼ਾਸਨ 'ਤੇ ਸਵਾਲੀਆ ਨਿਸ਼ਾਨ : ਬਲਵਿੰਦਰ ਸਿੰਘ

**ਚੋਹਲਾ ਸਾਹਿਬ (ਰਮਨ ਚੱਢਾ)**-ਥਾਣੇ ਤੋਂ ਕੁਝ ਦੂਰ ਲੁਟੇਰਿਆਂ ਵੱਲੋਂ ਹਰਜਿੰਦਰ ਸਿੰਘ ਦਦੇਹਰ ਸਾਹਿਬ ਨੂੰ ਮੌਤ ਦੇ ਘਾਟ ਉਤਾਰ ਦੇਣਾ ਪੁਲਸ ਪ੍ਰਸ਼ਾਸਨ 'ਤੇ ਸਵਾਲੀਆ ਨਿਸ਼ਾਨ ਹੈ। ਕਾਮਰੇਡ ਬਲਵਿੰਦਰ ਸਿੰਘ ਚੋਹਲਾ ਸਾਹਿਬ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪਾਰਟੀ ਦੇ ਬਲਾਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਇਲਾਕੇ ਵਿਚ ਸਰੇਆਮ ਲੁੱਟਾ ਖੋਹਾਂ ਹੋ ਰਹੀਆਂ ਹਨ ਸਭ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਦਾ ਸਿੱਟਾ ਹੈ। ਕੁੱਝ ਦਿਨ ਪਹਿਲਾ ਲੁਟੇਰਿਆਂ ਵੱਲੋਂ ਪਿੰਡ ਢੋਟੀਆਂ ਵਿਖੇ ਪਿੰਡ ਦੇ ਬਜ਼ੁਰਗ ਦੀ ਲੁੱਟ ਖੋਹ ਕਰਕੇ ਭੱਜਣ ਲੱਗੇ ਪਰ ਪਿੰਡ ਵਾਸੀਆਂ ਵੱਲੋਂ ਲੁਟੇਰਿਆਂ ਨੂੰ ਫੜ ਕੇ ਪੁਲਸ ਦੇ ਹਵਾਲੇ ਕਰ ਦਿੱਤਾ। ਪੁਲਸ ਨੇ ਪਿੰਡ ਵਾਸੀਆਂ ਨੂੰ ਹੌਸਲਾ ਦੇਣ ਦੀ ਬਜਾਏ ਡਰਾ ਧਮਕਾ ਕੇ ਪਰਚਾ ਕਰ ਦਿੱਤਾ।

ਉਨ੍ਹਾ ਕਿਹਾ ਕਿ ਕਿਸੇ ਨੂੰ ਕਨੂੰਨ ਹੱਥ 'ਚ ਨਹੀ ਲੈਣ ਦਿੱਤਾ ਜਾਵੇਗਾ। ਪਰ ਇਸ ਤਰ੍ਹਾ ਲੁਟੇਰਿਆਂ ਦੇ ਹੌਸਲੇ ਬੁਲੰਦ ਹੁੰਦੇ ਹਨ। ਇਸੇ ਤਰ੍ਹਾ ਜੋ ਮਿਹਨਤ ਮਜ਼ਦੂਰੀ ਕਰਕੇ ਆਪਣਾ ਪਰਵਾਰ ਪਾਲਦਾ ਸੀ, ਹਰਜਿੰਦਰ ਸਿੰਘ ਦਦੇਹਰ ਸਾਹਿਬ ਨੂੰ ਸਰਹਾਲੀ ਥਾਣੇ ਤੋਂ ਕੁੱਝ ਕ ਦੂਰ ਲੁਟੇਰਿਆਂ ਵਲੋ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਅਤੇ ਉਸ ਦੀ ਪਤਨੀ ਨੂੰ ਗੰਭੀਰ ਜ਼ਖ਼ਮੀ ਕਰ ਦਿੱਤਾ ਗਿਆ।


**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਮੰਡਲ ਇੰਜਿਨੀਅਰ - ਹੈਡ., ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ 06.04.2026 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲੀ | ਕੰਮ | ਏਕਲ ਪੈਕੇਟ ਪ੍ਰਣਾਲੀ |
| **ਟੈਂਡਰ ਅਪਲੋਡ ਕਰਨ ਦੀ ਮਿਤੀ** | **ਟੈਂਡਰ ਸ਼ੁਰੂ ਦੀ ਮਿਤੀ** | **ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ** |
| 13.03.2026 | 23.03.2026 | 06.04.2026 / 15:00 ਵਜੇ |

| ਲ.ਨੰ: | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | | | |
|---|---|---|---|---|---|
| 1. | 252-2025-26-ADEN-1-FZR | ਸਹਾਇਕ ਮੰਡਲ ਇੰਜਿਨੀਅਰ-ਪਹਿਲੀ/ਫ਼ਿਰੋਜ਼ਪੁਰ ਦੇ ਅੰਤਰਗਤ ਲੁਧਿਆਣਾ-ਫ਼ਿਰੋਜ਼ਪੁਰ ਮਾਰਗ ਉਤੇ ਸਥਿਤ ਜਲਭਰਾਵ ਤੋਂ ਗ੍ਰਸਤ ਸੀਮਿਤ ਉਚਾਈ ਵਾਲੀ ਸਬਵੇ ਨੰਬਰ ਏ-32, ਸੀ-48, ਸੀ-63, ਸੀ-75, ਸੀ-76 ਅਤੇ ਸੀ-79 ਵਿਚ 06 ਸੀਮਿਤ ਉਚਾਈ ਵਾਲੀ ਸਬਵੇ ਵਿਚ ਕਵਰ ਸ਼ੇਡ ਦਾ ਪ੍ਰਾਵਧਾਨ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 4,12,38,568.70 | 3,56,200.00 | 60 ਦਿਨ | 06 ਮਹੀਨੇ |
| | | ਕੰਮ ਦੀ ਸਮਾਨ ਪ੍ਰਕ੍ਰਿਤੀ :- "ਟ੍ਰੈਕ ਨਿਰਮਾਣ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ"। | | | |
| 2. | 253-2025-26-DEN-HQ-FZR | ਮੰਡਲ ਇੰਜਿਨੀਅਰ-ਹੈਡਕੁਆਟਰ/ਫ਼ਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਸਹਾਇਕ ਮੰਡਲ ਇੰਜਿਨੀਅਰ-ਪਹਿਲੀ/ਫ਼ਿਰੋਜ਼ਪੁਰ ਦੇ ਅਧੀਨ ਫ਼ਰੀਦਕੋਟ, ਕੋਟਕਪੂਰਾ, ਮੁਕਤਸਰ, ਮੋਗਾ, ਡਗਰੂ, ਅਜੀਤਵਾਲ, ਜਗਰਾਓਂ, ਚੌਕੀ ਮਾਨ, ਬਰੀਵਾਲਾ, ਲੱਖੇਵਾਲੀ, ਗੋਲੇਵਾਲਾ, ਗਿਆਨੀ ਜੈਲ ਸਿੰਘ, ਰੋਮਾਣਾ ਅਲਬੇਲ ਸਿੰਘ, ਚੰਦ ਭਾਨ, ਗੰਗਸਰ ਜੈਤੋ ਅਤੇ ਗੋਨਿਆਣਾ ਭਾਈ ਜਗਤਾ ਸਟੇਸ਼ਨ ਯਾਰਡਾਂ ਵਿਚ ਸੁਧਾਰ ਅਤੇ ਸੁਧਾਰ ਦੇ ਸਬੰਧ ਵਿਚ ਵੱਖ-ਵੱਖ ਯਾਰਡਾਂ ਵਿਚ ਗਿੱਟੀ ਦੀ ਆਪੂਰਤੀ ਅਤੇ ਸਹਾਇਕ ਮੰਡਲ ਇੰਜਿਨੀਅਰ-ਦੂਸਰੀ/ਫ਼ਿਰੋਜ਼ਪੁਰ ਦੇ ਅੰਤਰਗਤ ਮੱਖੂ, ਝੋਕ ਟਹਿਲ ਸਿੰਘ, ਗੁਰੂ ਹਰਸਹਾਏ, ਲੱਧੂਕਾ, ਫਾਜ਼ਿਲਕਾ, ਜਲਾਲਾਬਾਦ, ਫ਼ਿਰੋਜ਼ਪੁਰ ਸ਼ਹਿਰ, ਫ਼ਿਰੋਜ਼ਪੁਰ, ਚੁਹੜੀਵਾਲਾ ਧੰਨਾ ਅਤੇ ਖੂਈ ਖੇੜਾ ਸਟੇਸ਼ਨ ਯਾਰਡ ਵਿਚ ਸੁਧਾਰ ਕੰਮ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 5,98,71,831.36 | 4,49,400.00 | 60 ਦਿਨ | 08 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ - "ਰੇਲਵੇ/ਰਾਜਮਾਰਗ/ਸੜਕਾਂ ਦੇ ਲਈ ਮਸ਼ੀਨ ਦੁਆਰਾ ਕੁਚਲੇ ਗਏ ਪੱਥਰ ਦੇ ਗਿੱਟਟੀ ਦੀ ਆਪੂਰਤੀ"। | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। ਪੱਤਰ ਨੰ:- 252-2025-26-ADEN-1-FZR & 253-2025-26-DEN-HQ-FZR Date: 17.03.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 922/26


## ਵਿਧਾਇਕ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਅਜੇ ਗੁਪਤਾ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 47 ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਬੋਲਦਿਆਂ ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਸਾਰੇ ਸ਼ਰਧਾਲੂ ਸ੍ਰੀ ਆਨੰਦਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨਗੇ ਅਤੇ ਮੱਥਾ ਟੇਕਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਉਨ੍ਹਾਂ ਦੇ ਧਾਰਮਿਕ ਵਿਰਸੇ ਨਾਲ ਜੋੜ ਰਹੀ ਹੈ। ਉਨ੍ਹਾਂ ਕਿਹਾ ਕਿ ਜੋ ਭਾਈਚਾਰਾ ਆਪਣੀ ਧਾਰਮਿਕ ਵਿਰਾਸਤ ਨਾਲ ਜੁੜਿਆ ਰਹਿੰਦਾ ਹੈ, ਉਹ ਹਮੇਸ਼ਾ ਸਫਲ ਹੁੰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਿਕਾਸ ਕਾਰਜ ਕਰ ਰਹੀ ਹੈ। ਇਸ ਦੇ ਨਾਲ ਹੀ, ਇਹ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਵੀ ਪ੍ਰਦਾਨ ਕਰ ਰਹੀ ਹੈ, ਜਿਸ ਵਿੱਚ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਮੁਫ਼ਤ ਸਹੂਲਤਾਂ ਸ਼ਾਮਲ ਹਨ।



ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੇ 47 ਸ਼ਰਧਾਲੂਆਂ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਭੇਜਿਆ ਗਿਆ।

ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਉਹ ਸਾਰੇ ਸ਼ਰਧਾਲੂਆਂ ਦੀ ਭਲਾਈ ਦੀ ਕਾਮਨਾ ਕਰਦੇ ਹਨ। ਇਸ ਮੌਕੇ ਕਰਨੇਸ਼ ਮਹਾਜਨ, ਲੱਖਾ ਡੀਜੇ, ਰਾਹੁਲ ਮੱਟੂ, ਰਿਤੂ ਮਹਾਜਨ, ਚਿਰਾਗ ਮਹਿਰਾ, ਰੁਚੀ, ਮਨਜੀਤ ਸਿੰਘ, ਸੌਰਭ ਕੁਮਾਰ ਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਲੰਟੀਅਰ ਮੌਜੂਦ ਸਨ।


**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਉਪ ਮੁੱਖ ਇੰਜੀਨੀਅਰ/ਜੀ.ਐਸ.ਯੂ ਫ਼ਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾਂ ਆਖਰੀ ਮਿਤੀ 09.04.2026 ਵਕਤ 11:30 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਟੈਂਡਰਕਰਤਾ ਟੈਂਡਰ-ਪੱਤਰ ਦੀ ਬਿਆਨਾ ਰਾਸ਼ੀ ਦੀ ਜਗ੍ਹਾਂ ਟੈਂਡਰ ਸੁਰੱਖਿਆ ਘੋਸ਼ਣਾ ਪੱਤਰ ਨਿਰਧਾਰਿਤ ਪ੍ਰਾਰੂਪ ਵਿਚ ਟੈਂਡਰ ਦੇ ਨਾਲ ਈ-ਪੋਰਟਲ ਉਤੇ ਨਥੀ ਕਰੇਗਾ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਹੋਣ ਦੀ ਮਿਤੀ | ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਗਤੀ ਸ਼ਕਤੀ ਇਕਾਈ | ਦੋ ਪੈਕੇਟ ਪ੍ਰਣਾਲੀ | 17.03.2026 | 26.03.2026 | 09.04.2026/11:30 Hrs |

| ਲ.ਨੰ: | ਟੈਂਡਰ ਨੰ: ਮਿਤੀ | ਟੈਂਡਰ ਦਾ ਵੇਰਵਾ | | | |
|---|---|---|---|---|---|
| 1 | OP-15-GSU-FZR-2025-26 Dt.: 09.04.2026 | ਅੰਮ੍ਰਿਤ ਸਟੇਸ਼ਨ ਯੋਜਨਾ ਦੇ ਅੰਤਰਗਤ ਭਾਰਤੀਯ ਰੇਲ ਦੇ ਫ਼ਿਰੋਜ਼ਪੁਰ ਅਤੇ ਜੰਮੂ ਮੰਡਲਾਂ ਵਿਚ ਸਥਿਤ ਧੰਧਾਰੀ ਕਲਾਂ, ਕਪੂਰਥਲਾ, ਮੋਗਾ, ਫਾਜਿਲਕਾ, ਫਿਲੌਰ, ਫਗਵਾੜਾ, ਫ਼ਿਰੋਜ਼ਪੁਰ ਕੈਂਟ, ਹੋਸ਼ਿਆਰਪੁਰ, ਗੁਰਦਾਸਪੁਰ, ਪਠਾਨਕੋਟ ਸਿਟੀ ਅਤੇ ਉਧਮਪੁਰ ਰੇਲਵੇ ਸਟੇਸ਼ਨਾਂ ਉਤੇ ਬਾਕੀ ਬਚੇ ਸਾਰੇ ਸਿਵਿਲ ਕੰਮਾਂ ਦਾ ਨਿਸ਼ਪਾਦਨ ਅਤੇ ਪੂਰਾ ਕਰਨਾ, ਉਪ ਮੁੱਖ ਇੰਜੀਨੀਅਰ/ਜੀਐਸ/ਫ਼ਿਰੋਜ਼ਪੁਰ (Dy.CE/GS/FZ) ਦੇ ਅਧੀਨ ਕੀਤਾ ਜਾਂ ਰਿਹਾ ਹੈ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਪੂਰਾ ਕਰਨ ਦਾ ਸਮਾਂ | ਆਫਰ ਦੀ ਵੈਧਤਾ |
| | | 13,40,25,783.74/- | 26,80,500.00/- | 90 ਦਿਨ | 06 ਮਹੀਨੇ |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ।
2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।
ਟੈਂਡਰ ਸੂਚਨਾ ਪੱਤਰ ਨੰ: OP-15-GSU-FZR-2025-26 Date: 17.03.2026 921/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਸਰਕਾਰ ਦੇ ਅੜੀਅਲ ਵਤੀਰੇ ਵਿਰੁੱਧ ਸੰਘਰਸ਼ ਦਾ ਸੱਦਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ (ਰਜਿ) ਜ਼ਿਲ੍ਹਾ ਅੰਮ੍ਰਿਤਸਰ ਦੀ ਮਹੀਨਾਵਾਰ ਇਕੱਤਰਤਾ ਸਥਾਨਕ ਰਾਮ ਬਾਗ ਵਿਖੇ ਸੁਰਜੀਤ ਸਿੰਘ ਗੁਰਾਇਆ ਚੀਫ ਪੈਟਰਨ ਅਤੇ ਸੁਖਦੇਵ ਸਿੰਘ ਪੰਨੂੰ ਪ੍ਰਧਾਨ ਦੀ ਸਾਂਝੀ ਅਗਵਾਈ ਹੇਠ ਹੋਈ, ਜਿਸ ਸਮੇ ਵੱਖ-ਵੱਖ ਵਿਭਾਗਾਂ ਵਿੱਚੋਂ ਸੇਵਾਮੁਕਤ ਹੋਏ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਜਨਰਲ ਸਕੱਤਰ ਚਰਨ ਸਿੰਘ ਸੰਧੂ ਵੱਲੋਂ ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਪਿਛਲੇ ਇੱਕ ਮਹੀਨੇ ਦੀਆਂ ਗਤੀਵਿਧੀਆਂ ਦੀ ਰਿਪੋਰਟਿੰਗ ਤੋਂ ਬਾਅਦ ਨਰਿੰਦਰ ਸ਼ਰਮਾ ਕੈਸ਼ੀਅਰ ਨੇ ਫਰਵਰੀ ਮਹੀਨੇ ਦੀ ਆਮਦਨ ਖਰਚ ਦਾ ਵੇਰਵਾ ਮੀਟਿੰਗ ਵਿੱਚ ਪੇਸ਼ ਕੀਤਾ। ਇਸ ਉਪਰੰਤ ਸੁਰਜੀਤ ਸਿੰਘ ਗੁਰਾਇਆ ਚੀਫ ਪੈਟਰਨ, ਸੁਖਦੇਵ ਸਿੰਘ ਪੰਨੂੰ ਪ੍ਰਧਾਨ, ਚਰਨ ਸਿੰਘ ਐਕਟਿੰਗ ਪ੍ਰਧਾਨ, ਦਿਦਾਰ ਸਿੰਘ ਸੀਨੀਅਰ ਮੀਤ ਪ੍ਰਧਾਨ, ਕੁਲਦੀਪ ਸਿੰਘ ਮੀਤ ਪ੍ਰਧਾਨ, ਚਰਨ ਸਿੰਘ ਸੰਧੂ ਜਨਰਲ ਸਕੱਤਰ, ਨਰਿੰਦਰ ਸ਼ਰਮਾ ਕੈਸ਼ੀਅਰ, ਰਾਮ ਲਾਲ ਸ਼ਰਮਾ ਸਾਬਕਾ ਕੌਂਸਲਰ, ਸ਼ਾਮ ਲਾਲ, ਸਤਪਾਲ ਸਿੰਘ ਚੋਲੀਆ ਆਦਿ ਨੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਕਈ ਹੋਰ ਭਰਾਤਰੀ ਜਥੇਬੰਦੀਆਂ ਵੱਲੋਂ ਪਹਿਲਾਂ ਹੀ ਉਲੀਕੇ ਪ੍ਰੋਗਰਾਮ ਕਿ ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੌਰਾਨ ਡੀ. ਏ. ਦੀਆਂ ਪੈਂਡਿੰਗ ਕਿਸ਼ਤਾਂ ਅਤੇ ਹੋਰ ਸਾਂਝੀਆਂ ਮੰਗਾਂ ਦੇ ਹੱਕ ਵਿੱਚ ਸਰਕਾਰ ਵਿਰੁੱਧ ਰੋਸ ਰੈਲੀਆਂ ਕਰਕੇ ਵਿਧਾਨ ਸਭਾ ਵੱਲ ਮਾਰਚ ਕਰਨ ਦਾ ਐਲਾਨ ਕੀਤਾ ਹੋਇਆ ਸੀ । ਇਸ ਪ੍ਰੋਗਰਾਮ ਤਹਿਤ ਪਹਿਲੇ ਦਿਨ 8 ਮਾਰਚ ਨੂੰ ਜਥੇਬੰਦੀ ਵੱਲੋਂ ਵੱਡੇ ਜਥੇ ਸਮੇਤ ਸ਼ਮੂਲੀਅਤ ਕਰਨ ਵਾਲੇ ਪੈਨਸ਼ਨਰ ਸਾਥੀਆਂ ਦਾ ਜਿਥੇ ਧੰਨਵਾਦ ਕੀਤਾ ਉੱਥੇ ਪਹਿਲੇ ਹੀ ਉਸ ਦਿਨ ਅਤੇ ਉਸ ਤੋਂ ਬਾਅਦ ਅਗਲੇ ਦਿਨਾਂ ਵਿੱਚ ਵੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ



ਵਿਧਾਨ ਸਭਾ ਵੱਲ ਰੋਸ ਮਾਰਚ ਜਿਸ ਵਿੱਚ ਕਾਫੀ ਗਿਣਤੀ ਵਿੱਚ ਔਰਤਾਂ ਦੀ ਵੀ ਸ਼ਾਮਲ ਵੇਲੇ ਪੰਜਾਬ ਪੁਲਸ ਅਤੇ ਚੰਡੀਗੜ੍ਹ ਪੁਲਸ ਵੱਲੋਂ ਰੋਸ ਮਾਰਚ ਉਪਰ ਲਾਠੀਚਾਰਜ, ਜਲ ਤੋਪਾਂ ਨਾਲ ਪਾਣੀ ਦੀਆਂ ਬੁਛਾੜਾਂ ਅਤੇ ਅੱਥਰੂ ਗੈਸ ਦੇ ਗੋਲੇ ਦਾਗ਼ਣੇ ਆਦਿ ਰਾਹੀਂ ਕੀਤੇ ਅੰਨ੍ਹੇ ਤਸ਼ੱਦਦ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤੇ ਬਜਟ ਜਿਸ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਬਾਰੇ ਇੱਕ ਵੀ ਲਫ਼ਜ਼ ਨਾ ਕਹਿਣ ਅਤੇ ਨਾ ਹੀ ਕਿਸੇ ਮੰਗ ਬਾਰੇ ਜ਼ਿਕਰ ਨਾ ਹੋਣ ਕਾਰਨ ਪੈਨਸ਼ਨਰ ਸਮਾਜ ਵਿੱਚ ਘੋਰ ਨਿਰਾਸ਼ਾ ਪਾਈ ਜਾ ਰਹੀ ਹੈ ਅਤੇ ਇਸ ਬਜਟ ਨੂੰ ਲੋਕ ਵਿਰੋਧੀ ਕਰਾਰ ਦਿੱਤਾ। ਸਾਰੇ ਬੁਲਾਰਿਆਂ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਉੱਪਰ ਸਰਕਾਰ ਵੱਲੋਂ ਕੀਤੇ ਤਸ਼ੱਦਦ ਬਾਰੇ ਕਿਹਾ ਕਿ ਇਸ ਦਾ ਖ਼ਮਿਆਜ਼ਾ ਸਰਕਾਰ ਨੂੰ ਆਉਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਭੁਗਤਣਾ ਪਵੇਗਾ। ਇਸ ਦੇ ਨਾਲ ਹੀ ਸਾਰੇ ਪੈਨਸ਼ਨਰਾਂ ਨੂੰ ਆਉਣ ਵਾਲੇ ਦਿਨਾਂ ਵਿੱਚ ਦਿੱਤੇ ਜਾਣ ਵਾਲੇ ਸਖ਼ਤ ਐਕਸ਼ਨ ਪ੍ਰੋਗਰਾਮਾਂ ਲਈ ਹਰ ਵੇਲੇ ਤਿਆਰ ਰਹਿਣ ਦਾ ਸੱਦਾ ਦਿੱਤਾ ਤਾਂ ਕਿ ਸਰਕਾਰ ਨੂੰ ਪੈਂਡਿੰਗ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕੇ ।ਮੀਟਿੰਗ ਦੀ ਕਾਰਵਾਈ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਬਾਰੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸੁਖਦੇਵ ਸਿੰਘ ਪੰਨੂੰ ਪ੍ਰਧਾਨ ਅਤੇ ਚਰਨ ਸਿੰਘ ਸੰਧੂ ਜਨਰਲ ਸਕੱਤਰ ਨੇ ਮੰਗ ਕੀਤੀ ਕਿ ਮਿਤੀ 1-1-2016 ਤੋਂ ਪੈਨਸ਼ਨਾਂ 2 59 ਦੇ ਗੁਣਾਂਕ ਨਾਲ ਸੋਧੀਆਂ ਜਾਣ ਅਤੇ ਮਿਤੀ 1-1-2016 ਤੋਂ ਸੋਧੀਆਂ ਪੈਨਸ਼ਨਾਂ ਦਾ ਬਕਾਇਆ ਯਕਮੁਸ਼ਤ ਦਿੱਤਾ ਜਾਵੇ, ਕੇਂਦਰ ਅਤੇ ਗੁਆਂਢੀ ਸੂਬਿਆਂ ਦੀ ਤਰਜ਼ 'ਤੇ ਡੀ ਏ ਦੀਆਂ ਹੁਣ ਤੱਕ ਰਹਿੰਦੀਆਂ ਕਿਸ਼ਤਾਂ ਕੁੱਲ 16% ਤੁਰੰਤ ਜਾਰੀ ਕੀਤੀਆਂ ਜਾਣ ਅਤੇ ਪਹਿਲਾਂ ਜਾਰੀ ਕੀਤੀਆਂ ਕਿਸ਼ਤਾਂ ਦਾ ਬਕਾਇਆ ਵੀ ਤੁਰੰਤ ਜਾਰੀ ਕੀਤਾ ਜਾਵੇ, ਮੈਡੀਕਲ ਭੱਤਾ ਪ੍ਰਤੀ ਮਹੀਨਾ 2000/-ਕੀਤਾ ਜਾਵੇ ਅਤੇ ਸਮੇਂ ਸਮੇਂ ਤੇ ਅਦਾਲਤਾਂ ਵੱਲੋਂ ਪੈਨਸ਼ਨਰਾਂ ਦੇ ਹੱਕ ਵਿੱਚ ਦਿੱਤੇ ਫ਼ੈਸਲਿਆਂ ਨੂੰ ਲਾਗੂ ਕੀਤਾ ਜਾਵੇ ।

ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਅਮੋਲਜੀਤ ਸਿੰਘ, ਪਰਵਿੰਦਰ ਸਿੰਘ, ਬਲਦੇਵ ਸਿੰਘ ਰੰਧਾਵਾ, ਸਤਨਾਮ ਸਿੰਘ, ਜਸਮੇਲ ਸਿੰਘ, ਕੰਵਰ ਹਰਜੀਤ ਸਿੰਘ, ਗੁਲਜ਼ਾਰ ਸਿੰਘ, ਮਨਜੀਤ ਸਿੰਘ,ਪਰਗਟ ਸਿੰਘ,ਰਣਜੀਤ ਸਿੰਘ,ਜੁਗਿੰਦਰ ਸਿੰਘ,ਕੰਵਲਜੀਤ ਸਿੰਘ ਬੱਲ, ਜਸਪਾਲ ਸਿੰਘ, ਅਸ਼ੋਕ ਕੁਮਾਰ, ਬਲਵਿੰਦਰ ਸਿੰਘ, ਨਾਨਕ ਚੰਦ,ਦੇਸ ਰਾਜ, ਅਸ਼ਵਨੀ ਕੁਮਾਰ, ਕੁਲਦੀਪ ਸਿੰਘ, ਸ਼ਿਵ ਕੁਮਾਰ,ਹਰਵਿੰਦਰ ਪਾਲ ਸਿੰਘ ਝਬਾਲ, ਕੇ ਐੱਲ ਅਰੋੜਾ, ਬਿਹਾਰੀ ਲਾਲ, ਨਰਾਇਣ ਦਾਸ, ਬਖ਼ਸ਼ੀ ਰਾਮ, ਰਵਿੰਦਰ ਨਾਥ, ਰਾਧੇ ਕਿਸ਼ਨ, ਹੀਰਾ ਲਾਲ ਤੁਲੀ ਆਦਿ ਹੋਰ ਵੀ ਬਹੁਤ ਸਾਰੇ ਪੈਨਸ਼ਨਰ ਹਾਜ਼ਰ ਸਨ ।


**ਉਤਰ ਰੇਲਵੇ**

**ਸਟੇਸ਼ਨ ਟਿਕਟ ਬੁਕਿੰਗ ਏਜੰਟ ਦੇ ਲਈ ਦਰਖਾਸਤ ਪੱਤਰ**

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਜੰਮੂ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ, ਹੇਠਾਂ ਜਿਕਰਯੋਗ ਐਸਟੀਬੀਏ (ਸਟੇਸ਼ਨ ਟਿਕਟ ਬੁਕਿੰਗ ਏਜੰਟ) ਕੰਮ ਦੇ ਲਈ ਤੈਅ ਸਿੰਗਲ ਪੈਕੇਟ ਮੁਹਰਬੰਦ ਦਰਖਾਸਤਾਂ ਦੀ ਮੰਗ ਕਰਦੇ ਹਨ

| SN | ਸਟੇਸ਼ਨ | ਸਟੇਸ਼ਨ ਕੋਡ | ਸਟੇਸ਼ਨ ਕੇਟੇਗਰੀ | ਅਗਾਊਂ ਧਨ (ਰੁਪਏ ਵਿਚ) | ਨਿਵਿਦਾ ਫਾਰਮ (ਰੁਪਏ ਵਿਚ) | ਕਾਂਟਰੈਕਟ ਦਾ ਸਮਾਂ |
|---|---|---|---|---|---|---|
| 1 | ਕੋਪਰ ਲਹਾਰ | KPLR | NSG6 | 2000/- | 1180/- | ਤਿੰਨ ਸਾਲ |
| 2 | ਭਰੋਲੀ | BHRL | NSG6 | 2000/- | 1180/- | ਤਿੰਨ ਸਾਲ |
| 3 | ਜਖੋਲਾਹੜੀ | JK | NSG6 | 2000/- | 1180/- | ਤਿੰਨ ਸਾਲ |
| 4 | ਭੋਗਪੁਰ ਸ਼੍ਰੀਵਾਲ | BPRS | NSG6 | 2000/- | 1180/- | ਤਿੰਨ ਸਾਲ |
| 5 | ਛੀਨਾ | CHN | NSG6 | 2000/- | 1180/- | ਤਿੰਨ ਸਾਲ |
| 6 | ਤਲਾਰਾ | TLRA | NSG6 | 2000/- | 1180/- | ਤਿੰਨ ਸਾਲ |
| 7 | ਮਿਰਥਲ | MRTL | NSG6 | 2000/- | 1180/- | ਤਿੰਨ ਸਾਲ |
| 8 | ਪਾਲਮਪੁਰ ਹਿਮਾਚਲ | PLMX | NSG6 | 2000/- | 1180/- | ਤਿੰਨ ਸਾਲ |
| 9 | ਘਗਵਾਲ | GHGL | NSG6 | 2000/- | 1180/- | ਤਿੰਨ ਸਾਲ |
| 10 | ਭੰਗਾਲਾ | BNGL | NSG6 | 2000/- | 1180/- | ਤਿੰਨ ਸਾਲ |
| 11 | ਨਾਗਰੋਟਾ ਸੂਰਿਯਨ | NGRS | NSG6 | 2000/- | 1180/- | ਤਿੰਨ ਸਾਲ |

ਦਰਖਾਸਤ ਪੱਤਰ ਕੇਵਲ ਮੁਹਰਬੰਦ ਪੈਕੇਟ ਵਿਚ ਵਾਣਿਜਕ ਬ੍ਰਾਂਚ, ਡੀਆਰਐਮ ਦਫਤਰ, ਜੰਮੂ ਵਿਚ ਮਿਤੀ 08.04.2026 ਨੂੰ 10:00 ਤੋਂ 15:00 ਵਜੇ ਦੇ ਵਿਚ ਪ੍ਰਾਪਤ ਕੀਤੇ ਜਾਣਗੇ।
ਵਧੇਰੇ ਜਾਣਕਾਰੀ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ ਤੇ ਜਾਓ nr.indianrailways.gov.in

907/2026 For Sr. Divisional Commercial Manager, Jammu

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਜਨਮ ਦਿਨ ਮੁਬਾਰਕ**



ਜੈਦੀਪ ਸਿੰਘ ਸੋਹੀ
ਪਿੰਡ ਮੰਗਲ ਸੈਨ (ਗੁਰਦਾਸਪੁਰ)

**ਵਰ੍ਹੇਗੰਢ ਮੁਬਾਰਕ**



ਕਸ਼ਮੀਰੀ ਲਾਲ ਤੇ ਮੀਨਾ ਰਾਣੀ ਲੋਹੀਆਂ ਖਾਸ ਨੇ ਆਪਣੇ ਵਿਆਹ ਦੀ 35ਵੀਂ ਵਰ੍ਹੇਗੰਢ ਮਨਾਈ

# ਸ਼ਾਹਕੋਟ ਬਲਾਕ ਸੰਮਤੀ ਦੀ ਚੋਣ ਮੁਲਤਵੀ

## ਅਗਲੀ ਤਰੀਕ ਜਲਦੀ ਰੱਖੀ ਜਾਵੇਗੀ : ਐੱਸ ਡੀ ਐੱਮ

**ਸ਼ਾਹਕੋਟ (ਗਿਆਨ ਸੈਦਪੁਰੀ)**-ਬੁੱਧਵਾਰ ਨੂੰ ਬਲਾਕ ਸੰਮਤੀ ਸ਼ਾਹਕੋਟ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਲਈ ਬੀ ਡੀ ਪੀ ਓ ਦਫਤਰ ਸ਼ਾਹਕੋਟ ਵਿਖੇ ਐੱਸ ਡੀ ਐੱਮ ਸ਼ਾਹਕੋਟ ਅਦਿੱਤਿਆ ਗੁਪਤਾ ਦੀ ਨਿਗਰਾਨੀ ਹੇਠ ਮੀਟਿੰਗ ਰੱਖੀ ਗਈ ਸੀ। ਐੱਸ ਡੀ ਐੱਮ ਸ਼ਾਹਕੋਟ ਵੱਲੋਂ 3 ਵਜੇ ਦਾ ਸਮਾਂ ਰੱਖਿਆ ਗਿਆ ਸੀ। 3 ਵਜੇ ਤੋਂ ਲਗਭਗ ਇਕ ਘੰਟਾ ਪਹਿਲਾਂ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਆਪਣੇ ਚੁਣੇ ਹੋਏ ਬਲਾਕ ਸੰਮਤੀ ਮੈਂਬਰਾਂ ਅਤੇ ਹੋਰ ਸਮਰਥਕਾਂ ਨੂੰ ਨਾਲ ਲੈ ਕੇ ਬੀ ਡੀ ਪੀ ਓ ਦਫਤਰ ਸ਼ਾਹਕੋਟ ਪਹੁੰਚੇ। ਆਮ ਆਦਮੀ ਪਾਰਟੀ ਦੇ ਚੁਣੇ ਹੋਏ ਨੁਮਾਇੰਦੇ ਮੀਟਿੰਗ ਵਿੱਚ ਨਾ ਪਹੁੰਚਣ ਕਾਰਨ ਐੱਸ ਡੀ ਐੱਮ ਸ਼ਾਹਕੋਟ ਵੱਲੋਂ ਮੀਟਿੰਗ ਮੁਲਤਵੀ ਕਰ ਦਿੱਤੀ ਗਈ। ਉਹਨਾਂ ਦੱਸਿਆ ਕਿ ਨਿਯਮਾਂ ਮੁਤਾਬਕ ਦੋ ਤਿਹਾਈ ਬਹੁਮਤ ਦਾ ਪਹਿਲੀ ਮੀਟਿੰਗ ਵਿੱਚ ਸ਼ਾਮਿਲ ਹੋਣਾ ਜ਼ਰੂਰੀ ਹੁੰਦਾ ਹੈ। ਉਹਨਾਂ ਦੱਸਿਆ ਕਿ ਜਿਸ ਤਰ੍ਹਾਂ ਹੀ ਅਗਲੀ ਤਰੀਕ ਤੈਅ ਹੁੰਦੀ ਹੈ, ਤਰੀਕ ਤੈਅ ਹੋਣ ਤੋਂ 24 ਘੰਟੇ ਪਹਿਲਾਂ ਹਲਕਾ ਵਿਧਾਇਕ ਤੇ ਚੁਣੇ ਹੋਏ ਨੁਮਾਇੰਦਿਆਂ ਨੂੰ ਦੱਸਿਆ ਜਾਵੇਗਾ।ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਸਮੇਤ 9 ਮੈਂਬਰ ਮੌਜੂਦ ਸਨ ਜਿਨ੍ਹਾਂ ਵਿੱਚ ਬਲਕਾਰ ਸਿੰਘ ਬਾਜਵਾ ਕਲਾਂ ਜੋਨ, ਸੁਰਿੰਦਰ ਪਾਲ ਮਾਣਕਪੁਰ ਜੋਨ, ਸੁਖਦੇਵ ਸਿੰਘ ਨੰਗਲ ਅੰਬੀਆਂ ਖੁਰਦ, ਹਰਦੀਪ ਕੌਰ ਮੱਲੀਵਾਲ ਜੋਨ, ਕੁਲਵੰਤ ਸਿੰਘ ਕੁਲਾਰ ਜੋਨ, ਗੀਤਾ ਸਾਹਲਾ ਨਗਰ ਜੋਨ, ਜਗਦੀਪ ਕੌਰ ਢੰਡੋਵਾਲ ਜੋਨ ਅਤੇ ਪਰਮਜੀਤ ਕੌਰ ਤਲਵੰਡੀ ਬੂਟਿਆਂ ਜੋਨ ਮੌਜੂਦ ਸਨ। ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆਂ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੈਂ ਆਪਣੇ ਚੁਣੇ ਹੋਏ ਬਲਾਕ ਸੰਮਤੀ ਮੈਂਬਰਾਂ ਦੇ ਨਾਲ ਅੱਜ ਹਾਊਸ ਵਿੱਚ ਪਹੁੰਚਿਆ ਹਾਂ। ਸਰਕਾਰ ਦੇ ਚੁਣੇ ਹੋਏ ਨੁਮਾਇੰਦਿਆਂ ਦੀ ਗੈਰ ਮੌਜੂਦਗੀ ਕਾਰਨ ਇਹ ਚੋਣ ਮੁਲਤਵੀ ਕਰ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਮੈਨੂੰ ਇਸ ਗੱਲ ਦਾ ਖਦਸ਼ਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਮੇਰੇ ਚੁਣੇ ਹੋਏ ਨੁਮਾਇੰਦਿਆਂ ਨੂੰ ਸਰਕਾਰ ਉਲਝਾਉਣਾ ਚਾਹੇਗੀ। ਜੇਕਰ ਸਰਕਾਰ ਗਲਤ ਤਰੀਕਿਆਂ ਦੇ ਨਾਲ ਮੇਰੇ ਚੁਣੇ ਹੋਏ ਨੁਮਾਇੰਦਿਆਂ ਨੂੰ ਤੰਗ ਪਰੇਸ਼ਾਨ ਕਰੇਗੀ ਤੇ ਮੇਰੇ ਵੱਲੋਂ ਵੱਡਾ ਸੰਘਰਸ਼ ਉਲੀਕਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਲਜਾਰ ਸਿੰਘ ਥਿੰਦ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ ਸੁਰਿੰਦਰਜੀਤ ਸਿੰਘ ਚੱਠਾ ਬਲਾਕ ਪ੍ਰਧਾਨ ਕਾਂਗਰਸ ਸ਼ਾਹਕੋਟ ਸੁਖਦੀਪ ਸਿੰਘ ਕੰਗ ਪੀਏ ਅਸ਼ਵਿੰਦਰ ਪਾਲ ਸਿੰਘ ਖਹਿਰਾ ਸਾਬਕਾ ਚੇਅਰਮੈਨ ਸ਼ੂਗਰ ਮਿੱਲ ਮਹਿਤਪੁਰ, ਗੁਰਿੰਦਰ ਸਿੰਘ ਬਹੁਗੁਣ, ਜਸਵੀਰ ਸਿੰਘ ਸ਼ੀਰਾ ਸਾਬਕਾ ਸਰਪੰਚ ਸਾਹਲਾ ਨਗਰ, ਬੰਟੀ ਬੱਠਲਾ, ਹਰਭਜਨ ਸਿੰਘ ਖਾਲਸਾ ਸਾਬਕਾ ਸਰਪੰਚ ਪਰਜੀਆਂ ਕਲਾਂ, ਜਗਤਾਰ ਸਿੰਘ ਖਾਲਸਾ ਪ੍ਰਧਾਨ ਕੋਆਪਰੇਟਿਵ ਸੁਸਾਇਟੀ ਢੰਡੋਵਾਲ, ਹਰਦੀਪ ਸਿੰਘ ਖਾਲਸਾ ਗਹੇਲਣ, ਮੇਜਰ ਸਿੰਘ ਤਲਵੰਡੀ ਬੂਟਿਆਂ, ਮੇਜਰ ਸਿੰਘ ਮੰਡ, ਨਿਰਮਲ ਸਿੰਘ ਸਲੈਚਾਂ, ਪਵਨ ਅਗਰਵਾਲ ਪ੍ਰਧਾਨ ਕੱਚਾ ਆੜਤੀਆ ਐਸੋਸੀਏਸ਼ਨ, ਅਮਰਜੀਤ ਸਿੰਘ ਬਿੱਟੂ ਸਾਬਕਾ ਸਰਪੰਚ ਹਾਜੀਪੁਰ, ਅਸ਼ਵਨੀ ਪ੍ਰਧਾਨ ਕਾਕੜਾ, ਪਰਮਜੀਤ ਪੰਮਾ ਸਾਬਕਾ ਸਰਪੰਚ ਬਿੱਲੀ ਚਾਹਰਮੀ, ਜਗਤਾਰ ਸਿੰਘ ਤਾਰੀ ਸਾਬਕਾ ਸਰਪੰਚ ਬਾਜਵਾ ਕਲਾਂ, ਸੁਖਵਿੰਦਰ ਸਿੰਘ ਧਨੋਆ ਨਵਾਂ ਕਿਲਾ, ਅਮਨਦੀਪ ਸੈਦਪੁਰੀ, ਸੋਨੀ ਲਸੂੜੀ, ਸੋਨੀ ਭੋਏਪੁਰ, ਗੁਰਮੇਜ ਸਿੰਘ ਭੋਏਪੁਰ, ਜਸਵੰਤ ਸਿੰਘ ਫਾਜਲਵਾਲ, ਜੈਬੀ ਢੰਡੋਵਾਲ, ਰਕੇਸ਼ ਕੁਮਾਰ ਢੰਡੋਵਾਲ, ਮਨਜੀਤ ਸਿੰਘ ਸੱਤਾ ਟਰਾਂਸਪੋਰਟਰ, ਬਲਵੰਤ ਸਿੰਘ ਪੂਨੀਆ, ਪਵਨ ਜੁਨੇਜਾ, ਗਗਨ ਜਿੰਦਲ, ਲਛਮਣ ਸੋਬਤੀ, ਟਿੰਪੀ ਕੁਮਰਾ, ਮਨਜਿੰਦਰ ਸਿੰਘ ਸਰਪੰਚ ਟੁੱਟ ਸ਼ੇਰ ਸਿੰਘ, ਜਗਦੀਸ਼ ਲਾਲ ਟੁੱਟ ਸ਼ੇਰ ਸਿੰਘ, ਗੁਰਮੀਤ ਸਿੰਘ ਫਾਜਲਵਾਲ ਆਦਿ ਮੌਜੂਦ ਸਨ।



ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਐੱਸ ਡੀ ਐੱਮ ਸ਼ਾਹਕੋਟ ਅਦਿੱਤਿਆ ਗੁਪਤਾ।

# ਮਿਸ ਇੰਗਲੈਂਡ ਗ੍ਰੇਸ ਰਿਚਰਡਸਨ, ਸ਼ਾਰਲਟ ਤੇ ਮਿਸ ਕੋਵੈਂਟਰੀ ਸ਼ਰਨਜੀਤ ਸਹੋਤਾ ਵੱਲੋਂ ਸਕੂਲ ਦਾ ਦੌਰਾ

**ਨਕੋਦਰ (ਮਨਜੀਤ ਮਾਨ)**

ਲਾਇਨਜ਼ ਪਬਲਿਕ ਸਕੂਲ ਮੈਨੇਜਿੰਗ ਡਾਇਰੈਕਟਰ ਲਾਲੀ ਸੌਖੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੂਲ ਵਿੱਚ ਇੰਗਲੈਂਡ ਤੋਂ ਆਈਆਂ ਸੁੰਦਰਤਾ ਪ੍ਰਤੀਯੋਗਿਤਾ ਦੀਆਂ ਜੇਤੂ ਮਿਸ ਇੰਗਲੈਂਡ ਗ੍ਰੇਸ ਰਿਚਰਡਸਨ, ਮਿਸ ਇੰਗਲੈਂਡ ਵਰਲਡ ਸ਼ਾਰਲਟ ਗ੍ਰਾਂਟ ਅਤੇ ਮਿਸ ਕੋਵੈਂਟਰੀ ਸ਼ਰਨਜੀਤ ਕੌਰ ਨੇ ਸਕੂਲ ਦਾ ਦੌਰਾ ਕੀਤਾ । ਉਨ੍ਹਾਂ ਦੇ ਨਾਲ-ਨਾਲ ਸਕੂਲ ਦੇ ਵਿੱਚ ਹੋਰ ਵੀ ਬਹੁਤ ਸਾਰੇ ਮਹਿਮਾਨ ਆਏ ਜਿਵੇਂ ਡਾ. ਰਾਕੇਸ਼ ਸਚਦੇਵ, ਦਵਿੰਦਰ ਪ੍ਰਸਾਦ, ਕੁਲਵੰਤ ਰਾਏ ਹਾਂਡਾ, ਰੀਨੂ ਹਾਂਡਾ, ਰਾਜੀਵ ਕੁਮਾਰ ਗਾਂਧੀ, ਰੀਨਾ ਗਾਂਧੀ, ਆਂਚਲ, ਰਿਵੀਕਾ ਗਾਂਧੀ, ਰੇਖਾ ਚਾਵਲਾ, ਤਰੁਨ ਚੌਧਰੀ, ਫਲੋਰਿੰਡਾਂ, ਅਤੁਲ ਤੇ ਸ਼ਿਵਾਨੀ ਆਦਿ। ਸਕੂਲ ਵਿੱਚ ਆਉਣ ਤੇ ਪ੍ਰਿੰਸੀਪਲ ਲਵਪ੍ਰੀਤ ਸਿੰਘ ਗਿੱਲ, ਅਧਿਆਪਕਾਂ ਅਤੇ ਬੱਚਿਆਂ ਵੱਲੋਂ ਫੁੱਲਾਂ ਨਾਲ ਉਹਨਾਂ ਦਾ ਹਾਰਦਿਕ ਸਵਾਗਤ ਕੀਤਾ ਗਿਆ । ਇਸ ਉਪਰੰਤ ਉਹਨਾਂ ਨੇ ਪੂਰੇ ਸਕੂਲ ਦੀ ਯਾਤਰਾ ਕੀਤੀ ਅਤੇ ਦੱਸਿਆ ਕਿ ਉਹਨਾਂ ਨੂੰ ਸਕੂਲ ਦੀ ਹਰ ਇੱਕ ਚੀਜ਼ ਬਹੁਤ ਹੀ ਵਧੀਆ ਲੱਗੀ । ਸਕੂਲ ਦੇ ਵਿਦਿਆਰਥੀਆਂ ਵੱਲੋਂ ਆਏ ਹੋਏ ਮਹਿਮਾਨਾਂ ਦੇ ਲਈ ਸਾਇੰਸ, ਕੰਪਿਊਟਰ ਤੇ ਵਾਤਾਵਰਨ ਦੇ ਵਿਸ਼ਿਆਂ ਤੇ ਐਗਜ਼ੀਬਿਸ਼ਨ ਵੀ ਲਗਾਈ ਗਈ।



ਉਸ ਵਿੱਚ ਬੱਚਿਆਂ ਨੇ ਬਹੁਤ ਸਾਰੇ ਵਰਕਿੰਗ ਮਾਡਲ ਤਿਆਰ ਕੀਤੇ ਸਨ । ਇਸ ਉਪਰੰਤ ਆਏ ਹੋਏ ਮਹਿਮਾਨ ਬੱਚਿਆਂ ਦੀ ਪੜ੍ਹਾਈ ਵੱਲ ਰੁਚੀ ਨੂੰ ਲੈ ਕੇ ਬਹੁਤ ਖੁਸ਼ ਹੋਏ ਅਤੇ ਬੱਚਿਆਂ ਨੂੰ ਇੰਝ ਹੀ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ ਮਿਸ ਇੰਗਲੈਂਡ 2026 ਨੇ ਆਪਣੀ ਜੀਵਨ ਯਾਤਰਾ ਬਾਰੇ ਵੱਡਮੁੱਲੇ ਵਿਚਾਰ ਵਿਦਿਆਰਥੀਆ ਨਾਲ ਸੰਜੇ ਤੇ ਵਿਦਿਆਰਥੀਆ ਨੇ ਵੀ ਮਿਸ ਇੰਗਲੈਂਡ ਨਾਲ ਉਹਨਾਂ ਦੀ ਪ੍ਰਤੀਯੋਗਿਤਾ ਸਬੰਧੀ ਵਿਚਾਰ ਚਰਚਾ ਕੀਤੀ।ਇਸ ਤੋ ਬਾਅਦ ਪ੍ਰਿੰਸੀਪਲ ਲਵਪ੍ਰੀਤ ਸਿੰਘ ਗਿੱਲ ਅਤੇ ਰੇਨੁਕਾ ਗਿੱਲ ਦੁਆਰਾ ਮਿਸ ਇੰਗਲੈਂਡ ਤੇ ਆਏ ਮਹਿਮਾਨਾ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ।ਪ੍ਰਿੰਸੀਪਲ ਲਵਪ੍ਰੀਤ ਸਿੰਘ ਗਿੱਲ ਅਤੇ ਵਾਈਸ ਪ੍ਰਿੰਸੀਪਲ ਰੇਨੁਕਾ ਗਿੱਲ ਨੂੰ ਤਰੁਣ ਚੌਧਰੀ ਯੂ .ਕੇ . ਨੇ ਚੰਗੀਆ ਸੇਵਾਵਾ ਲਈ ਸਨਮਾਨਤ ਕੀਤਾ।ਪ੍ਰਿੰਸੀਪਲ ਲਵਪ੍ਰੀਤ ਸਿੰਘ ਗਿੱਲ ਨੇ ਆਏ ਹੋਏ ਮਹਿਮਾਨਾਂ ਦਾ ਬਹੁਤ ਬਹੁਤ ਧੰਨਵਾਦ ਕੀਤਾ ਇਸ ਮੌਕੇ ਤੇ ਰਮਨਪ੍ਰੀਤ ਕੌਰ, ਜਸਵੀਰ ਕੌਰ, ਬਬਲੀ ਨਵਨੀਤ, ਤਾਨੀਆ, ਸੰਦੀਪ ਕੌਰ, ਕਿਰਨਦੀਪ ਕੌਰ, ਏਕਤਾ ਰਾਣੀ, ਗੁਰਬਖਸ਼ ਕੌਰ, ਸਿਮਰਨਜੀਤ ਕੌਰ, ਪਰਵੀਨ ਕੌਰ, ਮਾਨਸੀ, ਟੀਨੂ ਭੱਟੀ ਆਦਿ ਮੌਜੂਦ ਸਨ।

# ਬਜਟ ਸੈਸ਼ਨ ਸਫ਼ਲਤਾਪੂਰਵਕ ਸੰਪੰਨ, 55 ਘੰਟੇ ਚੱਲੀ ਸਾਰਥਕ ਚਰਚਾ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਬਜਟ ਸੈਸ਼ਨ 2026-27 ਦੀ ਸਮਾਪਤੀ ਤੋਂ ਬਾਅਦ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਸੈਸ਼ਨ 20 ਫਰਵਰੀ ਨੂੰ ਮਾਨਯੋਗ ਰਾਜਪਾਲ ਦੇ ਭਾਸ਼ਣ ਨਾਲ ਸ਼ੁਰੂ ਹੋ ਕੇ ਸਫ਼ਲਤਾਪੂਰਵਕ ਸੰਪੰਨ ਹੋਇਆ। ਉਨ੍ਹਾਂ ਦੱਸਿਆ ਕਿ ਕੁੱਲ 13 ਦਿਨਾਂ ਤੱਕ ਚੱਲੇ ਇਸ ਸੈਸ਼ਨ ਵਿੱਚ 13 ਬੈਠਕਾਂ ਹੋਈਆਂ, ਜਿਨ੍ਹਾਂ ਵਿੱਚ ਲਗਭਗ 55 ਘੰਟੇ ਸਕਾਰਾਤਮਕ ਅਤੇ ਸਾਰਥਕ ਚਰਚਾ ਹੋਈ।ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ 2 ਮਾਰਚ ਨੂੰ ਵਿੱਤ ਮੰਤਰੀ ਵਜੋਂ ਆਪਣਾ ਦੂਜਾ ਬਜਟ ਪੇਸ਼ ਕੀਤਾ, ਜਿਸ 'ਤੇ ਸਦਨ ਵਿੱਚ 10 ਘੰਟੇ 3 ਮਿੰਟ ਤੱਕ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਹੋਇਆ। ਇਸ ਦੌਰਾਨ ਵਿਰੋਧੀ ਧਿਰ ਦੇ 7 ਮੈਂਬਰਾਂ ਨੇ 2 ਘੰਟੇ 47 ਮਿੰਟ ਅਤੇ ਸੱਤਾਧਾਰੀ ਪਾਰਟੀ ਦੇ 15 ਮੈਂਬਰਾਂ ਨੇ 6 ਘੰਟੇ 47 ਮਿੰਟ ਤੱਕ ਆਪਣੀ ਗੱਲ ਰੱਖੀ, ਜਦਕਿ ਆਜ਼ਾਦ ਮੈਂਬਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।



ਉਨ੍ਹਾਂ ਦੱਸਿਆ ਕਿ ਸੈਸ਼ਨ ਦੌਰਾਨ 3 ਮਹੱਤਵਪੂਰਨ ਮਤੇ ਸਰਵਸੰਮਤੀ ਨਾਲ ਪਾਸ ਕੀਤੇ ਗਏ, ਜਿਨ੍ਹਾਂ ਵਿੱਚ ਹਾਊਸਿੰਗ ਬੋਰਡ ਨੂੰ ਭੰਗ ਕਰਨ, ਸਫਾਈ ਕਰਮਚਾਰੀ ਨਿਯੋਜਨ ਅਤੇ ਖੁਸ਼ਕ ਪਖਾਨਾ ਨਿਰਮਾਣ ਐਕਟ, 1993 ਨੂੰ ਰੱਦ ਕਰਨ ਤੇ ਜੀ ਐੱਸ ਟੀ ਨਾਲ ਸਬੰਧਤ ਟੈਕਸ ਢਾਂਚੇ ਵਿੱਚ ਸੋਧ ਸ਼ਾਮਲ ਹੈ। ਇਸ ਤੋਂ ਇਲਾਵਾ 'ਵਿਕਸਿਤ ਭਾਰਤ ਜੀ-ਰਾਮ' ਯੋਜਨਾ ਦੇ ਪ੍ਰਬੰਧਾਂ 'ਤੇ ਵੀ ਚਰਚਾ ਹੋਈ ਅਤੇ ਜਨਤਾ ਤੇ ਪੇਂਡੂ ਮਜ਼ਦੂਰਾਂ ਦੇ ਖਦਸ਼ਿਆਂ 'ਤੇ ਵਿਚਾਰ ਕੀਤਾ ਗਿਆ।

# ਸੰਤ ਸੀਤਲ ਦਾਸ ਦੇ ਬਰਸੀ ਸਮਾਗਮ ਸ਼ਰਧਾਪੂਰਵਕ ਮਨਾਏ

**ਹੁਸ਼ਿਆਰਪੁਰ (ਓ ਪੀ ਰਾਣਾ)**

ਮਹਾਨ ਤਪੱਸਵੀ ਸ੍ਰੀਮਾਨ 108 ਸੰਤ ਬਾਬਾ ਸੀਤਲ ਦਾਸ ਦੇ ਬਰਸੀ ਸਮਾਗਮ ਡੇਰਾ ਸੰਤ ਸੀਤਲ ਦਾਸ ਬੋਹਣ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਮੌਜੂਦਾ ਗੱਦੀ ਨਸ਼ੀਨ ਸੰਤ ਸਰਵਣ ਦਾਸ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ ਅਗਵਾਈ ਹੇਠ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਪ੍ਰਸਿੱਧ ਰਾਗੀ ਜਥਿਆਂ ਤੇ ਸੰਤਾਂ ਮਹਾਂਪੁਰਖਾਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਰਾਹੀਂ ਨਿਹਾਲ ਕੀਤਾ।ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ,ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੇ,ਜਥੇਦਾਰ ਬਾਬਾ ਨਿਹਾਲ ਸਿੰਘ ਮਿਸ਼ਲ ਸ਼ਹੀਦਾਂ ਤਰਨਾਦਲ ਹਰੀਆਂ ਵੇਲਾਂ, ਜਥੇਦਾਰ ਬਾਬਾ ਗੁਰਦੇਵ ਗੁਰਦੇਵ ਸਿੰਘ ਸ਼ਹੀਦ ਬਾਬਾ ਫਤਿਹ ਸਿੰਘ ਤਰਨਾਦਲ ਬਜਵਾੜਾ, ਸੰਤ ਸਰਵਣ ਦਾਸ ਸਲੇਮਟਾਵਰੀ,ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਬਲਵੰਤ ਸਿੰਘ ਡਿੰਗਰੀਆਂ, ਸੰਤ ਪ੍ਰੇਮ ਦਾਸ ਭੂਰੀ ਵਾਲੇ, ਸੰਤ ਧਰਮਪਾਲ ਸ਼ੇਰਗੜ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਜਸਵੰਤ ਸਿੰਘ ਰਾਵਲਪਿੰਡੀ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਕ੍ਰਿਪਾਲ ਦਾਸ ਭਾਰਟਾ, ਸੰਤ ਰਮੇਸ਼ ਦਾਸ ਸ਼ੇਰਪੁਰ ਢਕੋਂ , ਸੰਤ ਮਨਜੀਤ ਦਾਸ ਹਿਮਾਚਲ, ਸੰਤ ਦਿਨੇਸ਼ ਗਿਰ ਭਗਤ ਨਗਰ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਬੀਬੀ ਕੁਲਦੀਪ ਕੌਰ ਮੇਹਨਾ, ਸੰਤ ਗੁਰਮੇਲ ਰਾਮ ਰਹੀਮਪੁਰ, ਸੰਤ ਸੰਤੋਖ ਦਾਸ ਭਾਰਟਾ,ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਦਵਿੰਦਰ ਦਾਸ ਭੂਰੀ ਵਾਲੇ, ਡੇਰਾ ਬੋਹਣ ਦੇ ਸੇਵਾਦਾਰ ਲਵਪ੍ਰੀਤ ਦੇ ਜਥੇ ਵਲੋਂ ਕਥਾ ਕੀਰਤਨ ਰਾਹੀਂ ਸੰਤ ਸੀਤਲ ਦਾਸ ਜੀ ਨੂੰ ਸ਼ਰਧਾ ਸੁਮਨ ਭੇਟ ਕੀਤੇ ਅਤੇ ਨਾਮਬਾਣੀ ਨਾਲ ਜੋੜਿਆ। ਸਟੇਜ ਸਕੱਤਰ ਦੀ ਸੇਵਾ ਓ ਪੀ ਰਾਣਾ ਨੇ ਨਿਭਾਈ।ਇਸ ਮੌਕੇ ਸੰਤ ਸਰਵਣ ਦਾਸ ਵੱਲੋਂ ਸੰਤਾਂ ਮਹਾਂਪੁਰਸ਼ਾਂ,ਧਾਰਮਿਕ, ਸਮਾਜਿਕ, ਰਾਜਨੀਤਕ ਸਖਸ਼ੀਅਤਾਂ ਨੂੰ ਵਿਸ਼ੇਸ਼ ਸਨਮਾਨਤ ਕੀਤਾ ਅਤੇ ਸੰਗਤਾਂ ਦਾ ਧੰਨਵਾਦ ਕੀਤਾ।ਇਸ ਮੌਕੇ ਹਰਮਿੰਦਰ ਸਿੰਘ ਸੰਧੂ ਚੱਬੇਵਾਲ ,ਰਜਿੰਦਰ ਕੁਮਾਰ ਭਾਟੀਆ ਰਿਟਾ. ਡਾਇਰੈਕਟਰ, ਇੰਜੀ ਜਗਦੀਸ਼ ਬੱਧਣ ਪ੍ਰਧਾਨ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ, ਇੰਜੀ.ਮਨਰੂਪ ਸਿੰਘ, ਡਾ. ਜਸਵੰਤ ਸਿੰਘ ਐਸ ਐਮ ਓ, ਡਾ ਸੋਢੀ ਰਾਮ, ਮੁਲਾਜਮ ਆਗੂ ਕਸ਼ਮੀਰਾ ਸਿੰਘ, ਕੁਲਵੰਤ ਰਾਏ, ਲੰਬੜਦਾਰ ਹਰਭਜਨ ਦਾਸ ਕਰਾੜੀ, ਬਾਬੂ ਰਾਮ ਭੱਜ ਕਰਾੜੀ,ਸਰਪੰਚ ਗੁਰਚਰਨ ਸਿੰਘ ਮਿੰਟੂ ਬੋਹਣ,ਲੰਬੜਦਾਰ ਬੀਰ ਚੰਦ ਸੁਰੀਲਾ, ਇੰਸਪੈਕਟਰ ਜੋਗ ਰਾਜ ਚੋਪੜਾ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਮਨਕਰੀਤ ਕੌਰ ਨੇ ਨਵੋਦਿਆ ਵਿਦਿਆਲਾ ਦੀ ਪ੍ਰਵੇਸ਼ ਪ੍ਰੀਖਿਆ ਪਾਸ ਕੀਤੀ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਜਵਾਹਰ ਨਵੋਦਿਆ ਵਿਦਿਆਲਾ ਵਲੋਂ ਸੈਸ਼ਨ 2026-27 ਅਧੀਨ ਛੇਵੀਂ ਜਮਾਤ ਦੇ ਦਾਖਲੇ ਲਈ ਕਰਵਾਈ ਗਈ ਪ੍ਰਵੇਸ਼ ਪ੍ਰੀਖਿਆ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਸੀਹਵਾਂ ਦੀ ਵਿਦਿਆਰਥਣ ਮਨਕਰੀਤ ਕੌਰ ਸਪੁੱਤਰੀ ਲਖਵਿੰਦਰ ਸਿੰਘ, ਮਨਜੀਤ ਕੌਰ ਨੇ 40ਵਾਂ ਰੈਂਕ ਪ੍ਰਾਪਤ ਕਰਕੇ ਇਹ ਪ੍ਰੀਖਿਆ ਪਾਸ ਕੀਤੀ। ਮਨਕਰੀਤ ਕੌਰ ਦੇ ਮਾਤਾ ਮਨਜੀਤ ਕੌਰ ਸਕੂਲ ਮੈਨੇਜਿੰਗ ਕਮੇਟੀ ਦੇ ਚੇਅਰਪਰਸਨ ਹਨ।ਸਕੂਲ ਮੈਨੇਜਿੰਗ ਕਮੇਟੀ ਦੇ ਸਮੂਹ ਅਹੁਦੇਦਾਰਾਂ ਨੇ ਵਿਦਿਆਰਥਣ ਨੂੰ ਵਧਾਈ ਦਿੱਤੀ। ਸਕੂਲ ਇੰਚਾਰਜ ਨਰਿੰਦਰ ਕੌਰ ਨੇ ਦੱਸਿਆ ਕਿ ਨਵੋਦਿਆ ਵਿਦਿਆਲਿਆ ਪ੍ਰਵੇਸ਼ ਪ੍ਰੀਖਿਆ ਪਾਸ ਕਰਨ ਵਾਲਾ ਸਕੂਲ ਦਾ ਇਹ ਪੰਜਵਾਂ ਵਿਦਿਆਰਥੀ ਹੈ । ਇਸ ਤੋਂ ਪਹਿਲਾਂ ਸੀਹਵਾਂ ਸਕੂਲ ਦੇ ਚਾਰ ਵਿਦਿਆਰਥੀ ਜਵਾਹਰ ਨਵੋਦਿਆ ਵਿਦਿਆਲਾ ਹੁਸ਼ਿਆਰਪੁਰ ਵਿਖੇ ਸਿੱਖਿਆ ਪ੍ਰਾਪਤ ਕਰ ਰਹੇ ਹਨ। ਇਸ ਮੌਕੇ ਦੀਪਕ ਕੁਮਾਰ, ਰਜਨੀ ਦੇਵੀ, ਸੁਰਜੀਤ ਕੌਰ, ਬਲਬੀਰ ਕੌਰ, ਜੀਤ ਕੌਰ, ਰੀਆ ਦੇਵੀ ਅਤੇ ਵਿਦਿਆਰਥੀ ਹਾਜ਼ਰ ਸਨ।

# ਆਰ ਬੀ ਯੂ ਵੱਲੋਂ ਲਾਈਫ ਸਾਇੰਸਜ਼, ਸਿਹਤ ਤੇ ਵਾਤਾਵਰਨ ਸਥਿਰਤਾ 'ਤੇ ਅੰਤਰਰਾਸ਼ਟਰੀ ਕਾਨਫਰੰਸ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਰਿਆਤ ਬਾਹਰਾ ਯੂਨੀਵਰਸਿਟੀ ਨੇ ਯੂਨੀਵਰਸਿਟੀ ਸਕੂਲ ਆਫ਼ ਲਾਈਫ਼ ਸਾਇੰਸਿਜ਼ ਦੀ ਅਗਵਾਈ ਹੇਠ ਜੀਵਨ ਵਿਗਿਆਨ, ਸਿਹਤ ਅਤੇ ਵਾਤਾਵਰਣ ਸਥਿਰਤਾ 'ਤੇ ਦੋ-ਰੋਜ਼ਾ ਤੀਜੀ ਅੰਤਰਰਾਸ਼ਟਰੀ ਕਾਨਫਰੰਸ (ਆਈ ਸੀ ਐੱਲ ਐੱਸ ਐੱਚ ਈ ਐੱਸ-2026) ਦਾ ਆਯੋਜਨ ਕੀਤਾ। ਇਸ ਕਾਨਫਰੰਸ ਨੇ ਦੇਸ਼ ਭਰ ਦੇ ਖੋਜਕਰਤਾਵਾਂ, ਸਿੱਖਿਆ ਸ਼ਾਸਤਰੀਆਂ ਅਤੇ ਮਾਹਿਰਾਂ ਨੂੰ ਸਿਹਤ, ਜੀਵਨ ਵਿਗਿਆਨ ਅਤੇ ਵਾਤਾਵਰਣ ਸਥਿਰਤਾ ਨਾਲ ਸਬੰਧਤ ਉੱਭਰ ਰਹੀਆਂ ਚੁਣੌਤੀਆਂ ਅਤੇ ਨਵੀਨਤਾਕਾਰੀ ਹੱਲਾਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਇਕੱਠਾ ਕੀਤਾ। ਇਹ ਕਾਨਫਰੰਸ ਰੈੱਡ ਰਿਬਨ ਕਲੱਬ, ਪੰਜਾਬ ਯੂਥ ਸਰਵਿਸਿਜ਼, ਇੰਡੀਅਨ ਰੈੱਡ ਕਰਾਸ ਸੋਸਾਇਟੀ, ਮਾਈਕ੍ਰੋਬਾਇਓਲੋਜਿਸਟਸ ਸੋਸਾਇਟੀ ਆਫ਼ ਇੰਡੀਆ, ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ (ਪੀ ਐੱਸ ਸੀ ਐੱਸ ਟੀ), ਚੰਡੀਗੜ੍ਹ ਅਤੇ ਇਨੋਵੇਸ਼ਨ ਮਿਸ਼ਨ ਪੰਜਾਬ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ ਸੀ। ਆਪਣੇ ਸੰਬੋਧਨ ਵਿੱਚ ਰਿਆਤ ਬਾਹਰਾ ਯੂਨੀਵਰਸਿਟੀ, ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਅਤੇ ਬਾਹਰਾ ਯੂਨੀਵਰਸਿਟੀ, ਸ਼ਿਮਲਾ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਨੌਜਵਾਨਾਂ ਵਿੱਚ ਸਟਾਰਟਅੱਪਸ ਅਤੇ ਉੱਦਮਤਾ ਨੂੰ ਉਤਸ਼ਾਹਿਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉੱਦਮੀ ਸੋਚ ਨੂੰ ਉਤਸ਼ਾਹਿਤ ਕਰਨ ਨਾਲ ਰੁਜ਼ਗਾਰਯੋਗਤਾ ਵਧ ਸਕਦੀ ਹੈ ਅਤੇ ਨਾਲ ਹੀ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਤੇ ਟਿਕਾਊ ਵਿਕਾਸ ਨੂੰ ਵੀ ਬਲ ਮਿਲਦਾ ਹੈ। ਪ੍ਰੋ. (ਡਾ.) ਸਿਮਰਜੀਤ ਕੌਰ ਡੀਐਸਡਬਲਯੂ ਨੇ ਵਿਸ਼ੇਸ਼ ਮਹਿਮਾਨਾਂ, ਬੁਲਾਰਿਆਂ ਅਤੇ ਭਾਗੀਦਾਰਾਂ ਦਾ ਸਵਾਗਤ ਕੀਤਾ ਅਤੇ ਕਾਨਫਰੰਸ ਦਾ ਸੰਖੇਪ ਜਾਣਕਾਰੀ ਪੇਸ਼ ਕੀਤੀ। ਇਸ ਕਾਨਫਰੰਸ ਵਿੱਚ ਸ਼ਿਵਦੁਲਾਰ ਸਿੰਘ ਢਿੱਲੋਂ, ਸਕੱਤਰ-ਕਮ-ਮੁੱਖ ਕਾਰਜਕਾਰੀ, ਇੰਡੀਅਨ ਰੈੱਡ ਕਰਾਸ ਸੋਸਾਇਟੀ, ਪੰਜਾਬ ਰਾਜ ਸ਼ਾਖਾ, ਚੰਡੀਗੜ੍ਹ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਾਨਫਰੰਸ ਤਕਨੀਕੀ ਸੈਸ਼ਨਾਂ, ਖੋਜ ਪੱਤਰ ਪੇਸ਼ਕਾਰੀਆਂ ਅਤੇ ਪੋਸਟਰ ਪ੍ਰਦਰਸ਼ਨੀਆਂ ਨਾਲ ਸਮਾਪਤ ਹੋਈ, ਜੋ ਖੋਜ, ਨਵੀਨਤਾ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹਨ।

# ਮੀਤ ਹੇਅਰ ਨੇ ਪੰਜਾਬ ਦੇ ਕਿਸਾਨਾਂ ਨੂੰ ਪੂਰੀ ਤਰਾਂ ਵਿਸਾਰਨ ਲਈ ਕੇਂਦਰ ਸਰਕਾਰ ਨੂੰ ਘੇਰਿਆ

**ਚੰਡੀਗੜ੍ਹ/ਨਵੀਂ ਦਿੱਲੀ (ਨ ਜ ਸ)**-ਸੰਗਰੂਰ ਤੋਂ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਪਾਰਲੀਮੈਂਟ ਵਿੱਚ ਖੇਤੀਬਾੜੀ ਉਪਰ ਬੋਲਦਿਆਂ ਖੇਤੀ ਬਜਟ ਵਿੱਚ ਪੰਜਾਬ ਦੇ ਕਿਸਾਨਾਂ ਨੂੰ ਪੂਰੀ ਤਰ੍ਹਾਂ ਵਿਸਾਰਨ ਲਈ ਕੇਂਦਰ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਭਾਜਪਾ ਪੰਜਾਬ ਦੇ ਲੋਕਾਂ ਨਾਲ ਇਸ ਹੱਦ ਤੱਕ ਨਫਰਤ ਕਰਦੀ ਹੈ ਕਿ ਖੇਤੀਬਾੜੀ ਵਿੱਚ ਪੰਜਾਬ ਦਾ ਜ਼ਿਕਰ ਤੱਕ ਵੀ ਨਹੀਂ ਕੀਤਾ। ਮੀਤ ਹੇਅਰ ਨੇ ਕਿਸਾਨਾਂ ਲਈ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਦੀ ਮੰਗ ਕਰਦਿਆਂ ਪੰਜਾਬ ਦੇ ਦਿਹਾਤੀ ਵਿਕਾਸ ਫੰਡ (ਆਰ ਡੀ ਐੱਫ) ਦੇ ਰੋਕੇ 8500 ਕਰੋੜ ਰੁਪਏ ਤੁਰੰਤ ਜਾਰੀ ਕਰਨ ਦੀ ਮੰਗ ਰੱਖੀ। ਇਸ ਦੇ ਨਾਲ ਹੀ ਕਿਸਾਨ ਮਾਰੂ ਭਾਰਤ-ਅਮਰੀਕਾ ਵਪਾਰ ਸਮਝੌਤਾ ਤੁਰੰਤ ਰੱਦ ਕਰਨ ਦੀ ਵੀ ਮੰਗ ਰੱਖੀ।ਮੀਤ ਹੇਅਰ ਨੇ ਕਿਹਾ ਕਿ ਪਾਰਲੀਮੈਂਟ ਵਿੱਚ ਰੇਲਵੇ ਉਪਰ ਬੋਲਣ ਲਈ ਦੋ ਦਿਨ ਰੱਖੇ ਗਏ ਪ੍ਰੰਤੂ ਖੇਤੀਬਾੜੀ ਉਤੇ ਚਰਚਾ ਲਈ ਮਹਿਜ਼ ਕੁੱਝ ਸਮਾਂ ਰੱਖ ਕੇ ਆਪਣੇ ਇਰਾਦੇ ਜ਼ਾਹਰ ਕਰ ਦਿੱਤੇ। ਖੇਤੀਬਾੜੀ ਦੇ ਬਜਟ ਵਿੱਚ ਹੋਰਨਾਂ ਸੂਬਿਆਂ ਦਾ ਨਾਂ ਤਾਂ ਹੈ ਪਰ ਦੇਸ਼ ਦਾ ਢਿੱਡ ਭਰਨ ਵਾਲੇ ਪੰਜਾਬ ਦਾ ਜ਼ਿਕਰ ਵੀ ਨਹੀਂ ਕੀਤਾ ਗਿਆ। ਕੇਂਦਰ ਸਰਕਾਰ ਪਿਛਲੇ 13 ਸਾਲਾਂ ਤੋਂ ਪੰਜਾਬ ਦਾ ਨਾਂ ਵੀ ਨਹੀਂ ਲੈਂਦੀ। ਪੰਜਾਬ ਦਾ ਡੇਢ ਫੀਸਦੀ ਖੇਤਰਫਲ ਪਰ ਪੰਜਾਬ ਦੇਸ਼ ਦੇ ਕਣਕ ਦੇ ਭੰਡਾਰ ਵਿੱਚ 18 ਫੀਸਦੀ ਤੇ ਚੌਲਾਂ ਦੇ ਭੰਡਾਰ ਵਿੱਚ 12 ਫੀਸਦੀ ਯੋਗਦਾਨ ਪਾਉਂਦਾ ਹੈ। ਇਸ ਦੇ ਬਦਲੇ ਪੰਜਾਬ ਨੇ ਆਪਣੀ ਉਪਜਾਊ ਮਿੱਟੀ ਅਤੇ ਧਰਤੀ ਹੇਠਲਾ ਪਾਣੀ ਗੁਆ ਲਿਆ। ਖਾਦਾਂ ਦੀ ਵਰਤੋਂ ਨਾਲ ਪੰਜਾਬ ਕੈਂਸਰ ਦਾ ਘਰ ਬਣਿਆ। ਹਰੀ ਕ੍ਰਾਂਤੀ ਦਾ ਪੰਜਾਬ ਨੂੰ ਭਾਰੀ ਹਰਜਾਨਾ ਚੁਕਾਉਣਾ ਪਿਆ।ਮੀਤ ਹੇਅਰ ਨੇ ਕੇਂਦਰ ਸਰਕਾਰ ਉਤੇ ਵਰ੍ਹਦਿਆਂ ਕਿਹਾ ਕਿ ਕੇਂਦਰ ਕਿਸਾਨਾਂ ਦੀ ਆਮਦਨ ਦੋਗੁਣੀ ਕਰਨ ਅਤੇ ਹਰ ਫਸਲ ਦੀ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਤੋਂ ਮੁੱਕਰ ਹੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਕਣਕ ਤੇ ਚੌਲ ਦੇ ਫਸਲੀ ਚੱਕਰ ਵਿੱਚੋਂ ਕੱਢਣ ਲਈ ਪੰਜਾਬ ਨੂੰ ਫਸਲੀ ਵਿਭਿੰਨਤਾ ਲਈ ਵਿਸ਼ੇਸ਼ ਪੈਕੇਜ ਦਿੱਤਾ ਜਾਵੇ। ਕੇਂਦਰ ਦੇ ਪੰਜਾਬ ਵਿਰੋਧੀ ਰਵੱਈਏ ਦਾ ਮੁੱਦਾ ਚੁੱਕਦਿਆਂ ਮੀਤ ਹੇਅਰ ਨੇ ਕਿਹਾ ਕਿ ਕੇਂਦਰ ਨੇ ਪੰਜਾਬ ਦਾ 8500 ਕਰੋੜ ਰੁਪਏ ਪੇਂਡੂ ਵਿਕਾਸ ਫੰਡ ਰੋਕਿਆ ਹੈ ਅਤੇ ਜਿਸ ਕਾਂਗਰਸ ਸਰਕਾਰ ਦੀਆਂ ਗਲਤੀਆਂ ਕਾਰਨ ਇਹ ਫੰਡ ਰੋਕਿਆ ਹੈ, ਉਸ ਸਰਕਾਰ ਦਾ ਉਸ ਵੇਲੇ ਦਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਤਾਂ ਅੱਜ ਭਾਜਪਾ ਵਿੱਚ ਹੈ। ਭਾਜਪਾ ਆਗੂ ਦੀਆਂ ਗਲਤੀਆਂ ਦਾ ਹਰਜ਼ਾਨਾ ਮੌਜੂਦਾ ਪੰਜਾਬ ਸਰਕਾਰ ਨੂੰ ਚੁੱਕਾਉਣਾ ਰਿਆ ਹੈ। ਮੈਂਬਰ ਪਾਰਲੀਮੈਂਟ ਨੇ ਕਿਸਾਨਾਂ ਤੇ ਆੜ੍ਹਤੀਆ ਦੇ ਨਹੁੰ ਮਾਸ ਦੇ ਰਿਸ਼ਤੇ ਦਾ ਜ਼ਿਕਰ ਕਰਦਿਆਂ ਆੜ੍ਹਤੀਆ ਦੇ ਕਮਿਸ਼ਨ ਦਾ ਮੁੱਦਾ ਵੀ ਚੁੱਕਿਆ।



# ਡਾ. ਰਵਜੋਤ ਨੇ ਤਿੰਨ ਗ੍ਰਾਮ ਪੰਚਾਇਤਾਂ ਨੂੰ ਦਿੱਤੇ 17 ਲੱਖ ਦੇ ਚੈੱਕ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਐੱਨ ਆਰ ਆਈ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਲੋਂ ਦਿੱਤੀਆਂ ਜਾ ਰਹੀਆਂ ਗ੍ਰਾਂਟਾਂ ਦੀ ਲੜੀ ਵਿਚ ਪਿੰਡ ਬਡਾਲਾ ਦੀ ਪੰਚਾਇਤ ਨੂੰ 6 ਲੱਖ, ਪਿੰਡ ਦੇਹਰੀਆ ਨੂੰ 5 ਲੱਖ ਅਤੇ ਪਿੰਡ ਰਾਊਵਾਲ ਨੂੰ 6 ਲੱਖ ਰੁਪਏ ਦੇ ਚੈਕ ਦਿੰਦਿਆਂ ਕਿਹਾ ਕਿ ਪਿੰਡਾਂ ਦੇ ਵਿਕਾਸ ਵਿਚ ਕਿਸੇ ਵੀ ਪੱਖੋਂ ਖੜੋਤ ਨਹੀਂ ਆਉਣ ਦਿੱਤੀ ਜਾਵੇਗੀ। ਪਿੰਡਾਂ ਦੀਆਂ ਪੰਚਾਇਤਾਂ ਨੂੰ ਚੈਕ ਦਿੰਦਿਆਂ ਐੱਨ ਆਰ ਆਈ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬਾ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ ਲਾਮਿਸਾਲ ਵਿਕਾਸ ਕਰਦਿਆਂ ਸੂਬੇ ਨੂੰ ਤਰੱਕੀ ਦੀਆਂ ਨਵੀਆਂ ਲੀਹਾਂ 'ਤੇ ਤੋਰਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਵਿਰੁੱਧ ਠੋਸ ਕਦਮ, ਸਿੱਖਿਆ ਤੇ ਸਿਹਤ ਦੇ ਖੇਤਰ ਵਿਚ ਵੱਡੇ ਸੁਧਾਰਾਂ, ਪੇਂਡੂ ਵਿਕਾਸ ਦੇ ਖੇਤਰ ਵਿਚ ਨਵੇਂ ਮੀਲ ਪੱਥਰ ਸਥਾਪਿਤ ਕਰਨ ਤੋਂ ਇਲਾਵਾ ਬਿਜਲੀ ਅਤੇ ਰੋਜ਼ਗਾਰ ਦੇ ਖੇਤਰ ਵਿਚ ਵੀ ਲੋਕਪੱਖੀ ਫੈਸਲੇ ਲੈ ਕੇ ਲੋਕਾਂ ਨੂੰ ਰਾਹਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿਚ ਉਦਯੋਗ ਨੂੰ ਹੁਲਾਰਾ ਦਿੱਤਾ ਗਿਆ ਹੈ ਅਤੇ ਪੰਜਾਬ ਵਿਚ ਨਵੇਂ ਨਿਵੇਸ਼ ਆ ਰਹੇ ਹਨ। ਉਨ੍ਹਾਂ ਨੇ ਪਿੰਡਾਂ ਦੀਆ ਪੰਚਾਇਤਾਂ ਨੂੰ ਭਰੋਸਾ ਦਿੱਤਾ ਕਿ ਆਉਂਦੇ ਸਮੇਂ ਵਿਚ ਰਹਿੰਦੇ ਵਿਕਾਸ ਕਾਰਜਾਂ ਲਈ ਹੋਰ ਗ੍ਰਾਂਟਾਂ ਦਿੱਤੀਆਂ ਜਾਣਗੀਆਂ।

# ਸੰਧਵਾਂ ਨੇ ਸਫ਼ਲ ਵਿਦਿਆਰਥੀਆਂ ਨੂੰ ਵਿਧਾਨ ਸਭਾ 'ਚ ਕੀਤਾ ਸਨਮਾਨਤ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਨ੍ਹਾਂ ਹੁਨਰਮੰਦ ਵਿਦਿਆਰਥੀਆਂ ਨੂੰ ਪੰਜਾਬ ਵਿਧਾਨ ਸਭਾ ਵਿੱਚ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ, ਜਿਨ੍ਹਾਂ ਸਿਵਲ ਸੇਵਾਵਾਂ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ ਹੈ ।ਉਨ੍ਹਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਸੰਘਰਸ਼ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੀ ਸਫਲਤਾ ਹੋਰਨਾਂ ਨੌਜਵਾਨਾਂ ਲਈ ਪ੍ਰੇਰਨਾ ਹੈ।ਸਮਾਗਮ ਦੌਰਾਨ ਅਮਨ ਅਲੂਣਾ, ਰਸਨੀਤ ਕੌਰ, ਮਨਪ੍ਰੀਤ ਕੌਰ, ਜਯੰਤ ਗਰਗ ਅਤੇ ਕ੍ਰਿਤਿਕਾ ਚੌਧਰੀ ਨੂੰ ਸਨਮਾਨਤ ਕੀਤਾ ਗਿਆ। ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਸਪੀਕਰ ਨੇ ਕਿਹਾ ਕਿ ਸਿਵਲ ਸੇਵਾਵਾਂ ਪ੍ਰਤੀਯੋਗੀ ਪ੍ਰੀਖਿਆ ਪਾਸ ਕਰਨਾ ਇੱਕ ਵੱਡੀ ਪ੍ਰਾਪਤੀ ਹੈ, ਜਿਸ ਲਈ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ ਇਰਾਦੇ ਦੀ ਲੋੜ ਹੁੰਦੀ ਹੈ।

# ਰੋਜ਼ਗਾਰ ਮੇਲਾ ਤੇ ਸਵੈ ਰੋਜ਼ਗਾਰ ਕੈਂਪ ਭਲਕੇ

**ਜਲੰਧਰ, (ਸੁਰਿੰਦਰ ਕੁਮਾਰ)**-ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਹੇਠ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਸਹਿਯੋਗ ਨਾਲ 20 ਮਾਰਚ ਨੂੰ ਸਵੇਰੇ 9 ਵਜੇ ਤੋਂ ਗੁਰੂ ਨਾਨਕ ਨੈਸ਼ਨਲ ਕਾਲਜ (ਲੜਕੀਆਂ), ਨਕੋਦਰ ਵਿਖੇ ਇੱਕ ਵਿਸ਼ੇਸ਼ ਰੋਜ਼ਗਾਰ ਮੇਲਾ ਤੇ ਸਵੈ ਰੋਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ।ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖ਼ਲਾਈ ਬਿਊਰੋ ਨੀਲਮ ਮਹੇ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਹ ਰੋਜ਼ਗਾਰ ਮੇਲਾ ਕੇਵਲ ਲੜਕੀਆਂ/ਮਹਿਲਾਵਾਂ ਲਈ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਅਨਪੜ੍ਹ ਤੋਂ ਲੈ ਕੇ ਅੱਠਵੀਂ, ਦਸਵੀਂ, ਬਾਰਵੀਂ, ਗ੍ਰੈਜੂਏਟ ਵਿੱਦਿਅਕ ਯੋਗਤਾ ਰੱਖਣ ਵਾਲੀਆਂ ਲੜਕੀਆਂ/ਮਹਿਲਾਵਾਂ ਹਿੱਸਾ ਲੈ ਸਕਦੀਆਂ ਹਨ ਅਤੇ ਆਪਣੀ ਯੋਗਤਾ ਅਨੁਸਾਰ ਮਨਪਸੰਦ ਦੀ ਨੌਕਰੀ ਪ੍ਰਾਪਤ ਕਰ ਸਕਦੀਆਂ ਹਨ।ਉਨ੍ਹਾਂ ਅੱਗੇ ਦੱਸਿਆ ਕਿ ਜਿਹੜੀਆਂ ਲੜਕੀਆਂ/ਮਹਿਲਾ ਉਮੀਦਵਾਰ ਆਪਣਾ ਕੋਈ ਕਾਰੋਬਾਰ ਸ਼ੁਰੂ ਕਰਨਾ ਚਾਹੁੰਦੀਆਂ ਹਨ, ਉਨ੍ਹਾਂ ਨੂੰ ਮੌਕੇ 'ਤੇ ਵੱਖ-ਵੱਖ ਸਰਕਾਰੀ ਅਦਾਰਿਆਂ ਵੱਲੋਂ ਸਵੈ ਰੋਜ਼ਗਾਰ ਸ਼ੁਰੂ ਕਰਨ ਲਈ ਵੱਖ-ਵੱਖ ਸਰਕਾਰੀ ਸਕੀਮਾਂ ਤਹਿਤ ਉੱਚੀਆਂ ਸਬਸਿਡੀ ਦਰਾਂ 'ਤੇ ਕਰਜ਼ੇ ਵੀ ਅਪਲਾਈ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੈਂਪ ਵਾਲੇ ਦਿਨ ਸਿਹਤ ਸੰਭਾਲ ਅਤੇ ਸਾਫ-ਸਫਾਈ ਦੀ ਮਹੱਤਤਾ ਸਬੰਧੀ ਸੈਮੀਨਾਰ ਵੀ ਕਰਵਾਇਆ ਜਾਵੇਗਾ।ਨੀਲਮ ਮਹੇ ਨੇ ਲੜਕੀਆਂ ਨੂੰ ਰੋਜ਼ਗਾਰ ਮੇਲੇ ਵਿੱਚ ਵਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ ।

# ਮੋਹਿੰਦਰ ਭਗਤ ਵੱਲੋਂ 45.30 ਲੱਖ ਦੀ ਲਾਗਤ ਨਾਲ ਸੜਕਾਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

**ਜਲੰਧਰ, (ਸੁਰਿੰਦਰ ਕੁਮਾਰ)**

ਸ਼ਹਿਰੀ ਬੁਨਿਆਦੀ ਢਾਂਚੇ ਨੂੰ ਹੁਲਾਰਾ ਦਿੰਦਿਆਂ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਸਥਾਨਕ ਵਾਰਡ ਨੰ. 51 ਦੀ ਗੀਤਾ ਕਲੋਨੀ ਵਿਖੇ 45.30 ਲੱਖ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਤਵਜੋਂ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਬਿਹਤਰ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾ ਸਕਣ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲੇ ਦਿਨ ਤੋਂ ਸੂਬੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਨੂੰ ਪਹਿਲ ਦਿੱਤੀ ਹੈ ਅਤੇ ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਕਈ ਲੋਕ-ਪੱਖੀ ਫੈਸਲੇ ਲਏ ਹਨ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਜ਼ ਦੀ ਕੋਈ ਘਾਟ ਨਹੀਂ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਕਈ ਹੋਰ ਵਿਕਾਸ ਕਾਰਜ ਕਰਵਾਏ ਜਾਣਗੇ। ਭਗਤ ਨੇ ਕਿਹਾ ਕਿ ਇਨ੍ਹਾਂ ਸੜਕਾਂ ਦੇ ਬਣਨ ਨਾਲ ਜਿਥੇ ਇਲਾਕੇ ਦੇ ਲੋਕਾਂ ਦੀ ਪ੍ਰਮੁੱਖ ਮੰਗ ਪੂਰੀ ਹੋਵੇਗੀ ਉਥੇ ਇਥੋਂ ਲੰਘਣ ਵਾਲਿਆਂ ਲਈ ਆਵਾਜਾਈ ਵੀ ਸੁਖਾਲੀ ਹੋਵੇਗੀ। ਉਨ੍ਹਾਂ ਇਸ ਮੌਕੇ ਅਧਿਕਾਰੀਆਂ ਨੂੰ ਸੜਕਾਂ ਦੇ ਨਿਰਮਾਣ ਕੰਮ ਨਿਰਧਾਰਤ ਮਾਪਦੰਡ ਅਨੁਸਾਰ ਅਤੇ ਤੈਅ ਸਮੇਂ ਵਿੱਚ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕੰਮ ਦੀ ਗੁਣਵੱਤਾ ਨਾਲ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਵਾਰਡ ਇੰਚਾਰਜ ਪ੍ਰਵੀਨ ਗੋਰੀਆ ਅਤੇ ਹੋਰ ਇਲਾਕਾ ਵਾਸੀਆਂ ਨੇ ਸੜਕਾਂ ਦੇ ਨਿਰਮਾਣ ਕੰਮ ਸ਼ੁਰੂ ਕਰਵਾਉਣ ਲਈ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਸ ਨਾਲ ਇਲਾਕਾ ਵਾਸੀਆਂ ਨੂੰ ਕਾਫੀ ਰਾਹਤ ਮਿਲੇਗੀ।ਇਸ ਮੌਕੇ ਆਪ ਆਗੂ ਸੁਭਾਸ਼ ਗੋਰੀਆ, ਕੌਂਸਲਰ ਰਾਜ ਕੁਮਾਰ ਰਾਜੂ, ਸਤਨਾਮ ਕਲੇਰ, ਆਸ਼ਾ ਧਮਾਟੀਆ, ਦੀਪਕ ਭਗਤ, ਆਸ਼ਾ ਡੋਗਰਾ, ਸੋਨੀਆ ਭਗਤ, ਵਿਕਾਸ ਸੋਨੂੰ, ਸੰਨੀ ਵਿਜ, ਕੇ.ਐਨ. ਭੱਟੀ, ਸੰਧਿਆ, ਕੇਵਲ ਸਿੰਘ ਗਿੱਲ, ਸ਼ਿਵ ਭਗਤ, ਜੋਗਿੰਦਰ ਭਗਤ, ਭੂਸ਼ਣ ਭਗਤ, ਸ਼ੁਭਮ ਸਵਾਲੀਆ, ਰਿੰਕੂ ਭਗਤ, ਜਸਵੀਰ ਕੌਰ, ਰਵਿੰਦਰ ਰਵੀ ਸਮੇਤ ਵੱਡੀ ਗਿਣਤੀ ਵਿੱਚ ਇਲਾਕਾਵਾਸੀ ਮੌਜੂਦ ਸਨ।



## ਗੁਰਮਤਿ ਸਮਾਗਮ 22 ਨੂੰ

**ਜਲੰਧਰ (ਇਕਬਾਲ ਸਿੰਘ ਉਭੀ)**-ਸਥਾਨਕ ਹੋਸ਼ਿਆਰਪੁਰ ਮਾਰਗ ਤੋਂ ਥੋੜ੍ਹੀ ਦੂਰ ਪਿੰਡ ਪਤਾਰਾ ਵਿਖੇ ਗੁਰਦੁਆਰਾ ਸਾਹਿਬ ਬਾਬਾ ਜੈ ਲਾਲ ਜੀ ਉਭੀ ਦੇ ਅਸਥਾਨ ਤੇ ਉਭੀ ਜਠੇਰਿਆਂ ਸੰਬੰਧੀ ਗੁਰਮਤਿ ਸਮਾਗਮ 22 ਮਾਰਚ ਐਤਵਾਰ ਨੂੰ ਕਰਵਾਇਆ ਜਾਵੇਗਾ। ਸਰਪਸਰਤ ਪਵਿੱਤਰ ਸਿੰਘ ਉਭੀ ਨੇ ਇਸ ਸਬੰਧੀ ਦੱਸਿਆ ਕਿ ਇਹ ਸਮਾਗਮ ਹਰ ਸਾਲ ਉਭੀ ਪਰਿਵਾਰਾਂ ਵਲੋਂ ਮਿਲ ਕੇ ਕਰਵਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਮੌਕੇ 20 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਅਰੰਭ ਕੀਤੇ ਜਾਣਗੇ ਅਤੇ 22 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਰਾਗੀ ਜਥਿਆਂ ਵੱਲੋਂ ਗੁਰਬਾਣੀ ਦਾ ਨਿਰਮੋਲ ਕੀਰਤਨ ਕੀਤਾ ਜਾਵੇਗਾ, ਅਰਦਾਸ ਉਪਰੰਤ ਗੁਰੂ ਕੇ ਅਤੁੱਟ ਲੰਗਰ ਵਰਤਾਏ ਜਾਣਗੇ। ਪਵਿੱਤਰ ਸਿੰਘ ਨੇ ਦੱਸਿਆ ਕਿ ਇਸ ਅਸਥਾਨ ਤੇ ਉਭੀ ਪਰਿਵਾਰਾਂ ਸਮੇਤ ਭਾਰੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੁੰਦੀਆਂ ਹਨ। ਉਨ੍ਹਾਂ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਇਸ ਅਸਥਾਨ ਤੇ ਹਾਜ਼ਰੀ ਭਰ ਕੇ ਆਪਣੇ ਜੀਵਨ ਸਫਲ ਕਰਨ ।

## ਦੋ ਕਾਰਾਂ ਦੀ ਟੱਕਰ 'ਚ 3 ਜ਼ਖਮੀ

**ਬਲਾਚੌਰ (ਜਸਵਿੰਦਰ ਬੈਂਸ)**-ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਪਿੰਡ ਟੌਸਾ ਕੱਟ ਦੇ ਨਜ਼ਦੀਕ ਇੱਕ ਦਰਦਨਾਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ, ਰੋਪੜ ਸਾਈਡ ਤੋਂ ਬਲਾਚੌਰ ਵੱਲ ਜਾ ਰਹੀ ਇੱਕ ਆਲਟੋ ਕਾਰ , ਜਿਸ ਨੂੰ ਅਸ਼ੀਸ਼ ਕੁਮਾਰ ਵਾਸੀ ਰੋਪੜ ਚਲਾ ਰਿਹਾ ਸੀ, ਨੇ ਟੌਸਾ ਕੱਟ ਦੇ ਨੇੜੇ ਅਚਾਨਕ ਗੱਡੀ ਮੋੜ ਦਿੱਤੀ। ਇਸ ਦੌਰਾਨ ਪਿੱਛੇ ਤੋਂ ਆ ਰਹੀ ਇੱਕ ਹੋਰ ਮਾਰੂਤੀ ਕਾਰ ਨਾਲ ਉਸ ਦੀ ਜ਼ੋਰਦਾਰ ਟੱਕਰ ਹੋ ਗਈ।ਮਾਰੂਤੀ ਕਾਰ ਨੂੰ ਹਰਸ਼ਜੀਤ ਸੋਨੀ ਨਾਲਾਗੜ੍ਹ, ਹਿਮਾਚਲ ਪ੍ਰਦੇਸ਼ ਚਲਾ ਰਿਹਾ ਸੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਮਾਰੂਤੀ ਕਾਰ ਵਿੱਚ ਸਵਾਰ ਤਿੰਨ ਲੋਕ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਪ੍ਰਸ਼ਾਸਨ ਨੇ ਮੌਕੇ 'ਤੇ ਪਹੁੰਚ ਕੇ ਰਾਹਤ ਕਾਰਜ ਸ਼ੁਰੂ ਕੀਤੇ। ?ਜ਼ਖਮੀਆਂ ਨੂੰ ਤੁਰੰਤ ਇਲਾਜ ਲਈ ਸਰਕਾਰੀ ਹਸਪਤਾਲ ਰੋਪੜ ਵਿਖੇ ਭਰਤੀ ਕਰਵਾਇਆ ਗਿਆ ਹੈ। ਹਾਦਸੇ ਕਾਰਨ ਸੜਕ 'ਤੇ ਆਵਾਜਾਈ ਪ੍ਰਭਾਵਿਤ ਹੋਈ ਸੀ, ਜਿਸ ਨੂੰ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਤੁਰੰਤ ਕਲੀਅਰ ਕਰਵਾਇਆ।

## ਅੱਜ ਬਿਜਲੀ ਬੰਦ ਰਹੇਗੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸਹਾਇਕ ਇੰਜੀਨੀਅਰ, ਆਫ ਸਟੇਟ ਪਾਵਰ ਕਾਰਪੋਰੇਸ਼ਨ ਲਿ: ਸ਼ਹਿਰੀ ਉਪ ਮੰਡਲ ਹੁਸਿਆਰਪੁਰ ਨੇ ਲਿਖਤੀ ਰਿਪੋਰਟ ਅਨੁਸਾਰ ਦੱਸਿਆ ਕਿ 19 ਮਾਰਚ ਨੂੰ 11 ਕੇ ਵੀ ਕੇਸ਼ੋ ਮੰਦਰ ਫੀਡਰ ਦੀ ਜਰੂਰੀ ਮੁਰੰਮਤ ਕਰਨ ਲਈ ਹੇਠ ਅਨੁਸਾਰ ਏਰੀਏ ਦੀ ਬਿਜਲੀ ਸਵੇਰੇ 10 ਵਜੇ ਤੋਂ ਸ਼ਾਮ 6:00 ਵਜੇ ਤੱਕ ਬਿਜਲੀ ਬੰਦ ਰਹੇਗੀ ਜਿਸ ਏਰੀਏ ਵਿੱਚ ਬਿਜਲੀ ਬੰਦ ਰਹੇਗੀ ਉਹ ਬਹਾਦਰਪੁਰ, ਪ੍ਰਿਹਲਾਦ ਨਗਰ, ਕਮੇਟੀ ਬਜਾਰ, ਧੋਬੀਘਾਟ ਰੋਡ, ਨਵੀਂ ਅਬਾਦੀ, ਮਹੰਤਾਂ ਦਾ ਡੇਰਾ, ਬਾਲਮੀਕ ਮੁਹੱਲਾ, ਮਾਲ ਰੋਡ ਆਦਿ ਹਨ।

## ਜਲੰਧਰ ਦੇ ਵਕੀਲਾਂ 'ਚ ਚੋਣਾਂ ਸੰਬੰਧੀ ਉਤਸ਼ਾਹ

**ਜਲੰਧਰ (ਸੁਰਿੰਦਰ ਕੁਮਾਰ)**-ਸਥਾਨਕ ਜਲੰਧਰ ਵਿੱਚ ਪੂਰੇ ਪੰਜਾਬ ਅਤੇ ਹਰਿਆਣਾ ਵਿੱਚ ਬਾਰ ਕੌਂਸਲ ਆਫ਼ ਪੰਜਾਬ ਐਂਡ ਹਰਿਆਣਾ ਦੀਆਂ ਚੋਣਾਂ ਹੋ ਰਹੀਆਂ ਹਨ, ਜਿਸ ਨੂੰ ਲੈ ਕੇ ਜਲੰਧਰ ਦੇ ਵਕੀਲਾਂ ਵਿੱਚ ਕਾਫੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਪ੍ਰਸ਼ਾਸਨ ਵੱਲੋਂ ਕੀਤੇ ਗਏ ਮਾੜੇ ਪ੍ਰਬੰਧਾਂ ਨੂੰ ਲੈ ਕੇ ਵਕੀਲਾਂ ਨੇ ਨਾਰਾਜ਼ਗੀ ਵੀ ਜ਼ਾਹਰ ਕੀਤੀ।159 ਉਮੀਦਵਾਰ ਆਪਣੀ ਕਿਸਮਤ ਅਜ਼ਮਾਉਣ ਲਈ ਮੈਦਾਨ ਵਿੱਚ ਉਤਰੇ ਹੋਏ ਹਨ। ਮੈਂਬਰਾਂ ਵੱਲੋਂ ਇਹਨਾਂ ਵਿੱਚੋਂ ਸਿਰਫ਼ 18 ਉਮੀਦਵਾਰ ਹੀ ਚੁਣੇ ਜਾਣਗੇ। ਬਾਰ ਕੌਂਸਲ ਦੀਆਂ ਚੋਣਾਂ ਬਾਰੇ ਸਾਬਕਾ ਜ਼ਿਲ੍ਹਾ ਬਾਰ ਪ੍ਰਧਾਨ ਅਤੇ ਸੀਨੀਅਰ ਐਡਵੋਕੇਟ ਆਰ ਕੇ ਭੱਲਾ ਨੇ ਕਿਹਾ ਕਿ ਇਸ ਚੋਣ ਨੂੰ ਕਰਵਾਉਣ ਦੀ ਜ਼ਿੰਮੇਵਾਰੀ ਐੱਸ ਡੀ ਐੱਮ ਅਤੇ ਤਹਿਸੀਲਦਾਰ ਦੀ ਹੁੰਦੀ ਹੈ, ਪਰ ਉਹਨਾਂ ਵੱਲੋਂ ਕੋਈ ਵੀ ਉਚਿਤ ਪ੍ਰਬੰਧ ਨਹੀਂ ਕੀਤਾ ਗਿਆ, ਜਿਸ ਕਾਰਨ ਕਰੀਬ 2000 ਵੋਟਾਂ ਲਈ ਲੰਮੀਆਂ-ਲੰਮੀਆਂ ਕਤਾਰਾਂ ਲੱਗੀਆਂ ਹੋਈਆਂ ਹਨ, ਜਿਸ ਨਾਲ ਵੋਟਰ ਪਰੇਸ਼ਾਨ ਹਨ।

## ਪੰਜਾਬ ਸਰਕਾਰ ਨੇ 2026 ਦੇ ਹੜ੍ਹ ਮੌਸਮ ਤੋਂ ਪਹਿਲਾਂ ਕੀਤਾ ਵਾਅਦਾ ਪੂਰਾ : ਬੈਂਸ

**ਨੰਗਲ (ਸੁਰਜੀਤ ਸਿੰਘ)** -ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਿੰਡ ਅਜੌਲੀ ਵਿੱਚ 1500 ਫੁੱਟ ਲੰਮੀ ਨਵੀਂ ਬਣੀ ਰਿਵੈਟਮੈਂਟ ਵਾਲ ਦਾ ਜਾਇਜ਼ਾ ਲਿਆ, ਜੋ 3.25 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਹੈ, ਜਿਸ ਦਾ ਮੁੱਖ ਉਦੇਸ਼ ਇਲਾਕੇ ਨੂੰ ਵਾਰ-ਵਾਰ ਆਉਣ ਵਾਲੀ ਹੜ੍ਹ ਤੋਂ ਬਚਾਉਣਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ 2025 ਦੀ ਹੜ੍ਹ ਦੌਰਾਨ ਪਿੰਡ ਅਜੌਲੀ ਨੂੰ ਵੱਡਾ ਨੁਕਸਾਨ ਝੱਲਣਾ ਪਿਆ ਸੀ, ਜਿਸ ਵਿੱਚ ਕਿਸਾਨਾਂ ਦੀ ਖੇਤੀਬਾੜੀ ਜ਼ਮੀਨ, ਪਿੰਡ ਦਾ ਸ਼ਮਸ਼ਾਨਘਾਟ ਅਤੇ ਕਈ ਰਿਹਾਇਸ਼ੀ ਤੇ ਸਰਕਾਰੀ ਢਾਂਚੇ ਪ੍ਰਭਾਵਤ ਹੋਏ ਸਨ। ਹੁਣ 1500 ਫੁੱਟ ਲੰਮੀ ਇਹ ਰਿਵੈਟਮੈਂਟ ਵਾਲ ਤਿਆਰ ਹੋ ਚੁੱਕੀ ਹੈ, ਜੋ ਭਵਿੱਖ ਵਿੱਚ ਹੜ੍ਹ ਦੇ ਖਤਰੇ ਤੋਂ ਪਿੰਡ ਦੀ ਰੱਖਿਆ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।ਕੈਬਨਿਟ ਮੰਤਰੀ ਨੇ ਸਰਕਾਰ ਦੀ ਵਚਨਬੱਧਤਾ ਉੱਤੇ ਜ਼ੋਰ ਦਿੰਦਿਆਂ ਕਿਹਾ ਕਿ ਪਿਛਲੇ ਹੜ੍ਹ ਮੌਸਮ ਦੌਰਾਨ ਅਜੌਲੀ ਦੇ ਵਸਨੀਕਾਂ ਨਾਲ ਵਾਅਦਾ ਕੀਤਾ ਗਿਆ ਸੀ ਕਿ ਅਗਲੇ ਮਾਨਸੂਨ ਤੋਂ ਪਹਿਲਾਂ ਸਾਰੇ ਜ਼ਰੂਰੀ ਬਚਾਅ ਉਪਾਅ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣਾ ਇਹ ਵਾਅਦਾ ਪੂਰੀ ਤਰ੍ਹਾਂ ਨਿਭਾਇਆ ਹੈ। ਉਨ੍ਹਾ ਕਿਹਾ ਕਿ ਅਸੀਂ ਲੋਕਾਂ ਨੂੰ ਭਰੋਸਾ ਦਿੱਤਾ ਸੀ ਕਿ ਪਿਛਲੇ ਸਾਲ ਵਾਲੀ ਤਬਾਹੀ ਮੁੜ ਨਹੀਂ ਹੋਣ ਦਿੱਤੀ ਜਾਵੇਗੀ ਅਤੇ ਅੱਜ ਅਸੀਂ ਆਪਣੇ ਵਾਅਦੇ 'ਤੇ ਖਰੇ ਉਤਰ ਰਹੇ ਹਾਂ। ਡਰੇਨਜ਼ ਵਿਭਾਗ ਦੇ ਜੂਨੀਅਰ ਇੰਜੀਨੀਅਰ ਆਕਾਸ਼ਦੀਪ ਬਾਲੀ ਨੇ ਦੱਸਿਆ ਕਿ ਕੈਬਨਿਟ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ ਸਤਲੁਜ ਦਰਿਆ ਦੇ ਕਿਨਾਰੇ ਸਥਿਤ ਹੋਰ ਪਿੰਡਾਂ ਵਿੱਚ ਵੀ ਇਸ ਤਰ੍ਹਾਂ ਦੇ ਬਚਾਅ ਕਾਰਜ ਜਾਰੀ ਹਨ।



## ਬਰਗਾਮੋ 'ਚ ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਸੰਬੰਧੀ ਤਿੰਨ ਦਿਨਾ ਸਮਾਗਮ

**ਅਲਾਵਲਪੁਰ, (ਮਦਨ ਬੰਗੜ)**-ਸ੍ਰੀ ਗੁਰੂ ਰਵਿਦਾਸ ਧਾਮ ਗੁਰਲਾਗੋ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤਿੰਨ ਦਿਨਾਂ ਧਾਰਮਿਕ ਸਮਾਗਮ 20 ਮਾਰਚ ਤੋਂ ਸ਼ੁਰੂ ਹੋਣਗੇ।ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕਿ 20 ਮਾਰਚ ਦਿਨ ਸ਼ੁੱਕਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤਾ ਜਾਵੇਗਾ। 21 ਮਾਰਚ ਨੂੰ ਸ਼ਨੀਵਾਰ ਧਾਰਮਿਕ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿੱਚ ਪ੍ਰਸਿੱਧ ਰਾਗੀ ਜਥੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। 22 ਮਾਰਚ ਦਿਨ ਐਤਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ।ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਆਉਣ ਵਾਲੀਆਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਸਮੂਹ ਸੰਗਤ ਨੂੰ ਆਪਣੇ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ ਹੈ।ਇਹ ਸਮਾਗਮ ਐੱਮ ਡੀ ਗਾਰਲਾਗੋ, ਵਾਇਆ ਡਾਨ ਲੁਗੀ ਮੇਰੇਲੀ, ਬਰਗਾਮੋ ਵਿਖੇ ਕਰਵਾਏ ਜਾਣਗੇ।ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਵਤਾਰ ਸਿੰਘ, ਸਕੱਤਰ ਨੀਟਾ ਸਿੰਘ, ਖਜਾਨਚੀ ਵਿਨੋਦ ਕੈਲੇ, ਜਨਰਲ ਸਕੱਤਰ ਜਸਵਿੰਦਰ ਸਿੰਘ, ਰਣਜੀਤ ਸਿੰਘ ਜੀਤਾ, ਗੁਰਚਰਨ ਲਾਲ, ਹਰਜੀਤ ਸਿੰਘ ਜੀਤਾ ਆਦਿ ਨੇ ਸੰਗਤ ਨੂੰ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਸੱਦਾ ਦਿੱਤਾ ਹੈ।

# ਕਾਰਜਕਾਰੀ ਇੰਜੀਨੀਅਰ ਖਿਲਾਫ ਭਲਕ ਤੋਂ ਧਰਨੇ ਦਾ ਐਲਾਨ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਦੀ ਮੀਟਿੰਗ ਹੋਈ।ਜਥੇਬੰਦੀ ਦੇ ਸੂਬਾ ਪ੍ਰਚਾਰ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ, ਜ਼ਿਲ੍ਹਾ ਪ੍ਰੈਸ ਸਕੱਤਰ ਬਿਕਰਮਜੀਤ ਸਿੰਘ ਕਪੂਰ ਨੇ ਦੱਸਿਆ ਕਿ ਉਹ ਪਿਛਲੇ ਕਈ ਸਾਲਾਂ ਤੋਂ ਜਲ ਸਪਲਾਈ ਵਿਭਾਗ ਵਿੱਚ ਆਊਟਸੋਰਸ/ਇਨਲਿਸਟਮੈਂਟ ਉਪਰ ਨਿਗੂਣੀਆਂ ਤਨਖਾਹਾਂ ਉਪਰ ਸੇਵਾਵਾਂ ਦੇ ਰਹੇ ਹਨ । ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਆਊਟਸੋਰਸ/ਇਨਲਿਸਟਮੈਂਟ ਨੂੰ ਪੱਕੇ ਕਰਨ ਦੇ ਵਾਅਦੇ ਕੀਤੇ ਜਾਂਦੇ ਗਏ ਸਨ, ਪਰ ਕਿਸੇ ਵੀ ਸਰਕਾਰ ਵੱਲੋਂ ਇਨ੍ਹਾਂ ਮੁਲਾਜ਼ਮਾਂ ਦੀ ਸਾਰ ਨਹੀਂ ਲਈ ਗਈ।ਇਸੇ ਤਰ੍ਹਾਂ ਸੱਤਾਧਾਰੀ ਧਿਰ ਆਮ ਆਦਮੀ ਪਾਰਟੀ ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਇਨ੍ਹਾਂ ਨੂੰ ਪੱਕੇ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ, ਪਰ ਤ੍ਰਾਸਦੀ ਦੀ ਗੱਲ ਇਹ ਕਿ ਤਕਰੀਬਨ 4 ਸਾਲ ਦਾ ਸਮਾਂ ਬਤੀਤ ਹੋ ਜਾਣ ਦੇ ਬਾਵਜੂਦ ਇਨ੍ਹਾਂ ਮੁਲਾਜ਼ਮਾਂ ਨੂੰ ਪੱਕੇ ਕਰਨਾ ਦੂਰ, ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਹਨਾਂ ਮੁਲਾਜ਼ਮਾਂ ਪਿਛਲੇ ਚਾਰ ਸਾਲਾਂ ਵਿੱਚ ਇਕ ਵੀ ਮੀਟਿੰਗ ਨਹੀਂ ਕੀਤੀ ਗਈ, ਜਿਸ ਤੋਂ ਪਤਾ ਲੱਗਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਇਨ੍ਹਾਂ ਮੁਲਾਜ਼ਮਾਂ ਨਾਲ ਧੱਕਾ ਕਰਕੇ ਨਿੱਜੀਕਰਨ ਅਤੇ ਵੱਡੀਆਂ ਕੰਪਨੀਆਂ ਦੇ ਹੱਕ ਵਿੱਚ ਭੁਗਤ ਰਹੀ ਹੈ।ਇਸੇ ਤਰ੍ਹਾਂ ਜਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਵੱਲੋਂ ਇਨ੍ਹਾਂ ਮੁਲਾਜ਼ਮਾਂ ਨਾਲ ਧੱਕਾ ਕੀਤਾ ਜਾ ਰਿਹਾ ਹੈ ਅਤੇ ਇਹਨਾਂ ਮੁਲਾਜ਼ਮਾਂ ਦੇ ਬਣਦੇ ਹੱਕ ਉਪਰ ਡਾਕਾ ਮਾਰਿਆ ਜਾ ਰਿਹਾ ਹੈ। ਇਨ੍ਹਾਂ ਮੁਲਾਜ਼ਮਾਂ ਦਾ ਕਿਰਤ ਵਿਭਾਗ ਦੇ ਰੂਲਾਂ ਮੁਤਾਬਕ ਏਰੀਅਰ ਦਾ ਬਣਦਾ ਬਕਾਇਆ ਹੈ, ਜੋ ਅਜੇ ਤੱਕ ਦਿੱਤਾ ਨਹੀਂ ਜਾ ਰਿਹਾ, ਮ੍ਰਿਤਕਾਂ ਦੇ ਵਾਰਿਸਾਂ ਨੂੰ ਨੌਕਰੀਆਂ ਨਹੀਂ ਦਿੱਤੀਆਂ ਜਾ ਰਹੀਆਂ, ਠੇਕੇਦਾਰਾਂ ਵੱਲੋਂ ਈ ਪੀ ਐਫ ਜਮ੍ਹਾਂ ਨਹੀਂ ਕਰਾਇਆ ਜਾ ਰਿਹਾ ਅਤੇ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ ਵਰਕਰਾਂ ਨੂੰ ਤਨਖਾਹ ਸਮੇਂ ਸਿਰ ਨਹੀਂ ਦਿੱਤੀਆਂ ਜਾਂਦੀਆਂ, ਆਦਿ ਮੰਗਾਂ ਨੂੰ ਲੈ ਕੇ 20 ਮਾਰਚ ਨੂੰ ਕਾਰਜਕਾਰੀ ਇੰਜੀਨੀਅਰ ਮੰਡਲ 2 ਸ੍ਰੀ ਮੁਕਤਸਰ ਸਾਹਿਬ ਦੇ ਖਿਲਾਫ਼ ਧਰਨੇ ਦਾ ਐਲਾਨ ਕੀਤਾ ਗਿਆ।

